ਸ਼ੁੱਕਰਵਾਰ, 1 ਮਈ, 2026
18 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 330

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 1 MAY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪ੍ਰੂਫ਼-ਰੀਡ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਆਓ ! ਸ਼ਿਕਾਗੋ ਦੇ ਸ਼ਹੀਦਾਂ ਨੂੰ ਸਿਜਦਾ ਕਰੀਏ

**ਲਾਭ ਸਿੰਘ ਅਕਲੀਆ**

1870ਵੇਂ ਦਹਾਕੇ ਦੇ ਸ਼ੁਰੂ ਤੋਂ ਹੀ ਅਮਰੀਕਾ ਅਤੇ ਯੂਰਪ ਦੇ ਪੂੰਜੀਵਾਦੀ ਦੇਸ਼ਾਂ ਵਿੱਚ 8 ਘੰਟੇ ਦਿਹਾੜੀ ਦੀ ਮੰਗ ਤਿੱਖੇ ਰੂਪ 'ਚ ਉੱਭਰ ਕੇ ਸਾਹਮਣੇ ਆਈ। 80ਵੇਂ ਦਹਾਕੇ ਵਿੱਚ ਵੱਖ-ਵੱਖ ਉਦਯੋਗਾਂ ਦੇ ਸੰਗਠਤ ਮਜ਼ਦੂਰਾਂ ਦੀ ਜਥੇਬੰਦੀ ਅਮਰੀਕੀ ਫੈਡਰੇਸ਼ਨ ਆਫ਼ ਲੇਬਰ ਔਰਗੇਨਾਈਜ਼ੇਸ਼ਨ (AFLO) ਦਾ ਗਠਨ ਕੀਤਾ ਗਿਆ, ਜਿਸ ਵੱਲੋਂ ਸ਼ਿਕਾਗੋ ਸੰਮੇਲਨ ਵਿੱਚ ਇੱਕ ਮਤਾ ਪਾਸ ਕੀਤਾ ਗਿਆ ਸੀ ਕਿ ਮਜ਼ਦੂਰ ਆਪਣੀ ਤਿੱਖੀ ਅਤੇ ਲੰਬੀ ਲੜਾਈ ਸਦਕਾ 1886 ਤੱਕ ਅੱਠ ਘੰਟੇ ਦਿਹਾੜੀ ਦਾ ਨਿਯਮ ਬਣਾਉਣ ਵਿੱਚ ਸਫ਼ਲ ਹੋ ਜਾਣਗੇ।

ਭਾਵੇਂ ਇਸ ਤੋਂ ਵੀ ਪਹਿਲਾਂ ਅਮਰੀਕਾ ਅਤੇ ਹੋਰਨਾਂ ਪੂੰਜੀਵਾਦੀ ਮੁਲਕਾਂ ਅੰਦਰ ਕੰਮ ਦੇ ਘੰਟੇ ਘਟਾਉਣ ਅਤੇ ਦਿਹਾੜੀ ਦਾ ਕਾਨੂੰਨ ਬਣਾਉਣ ਸਮੇਤ ਜ਼ਿੰਦਗੀ ਦੀਆਂ ਹੋਰਨਾਂ ਸਮਾਜਿਕ ਸਮੱਸਿਆਵਾਂ ਦੇ ਹੱਲ ਲਈ ਮਜ਼ਦੂਰ ਸੰਗਠਨਾਂ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਸਨ, ਕਿਉਂਕਿ ਪੂੰਜੀਵਾਦੀ ਮੁਲਕਾਂ ਅੰਦਰ ਉਦਯੋਗਾਂ ਨੂੰ ਚਲਾਉਣ ਲਈ ਮਜ਼ਦੂਰਾਂ ਦੀ ਭਰਤੀ ਕਰਨਾ ਪੂੰਜੀਪਤੀਆਂ ਦੀ ਅਣਸਰਦੀ ਲੋੜ ਸੀ। ਮਜ਼ਦੂਰਾਂ ਦੀ ਲੜਾਈ ਸਦਕਾ ਅਮਰੀਕਾ ਦੇ ਕੁੱਝ ਹਿੱਸਿਆਂ ਵਿੱਚ ਪਹਿਲਾਂ ਹੀ 8 ਘੰਟੇ ਦਿਹਾੜੀ ਦਾ ਨਿਯਮ ਬਣ ਚੁੱਕਾ ਸੀ, ਜਦੋਂ ਕਿ ਵੱਡੇ ਉਦਯੋਗਪਤੀਆਂ ਵੱਲੋਂ ਇਸ ਮੰਗ ਦਾ ਵਿਰੋਧ ਕੀਤਾ ਜਾ ਰਿਹਾ ਸੀ।

ਅਮਰੀਕਾ ਅਤੇ ਯੂਰਪੀ ਮੁਲਕਾਂ ਵਿੱਚ ਉਦਯੋਗਿਕ ਕ੍ਰਾਂਤੀ ਤੋਂ ਬਾਅਦ ਉਦਯੋਗਪਤੀਆਂ ਅੰਦਰ ਮੁਨਾਫ਼ਾਖੋਰੀ ਦੀ ਹੋੜ ਲਗਾਤਾਰ ਵਧਦੀ ਗਈ। ਸਰਮਾਏਦਾਰਾਂ ਦਾ ਮੁੱਖ ਮਕਸਦ ਵੱਧ ਤੋਂ ਵੱਧ ਉਤਪਾਦਨ ਕਰਨਾ ਅਤੇ ਮੁਨਾਫ਼ਾ ਇਕੱਠਾ ਕਰਨਾ ਸੀ। ਇਸ ਲਈ ਮਜ਼ਦੂਰਾਂ ਤੋਂ ਵੱਧ ਤੋਂ ਵੱਧ ਕੰਮ ਕਰਵਾਉਣਾ ਮਾਲਕਾਂ ਦੀ ਫ਼ਿਤਰਤ ਬਣੀ ਹੋਈ ਸੀ। ਅਰਾਮ ਕਰਨ ਦੀ ਕੋਈ ਚੀਜ਼ ਨਹੀਂ ਸੀ। ਸਿੱਟੇ ਵਜੋਂ ਮਜ਼ਦੂਰ ਸਖ਼ਤ ਮਿਹਨਤ ਕਰਕੇ ਅਤੇ ਜ਼ਿੰਦਗੀ ਦੀਆਂ ਭੈੜੀਆਂ ਹਾਲਤਾਂ ਵਿੱਚ ਜਿਉਂਦੇ ਹੋਏ ਬਿਮਾਰੀਆਂ ਦਾ ਸ਼ਿਕਾਰ ਹੋ ਕੇ ਮੌਤ ਦੇ ਮੂੰਹ ਵਿੱਚ ਜਾ ਰਹੇ ਸਨ। ਉਹਨਾਂ ਕੋਲ ਆਪਣੇ ਪਰਵਾਰ ਦੀ ਦੇਖਭਾਲ ਕਰਨ ਲਈ ਵੀ ਕੋਈ ਸਮਾਂ ਨਹੀਂ ਸੀ ਬਚਦਾ।

ਲਗਾਤਾਰ ਵਧ ਰਹੇ ਸ਼ੋਸ਼ਣ ਅਤੇ ਆਰਥਿਕ ਲੁੱਟ ਤੋਂ ਪ੍ਰੇਸ਼ਾਨ ਥੱਕੇ-ਹੰਭੇ ਮਜ਼ਦੂਰਾਂ ਨੇ ਆਖ਼ਰ ਸੰਘਰਸ਼ ਦਾ ਰਾਹ ਫੜ ਲਿਆ ਅਤੇ ਹਰ ਕਾਰਖ਼ਾਨੇ ਦੇ ਮਜ਼ਦੂਰ ਜਥੇਬੰਦ ਹੋਣ ਲੱਗ ਪਏ। ਮਜ਼ਦੂਰ ਮੰਗ ਕਰ ਰਹੇ ਸਨ ਕਿ 24 ਘੰਟਿਆਂ ਵਿੱਚੋਂ 8 ਘੰਟੇ ਆਰਾਮ, 8 ਘੰਟੇ ਪਰਵਾਰ ਦੀ ਦੇਖਭਾਲ ਅਤੇ 8 ਘੰਟੇ ਆਪਣੀ ਕਿਰਤ ਵੇਚਣ ਲਈ ਕਾਨੂੰਨ ਬਣਨਾ ਚਾਹੀਦਾ ਹੈ। ਇਸੇ ਕਰਕੇ ਅੱਠ ਘੰਟੇ ਦਿਹਾੜੀ ਦੀ ਮੰਗ ਨੂੰ ਲੈ ਕੇ ਸਭ ਤੋਂ ਪਹਿਲਾਂ ਅਮਰੀਕਾ ਅਤੇ ਯੂਰਪੀ ਦੇਸ਼ਾਂ ਦੇ ਮਜ਼ਦੂਰਾਂ ਵੱਲੋਂ ਇਹ ਸੰਘਰਸ਼ ਸ਼ੁਰੂ ਕੀਤਾ ਗਿਆ। 1866 ਵਿੱਚ ਨੈਸ਼ਨਲ ਲੇਬਰ ਯੂਨੀਅਨ ਨੇ ਆਪਣੇ ਇੱਕ ਸੰਮੇਲਨ ਵਿੱਚ ਪੂੰਜੀਵਾਦੀ ਗ਼ੁਲਾਮੀ ਤੋਂ ਮੁਕਤੀ ਲਈ ਆਵਾਜ਼ ਉਠਾਈ। 1880 ਦੇ ਦਹਾਕੇ ਵਿੱਚ 'ਚ ਅਮਰੀਕਾ ਦੇ ਵੱਡੇ ਉਦਯੋਗਿਕ ਕੇਂਦਰਾਂ, ਜਿਨ੍ਹਾਂ ਵਿੱਚ ਸ਼ਿਕਾਗੋ, ਨਿਊਯਾਰਕ, ਬਲਟੀਮੋਰ, ਸਿਨਸਨਾਟੀ ਅਤੇ ਸਾਨ ਫਰਾਂਸਿਸਕੋ ਆਦਿ ਸ਼ਹਿਰਾਂ ਵਿੱਚ ਅੱਠ ਘੰਟੇ ਦਿਹਾੜੀ ਦੀ ਮੰਗ ਉੱਭਰਨ ਲੱਗੀ ਅਤੇ ਨਿਊਯਾਰਕ ਤੋਂ ਲੈ ਕੇ ਸਾਨ ਫਰਾਂਸਿਸਕੋ ਤੱਕ ਮਜ਼ਦੂਰ ਦਾ ਅੰਦੋਲਨ ਤਿੱਖਾ ਹੁੰਦਾ ਗਿਆ, ਜੋ ਪੂੰਜੀਪਤੀਆਂ ਨੂੰ ਕੰਬਣੀ ਛੇੜ ਰਿਹਾ ਸੀ। ਮਜ਼ਦੂਰਾਂ ਦੇ ਇਸ ਅੰਦੋਲਨ ਨੂੰ ਫੇਲ੍ਹ ਕਰਨ ਲਈ ਪੂਰੇ ਦੇਸ਼ ਦੀ ਪੁਲਸ ਪੂੰਜੀਪਤੀਆਂ ਦੀ ਪਿੱਠ 'ਤੇ ਆ ਖੜ੍ਹੀ।

1 ਮਈ 1886 ਨੂੰ ਅਨੇਕਾਂ ਫੈਕਟਰੀਆਂ, ਕਾਰਖਾਨਿਆਂ ਦੇ ਕਰੀਬ 1 ਲੱਖ 90 ਹਜ਼ਾਰ ਮਜ਼ਦੂਰ ਹੜਤਾਲ ਕਰਕੇ ਸੜਕਾਂ 'ਤੇ ਆ ਗਏ। ਸ਼ਿਕਾਗੋ ਸ਼ਹਿਰ ਲੜਾਈ ਦਾ ਮੁੱਖ ਕੇਂਦਰ ਬਣ ਗਿਆ। ਸਿਡਨੀ ਲੈਂਸ ਦੀ ਕਿਤਾਬ ਅਨੁਸਾਰ ਮਜ਼ਦੂਰਾਂ ਦੀ ਲੜਾਈ 1 ਮਈ 1886 ਤੋਂ ਪਹਿਲਾਂ ਹੀ ਸ਼ਿਕਾਗੋ ਦੇ 45 ਹਜ਼ਾਰ ਫੈਕਟਰੀਆਂ ਦੇ ਮਜ਼ਦੂਰਾਂ ਵੱਲੋਂ, ਜਿਨ੍ਹਾਂ ਵਿੱਚ 35 ਹਜ਼ਾਰ ਪੈਕਿੰਗ ਹਾਊਸਾਂ ਦੇ ਮਜ਼ਦੂਰ ਵੀ ਸ਼ਾਮਲ ਸਨ, ਨੇ ਕੰਮ ਦੇ ਘੰਟੇ ਘਟਾਉਣ ਲਈ ਜਿੱਤ ਹਾਸਲ ਕਰ ਲਈ ਸੀ।

ਆਗਸਟ ਸਪਾਈਸ ਅਤੇ ਅਲਬਰਟ ਪਾਰਸ਼ਨ ਦੀ ਅਗਵਾਈ ਹੇਠ ਇੰਟਰਨੈਸ਼ਨਲ ਪੀਪਲਜ਼ ਵਰਕਰਜ਼ ਐਸੋਸੀਏਸ਼ਨ ਨਾਂਅ ਦੀ ਜਥੇਬੰਦੀ ਦਾ ਗਠਨ ਕੀਤਾ ਜਾ ਚੁੱਕਾ ਸੀ, ਜੋ ਪੂਰੇ ਦੇਸ਼ ਵਿੱਚ ਇੱਕ ਮਜ਼ਬੂਤ ਸੰਗਠਨ ਬਣ ਗਿਆ। ਆਗੂਆਂ ਵੱਲੋਂ ਆਪਣੀ ਕਾਰਜ ਨੀਤੀ ਅਜਿਹੇ ਢੰਗ ਨਾਲ ਤਿਆਰ ਕੀਤੀ ਗਈ, ਜੋ ਮਜ਼ਦੂਰਾਂ ਦੇ ਗੁੱਸੇ ਨੂੰ ਆਪਣੇ ਵੱਲ ਖਿੱਚ ਰਹੀ ਸੀ। ਮਜ਼ਦੂਰਾਂ ਨੇ ਆਪਣੇ ਝੰਡੇ ਉਠਾ ਕੇ ਅਤੇ ਦੇਸ਼ ਭਗਤੀ ਦੇ ਗੀਤ ਗਾਉਂਦੇ ਹੋਏ ਥਾਂ-ਥਾਂ 'ਤੇ ਪ੍ਰਦਰਸ਼ਨ ਕਰਨੇ ਸ਼ੁਰੂ ਕਰ ਦਿੱਤੇ। ਉਹਨਾਂ ਨੇ ਹਜ਼ਾਰਾਂ ਮਜ਼ਦੂਰਾਂ ਨੂੰ ਲਾਮਬੰਦ ਕਰਕੇ ਵਪਾਰ ਮੰਡਲ ਅਤੇ ਪ੍ਰਾਇਮਰੀ ਐਵੀਨਿਊ ਵੱਲ ਕੂਚ ਕੀਤਾ, ਜਿੱਥੇ ਅਮੀਰ ਲੋਕ ਰਹਿੰਦੇ ਸਨ। ਮਜ਼ਦੂਰ ਆਗੂਆਂ ਨੇ ਅੰਦੋਲਨ ਨੂੰ ਹੋਰ ਤੇਜ਼ ਕਰਨ ਲਈ ਵੱਖ-ਵੱਖ ਟ੍ਰੇਡ ਯੂਨੀਅਨਾਂ ਨੂੰ ਇੰਟਰਨੈਸ਼ਨਲ ਪੀਪਲਜ਼ ਵਰਕਰਜ਼ ਐਸੋਸੀਏਸ਼ਨ ਨਾਲ ਜੁੜਨ ਦਾ ਸੱਦਾ ਦਿੱਤਾ।

ਆਗੂਆਂ ਨੂੰ ਮਿੱਲਾਂ ਅਤੇ ਫੈਕਟਰੀ ਮਾਲਕਾਂ ਦੀਆਂ ਜਥੇਬੰਦੀਆਂ ਦੇ ਵਿਰੋਧ ਦਾ ਵੀ ਸਾਹਮਣਾ ਕਰਨਾ ਪਿਆ। ਮਾਲਕਾਂ ਨੂੰ ਉੱਥੋਂ ਦੀ ਪੁਲਸ ਅਤੇ ਮੀਡੀਆ ਦਾ ਸਮਰਥਨ ਹਾਸਲ ਸੀ। ਵੱਖ-ਵੱਖ ਅਖ਼ਬਾਰਾਂ ਵਿੱਚ ਮਜ਼ਦੂਰਾਂ ਵੱਲੋਂ ਕੀਤੀ ਜਾ ਰਹੀ ਅੱਠ ਘੰਟੇ ਦਿਹਾੜੀ ਦੀ ਮੰਗ ਦੀਆਂ ਖ਼ਬਰਾਂ ਛਾਪਣ 'ਤੇ ਪਾਬੰਦੀ ਲਾ ਦਿੱਤੀ ਗਈ। ਸ਼ਿਕਾਗੋ ਮੇਲ਼ ਅਖ਼ਬਾਰ ਦੇ ਇੱਕ ਸੰਪਾਦਕੀ ਵਿੱਚ ਮਜ਼ਦੂਰ ਆਗੂ ਪਾਰਸ਼ਨ ਅਤੇ ਸਪਾਈਸ ਨੂੰ ਨਿਸ਼ਾਨਾ ਬਣਾ ਕੇ ਲਿਖਿਆ ਗਿਆ ਸੀ ਕਿ ਇਸ ਸ਼ਹਿਰ ਵਿੱਚ ਦੋ ਬਦਮਾਸ਼ ਖੁੱਲ੍ਹਾ ਘੁੰਮ ਰਹੇ ਹਨ, ਦੋ ਛੁਪੇ ਹੋਏ ਕਾਇਰ ਜੋ ਵਾਰ-ਵਾਰ ਮੁਸੀਬਤਾਂ ਖੜ੍ਹੀਆਂ ਕਰ ਰਹੇ ਹਨ। ਇੱਕ ਦਾ ਨਾਂਅ ਹੈ : ਪਾਰਸ਼ਨ ਤੇ ਦੂਜੇ ਦਾ ਨਾਂਅ ਹੈ ਸਪਾਈਸ। ਜੇਕਰ ਭਵਿੱਖ ਵਿੱਚ ਕੋਈ ਵੱਡੀ ਮੁਸੀਬਤ ਖੜ੍ਹੀ ਹੁੰਦੀ ਹੈ ਤਾਂ ਇਹੀ ਜ਼ਿੰਮੇਵਾਰ ਹਨ, ਇਹਨਾਂ ਨੂੰ ਮਿਸਾਲੀ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ।

3 ਮਈ 1886 ਨੂੰ ਆਰਾ ਮਿੱਲ ਦੇ ਹਜ਼ਾਰਾਂ ਮਜ਼ਦੂਰ ਅੱਠ ਘੰਟੇ ਦਿਹਾੜੀ ਦੀ ਮੰਗ ਨੂੰ ਲੈ ਕੇ ਹੜਤਾਲ 'ਤੇ ਚਲੇ ਗਏ। ਸ਼ਹਿਰ ਦੇ ਦੂਜੇ ਪਾਸੇ ਸਥਿਤ ਮੈਕਾਰਮਿਕ ਰੀਪਰ ਵਰਕਸ ਦੇ ਮਜ਼ਦੂਰਾਂ ਨੇ ਵੀ ਹੜਤਾਲ ਕਰ ਦਿੱਤੀ। ਇੱਥੋਂ ਹੀ ਫਰਵਰੀ ਮਹੀਨੇ ਵਿੱਚ ਲੌਕ ਆਊਟ (ਤਾਲਾਬੰਦੀ) ਕਰਕੇ 1400 ਦੇ ਕਰੀਬ ਮਜ਼ਦੂਰਾਂ ਨੂੰ ਕੰਮ ਤੋਂ ਕੱਢ ਦਿੱਤਾ ਗਿਆ ਅਤੇ ਉਹਨਾਂ ਦੀ ਥਾਂ 300 ਹੜਤਾਲ ਵਿਰੋਧੀ ਗੁੰਡਾ ਗੈਂਗ ਭਰਤੀ ਕਰ ਲਿਆ ਗਿਆ। ਇਸ ਬੇ-ਇਨਸਾਫ਼ੀ ਅਤੇ ਧੱਕੇਸ਼ਾਹੀ ਨੂੰ ਲੈ ਕੇ ਮੈਕਾਰਮਿਕ ਮਿੱਲ ਦੇ ਹੜਤਾਲੀ ਮਜ਼ਦੂਰਾਂ ਵਿੱਚ ਗੁੱਸਾ ਹੋਰ ਵਧ ਗਿਆ ਅਤੇ ਜਦੋਂ ਉਹ ਮਿੱਲ ਦੇ ਸਾਹਮਣੇ ਇਕੱਠੇ ਹੋ ਕੇ ਵਿਰੋਧ ਪ੍ਰਦਰਸ਼ਨ ਕਰਨ ਲੱਗੇ ਤਾਂ ਮਿੱਲ ਮਾਲਕਾਂ ਦੇ ਗੁੰਡਿਆਂ ਅਤੇ ਸੈਂਕੜੇ ਪੁਲਸ ਮੁਲਾਜ਼ਮਾਂ ਨੇ ਮਿਲ ਕੇ ਹੜਤਾਲੀ ਮਜ਼ਦੂਰਾਂ 'ਤੇ ਹਮਲਾ ਕਰ ਦਿੱਤਾ। ਅੰਨ੍ਹੇਵਾਹ ਲਾਠੀਚਾਰਜ ਕਰਕੇ ਅਤੇ ਗੋਲੀਆਂ ਚਲਾ ਕੇ ਚਾਰ ਮਜ਼ਦੂਰਾਂ ਨੂੰ ਮੌਕੇ 'ਤੇ ਸ਼ਹੀਦ ਕਰ ਦਿੱਤਾ ਅਤੇ ਦਰਜਨਾਂ ਮਜ਼ਦੂਰ ਗੰਭੀਰ ਜ਼ਖ਼ਮੀ ਹੋ ਗਏ। ਹੜਤਾਲੀ ਮਜ਼ਦੂਰਾਂ ਦੇ ਇਕੱਠ ਨੂੰ ਖਦੇੜਨ ਅਤੇ ਸਬਕ ਸਿਖਾਉਣ ਲਈ ਪੁਲਸ ਦਾ ਹਮਲਾ ਤੇਜ਼ ਹੋ ਗਿਆ। ਪੁਲਸ ਨੇ ਆਗੂਆਂ ਨੂੰ ਫੜਨ ਲਈ ਥਾਂ-ਥਾਂ ਛਾਪੇਮਾਰੀ ਸ਼ੁਰੂ ਕਰ ਦਿੱਤੀ।



ਮਜ਼ਦੂਰਾਂ ਦਾ ਵੀ ਗੁੱਸਾ ਵਧਦਾ ਗਿਆ, ਆਗੂਆਂ ਵੱਲੋਂ ਅਗਲੇ ਦਿਨ 4 ਮਈ 1886 ਨੂੰ ਸਰਕਾਰ ਅਤੇ ਮਿੱਲ ਮਾਲਕਾਂ ਦੀ ਗੁੰਡਾਗਰਦੀ ਦੇ ਖ਼ਿਲਾਫ਼ ਵਿਰੋਧ ਦਰਜ ਕਰਵਾਉਣ ਲਈ ਰੈਲੀ ਕਰਨ ਦਾ ਸੱਦਾ ਦਿੱਤਾ ਗਿਆ।ਜਿੱਥੇ ਸ਼ਿਕਾਗੋ ਦੇ ਮੀਟ ਪੈਕਿੰਗ ਕੇਂਦਰ ਵਿਖੇ ਹੇ ਮਾਰਕੀਟ ਦੇ ਚੁਰਸਤੇ ਵਿੱਚ ਹਜ਼ਾਰਾਂ ਮਜ਼ਦੂਰਾਂ ਵੱਲੋਂ ਇਕੱਠੇ ਹੋ ਕੇ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ ਗਿਆ। ਮਜ਼ਦੂਰਾਂ ਨੇ ਸਰਕਾਰ ਅਤੇ ਪੂੰਜੀਪਤੀਆਂ ਦੇ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਸ਼ਾਮ ਢਲਦੇ ਵਕਤ ਅਤੇ ਬਰਸਾਤ ਦੀ ਵਜ੍ਹਾ ਕਰਕੇ ਮਜ਼ਦੂਰਾਂ ਦੀ ਗਿਣਤੀ ਘਟਣੀ ਸ਼ੁਰੂ ਹੋ ਗਈ। ਉਸ ਸਮੇਂ ਵੱਡੀ ਗਿਣਤੀ ਵਿੱਚ ਹਥਿਆਰਬੰਦ ਪੁਲਸ ਅਤੇ ਮਿੱਲ ਮਾਲਕਾਂ ਦੇ ਗੁੰਡੇ ਪ੍ਰਦਰਸ਼ਨਕਾਰੀਆਂ ਵਿੱਚ ਘੁਸ ਗਏ। ਕਿਸੇ ਨੇ ਸਾਜ਼ਿਸ਼ ਤਹਿਤ ਮਜ਼ਦੂਰਾਂ ਵਿੱਚ ਬੰਬ ਸੁੱਟ ਦਿੱਤਾ, ਜਿਸ ਦੇ ਧਮਾਕੇ ਨਾਲ ਇੱਕ ਪੁਲਸ ਅਧਿਕਾਰੀ ਸਮੇਤ ਸੱਤ ਲੋਕਾਂ ਦੀ ਮੌਤ ਹੋ ਗਈ, ਕਈ ਮਜ਼ਦੂਰ ਔਰਤਾਂ ਅਤੇ ਤਿੰਨ ਬੱਚੇ ਵੀ ਮਾਰੇ ਗਏ।

ਇਸ ਘਟਨਾ ਦਾ ਬਹਾਨਾ ਬਣਾ ਕੇ ਪੁਲਸ ਅੰਦੋਲਨਕਾਰੀਆਂ ਉੱਪਰ ਟੁੱਟ ਪਈ। ਇਹ ਦਮਨ ਕਈ ਦਿਨ ਚੱਲਦਾ ਰਿਹਾ। ਆਗੂਆਂ ਦੇ ਘਰਾਂ, ਸਭਾ ਭਵਨਾਂ, ਅਖ਼ਬਾਰਾਂ ਦੇ ਦਫ਼ਤਰਾਂ 'ਤੇ ਛਾਪੇਮਾਰੀ ਹੁੰਦੀ ਰਹੀ। ਕੋਈ ਵੀ ਵਿਅਕਤੀ ਜੋ ਮਜ਼ਦੂਰ ਆਗੂਆਂ ਨਾਲ ਸੰਬੰਧ ਰੱਖਦਾ ਸੀ, ਉਸ ਨੂੰ ਵੀ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਗਿਆ। ਪੁਲਸ ਨੇ ਕਤਲ ਕਰਨ ਅਤੇ ਬੰਬ ਸੁੱਟਣ ਦਾ ਦੋਸ਼ ਉਹਨਾਂ ਅੱਠ ਮਜ਼ਦੂਰ ਆਗੂਆਂ ਉੱਪਰ ਮੜ੍ਹ ਦਿੱਤਾ, ਜਿਹੜੇ ਅੱਠੇ ਵਿਅਕਤੀ ਅੱਠ ਘੰਟੇ ਦਿਹਾੜੀ ਦੀ ਮੰਗ ਨੂੰ ਲੈ ਕੇ ਅੰਦੋਲਨ ਕਰਨ ਵਾਲਿਆਂ ਵਿੱਚੋਂ ਸਭ ਤੋਂ ਮੋਹਰੀ ਸਨ।

(• ਬਾਕੀ ਸਫ਼ਾ 4 'ਤੇ)

# ਪਹਿਲੀ ਮਈ ਦਾ ਸੁਨੇਹਾ ਕਿਰਤੀਆਂ ਦੇ ਨਾਂਅ




**ਸੁੱਚਾ ਸਿੰਘ ਖੱਟੜਾ**

ਦੇਸ਼ ਦੇ ਕਈ ਹਿੱਸਿਆਂ ਵਿੱਚ ਫੈਕਟਰੀ ਮਜ਼ਦੂਰਾਂ ਦਾ ਬਿਨਾਂ ਕਿਸੇ ਸੰਗਠਨਾਂ ਤੋਂ ਇੱਕ ਪਾਸੇ ਤਨਖਾਹਾਂ ਦੇ ਵਾਧੇ ਅਤੇ ਹੋਰ ਸਹੂਲਤਾਂ ਲਈ ਅਤੇ ਕੰਮ ਦੌਰਾਨ ਵਧੀਕੀਆਂ ਵਿਰੁੱਧ ਜ਼ਬਰਦਸਤ ਢੰਗ ਨਾਲ ਉਠ ਖੜ੍ਹੇ ਹੋਣਾ, ਧਰਨੇ, ਪ੍ਰਦਰਸ਼ਨ ਕਰਨੇ ਅਤੇ ਸਿਵਲ ਪ੍ਰਸ਼ਾਸਨ ਪੁਲਿਸ ਕਾਰਵਾਈ ਦੇ ਵਿਰੁੱਧ ਕਾਰਖਾਨਿਆਂ ਅਤੇ ਗੱਡੀਆਂ, ਮੋਟਰਾਂ ਉੱਤੇ ਹਮਲਿਆਂ ਉੱਤੇ ਉਤਰ ਆਉਣਾ ਅਤੇ ਦੂਜੇ ਪਾਸੇ ਮੰਗਾਂ ਦੀ ਵਾਜਵੀਅਤ ਲਈ ਠੋਸ ਦਲੀਲਾਂ ਨਾਲ ਵਕਾਲਤ ਨਾ ਕਰ ਸਕਣਾ ਦੱਸਦਾ ਹੈ ਕਿ ਭਾਰਤ ਦਾ ਇਹ ਮਜ਼ਦੂਰ ਵਰਗ ਯੂਰਪ ਦੀ ਉਦਯੋਗਿਕ ਕ੍ਰਾਂਤੀ ਦੇ ਮੁਢਲੇ ਦਿਨਾਂ ਦੇ ਮਜ਼ਦੂਰ ਅੰਦੋਲਨਾਂ ਦੀ ਪੱਧਰ ਉੱਤੇ ਹੀ ਖੜ੍ਹਾ ਹੈ। ਹਾਲਾਂਕਿ ਇਸ ਕੋਲ ਸਿੱਖਣ ਲਈ ਲੰਮਾ ਇਤਿਹਾਸ ਸੀ। ਉਦੋਂ ਵੀ ਮਜ਼ਦੂਰ ਮਸ਼ੀਨ ਨੂੰ ਆਪਣਾ ਦੁਸ਼ਮਣ ਸਮਝ ਕੇ ਉਸ ਦੀ ਭੰਨਤੋੜ ਕਰਦਾ ਸੀ, ਕਿਉਂਕਿ ਮਸ਼ੀਨ ਨੇ ਦਿਹਾਤ ਵਿੱਚ ਉਸ ਦੀ ਦਸਤਕਾਰੀ ਬਰਬਾਦ ਕਰਕੇ ਉਸ ਨੂੰ ਮਜਬੂਰ ਕਰਕੇ ਕਾਰਖਾਨੇ ਵਿੱਚ ਕੰਮ ਕਰਨ ਅਤੇ ਗੰਦੀਆਂ ਬਸਤੀਆਂ ਵਿੱਚ ਰਹਿਣ ਲਈ ਮਜਬੂਰ ਕੀਤਾ ਸੀ। ਕੰਮ ਦੇ ਘੰਟੇ ਉਹਨਾਂ ਲਈ ਵੀ ਨਿਸਚਿਤ ਨਹੀਂ ਸਨ। ਸਰਕਾਰਾਂ, ਪ੍ਰਸ਼ਾਸਨ ਅਤੇ ਮੀਡੀਆ ਵੀ ਉਹਨਾਂ ਦੀ ਅਣਦੇਖੀ ਅੱਜ ਦੇ ਭਾਰਤ ਵਾਂਗ ਕਰਦਾ ਸੀ।

ਯੂਰਪ ਦਾ ਬੁੱਧੀਜੀਵੀ ਇਸ ਸਭ ਕੁਝ ਉੱਤੇ ਭਾਰਤ ਦੇ ਅੱਜ ਦੇ ਬਹੁਤੇ ਬੁੱਧੀਜੀਵੀਆਂ ਵਰਗਾ ਨਹੀਂ ਸੀ, ਜਿਨ੍ਹਾਂ ਲਈ ਮਜ਼ਦੂਰ ਇੱਕ ਇਨਸਾਨ ਨਹੀਂ ਕੀਟ ਪਤੰਗਾ ਹੈ। ਯੂਰਪ ਦਾ ਬੁੱਧੀਜੀਵੀ ਵਰਗ ਮਜ਼ਦੂਰ ਨੂੰ ਇਨਸਾਨ ਸਮਝ ਕੇ ਉਸ ਦੀ ਹਾਲਤ ਦਾ ਅਧਿਐਨ ਕਰਦਾ ਸੀ। ਕਈ ਥਾਈਂ ਮਜ਼ਦੂਰਾਂ ਦੀ ਅਗਵਾਈ ਵੀ ਕਰਦਾ ਸੀ। ਇਨ੍ਹਾਂ ਬੁੱਧੀਜੀਵੀਆਂ ਵਿੱਚ ਚਮਕਦਾ ਸੂਰਜ ਹੈ ਕਾਰਲ ਮਾਰਕਸ, ਜਿਸ ਨੇ ਬਾਬਾ ਨਾਨਕ ਵੱਲੋਂ ਕਿਰਤ ਦੀ ਬੀਜ ਰੂਪ ਵਿੱਚ ਕੀਤੀ ਵਡਿਆਈ ਦਾ ਹਰ ਪੱਖੋਂ ਅਤੇ ਕਿਰਤੀ ਦੀ ਬੰਦਖਲਾਸੀ ਦਾ ਰਾਹ ਦੱਸ ਕੇ ਨਵੇਂ ਸਮਾਜ ਦਾ ਸਰੂਪ ਦਿੱਤਾ। ਯੂਰਪ ਦੇ ਬੁੱਧੀਜੀਵੀ ਵਰਗ ਨੇ ਹੀ ਅੱਠ ਘੰਟੇ ਦੀ ਡਿਊਟੀ ਦਾ ਸੂਤਰ ਦਲੀਲਬੱਧ ਕੀਤਾ, ਜਿਸ ਉੱਤੇ ਸ਼ਿਕਾਗੋ ਦਾ ਸਾਕਾ ਵਾਪਰਿਆ ਅਤੇ ਪੁਲਸ ਦੀ ਗੋਲੀ ਨਾਲ ਅਤੇ ਫਾਂਸੀਆਂ ਦੇ ਕੇ ਅੱਠ ਘੰਟੇ ਡਿਊਟੀ ਨੂੰ ਨਿਯਮ ਬਣਵਾਇਆ। ਇੱਧਰ ਕਿਸੇ ਚੈਨਲ ਉੱਤੇ ਭਾਜਪਾ ਦੀ ਪਰਵਕਤਾ ਗਿਆਨ ਦੇ ਰਹੀ ਸੀ ਕਿ ਮਜ਼ਦੂਰ ਦੇ ਹੱਥ ਕੰਮ ਕਰਨ ਲਈ ਬਣੇ ਹਨ, ਫੈਕਟਰੀ ਫੂਕਣ ਲਈ ਨਹੀਂ ਹਨ। ਭਾਰਤ ਦੇ ਮਜ਼ਦੂਰਾਂ ਨੂੰ ਵੀ ਹੁਣ ਸੋਚਣਾ, ਸਮਝਣਾ ਪਵੇਗਾ ਕਿ ਭਾਰਤ ਵਿੱਚ ਵੀ ਮਜ਼ਦੂਰ ਅੰਦੋਲਣ ਸੌ ਸਾਲ ਤੋਂ ਵੱਧ ਪੁਰਾਣਾ ਹੈ। ਫੈਕਟਰੀ ਮਜ਼ਦੂਰਾਂ ਦੇ ਹੱਕਾਂ ਲਈ ਜਿਥੇ ਯੂ ਐੱਨ ਓ ਵਲੋਂ ਕੀਤੇ ਐਲਾਨਨਾਮੇ ਲਾਗੂ ਕਰਵਾਏ, ਉਥੇ ਪਹਿਲਾਂ ਅੰਗਰੇਜ਼ੀ ਹਕੂਮਤ ਤੋਂ ਅਤੇ ਅਜ਼ਾਦੀ ਉਪਰੰਤ ਭਾਰਤ ਸਰਕਾਰ ਤੋਂ ਕਿਰਤ ਕਾਨੂੰਨ ਬਣਵਾਏ। ਇਹਨਾਂ ਕਿਰਤ ਕਾਨੂੰਨਾਂ ਨੂੰ ਭਾਜਪਾ ਦੀ ਕੇਂਦਰ ਸਰਕਾਰ ਨੇ ਨਵੇਂ ਕੋਡ ਬਿੱਲਾਂ ਵਿੱਚ ਢਾਲਿਆ। ਉਸ ਦਾ ਸਿੱਟਾ ਹੈ ਕਿ ਜੋ ਕਾਰਖਾਨੇ ਦਾ ਅੱਜ ਦਾ ਮਜ਼ਦੂਰ ਭੁਗਤ ਰਿਹਾ ਹੈ ਅਤੇ ਜਦੋਂ ਤੱਕ ਇਹ ਨਵੇਂ ਕੋਡ ਬਿੱਲ ਰਹਿਣਗੇ, ਉਦੋਂ ਤੱਕ ਇਹ ਕੋਡ ਬਿੱਲ ਹੋਰ ਵੀ ਕਰੂਰ ਬਣੇ ਹੋਏ ਭੁਗਤਣੇ ਪੈਣਗੇ। ਅੱਜ ਦੇ ਇਹਨਾਂ ਮਜ਼ਦੂਰਾਂ ਨੂੰ ਇਹ ਵੀ ਸੋਚਣਾ ਪਵੇਗਾ ਕਿ ਇਹ ਭਾਰਤ ਦੀ ਉਸ ਮਜ਼ਦੂਰ ਲਹਿਰ ਦਾ ਹਿੱਸਾ ਕਿਉਂ ਨਾ ਬਣੇ। ਜਿਹੜੀ ਇਹਨਾਂ ਦੇ ਸ਼ਾਮਿਲ ਹੋਣ ਨਾਲ ਹੋਰ ਵੀ ਮਜਬੂਤ ਹੋ ਕੇ ਇਹਨਾਂ ਨੂੰ ਅੱਜ ਦੀ ਤ੍ਰਾਸਦੀ ਤੋਂ ਬਚਾ ਕੇ ਰੱਖਦੀ।

ਹੁਣ ਸੰਗਠਤ ਮਜ਼ਦੂਰ ਯੂਨੀਅਨ ਵੱਲ ਆਉਂਦੇ ਹਾਂ। ਇਹਨਾਂ ਮਜ਼ਦੂਰ ਸੰਗਠਨਾਂ ਨੂੰ ਇਹਨਾਂ ਮਜ਼ਦੂਰਾਂ ਦੀ ਪਿੱਠ ਉੱਤੇ ਆਉਣਾ ਹੋਵੇਗਾ। ਇਹਨਾਂ ਨੂੰ ਨਾਲ ਜੋੜ ਕੇ ਇੱਧਰ ਏਕੇ ਦਾ ਪਾਠ ਪੜ੍ਹਾਉਣਾ ਹੀ ਨਹੀ, ਸਮਝਾਉਣਾ ਵੀ ਹੋਵੇਗਾ। ਉੱਧਰ ਦੇਸ਼ ਵਿਆਪੀ ਕਿਸੇ ਐਕਸ਼ਨ ਨਾਲ ਕੇਂਦਰ ਸਰਕਾਰ ਨੂੰ ਟੇਬਲ ਉੱਤੇ ਲਿਆਉਣਾ ਪਵੇਗਾ। ਘੱਟੋ-ਘੱਟ ਉਜਰਤ ਅਤੇ ਇਸ ਵਿੱਚ ਨਿਯਮਤ ਵਾਧੇ ਦੀਆਂ ਵਿਵਸਥਾਵਾਂ ਬਣਾ ਕੇ ਠੇਕੇਦਾਰੀ ਪ੍ਰਥਾ ਦਾ ਮੁਕੰਮਲ ਖਾਤਮਾ ਕਰਵਾ ਕੇ ਕੱਢੇ ਮਜ਼ਦੂਰਾਂ ਨੂੰ ਵਾਪਸ ਫੈਕਟਰੀ ਹਾਜਰ ਕਰਵਾ ਕੇ, ਪੁਲਸ ਕੇਸ ਪੂਰੇ ਤੌਰ 'ਤੇ ਵਾਪਸ ਕਰਵਾਉਣੇ ਪੈਣੇ ਹਨ। ਇਸ ਘਟਨਾਕਰਮ ਦੀ ਰਿਪੋਰਟਿੰਗ ਕਰਦੇ ਅਨੇਕਾਂ ਪੱਤਰਕਾਵਾਂ ਉੱਤੇ ਵੀ ਪੁਲਸ ਕੇਸ ਬਣਾਏ ਗਏ ਹਨ। ਇਹ ਕੇਸ ਵੀ ਵਾਪਿਸ ਕਰਵਾਉਣੇ ਪੈਣਗੇ। ਇਹ ਪੱਤਰਕਾਰ ਬਕਾਇਦਾ ਇਕ ਜਮਾਤ ਹੈ। ਗੋਦੀ ਮੀਡੀਆ ਇਹਨਾਂ ਦੀ ਪਿੱਠ 'ਤੇ ਨਹੀਂ ਆ ਰਿਹਾ, ਪਰ ਕੇਸਾਂ ਦੀ ਵਾਪਿਸੀ ਇਸ ਜਮਾਤ ਨੂੰ ਵੱਡਾ ਸੁਨੇਹਾ ਦੇ ਜਾਵੇਗੀ।

(• ਬਾਕੀ ਸਫ਼ਾ 4 'ਤੇ)



# ਮਜ਼ਦੂਰਾਂ ਦੇ ਸੰਘਰਸ਼ ਤੇ ਜਿੱਤ ਦਾ ਇਤਿਹਾਸਕ ਦਿਹਾੜਾ

**ਪਿਰਥੀਪਾਲ ਸਿੰਘ ਮਾੜੀਮੇਘਾ**

ਅਮਰੀਕਾ ਦੀਆਂ ਮਜ਼ਦੂਰ ਜਥੇਬੰਦੀਆਂ ਨੇ ਸੰਨ 1886 ਵਿੱਚ ਕੰਮ ਦਿਹਾੜੀ ਸਮਾਂ 8 ਘੰਟੇ ਕਰਾਉਣ ਲਈ ਕੁਰਬਾਨੀਆਂ ਭਰਿਆ ਸੰਘਰਸ਼ ਲੜਿਆ ਤੇ ਜਿੱਤਿਆ। ਇਸ ਮਹਾਨ ਸੰਘਰਸ਼ ਵਿੱਚ ਦੁਨੀਆ ਭਰ ਦੀਆਂ ਦੋ ਤਾਕਤਾਂ ਇੱਕ-ਦੂਜੇ ਦੇ ਸਾਹਮਣੇ ਡਟ ਖਲੋਤੀਆਂ ਸਨ ਅਤੇ ਮੌਜੂਦਾ ਸਰਮਾਏਦਾਰੀ ਪ੍ਰਬੰਧ ਹੇਠ ਵੀ ਇਹੋ ਹੀ ਹਾਲਾਤ ਹਨ। ਸੰਸਾਰ ਭਰ ਵਿੱਚ ਸਰਮਾਏ ਦੇ ਮਾਲਕ ਆਪਣੀਆਂ ਹਕੂਮਤਾਂ ਕਾਇਮ ਰੱਖਣ ਲਈ ਕਿਰਤੀਆਂ 'ਤੇ ਜਬਰ-ਜ਼ੁਲਮ ਦਾ ਹਥਿਆਰ ਵਰਤਦੇ ਅਤੇ ਇਸ ਦੇ ਵਿਰੋਧ ਵਿੱਚ ਗੁਲਾਮ ਮਜ਼ਦੂਰ ਆਪਣੀ ਆਜ਼ਾਦ ਕਿਰਤ ਲਈ ਸੰਘਰਸ਼ਸ਼ੀਲ ਹਨ।

ਦੁਨੀਆ ਵਿੱਚ ਇਕ ਪਾਸੇ ਮੁੱਠੀ ਭਰ ਅਮੀਰ ਮਿਹਨਤਕਸ਼ ਆਵਾਮ ਦਾ ਖ਼ੂਨ ਚੂਸਣ ਵਾਲੇ ਖੜੇ ਹਨ, ਜਿਨ੍ਹਾ ਦਾ ਕਾਰਖਾਨੇ, ਮਿੱਲਾਂ, ਅੌਜ਼ਾਰ ਅਤੇ ਉਦਯੋਗਿਕ ਮਸ਼ੀਨਰੀ 'ਤੇ ਪੂਰਨ ਕਬਜ਼ਾ ਹੈ। ਇਨ੍ਹਾਂ ਅਮੀਰਾਂ ਨੇ ਆਪਣੇ ਮੁਨਾਫੇ ਦੀ ਹੋੜ ਵਿੱਚ ਪੈਸੇ ਨਾਲ ਕਈ ਕਈ ਥਾਈਂ ਲੱਖਾਂ ਏਕੜ ਜ਼ਮੀਨ, ਜੰਗਲਾਂ ਤੇ ਪਹਾੜਾਂ ਨੂੰ ਆਪਣੀ ਨਿੱਜੀ ਮਲਕੀਅਤ ਵਿੱਚ ਬਦਲ ਲਿਆ ਹੈ। ਇਨ੍ਹਾਂ ਦੌਲਤਧਾਰੀ ਲੁਟੇਰਿਆਂ ਨੇ ਫੌਜ, ਨੌਕਰ ਅਤੇ ਸਰਕਾਰਾਂ ਨੂੰ ਆਪਣੀ ਦੌਲਤ ਦੀ ਰਾਖੀ ਲਈ ਆਪਣੇ ਵਫਾਦਾਰ ਬਣਾਇਆ ਹੋਇਆ ਹੈ। ਇਸ ਹਾਲਤ ਵਿੱਚ ਉਨ੍ਹਾਂ ਕਿਰਤੀਆਂ ਨੂੰ ਮਜਬੂਰ ਕੀਤਾ ਹੋਇਆ ਕਿ ਉਹ ਮਾਲਕਾਂ ਦੇ ਧਨ-ਦੌਲਤ ਦੇ ਵਾਧੇ ਲਈ ਕੰਮ ਕਰਨ।

ਹਾਲਾਤ ਇਹ ਹਨ ਕਿ ਇਨ੍ਹਾਂ ਥੈਲੀਸ਼ਾਹਾਂ ਦੀ ਧਨ ਦੌਲਤ ਵਿੱਚ ਵਾਧਾ ਕਰਨ ਵਾਲਾ ਕਿਰਤੀ ਸਾਰੀ ਉਮਰ ਇੱਕ ਰੋਟੀ ਦੇ ਟੁਕੜੇ ਲਈ ਤਰਸਦਾ ਰਹਿੰਦਾ ਹੈ। ਕੰਮ ਲਈ ਤਰਲੇ ਮਾਰਨ ਵਾਲਿਆਂ ਦੀ ਤਰਾਸਦੀ ਦਾ ਸ਼ਹਿਰਾਂ ਅਤੇ ਕਸਬਿਆਂ ਦੇ ਚੌਕਾਂ ਵਿੱਚ ਖੜੇ ਮਜ਼ਦੂਰਾਂ ਤੋਂ ਪਤਾ ਲਗਦਾ ਹੈ। ਇੱਕ ਵਿਅਕਤੀ ਕੰਮ ਕਰਾਉਣ ਲਈ ਜਦੋਂ ਮਜ਼ਦੂਰ ਲੈਣ ਜਾਂਦਾ ਅਤੇ ਕੰਮ 'ਤੇ ਜਾਣ ਵਾਲੇ ਕਈ ਮਜ਼ਦੂਰ ਉਸ ਦੁਆਲੇ ਘੇਰਾ ਪਾ ਲੈਂਦੇ ਹਨ। ਉਹ ਵਿਆਕਤੀ ਦਿਹਾੜੀ ਦੇ ਪੈਸੇ ਘਟਾਉਣ ਦੇ ਨਾਲ ਨਾਲ ਹੱਟੇ-ਕੱਟੇ ਮਜ਼ਦੂਰ ਵੱਲ ਨਿਗ੍ਹਾ ਘੁਮਾਂਉਂਦਾ ਤੇ ਉਸ ਨੂੰ ਨਾਲ ਲੈ ਜਾਂਦਾ। ਬਹੁਤ ਮਜ਼ਦੂਰਾਂ ਨੂੰ ਦਿਹਾੜੀ ਨਾ ਮਿਲਦੀ ਤੇ ਉਹ ਨਾਲ ਲਿਆਂਦੀ ਰੋਟੀ ਖਾ ਕੇ ਸ਼ਾਮ ਤੱਕ ਚੌਂਕ ਵਿੱਚ ਖੜੇ ਰਹਿੰਦੇ। ਦਿਹਾੜੀ ਨਾ ਮਿਲਣ ਉਪਰੰਤ ਮਜ਼ਦੂਰ ਸ਼ਹਿਰਾਂ ਵਿੱਚ ਬਣਾਈਆਂ ਹੋਈਆਂ ਆਰਜ਼ੀ ਝੁੱਗੀਆਂ, ਜੋ ਪੁਰਾਣੇ ਜ਼ਮਾਨੇ ਦੇ ਢਾਰਿਆਂ ਵਰਗੀਆਂ ਹਨ ਉਨ੍ਹਾਂ ਵਿੱਚ ਆਪਣੇ ਪਰਵਾਰਾਂ ਨਾਲ ਰਾਤ ਗੁਜ਼ਾਰਨ ਚਲੇ ਜਾਂਦੇ। ਜਿਨ੍ਹਾਂ ਨੂੰ ਝੁੱਗੀਆਂ ਬਣਾਉਣ ਲਈ ਥਾਂ ਨਹੀਂ ਮਿਲਦੀ ਉਹ ਉੱਚੇ ਪੁਲਾਂ ਥੱਲੇ ਰਾਤ ਨੂੰ ਸੌਂ ਜਾਂਦੇ ਹਨ।

ਮਸ਼ੀਨਾਂ ਤੇ ਆਧੁਨਿਕ ਸਨਅਤ ਦੇ ਜਨਮ ਲੈਣ ਉਪਰੰਤ 18ਵੀਂ ਸਦੀ ਦੇ ਆਖਰੀ ਤਿਹਾਈ ਵਿੱਚ ਸਰਮਾਏਦਾਰਾਂ ਵੱਲੋਂ ਕਿਰਤੀਆਂ 'ਤੇ ਐਸਾ ਜ਼ਬਰਦਸਤ ਹਮਲਾ ਹੋਇਆ ਕਿ ਉਹ ਮਜ਼ਦੂਰਾਂ ਦੀ ਜ਼ਿੰਦਗੀ ਤਬਾਹ ਕਰਨ ਦੇ ਰਾਹ ਤੁਰ ਪਏ। ਇਸ ਸਮੇਂ ਦੌਰਾਨ ਸਰਮਾਏ ਦੇ ਮਾਲਕਾਂ ਨੇ ਕਿਰਤੀਆਂ ਦੀ ਅੰਨ੍ਹੀ ਲੁੱਟ ਦੇ ਜਸ਼ਨ ਮਨਾਏ। ਹਕੀਕਤ ਇਹ ਹੈ ਕਿ 1833 ਦੇ ਕਾਨੂੰਨ ਤੋਂ ਪਹਿਲਾਂ ਸਰਮਾਏ ਦੇ ਮਾਲਕ ਨੌਜਵਾਨ ਬੱਚਿਆਂ ਤੋਂ ਸਾਰਾ ਦਿਨ, ਸਾਰੀ ਰਾਤ ਅਤੇ ਠੀਕ ਹੋਣ ਦੀ ਹਾਲਤ ਵਿੱਚ ਦੋਵੇਂ ਦਿਨ ਤੇ ਰਾਤ ਲਗਾਤਾਰ ਕੰਮ ਲੈਂਦੇ ਸਨ।

ਸੰਯੁਕਤ ਰਾਜ ਅਮਰੀਕਾ ਵਿੱਚ ਜਿੰਨਾ ਚਿਰ ਕਿਰਤੀ ਗੁਲਾਮੀ ਦੀਆਂ ਜ਼ੰਜੀਰਾਂ ਵਿੱਚ ਜਕੜਿਆ ਰਿਹਾ, ਓਨਾ ਚਿਰ ਤੱਕ ਗੋਰੇ ਤੇ ਕਾਲੀ ਚਮੜੀ ਵਾਲੇ ਕਿਰਤੀਆਂ ਦੀ ਸੁਤੰਤਰ ਲਹਿਰ ਡੱਕੋ ਡੋਲੇ ਖਾਂਦੀ ਰਹੀ। ਗੁਲਾਮੀ ਪ੍ਰਥਾ ਦੇ ਖਾਤਮੇ ਤੋਂ ਬਾਅਦ ਕਿਰਤੀਆਂ ਨੇ ਕੰਮ ਦਿਹੜੀ ਸਮਾਂ ਕਾਨੂੰਨ ਦੁਆਰਾ 8 ਘੰਟੇ ਕਰਨ ਦਾ ਅੰਦੋਲਨ ਆਰੰਭਿਆ। ਇਹ ਅੰਦੋਲਨ ਰੇਲ ਦੇ ਇੰਜਣ ਦੀ ਤੂਫਾਨੀ ਰਫਤਾਰ ਨਾਲ ਐਟਲਾਂਟਿਕ ਮਹਾਂਸਾਗਰ ਤੋਂ ਸ਼ਾਂਤ ਮਹਾਂਸਾਗਰ ਅਤੇ ਨਿਊ ਇੰਗਲੈਂਡ ਤੋਂ ਕੈਲੇਫੋਰਨੀਆਂ ਤੱਕ ਫੈਲ ਗਿਆ। ਕਿਰਤੀਆਂ ਦੀ 16 ਅਗਸਤ 1866 ਬਾਲਟੀਮੋਰ ਕਾਂਗਰਸ ਨੇ ਐਲਾਨ ਕਰ ਦਿੱਤਾ ਕਿ ਇਸ ਦੇਸ਼ ਦੀ ਕਿਰਤ ਨੂੰ ਸਰਮਾਏਦਾਰੀ ਗੁਲਾਮੀ ਤੋਂ ਮੁਕਤ ਕਰਨ ਲਈ ਇਸ ਵੇਲੇ ਦੀ ਪਹਿਲੀ ਤੇ ਵੱਡੀ ਲੋੜ ਐਸਾ ਕਾਨੂੰਨ ਪਾਸ ਕਰਨਾ ਹੈ, ਜਿਸ ਨਾਲ ਅਮਰੀਕੀ ਸੰਘ ਦੇ ਸਭਨਾਂ ਰਾਜਾਂ ਵਿੱਚ ਅੱਠ ਘੰਟੇ ਸਾਧਾਰਨ ਕੰਮ ਦਿਹਾੜੀ ਹੋ ਜਾਵੇ। ਕਾਨਫਰੰਸ ਨੇ ਪਾਸ ਕੀਤਾ ਕਿ ਜਿੰਨਾ ਚਿਰ ਤੱਕ ਸ਼ਾਨਦਾਰ ਸਿੱਟਾ ਪ੍ਰਾਪਤ ਨਹੀਂ ਹੁੰਦਾ, ਓਨਾ ਚਿਰ ਤੱਕ ਅਸੀਂ ਪੂਰਾ ਜ਼ੋਰ ਲਾਉਣ ਦਾ ਦ੍ਰਿੜ੍ਹ ਇਰਾਦਾ ਰੱਖਦੇ ਹਾਂ। ਕਿਰਤੀਆਂ ਦੀ ਜਨੇਵਾ ਕਾਂਗਰਸ ਨੇ ਮਤਾ ਪਾਸ ਕਰ ਦਿੱਤਾ ਕਿ ਕੰਮ ਦਿਹਾੜੀ ਦੀ ਕਾਨੂੰਨੀ ਸੀਮਾ 8 ਘੰਟੇ ਹੋਵੇ।

ਅਮਰੀਕਾ ਦੇ ਸ਼ਹਿਰ ਸ਼ਿਕਾਗੋ ਦੀ ਹੇਅ ਮਾਰਕੀਟ ਦੇ ਮਜ਼ਦੂਰਾਂ ਨੇ 1886 ਵਿੱਚ ਕੰਮ ਦਿਹਾੜੀ ਸਮਾਂ ਕਾਨੂੰਨ ਦੁਆਰਾ ਅੱਠ ਘੰਟੇ ਨਿਸਚਿਤ ਕਰਾਉਣ ਲਈ ਹੜਤਾਲ ਕਰ ਦਿੱਤੀ। ਹੜਤਾਲ ਨੂੰ ਕੁਚਲਣ ਵਾਸਤੇ ਅਮਰੀਕਾ ਹਕੂਮਤ ਦੀ ਪੁਲਸ ਨੇ ਮਜ਼ਦੂਰਾਂ 'ਤੇ ਕਹਿਰ ਵਰਾਇਆ ਤੇ ਗ੍ਰਿਫਤਾਰੀਆਂ ਕੀਤੀਆਂ। ਮਜ਼ਦੂਰਾਂ ਆਗੂਆਂ 'ਤੇ ਝੂਠੇ ਕੇਸ ਪਾ ਕੇ ਉਨ੍ਹਾਂ ਨੂੰ ਫਾਂਸੀ ਦਿੱਤੀ ਗਈ। ਸ਼ਹੀਦ ਮਜ਼ਦੂਰਾਂ ਦੇ ਨਾਂਅ ਆਗਸਟ ਸਪਾਈਸ, ਅਲਬਰਟ ਪਾਰਸਨਸ, ਜਾਰਜ ਏਂਜੇਲ, ਐਡੋਲਫ਼ ਫਿਗਰ, ਲੁਈਸ ਲਿੰਗ, ਸੈਮੂਅਲ ਫੀਲਡੇਨ, ਮਾਈਕਲ ਸ਼ਵਾਬ ਸਨ। ਆਸਕਰ ਨੀਬੇ ਨੂੰ 15 ਸਾਲ ਕੈਦ ਦੀ ਸਜ਼ਾ ਦਿੱਤੀ ਗਈ। ਮਜ਼ਦੂਰ ਪੁਲਸ ਦੇ ਤਸ਼ੱਦਦ ਤੋਂ ਨਾ ਡਰੇ ਤੇ ਸੰਘਰਸ਼ ਹੋਰ ਤੇਜ਼ ਕਰ ਦਿੱਤਾ। ਸੰਯੁਕਤ ਰਾਜ ਅਮਰੀਕਾ ਦੀ ਸਰਕਾਰ ਝੁਕ ਗਈ ਤੇ ਉਸ ਨੇ ਕੰਮ ਦਿਹਾੜੀ ਸਮਾਂ 8 ਘੰਟੇ ਕਰ ਦਿੱਤਾ। ਇਸ ਜਿੱਤ ਨਾਲ ਦੁਨੀਆ ਭਰ ਵਿੱਚ ਮਜ਼ਦੂਰਾਂ ਦੇ ਹੌਸਲੇ ਬੁਲੰਦ ਹੋ ਗਏ ਅਤੇ ਮਜ਼ਦੂਰਾਂ ਨੇ ਕਈ ਦੇਸ਼ਾਂ ਵਿੱਚ ਚੋਣਾਂ ਰਾਹੀਂ ਆਪਣੇ ਪੱਖ ਦੀਆਂ ਸਰਕਾਰਾਂ ਕਾਇਮ ਕਰ ਦਿੱਤੀਆਂ।

ਹਿੰਦੁਸਤਾਨ ਵਿੱਚ ਬਰਤਾਨਵੀ ਹਕੂਮਤ ਨੇ 8 ਘੰਟੇ ਕੰਮ ਦਿਹਾੜੀ ਕਾਨੂੰਨ ਲਾਗੂ ਨਾ ਕੀਤਾ, ਜਦੋਂ ਕਿ ਕਿਰਤੀਆਂ ਨੇ 1923 ਵਿੱਚ ਆਜ਼ਾਦੀ ਸੰਗਰਾਮ ਦੌਰਾਨ ਕੰਮ ਦਿਹਾੜੀ ਸਮਾਂ 8 ਘੰਟੇ ਕਰਨ ਦੀ ਮੰਗ ਰੱਖ ਦਿੱਤੀ ਸੀ। ਭਾਰਤ ਵਿੱਚ ਸਿੰਗਾਰਵੇਲੂ ਦੀ ਪਹਿਲ 'ਤੇ ਪਹਿਲੀ ਵਾਰ 1923 ਵਿੱਚ ਮਦਰਾਸ ਵਿੱਚ ਮਈ ਦਿਵਸ 'ਤੇ ਦੋ ਇਕੱਠ ਕੀਤੇ ਗਏ।ਇੱਕ ਇਕੱਠ ਹਾਈ ਕੋਰਟ ਬੀਚ ਸਮੁੰਦਰੀ ਕੰਢੇ ਉੱਤੇ ਸਿੰਗਾਰਵੇਲੂ ਦੀ ਪ੍ਰਧਾਨਗੀ ਹੇਠ ਅਤੇ ਦੂਸਰਾ ਟਰਿਪਲਕੇਨ ਬੀਚ 'ਤੇ ਹੋਇਆ। ਇਨ੍ਹਾਂ ਦੋਵਾਂ ਇਕੱਠਾਂ ਵਿੱਚ ਲਾਲ ਝੰਡੇ ਲਹਿਰਾਏ ਗਏ। ਸ਼ਾਇਦ ਭਾਰਤ ਦੇ ਕਿਸੇ ਰਾਜਨੀਤਕ ਇਕੱਠ ਵਿੱਚ ਪਹਿਲੀ ਵਾਰ ਲਾਲ ਝੰਡਾ ਲਹਿਰਾਇਆ ਗਿਆ ਹੋਵੇ। ਆਜ਼ਾਦ ਭਾਰਤ ਦੀ ਸਰਕਾਰ ਨੇ ਫੈਕਟਰੀ ਐਕਟ 1948 ਵਿੱਚ ਹਿੰਦੁਸਤਾਨ ਵਿੱਚ ਅੱਠ ਘੰਟੇ ਕੰਮ ਦਿਹਾੜੀ ਨੂੰ ਕਾਨੂੰਨੀ ਮਾਨਤਾ ਦੇ ਦਿੱਤੀ।

ਮੌਜੂਦਾ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਨੇ 8 ਘੰਟੇ ਕੰਮ ਦਿਹਾੜੀ ਸਮੇਂ ਨੂੰ ਨਕਾਰ ਦਿੱਤਾ ਹੈ। ਹਿੰਦੁਸਤਾਨ ਵਿੱਚ 8 ਘੰਟੇ ਕੰਮ ਦਿਹਾੜੀ ਦਾ ਕਾਨੂੰਨ ਹੁੰਦਿਆਂ ਹੋਇਆਂ ਵੀ ਕਈ ਥਾਵਾਂ 'ਤੇ ਮਜ਼ਦੂਰਾਂ ਕੋਲੋਂ 12 ਤੋਂ 14 ਘੰਟੇ ਕੰਮ ਲਿਆ ਜਾਂਦਾ ਹੈ। ਖਬਰ ਮਿਲੀ ਹੈ ਕਿ ਕੌਮਾਂਤਰੀ ਕਿਰਤ ਸਭਾ ਨੇ ਹਿੰਦੁਸਤਾਨ ਵਿੱਚ 12 ਘੰਟੇ ਕੰਮ ਦਿਹਾੜੀ ਦੀ ਸਮੀਖਿਆ ਕਰਨ ਬਾਰੇ ਵਿਚਾਰ ਕੀਤੀ ਹੈ। ਕਿਰਤੀਆਂ ਨੇ ਬੜੀ ਸੋਚ-ਵਿਚਾਰ ਤੋਂ ਬਾਅਦ 8 ਘੰਟੇ ਕੰਮ ਦਿਹਾੜੀ ਦੀ ਮੰਗ ਕੀਤੀ ਅਤੇ ਸੰਘਰਸ਼ ਤੇ ਕੁਰਬਾਨੀਆਂ ਦੀ ਬਦੌਲਤ ਕਾਮਯਾਬ ਹੋਏ।

# ਸੰਪਰਕ : 98760-78731



## ਸੰਸਕਾਰ ਵੈਲੀ ਸਮਾਰਟ ਸਕੂਲ 'ਚ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ



**ਭਵਾਨੀਗੜ੍ਹ (ਰਾਜ ਖੁਰਮੀ)**-ਸਥਾਨਕ ਸੰਸਕਾਰ ਵੈਲੀ ਸਮਾਰਟ ਸਕੂਲ, ਭਵਾਨੀਗੜ੍ਹ ਵਿੱਚ ਬੁੱਧਵਾਰ ਨੂੰ ਸੈਸ਼ਨ 2025-26 ਤਹਿਤ ਕਲਾਸ ਪਹਿਲੀ ਤੋਂ ਨੌਵੀਂ ਤੱਕ ਸਲਾਨਾ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਅਤੇ ਪੂਰੇ ਸਾਲ ਦੌਰਾਨ 100 ਫੀਸਦੀ ਹਾਜ਼ਰੀ ਦਰਜ ਕਰਨ ਵਾਲੇ ਬੱਚਿਆਂ ਦੇ ਸਨਮਾਨ ਲਈ ਵਿਸ਼ੇਸ਼ ਸਮਾਰੋਹ ਕੀਤਾ ਗਿਆ।ਇਸ ਮੌਕੇ ਸਕੂਲ ਵਿੱਚ ਖੁਸ਼ੀ, ਮਾਣ ਅਤੇ ਉਤਸ਼ਾਹ ਦਾ ਵਿਸ਼ੇਸ਼ ਮਾਹੌਲ ਦੇਖਣ ਨੂੰ ਮਿਲਿਆ।ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਪਟਿਆਲਾ ਦੇ ਪ੍ਰਸਿੱਧ ਡਾਕਟਰ ਡਾ. ਰਾਜੀਵ ਜਿੰਦਲ (ਸੀਨੀਅਰ ਕਨਸਲਟੈਂਟ, ਐਨੇਸਥੀਸੀਆ ਅਤੇ ਕ੍ਰਿਟੀਕਲ ਕੇਅਰ, ਅਮਰ ਹਸਪਤਾਲ) ਤੇ ਡਾ. ਸ਼ਾਲੂ ਜਿੰਦਲ (ਈ ਐਨ ਟੀ ਵਿਸ਼ੇਸ਼ਗਿਆ ਅਤੇ ਹੈਡ-ਨੈਕ ਸਰਜਨ, ਫੁੱਲ ਹਸਪਤਾਲ) ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਅਤੇ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਸਕੂਲ ਦੇ ਚੇਅਰਮੈਨ ਧਰਮਵੀਰ ਗਰਗ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਈਸ਼ਵਰ ਬਾਂਸਲ ਆਪਣੇ ਪਰਿਵਾਰ ਸਮੇਤ ਮੌਜੂਦ ਰਹੇ।ਚੇਅਰਮੈਨ ਧਰਮਵੀਰ ਗਰਗ ਨੇ ਦੱਸਿਆ ਕਿ ਆਈ.ਸੀ.ਐੱਸ.ਈ ਬੋਰਡ ਨਾਲ ਸੰਬੰਧਿਤ ਸੰਸਕਾਰ ਵੈਲੀ ਸਮਾਰਟ ਸਕੂਲ ਵਿਦਿਆਰਥੀਆਂ ਦੇ ਚਮਕਦਾਰ ਭਵਿੱਖ ਲਈ ਸ਼ੁਰੂ ਤੋਂ ਹੀ ਵਚਨਬੱਧ ਹੈ।

# ਹਵਨ ਦੇ ਬਹਾਨੇ ਸੋਨਾ ਚੋਰੀ ਕਰਨ ਵਾਲਾ ਜੋਤਸ਼ੀ ਪੁਲਸ ਅੜਿੱਕੇ



**ਭਵਾਨੀਗੜ੍ਹ (ਰਾਜ ਖੁਰਮੀ)**-ਹਵਨ ਕਰਵਾਉਣ ਦੇ ਬਹਾਨੇ ਘਰ ਵਿੱਚ ਦਾਖ਼ਲ ਹੋ ਕੇ ਕਰੀਬ 5.5 ਤੋਲੇ ਸੋਨੇ ਦੇ ਗਹਿਣੇ ਚੋਰੀ ਕਰਨ ਦੇ ਮਾਮਲੇ ਵਿੱਚ ਭਵਾਨੀਗੜ੍ਹ ਪੁਲਸ ਨੇ ਇੱਕ ਕਥਿਤ ਜੋਤਸ਼ੀ ਨੂੰ ਗ੍ਰਿਫ਼ਤਾਰ ਕਰਨ ਉਪਰੰਤ ਪ੍ਰੋਡਕਸ਼ਨ ਵਾਰੰਟ ਹਾਸਲ ਕਰਨ ਲਈ ਅਦਾਲਤ ਵਿੱਚ ਪੇਸ਼ ਕੀਤਾ। ਪੁਲਸ ਨੇ ਚੋਰੀ ਕੀਤਾ ਸੋਨਾ ਬਰਾਮਦ ਕਰਨ ਤੇ ਇਸ ਮਾਮਲੇ ਨਾਲ ਜੁੜੇ ਹੋਰ ਸਾਥੀਆਂ ਬਾਰੇ ਪੁੱਛਗਿੱਛ ਲਈ ਮੁਲਜ਼ਮ ਦਾ ਪੁਲਸ ਰਿਮਾਂਡ ਮੰਗਿਆ, ਜਿਸ 'ਤੇ ਅਦਾਲਤ ਵੱਲੋਂ ਤਿੰਨ ਦਿਨਾਂ ਦਾ ਰਿਮਾਂਡ ਦਿੱਤਾ ਗਿਆ।

ਚੌਕੀ ਇੰਚਾਰਜ ਏਐੱਸਆਈ ਵਰਿੰਦਰ ਸਿੰਘ ਝਿੰਜਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਬਾਸੀਅਰਖ ਦੇ ਰਹਿਣ ਵਾਲੇ ਗੁਲਾਬ ਸਿੰਘ ਪੁੱਤਰ ਜੰਗ ਸਿੰਘ ਦੀ ਸ਼ਿਕਾਇਤ 'ਤੇ ਮੁਕੇਸ਼ ਕੁਮਾਰ ਸ਼ਰਮਾ ਨਾਮਕ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਸੀ।ਮੁਲਜ਼ਮ ਆਪਣੇ ਆਪ ਨੂੰ ਮਾਂ ਕਾਲੀ ਜੋਤਿਸ਼ ਕੇਂਦਰ ਦਾ ਮਾਲਕ ਦੱਸਦਾ ਸੀ ਤੇ ਹਵਨ ਕਰਨ ਦੇ ਬਹਾਨੇ ਸ਼ਿਕਾਇਤਕਰਤਾ ਦੇ ਘਰ ਪਹੁੰਚਿਆ ਸੀ।ਸ਼ਿਕਾਇਤ ਮੁਤਾਬਕ ਮੁਲਜ਼ਮ ਨੇ ਘਰ ਵਿੱਚੋਂ 11 ਨਗ ਸੋਨੇ ਦੇ ਗਹਿਣੇ ਚੋਰੀ ਕਰ ਲਏ।ਇਨ੍ਹਾਂ ਵਿੱਚ ਇੱਕ ਚੂੜੀ, ਇੱਕ ਜੋੜਾ ਝੁਬੂਲੀਆਂ ਵਾਲੇ ਕਾਂਟੇ, ਇੱਕ ਜੋੜਾ ਕੰਨਾਂ ਦੇ ਰਿੰਗ (ਡੰਡੀਆਂ) ਤੇ ਤਿੰਨ ਜੋੜੇ ਟੋਪਸ ਸ਼ਾਮਲ ਹਨ।ਚੋਰੀ ਕੀਤੇ ਗਹਿਣਿਆਂ ਦਾ ਕੁੱਲ ਵਜ਼ਨ ਕਰੀਬ 5.5 ਤੋਲੇ ਦੱਸਿਆ ਜਾ ਰਿਹਾ ਹੈ।ਤਫਤੀਸ਼ ਦੌਰਾਨ ਪੁਲਸ ਨੂੰ ਪਤਾ ਲੱਗਿਆ ਕਿ ਮੁਲਜ਼ਮ ਦਾ ਅਸਲ ਨਾਮ ਇੰਦਰਜੀਤ ਸਿੰਘ ਪੁੱਤਰ ਸੂਰਜਾ ਮੱਲ ਵਾਸੀ ਕੋਂਢਲਾ, ਜ਼ਿਲ੍ਹਾ ਸੀਕਰ (ਰਾਜਸਥਾਨ) ਹੈ।ਉਹ ਪਹਿਲਾਂ ਹੀ ਥਾਣਾ ਭੀਖੀ, ਜ਼ਿਲ੍ਹਾ ਮਾਨਸਾ ਵਿੱਚ ਦਰਜ ਇੱਕ ਹੋਰ ਚੋਰੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਹੋ ਚੁੱਕਾ ਸੀ ਤੇ ਇਸ ਸਮੇਂ ਜ਼ਿਲ੍ਹਾ ਜੇਲ੍ਹ ਮਾਨਸਾ ਵਿੱਚ ਬੰਦ ਸੀ।ਥਾਣਾ ਭੀਖੀ ਤੋਂ ਮਿਲੀ ਜਾਣਕਾਰੀ ਅਨੁਸਾਰ ਪੁੱਛਗਿੱਛ ਦੌਰਾਨ ਮੁਲਜ਼ਮ ਨੇ ਪਿੰਡ ਬਾਸੀਅਰਖ ਵਿੱਚ ਸੋਨਾ ਚੋਰੀ ਕਰਨ ਦੀ ਗੱਲ ਕਬੂਲ ਕਰ ਲਈ ਸੀ।ਇਸ ਤੋਂ ਬਾਅਦ ਭਵਾਨੀਗੜ੍ਹ ਪੁਲਸ ਨੇ ਉਸ ਨੂੰ ਇਸ ਕੇਸ ਵਿੱਚ ਨਾਮਜ਼ਦ ਕਰਕੇ ਪ੍ਰੋਡਕਸ਼ਨ ਵਾਰੰਟ ਰਾਹੀਂ ਜੇਲ੍ਹ ਤੋਂ ਹਾਸਲ ਕੀਤਾ।ਇਸ ਮੌਕੇ ਏਐੱਸਆਈ ਮਨਜੀਤ ਸਿੰਘ, ਹੌਲਦਾਰ ਅਵਤਾਰ ਸਿੰਘ ਸਮੇਤ ਹੋਰ ਪੁਲਸ ਕਰਮਚਾਰੀ ਹਾਜ਼ਰ ਸਨ।

## ਗਰਮੀ ਕਾਰਨ ਸਕੂਲਾਂ ਦਾ ਸਮਾਂ ਘਟਾਇਆ ਜਾਵੇ : ਢੋਸੀਵਾਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ/ਪਰਮਜੀਤ ਸਿੰਘ)**-ਪੰਜਾਬ ਸਮੇਤ ਸਮੁੱਚੇ ਉੱਤਰੀ ਭਾਰਤ ਵਿੱਚ ਅੰਤਾਂ ਦੀ ਗਰਮੀ ਪੈ ਰਹੀ ਹੈ। ਇਸ ਭਿਅੰਕਰ ਗਰਮੀ ਤੋਂ ਹਰ ਕੋਈ ਪ੍ਰੇਸ਼ਾਨ ਹੈ।

ਮਨੁੱਖਾਂ ਦੇ ਨਾਲ-ਨਾਲ ਬੇਜ਼ੁਬਾਨੇ ਪਸ਼ੂ ਅਤੇ ਪੰਛੀ ਵੀ ਤ੍ਰਾਹ-ਤ੍ਰਾਹ ਕਰ ਰਹੇ ਹਨ।ਦੁਪਹਿਰ ਵੇਲੇ ਸੜਕੀ ਆਵਾਜਾਈ ਭਾਵੇਂ ਬਹੁਤ ਘੱਟ ਜਾਂਦੀ ਹੈ, ਫੇਰ ਵੀ ਲੋਕਾਂ ਨੂੰ ਆਪਣੇ ਕੰਮਾਂ ਧੰਦਿਆਂ ਲਈ ਘਰੋਂ ਬਾਹਰ ਨਿਕਲਣਾ ਹੀ ਪੈਂਦਾ ਹੈ। ਅੰਤਾਂ ਦੀ ਇਸ ਗਰਮੀ ਕਾਰਨ ਸਕੂਲੀ ਵਿਦਿਆਰਥੀਆਂ ਦਾ ਬੁਰਾ ਹਾਲ ਹੈ।

ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਸੰਸਥਾਪਕ ਚੇਅਰਮੈਨ ਤੇ ਆਲ ਇੰਡੀਆ ਐਸ.ਸੀ./ਬੀ.ਸੀ./ਐਸ.ਟੀ. ਏਕਤਾ ਭਲਾਈ ਮੰਚ ਦੇ ਰਾਸ਼ਟਰੀ ਪ੍ਰਧਾਨ ਦਲਿਤ ਰਤਨ ਜਗਦੀਸ਼ ਰਾਏ ਢੋਸੀਵਾਲ ਨੇ ਪੰਜਾਬ ਸਰਕਾਰ ਅਤੇ ਵਿਦਿਆ ਵਿਭਾਗ ਤੋਂ ਮੰਗ ਕੀਤੀ ਹੈ ਕਿ ਅੱਤ ਦੀ ਗਰਮੀ ਨੂੰ ਧਿਆਨ ਵਿੱਚ ਰੱਖਦੇ ਹੋਏ ਰਾਜ ਦੇ ਸਾਰੇ ਸਰਕਾਰੀ ਅਤੇ ਪ੍ਰਾਇਵੇਟ ਸਕੂਲਾਂ ਦਾ ਸਮਾਂ ਘਟਾ ਕੇ ਸਵੇਰੇ 8:00 ਵਜੇ ਤੋਂ ਗਿਆਰਾਂ ਵਜੇ ਤੱਕ ਕੀਤਾ ਜਾਵੇ।

## ਸ਼ਿਵਾਲਿਕ ਮਾਡਲ ਸਕੂਲ 'ਚ ਇੰਟਰਨੈਸ਼ਨਲ ਡਾਂਸ ਡੇ ਮਨਾਇਆ



**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-ਸ਼ਿਵਾਲਿਕ ਮਾਡਲ ਸਕੂਲ ਜਗਰਾਉਂ ਵਿੱਚ ਅੰਤਰਰਾਸ਼ਟਰੀ ਡਾਂਸ ਦਿਵਸ 'ਤੇ ਯੂਕੇਜੀ ਦੇ ਛੋਟੇ ਕਲਾਕਾਰਾਂ ਅਤੇ 6ਵੀਂ ਅਤੇ 7ਵੀਂ ਜਮਾਤ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਪੇਸ਼ ਕੀਤਾ।ਸਭ ਤੋਂ ਪਹਿਲਾਂ ਛੋਟੇ ਯੂ. ਕੇ. ਜੀ. ਦੇ ਬੱਚਿਆਂ ਨੇ ਹਰ ਦਿਨ ਜੀਓ ਐਸਾ ਗੀਤ 'ਤੇ ਆਪਣੀ ਪੇਸ਼ਕਾਰੀ ਪੇਸ਼ ਕੀਤੀ। ਛੋਟੀਆਂ ਕੁੜੀਆਂ ਨੇ ਦੋ ਸਮੂਹਾਂ ਵਿੱਚ ਅਚੰਭੇ ਵੀ ਕੀਤੇ।ਇੱਕ ਸਮੂਹ ਨੇ ਟੁਕੜ ਟੁਕੜ 'ਤੇ ਆਪਣੀ ਮਾਸੂਮ ਅਦਾਕਾਰੀ ਨਾਲ ਸਾਰਿਆਂ ਦਾ ਦਿਲ ਜਿੱਤ ਲਿਆ, ਜਦੋਂਕਿ ਦੂਜੇ ਸਮੂਹ ਦੀਆਂ ਕੁੜੀਆਂ ਨੇ ਆਪਣੀ ਕਲਾ ਨਾਲ ਸਾਰੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ।ਛੇਵੀਂ ਅਤੇ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਨੇ ਇਸ ਰੰਗੀਨ ਪ੍ਰੋਗਰਾਮ ਵਿੱਚ ਹੋਰ ਵੀ ਸੁੰਦਰਤਾ ਭਰ ਦਿੱਤੀ।ਬੱਚਿਆਂ ਨੇ ਵੱਖ-ਵੱਖ ਰਾਜਾਂ ਅਤੇ ਦੇਸ਼ ਦੇ ਸੱਭਿਆਚਾਰਾਂ ਨੂੰ ਦਰਸਾਉਂਦੇ ਸ਼ਾਨਦਾਰ ਨਾਚ ਪੇਸ਼ਕਾਰੀਆਂ ਪੇਸ਼ ਕੀਤੀਆਂ।ਪ੍ਰੋਗਰਾਮ ਦੀ ਸ਼ੁਰੂਆਤ ਸੋਲੋ ਡਾਂਸ ਨਾਲ ਹੋਈ, ਜਿਸ ਵਿੱਚ ਪੰਜਾਬੀ, ਮਰਾਠੀ, ਰਾਜਸਥਾਨੀ, ਗੁਜਰਾਤੀ ਅਤੇ ਪੱਛਮੀ ਨਾਚਾਂ ਦੇ ਆਪਣੇ ਪ੍ਰਦਰਸ਼ਨ ਨਾਲ ਸਾਰਿਆਂ ਨੂੰ ਮੋਹਿਤ ਕੀਤਾ ਗਿਆ।ਫਿਰ ਬੱਚਿਆਂ ਨੇ ਸਮੂਹ ਨਾਚਾਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਸਾਰੇ ਵਿਦਿਆਰਥੀਆਂ ਨੇ ਆਪਣੇ ਪ੍ਰਦਰਸ਼ਨ ਲਈ ਆਕਰਸ਼ਕ ਪਹਿਰਾਵੇ ਪਹਿਨੇ, ਜਿਸ ਨਾਲ ਪ੍ਰੋਗਰਾਮ ਹੋਰ ਵੀ ਰੰਗੀਨ ਅਤੇ ਪ੍ਰਭਾਵਸ਼ਾਲੀ ਹੋ ਗਿਆ।ਸਕੂਲ ਦੀ ਪ੍ਰਿੰਸੀਪਲ ਨੀਲਮ ਸ਼ਰਮਾ ਨੇ ਸਾਰੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਬੱਚਿਆਂ ਦੇ ਆਤਮਵਿਸ਼ਵਾਸ ਨੂੰ ਵਧਾਉਂਦੇ ਹਨ ਅਤੇ ਉਨ੍ਹਾਂ ਨੂੰ ਵੱਖ-ਵੱਖ ਸੱਭਿਆਚਾਰਾਂ ਬਾਰੇ ਸਿੱਖਣ ਦਾ ਮੌਕਾ ਪ੍ਰਦਾਨ ਕਰਦੇ ਹਨ।ਅੰਤ ਵਿੱਚ ਉਨ੍ਹਾਂ ਨੇ ਜੇਤੂ ਵਿਦਿਆਰਥੀਆਂ ਨੂੰ ਪ੍ਰਸ਼ੰਸਾ ਪੱਤਰ ਭੇਟ ਕੀਤੇ ਅਤੇ ਉਨ੍ਹਾਂ ਸਾਰਿਆਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।ਪ੍ਰੋਗਰਾਮ ਖੁਸ਼ੀ ਅਤੇ ਉਤਸ਼ਾਹ ਦੇ ਮਾਹੌਲ ਵਿੱਚ ਸਮਾਪਤ ਹੋਇਆ।

## ਆਂਧਰਾ ਪ੍ਰਦੇਸ਼ ਦੇ ਸੀਨੀਅਰ ਪੱਤਰਕਾਰ ਜਗਨ ਮੋਹਨ ਰੈਡੀ ਦੇ ਕਤਲ ਦੀ ਜ਼ੋਰਦਾਰ ਨਿੰਦਾ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਇੰਡੀਅਨ ਜਰਨਲਿਸਟਸ ਯੂਨੀਅਨ (ਆਈ.ਜੇ.ਯੂ) ਨੇ ਆਂਧਰਾ ਪ੍ਰਦੇਸ਼ ਦੇ ਵੈਂਕਟਗਿਰੀ ਕੋਟੇਨ ਚਿਤੌੜ ਜ਼ਿਲ੍ਹੇ ਵਿੱਚ ਆਂਧਰਾ ਜਯੋਤੀ ਨਾਲ ਕੰਮ ਕਰਨ ਵਾਲੇ ਸੀਨੀਅਰ ਪੱਤਰਕਾਰ ਜਗਨ ਮੋਹਨ ਰੈਡੀ ਦਾ ਬੇਰਹਿਮੀ ਨਾਲ ਕਤਲ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ ਹੈ। ਜਥੇਬੰਦੀ ਦੇ ਕੌਮੀ ਪ੍ਰਧਾਨ ਬਲਵਿੰਦਰ ਜੰਮੂ ਅਤੇ ਸਕੱਤਰ ਜਨਰਲ ਡੀ. ਸੋਮਾ ਸੁੰਦਰ ਨੇ ਕਿਹਾ ਕਿ ਇਹ ਭਿਆਨਕ ਘਟਨਾ 28 ਅਪਰੈਲ ਦੀ ਸਵੇਰ ਨੂੰ ਉਸ ਸਮੇਂ ਵਾਪਰੀ ਜਦੋਂ ਪੀੜ੍ਹਤ ਸਵੇਰ ਦੀ ਸੈਰ 'ਤੇ ਗਿਆ ਸੀ। ਅਪਰਾਧੀਆਂ ਨੇ ਸ੍ਰੀ ਜਗਨ ਮੋਹਨ ਰੈਡੀ 'ਤੇ ਚਾਕੂਆਂ ਨਾਲ ਹਮਲਾ ਕੀਤਾ ਅਤੇ ਉਹ ਮੌਕੇ 'ਤੇ ਹੀ ਦਮ ਤੋੜ ਗਏ। ਆਗੂਆਂ ਨੇ ਕਿਹਾ ਕਿ ਜਗਨ ਮੋਹਨ ਰੈਡੀ ਨੇ ਹਾਲ ਹੀ ਵਿੱਚ ਚਿਤੌੜ ਜ਼ਿਲ੍ਹੇ ਵਿੱਚ ਚੰਦਨ ਦੀ ਲੱਕੜ ਨਾਲ ਜੁੜੇ ਮਾਫ਼ੀਆ ਬਾਰੇ ਰਿਪੋਰਟਾਂ ਪ੍ਰਕਾਸ਼ਤ ਕੀਤੀਆਂ ਸਨ। ਇੰਡੀਅਨ ਜਰਨਲਿਸਟਸ ਯੂਨੀਅਨ ਨੇ ਪੱਤਰਕਾਰ ਦੇ ਕਤਲ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਘਟਨਾ ਦੀ ਡੂੰਘਾਈ ਨਾਲ ਜਾਂਚ ਕਰਨ ਅਤੇ ਅਪਰਾਧੀਆਂ ਸਾਜ਼ਿਸ਼ ਘਾੜਿਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ।

## ਕੇਵਲ ਸਿੰਘ ਨਮਿੱਤ ਅੰਤਮ ਅਰਦਾਸ ਮੌਕੇ ਸ਼ਰਧਾ ਦੇ ਫੁੱਲ ਭੇਟ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੇ ਕ੍ਰਮਚਾਰੀ ਕੇਵਲ ਸਿੰਘ ਅਚਾਨਕ ਇਸ ਫ਼ਾਨੀ ਦੁਨੀਆਂ ਨੂੰ ਅਲਵਿਦਾ ਆਖ ਗਏ।ਉਨ੍ਹਾਂ ਆਪਣੇ ਜੀਵਨ ਕਾਲ ਦੌਰਾਨ ਗੁਰੂ ਨਾਨਕ ਨੈਸ਼ਨਲ ਕਾਲਜ ਨੂੰ ਆਪਣੀਆਂ ਮਹੱਤਵਪੂਰਨ ਸੇਵਾਵਾਂ ਪ੍ਰਦਾਨ ਕੀਤੀਆਂ। ਪਰਵਾਰਕ ਜ਼ਿੰਮੇਵਾਰੀਆਂ ਦੇ ਨਾਲ-ਨਾਲ ਉਨ੍ਹਾਂ ਆਪਣੀਆਂ ਸਮਾਜਿਕ ਜ਼ਿੰਮੇਵਾਰੀਆਂ ਨੂੰ ਵੀ ਬਾਖੂਬੀ ਨਿਭਾਇਆ। ਕੇਵਲ ਸਿੰਘ ਨੇ 11 ਜੂਨ, 2002 ਤੋਂ ਕਾਲਜ ਵਿੱਚ ਆਪਣੀ ਸੇਵਾ ਆਰੰਭ ਕਰਦਿਆਂ 17 ਅਪ੍ਰੈਲ, 2026 ਤੱਕ ਲਗਭਗ 24 ਸਾਲ ਨਿਰੰਤਰ ਆਪਣੀਆਂ ਸੇਵਾਵਾਂ ਕਾਲਜ ਨੂੰ ਦਿੱਤੀਆਂ।ਪੱਕੇ ਤੌਰ 'ਤੇ ਨਿਯੁਕਤੀ ਪ੍ਰਾਪਤ ਕਰਨ ਤੋਂ ਪਹਿਲਾਂ ਵੀ ਉਹ ਕਈ ਸਾਲ ਕੱਚੇ ਮੁਲਾਜ਼ਮ ਵਜੋਂ ਕਾਲਜ ਵਿੱਚ ਕੰਮ ਕਰਦੇ ਰਹੇ।ਆਪਣੇ ਸੇਵਾ ਕਾਲ ਦੌਰਾਨ ਉਨ੍ਹਾਂ ਨੇ ਪੂਰੀ ਮਿਹਨਤ ਅਤੇ ਸਮਰਪਣ ਨਾਲ਼ ਕਾਲਜ ਦੇ ਹਰ ਕੰਮ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾਇਆ।ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਭੋਗ ਅਤੇ ਅੰਤਮ ਅਰਦਾਸ 26 ਅਪ੍ਰੈਲ ਨੂੰ ਗੁਰੂ ਨਾਨਕ ਨੈਸ਼ਨਲ ਕਾਲਜ ਦੇ ਡਾ. ਈਸ਼ਵਰ ਸਿੰਘ ਯਾਦਗਾਰੀ ਹਾਲ ਵਿਖੇ ਕੀਤੀ ਗਈ।

## ਡਾ. ਅਮਰ ਸਿੰਘ ਵੱਲੋਂ ਰਾਏਕੋਟ ਦਾਣਾ ਮੰਡੀ ਦਾ ਦੌਰਾ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਤੋਂ ਸੰਸਦ ਮੈਂਬਰ ਡਾ. ਅਮਰ ਸਿੰਘ ਤੇ ਹਲਕਾ ਰਾਏਕੋਟ ਕਾਂਗਰਸ ਇੰਚਾਰਜ ਕਾਮਿਲ ਅਮਰ ਸਿੰਘ ਨੇ ਦਾਣਾ ਮੰਡੀ ਰਾਏਕੋਟ ਦੇ ਦੌਰੇ ਦੌਰਾਨ ਪੰਜਾਬ ਸਰਕਾਰ ਦੀ ਮਾੜੀ ਕਾਰਜ ਪ੍ਰਣਾਲੀ 'ਤੇ ਤਿੱਖੀ ਨਾਰਾਜ਼ਗੀ ਜਤਾਈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕਣਕ ਦੀ ਲਿਫਟਿੰਗ ਨੂੰ ਲੈ ਕੇ ਗਲਤ ਦਾਅਵੇ ਕੀਤੇ ਜਾ ਰਹੇ ਹਨ, ਜਦਕਿ ਜ਼ਮੀਨੀ ਹਕੀਕਤ ਇਸ ਤੋਂ ਬਿਲਕੁਲ ਵੱਖਰੀ ਹੈ। ਮੰਡੀਆਂ ਵਿੱਚ ਕਣਕ ਦੇ ਢੇਰ ਲੱਗੇ ਹੋਏ ਹਨ ਤੇ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਡਾ. ਅਮਰ ਸਿੰਘ ਨੇ ਕਿਹਾ ਕਿ ਸਰਕਾਰ ਸਿਰਫ ਕਾਗਜ਼ੀ ਅੰਕੜਿਆਂ ਤੇ ਝੂਠੇ ਇਸ਼ਤਿਹਾਰਾਂ ਰਾਹੀਂ ਆਪਣੀ ਨਾਕਾਮੀ ਨੂੰ ਛੁਪਾਉਣ ਦੀ ਕੋਸ਼ਿਸ਼ ਕਰ ਰਹੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਕਰੋੜਾਂ ਰੁਪਏ ਲੋਕਾਂ ਦੇ ਟੈਕਸ ਦੇ ਵਿਅਰਥ ਇਸ਼ਤਿਹਾਰਬਾਜ਼ੀ 'ਤੇ ਖਰਚੇ ਜਾ ਰਹੇ ਹਨ, ਜਦਕਿ ਮੰਡੀਆਂ ਵਿੱਚ ਬੁਨਿਆਦੀ ਸੁਵਿਧਾਵਾਂ ਦੀ ਘਾਟ ਸਾਫ਼ ਨਜ਼ਰ ਆ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਝੂਠੇ ਪ੍ਰਚਾਰ ਤੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਬਜਾਏ ਤੁਰੰਤ ਮੌਕੇ 'ਤੇ ਹਾਲਾਤ ਸੁਧਾਰਨ ਲਈ ਢੁੱਕਵੇਂ ਕਦਮ ਚੁੱਕਣੇ ਚਾਹੀਦੇ ਹਨ। ਅੰਤ ਵਿੱਚ, ਡਾ. ਅਮਰ ਸਿੰਘ ਤੇ ਕਾਮਿਲ ਅਮਰ ਸਿੰਘ ਨੇ ਚੇਤਾਵਨੀ ਦਿੱਤੀ ਕਿ ਜੇਕਰ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਜਲਦੀ ਹੱਲ ਨਾ ਕੀਤਾ ਗਿਆ ਤਾਂ ਕਾਂਗਰਸ ਪਾਰਟੀ ਕਿਸਾਨਾਂ ਦੇ ਹੱਕ ਵਿੱਚ ਸਖ਼ਤ ਸੰਘਰਸ਼ ਕਰਨ ਤੋਂ ਪਿੱਛੇ ਨਹੀਂ ਹਟੇਗੀ।

## ਕਲਾਸ ਫ਼ੋਰਥ ਯੂਨੀਅਨ ਵੱਲੋਂ ਵਹੀਕਲ ਮਾਰਚ ਅੱਜ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਤੇ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ 1680 ਦੇ ਜ਼ਿਲ੍ਹਾ ਦਫਤਰ ਰਾਜਪੁਰਾ ਕਾਲੋਨੀ ਵਿਖੇ ਪੰਜਾਬ ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ) ਸ਼ਾਖਾ ਵਿਚਲੇ ਕੰਟਰੈਕਟ, ਇਨਲਿਸਟਮੈਂਟ, ਆਊਟ ਸੋਰਸ, ਵਰਕਚਾਰਜ ਕਰਮੀਆਂ ਦੀ ਮੀਟਿੰਗ ਸੂਬਾ ਪ੍ਰਧਾਨ ਸਾਥੀ ਦਰਸ਼ਨ ਸਿੰਘ ਲੁਬਾਣਾ ਦੀ ਅਗਵਾਈ ਹੇਠ ਹੋਈ।ਮੀਟਿੰਗ ਵਿੱਚ ਵਿਭਾਗ ਦੇ ਬਿਜਲੀ ਵਿੰਗ, ਬਾਗਵਾਨੀ ਤੇ ਸਿਵਲ ਵਿੰਗ ਦੇ ਕਰਮੀ ਸ਼ਾਮਲ ਹੋਏ। ਇਸ ਮੌਕੇ ਮੁੱਖ ਇੰਜੀਨੀਅਰ (ਹੈੱਡ ਕੁਆਟਰ) ਵੱਲੋਂ ਤਕਰੀਬਨ 787 ਕਰਮੀਆਂ ਦੀ ਸੂਚੀ ਮਿਤੀ 03-12-2025 ਨੂੰ ਪੰਜਾਬ ਸਰਕਾਰ ਦੇ ਨੋਡਲ ਅਫਸਰ ਡਿਪਟੀ ਡਾਇਰੈਕਟਰ (ਪ੍ਰਸ਼ਾਸਨ) ਜਲ ਸਰੋਤ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਐੱਸ.ਏ.ਐੱਸ. ਨਗਰ ਮੋਹਾਲੀ ਨੂੰ ਭੇਜੀ ਗਈ ਸੀ ਤੇ ਵਿਚਾਰ ਚਰਚਾ ਕੀਤੀ ਗਈ, ਲਿਸਟ ਵਿਚਲੇ ਸਮੂਹ ਕਰਮੀਆਂ ਨੂੰ ਵਿਭਾਗ ਵਿੱਚ ਖਪਾਉਣ ਤੇ ਸੇਵਾਵਾਂ ਦੀ ਨਿਯਮਤ ਨਿਯੁਕਤੀਆਂ ਪੂਰੇ ਤਨਖਾਹ ਸਕੇਲ ਤੇ ਭੱਤਿਆਂ ਵਿੱਚ ਕਰਨ ਦੀ ਮੰਗ ਕੀਤੀ ਗਈ ਤੇ ਫੈਸਲਾ ਜਲਦੀ ਜਾਰੀ ਕਰਨ ਦੀ ਮੰਗ ਕੀਤੀ ਗਈ ਤੇ ਪਹਿਲੀ ਮਈ ਨੂੰ ਮਈ ਦਿਹਾੜੇ 'ਤੇ ਇੱਕ ਰੈਲੀ ਤੇ ਵਹੀਕਲ ਮਾਰਚ ਕਰਨ ਦਾ ਫੈਸਲਾ ਕੀਤਾ ਗਿਆ।ਇਹ ਵਹੀਕਲ ਮਾਰਚ ਯੂਨੀਅਨ ਦਫਤਰ ਤੋਂ ਸਵੇਰੇ 10 ਵਜੇ ਸ਼ੁਰੂ ਕੀਤੀ ਜਾਵੇਗੀ।

## ਕੈਨੇਡਾ ਵਾਪਸੀ 'ਤੇ ਅਕਾਲੀ ਆਗੂ ਗੁਰਦਿੱਤ ਸਿੰਘ ਢਿੱਲੋਂ ਦਾ ਟੋਰਾਂਟੋ ਟੀਮ ਨੇ ਕੀਤਾ ਭਰਵਾਂ ਸਵਾਗਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਕੈਨੇਡਾ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਸਰਗਰਮ ਆਗੂ ਗੁਰਦਿੱਤ ਸਿੰਘ ਢਿੱਲੋਂ ਦੀ ਵਾਪਸੀ 'ਤੇ ਸ਼੍ਰੋਮਣੀ ਅਕਾਲੀ ਦਲ ਟੋਰਾਂਟੋ ਟੀਮ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਟੀਮ ਦੇ ਮੈਂਬਰਾਂ ਵੱਲੋਂ ਗਰਮਜੋਸ਼ੀ ਨਾਲ ਜੀ ਆਇਆਂ ਨੂੰ ਕਹਿੰਦੇ ਹੋਏ ਫੁੱਲਾਂ ਦੇ ਹਾਰ ਪਾ ਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਸਮਾਗਮ ਦੌਰਾਨ ਗੁਰਪ੍ਰੀਤ ਸਿੰਘ ਪੀਤਾ ਆਲਮਗੀਰ ਸਮੇਤ ਸਮੁੱਚੀ ਟੀਮ ਮੌਜੂਦ ਰਹੀ।ਇਸ ਮੌਕੇ ਗੁਰਦਿੱਤ ਸਿੰਘ ਢਿੱਲੋਂ ਨੇ ਟੋਰਾਂਟੋ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਮਿਲਿਆ ਇਹ ਪਿਆਰ ਅਤੇ ਸਨਮਾਨ ਉਨ੍ਹਾਂ ਲਈ ਬਹੁਤ ਮਾਇਨੇ ਰੱਖਦਾ ਹੈ।ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਅਤੇ ਭਵਿੱਖੀ ਰਣਨੀਤੀ ਸਬੰਧੀ ਵੀ ਵਿਚਾਰ-ਚਰਚਾਵਾਂ ਕੀਤੀਆਂ ਗਈਆਂ।ਆਗੂਆਂ ਨੇ ਕਿਹਾ ਕਿ ਪਾਰਟੀ ਨੂੰ ਮਜ਼ਬੂਤ ਬਣਾਉਣ ਲਈ ਹਰ ਵਰਕਰ ਨੂੰ ਇਕਜੁੱਟ ਹੋ ਕੇ ਕੰਮ ਕਰਨ ਦੀ ਲੋੜ ਹੈ।ਉਨ੍ਹਾਂ ਇਹ ਵੀ ਜ਼ੋਰ ਦਿੱਤਾ ਕਿ ਵਿਦੇਸ਼ਾਂ ਵਿਚ ਵੱਸਦੇ ਪੰਜਾਬੀ ਪਾਰਟੀ ਲਈ ਅਹਿਮ ਭੂਮਿਕਾ ਨਿਭਾ ਸਕਦੇ ਹਨ।ਗੁਰਪ੍ਰੀਤ ਸਿੰਘ ਪੀਤਾ ਆਲਮਗੀਰ ਅਤੇ ਹੋਰ ਟੀਮ ਮੈਂਬਰਾਂ ਨੇ ਕਿਹਾ ਕਿ ਉਹ ਗੁਰਦਿੱਤ ਸਿੰਘ ਢਿੱਲੋਂ ਦੀ ਅਗਵਾਈ ਹੇਠ ਪਾਰਟੀ ਦੇ ਮਕਸਦਾਂ ਨੂੰ ਅੱਗੇ ਵਧਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਨ।

## ਮਹਾਪ੍ਰਗਯ ਸਕੂਲ 'ਚ ਇੰਟਰ ਹਾਊਸ ਫੁੱਟਬਾਲ ਮੁਕਾਬਲੇ ਦਾ ਸ਼ਾਨਦਾਰ ਆਯੋਜਨ




**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-ਮਹਾਪ੍ਰਗਯ ਸਕੂਲ ਦੇ ਡਾਇਰੈਕਟਰ ਵਿਸ਼ਾਲ ਜੈਨ ਹਮੇਸ਼ਾ ਤੋਂ ਹੀ ਅਕਾਦਮਿਕ ਉਤਕ੍ਰਿਸ਼ਟਤਾ ਦੇ ਨਾਲ-ਨਾਲ ਵਿਦਿਆਰਥੀਆਂ ਦੀਆਂ ਸਹ-ਪਾਠਕ੍ਰਮ ਗਤੀਵਿਧੀਆਂ 'ਤੇ ਵੀ ਵਿਸ਼ੇਸ਼ ਜ਼ੋਰ ਦਿੰਦੇ ਹਨ। ਇਸੇ ਕੜੀ ਵਿੱਚ ਸਕੂਲ ਵਿੱਚ ਇੰਟਰ ਹਾਊਸ ਫੁੱਟਬਾਲ ਮੁਕਾਬਲੇ ਦਾ ਭਵਿਆ ਆਯੋਜਨ ਕੀਤਾ ਗਿਆ, ਜਿਸ ਵਿੱਚ ਅੰਡਰ-14, ਅੰਡਰ-17 ਅਤੇ ਅੰਡਰ-19 ਵਰਗਾਂ ਦੀਆਂ ਟੀਮਾਂ ਨੇ ਉਤਸ਼ਾਹ ਨਾਲ ਭਾਗ ਲਿਆ। ਖਿਡਾਰੀਆਂ ਨੇ ਪੂਰੇ ਜੋਸ਼, ਅਨੁਸ਼ਾਸਨ ਅਤੇ ਸ਼ਾਨਦਾਰ ਟੀਮ ਸਪਿਰਟ ਦਾ ਪ੍ਰਦਰਸ਼ਨ ਕੀਤਾ। ਅੰਡਰ-14 ਵਰਗ ਵਿੱਚ ਰੋਬਿਨ ਹਾਊਸ ਨੇ ਸ਼ਾਨਦਾਰ ਖੇਡ ਦਿਖਾਉਂਦੇ ਹੋਏ ਪਹਿਲਾ ਸਥਾਨ ਹਾਸਲ ਕੀਤਾ। ਇਸ ਵਰਗ ਵਿੱਚ ਅਗਮਜੋਤ ਸਿੰਘ ਨੂੰ ਉਨ੍ਹਾਂ ਦੇ ਉਤਕ੍ਰਿਸ਼ਟ ਪ੍ਰਦਰਸ਼ਨ ਲਈ ਸਰਵੋਤਮ ਖਿਡਾਰੀ ਦਾ ਖਿਤਾਬ ਦਿੱਤਾ ਗਿਆ, ਉੱਥੇ ਹੀ ਅੰਡਰ-17 ਅਤੇ ਅੰਡਰ-19 ਵਰਗ ਵਿੱਚ ਫਿੰਚਸ ਹਾਊਸ ਜੇਤੂ ਰਿਹਾ। ਅੰਡਰ-17 ਵਿੱਚ ਗੁਰਵੀਰ ਸਿੰਘ ਅਤੇ ਅੰਡਰ-19 ਵਿੱਚ ਸਹਜਦੀਪ ਸਿੰਘ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਰਵੋਤਮ ਖਿਡਾਰੀ ਦੀ ਟ੍ਰਾਫੀ ਨਾਲ ਸਨਮਾਨਿਤ ਕੀਤਾ ਗਿਆ। ਮੁਕਾਬਲੇ ਦੇ ਸਮਾਪਤੀ ਮੌਕੇ 'ਤੇ ਪ੍ਰਿੰਸੀਪਲ ਪ੍ਰਭਜੀਤ ਕੌਰ ਅਤੇ ਮੈਨੇਜਰ ਮਨਜੀਤ ਇੰਦਰ ਕੁਮਾਰ ਨੇ ਜੇਤੂ ਟੀਮਾਂ ਦੇ ਖਿਡਾਰੀਆਂ ਨੂੰ ਟ੍ਰਾਫੀਆਂ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ। ਇਸ ਦੌਰਾਨ ਕੋਚ ਇਕਬਾਲ ਸਿੰਘ ਨੇ ਆਪਣੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹੋਏ ਖਿਡਾਰੀਆਂ ਨੂੰ ਖੇਡ ਦੀਆਂ ਬਾਰੀਕੀਆਂ ਸਿਖਾਈਆਂ ਅਤੇ ਉਨ੍ਹਾਂ ਦਾ ਮਾਰਗਦਰਸ਼ਨ ਕੀਤਾ।

# ਪੀ ਜੀ ਆਈ 'ਚ ਅੰਤਰਰਾਸ਼ਟਰੀ ਇਮਿਊਨੋਲੋਜੀ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਵੱਖ ਵੱਖ ਬਿਮਾਰੀਆਂ ਤੋਂ ਵਿਦਿਆਰਥੀਆਂ ਤੇ ਆਮ ਲੋਕਾਂ ਨੂੰ ਖਬਰਦਾਰ ਕਾਰਨ ਲਈ ਉੱਤਰ ਭਾਰਤ ਦੀ ਨਾਮਵਰ ਸਿਹਤ ਸੰਸਥਾ ਪੀਜੀਆਈ ਚੰਡੀਗੜ੍ਹ ਵਿਖੇ ਸਮੇਂ ਸਮੇਂ 'ਤੇ ਵਿਭਿੰਨ ਵਿਸ਼ਿਆਂ ਉੱਤੇ ਸਿੱਖਿਆਦਾਇਕ ਪ੍ਰੋਗਰਾਮ ਕੀਤੇ ਜਾਂਦੇ ਹਨ।ਇਸੇ ਸਿਲਸਿਲੇ ਦੇ ਤਹਿਤ ਅੱਜ ਇਸ ਸਿਹਤ ਸੰਸਥਾ ਦੇ ਇਮਿਊਨੋਪੈਥੋਲੋਜੀ ਵਿਭਾਗ ਵੱਲੋਂ 'ਨਾਈਨ' ਆਡੀਟੋਰੀਅਮ ਵਿੱਚ ਅੰਤਰਰਾਸ਼ਟਰੀ ਇਮਿਊਨੋਲੋਜੀ ਦਿਵਸ ਮਨਾਇਆ ਗਿਆ।ਇਹ ਸਮਾਗਮ ਸੋਸਾਇਟੀ ਫਾਰ ਲੈਬੋਰਟਰੀ ਇਮਿਊਨੋਲੋਜੀ ਐਂਡ ਇਮਿਊਨੋਪੈਥੋਲੋਜੀ ਦੀ ਅਗਵਾਈ ਹੇਠ ਕੀਤਾ ਗਿਆ।ਪ੍ਰੋਗਰਾਮ ਦਾ ਮੁੱਖ ਉਦੇਸ਼ ਸਕੂਲੀ ਬੱਚਿਆਂ ਵਿੱਚ ਰੋਗ-ਰੋਕੂ ਪ੍ਰਣਾਲੀ ਦੀ ਮਹੱਤਤਾ, ਸਿਹਤਮੰਦ ਜੀਵਨ ਸ਼ੈਲੀ, ਟੀਕਾਕਰਨ, ਆਟੋਇਮਿਊਨ ਬਿਮਾਰੀਆਂ ਤੇ ਕੈਂਸਰ ਇਮਿਊਨਿਟੀ ਬਾਰੇ ਜਾਗਰੂਕਤਾ ਫੈਲਾਉਣਾ ਸੀ।ਇਸ ਸਮਾਗਮ ਵਿੱਚ ਚੰਡੀਗੜ੍ਹ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਇਹ ਨੌਜਵਾਨਾਂ ਵਿੱਚ ਵਿਗਿਆਨਕ ਸੋਚ ਨੂੰ ਉਤਸ਼ਾਹਤ ਕਰਨ ਵਾਲਾ ਇੱਕ ਇੰਟਰਐਕਟਿਵ ਸਿੱਖਿਆਤਮਕ ਮੰਚ ਸਾਬਿਤ ਹੋਇਆ।ਡਾ. ਰੰਜਨਾ ਡਬਲਿਊ ਮਿੰਜ਼ ਸਾਬਕਾ ਮੁਖੀ ਇਮਿਊਨੋਪੈਥੋਲੋਜੀ ਵਿਭਾਗ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਬੱਚਿਆਂ ਨੂੰ ਰੋਗ-ਰੋਕੂ ਸਮਰੱਥਾ, ਬਿਮਾਰੀਆਂ ਤੋਂ ਬਚਾਅ ਤੇ ਸਿਹਤਮੰਦ ਜੀਵਨ ਬਾਰੇ ਜਾਗਰੂਕ ਕਰਨ ਲਈ ਇਮਿਊਨੋਪੈਥੋਲੋਜੀ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਵਿਗਿਆਨਕ ਜਿਗਿਆਸਾ ਤੇ ਸਿਹਤ ਸੰਭਾਲ ਤੇ ਰੋਕਥਾਮੀ ਦਵਾਈ ਬਾਰੇ ਜਾਣਕਾਰੀ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਪ੍ਰੋਗਰਾਮ ਵਿੱਚ ਰੋਗ-ਰੋਕੂ ਸਮਰੱਥਾ ਤੇ ਸਿਹਤਮੰਦ ਆਦਤਾਂ 'ਤੇ ਅਧਾਰਤ ਇੰਟਰਐਕਟਿਵ ਕੁਇਜ਼ ਮੁਕਾਬਲਾ ਤੇ ਪੋਸਟਰ ਮੇਕਿੰਗ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਨੇ ਵਿਦਿਆਰਥੀਆਂ ਵਿੱਚ ਵੱਡਾ ਉਤਸ਼ਾਹ ਪੈਦਾ ਕੀਤਾ।ਚੰਡੀਗੜ੍ਹ ਦੇ ਵੱਖ ਵੱਖ ਸਕੂਲਾਂ ਤੋਂ 100 ਤੋਂ ਵੱਧ ਵਿਦਿਆਰਥੀਆਂ ਨੇ ਸਮੂਹਕ ਤੌਰ 'ਤੇ ਇਸ ਸਮਾਗਮ ਵਿੱਚ ਭਾਗ ਲਿਆ।ਕੁਇਜ਼ ਤੇ ਪੋਸਟਰ ਮੁਕਾਬਲਿਆਂ ਦੇ ਜੇਤੂਆਂ ਨੂੰ ਇਨਾਮ ਵੰਡ ਸਮਾਰੋਹ ਦੌਰਾਨ ਸਨਮਾਨਤ ਕੀਤਾ ਗਿਆ।ਆਯੋਜਨ ਕਮੇਟੀ ਵਿੱਚ ਪ੍ਰੋ. ਬਿਮਨ ਸੈਕੀਆ ਕਨਵੀਨਰ, ਡਾ. ਮਹਿੰਦਰਾ ਕੁਮਾਰ ਆਰਗੇਨਾਈਜ਼ਿੰਗ ਸਕੱਤਰ ਦੇ ਨਾਲ ਇਮਿਊਨੋਪੈਥੋਲੋਜੀ ਵਿਭਾਗ ਦੇ ਫੈਕਲਟੀ ਮੈਂਬਰ, ਰੈਜ਼ੀਡੈਂਟ, ਖੋਜਕਾਰ ਤੇ ਹੋਰ ਕਲੀਨਿਕਲ ਸਟਾਫ ਸ਼ਾਮਲ ਸੀ।

## ਸਰਚ ਦੌਰਾਨ ਪਿਸਟਲ ਸਮੇਤ ਮੈਗਜ਼ੀਨ ਬਰਾਮਦ

**ਫਿਰੋਜ਼ਪੁਰ (ਗੁਰਬਚਨ ਸਿੰਘ)**-ਫਿਰੋਜ਼ਪੁਰ ਦੇ ਸਰਹੱਦੀ ਪਿੰਡ ਹਬੀਬਵਾਲਾ ਦੇ ਖੇਤਾਂ 'ਚ ਬੀਐੱਸ ਐੱਫ ਤੇ ਪੁਲਸ ਨੇ ਸਰਚ ਆਪ੍ਰੇਸ਼ਨ ਦੌਰਾਨ ਇੱਕ ਪਿਸਟਲ, 4 ਰੌਂਦ ਤੇ 1 ਮੈਗਜ਼ੀਨ ਬਰਾਮਦ ਕੀਤਾ ਹੈ।ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਭਾਰਤੀ ਵਾਯੂਯਾਨ ਅਧਿਨਿਯਮ ਐਕਟ ਤੇ ਅਸਲਾ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਬੀਐੱਸਐੱਫ ਦੇ ਅਜੇ ਕੁਮਾਰ ਅਸਿਸਟੈਂਟ ਕਮਾਂਡੈਂਟ ਸੀ ਕਾਅ 115 ਬਟਾਲੀਅਨ ਬੀਐੱਸਐੱਫ ਪਛਾੜੀਆ ਨੇ ਇਤਲਾਹ ਦਿੱਤੀ ਕਿ ਪਿੰਡ ਹਬੀਬਵਾਲਾ ਦੇ ਖੇਤਾਂ ਵਿੱਚ ਡਰੋਨ ਐਕਟੀਵਿਟੀ ਹੋਈ ਹੈ।ਪੁਲਸ ਅਧਿਕਾਰੀ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਤੇ ਬੀਐੱਸਐੱਫ ਦੇ ਸਾਂਝੇ ਅਪ੍ਰੇਸ਼ਨ ਦੌਰਾਨ ਇਕ ਪਿਸਟਲ, 4 ਰੌਂਦ ਤੇ 1 ਮੈਗਜ਼ੀਨ ਬਰਾਮਦ ਕੀਤਾ ਹੈ।ਜਾਂਚ ਅਧਿਕਾਰੀ ਨੇ ਦੱਸਿਆ ਕਿ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।

## ਡਾਕਟਰ ਸਾਕਸ਼ੀ ਗਰਗ ਦਾ 'ਇੰਡੀਆ ਬੁੱਕ ਆਫ ਰਿਕਾਰਡ' 'ਚ ਨਾਂਅ ਦਰਜ



**ਬਠਿੰਡਾ (ਰਾਜੀਵ ਗੋਇਲ)**-ਉੱਘੇ ਵਪਾਰੀ ਤੇ ਭਦੌੜੀਆ ਪਰਵਾਰ ਦੇ ਨਾਂਅ ਨਾਲ ਮਸ਼ਹੂਰ ਸੁਨੀਲ ਕੁਮਾਰ ਗੋਗੀ ਭਦੌੜੀਆ ਦੀ ਬੇਟੀ ਡਾਕਟਰ ਸਾਕਸ਼ੀ ਗਰਗ, ਜੋ ਸ੍ਰੀ ਗੰਗਾਨਗਰ ਵਿਖੇ ਐਮ.ਡੀ.ਐਸ ਦੀ ਪੜ੍ਹਾਈ ਪੂਰੀ ਕਰ ਰਹੀ ਹੈ, ਵੱਲੋਂ 'ਇੰਡੀਆ ਬੁੱਕ ਆਫ ਰਿਕਾਰਡ' ਵਿੱਚ ਨਾਂਅ ਦਰਜ ਕਰਾ ਕੇ ਆਪਣਾ, ਮਾਪਿਆਂ ਤੇ ਬਾਬਾ ਭਾਈ ਭਗਤਾ ਜੀ ਦੇ ਪਵਿੱਤਰ ਨਾਂਅ ਨਾਲ ਸੰਬੰਧਤ ਭਗਤਾ ਸ਼ਹਿਰ ਦਾ ਨਾਂਅ ਚਮਕਾਇਆ ਗਿਆ ਹੈ।ਉਧਰ ਆਪਣੀ ਖੁਸ਼ੀ ਨੂੰ ਨਾ ਸੰਭਾਲਦੇ ਹੋਏ ਡਾਕਟਰ ਸਾਕਸ਼ੀ ਗਰਗ ਵੱਲੋਂ ਜਿੱਥੇ ਆਪਣੇ ਕਾਲਜ ਦੇ ਸਮੂਹ ਸਟਾਫ ਦਾ ਉਨ੍ਹਾਂ ਦੀ ਇਸ ਪ੍ਰਾਪਤੀ ਨੂੰ ਲੈ ਕੇ ਸਹਿਯੋਗ ਅਤੇ ਹੌਸਲਾ ਦੇਣ ਲਈ ਧੰਨਵਾਦ ਕੀਤਾ ਗਿਆ ਹੈ, ਉੱਥੇ ਦੱਸਿਆ ਕਿ ਉਨ੍ਹਾਂ ਵੱਲੋਂ ਮਰੀਜ਼ਾਂ ਦੀ ਸਹੂਲਤ ਲਈ ਇੱਕ ਡਿਵਾਇਸ ਦੀ ਖੋਜ ਕੀਤੀ ਗਈ ਸੀ ਅਤੇ ਉਹ ਡਿਵਾਇਸ ਦੰਦਾਂ ਅੰਦਰ ਤਾਰ ਪਵਾਉਣ ਵਾਲੇ ਮਰੀਜ਼ਾਂ ਲਈ ਲਾਭਦਾਇਕ ਸਹਾਈ ਹੋਇਆ ਹੈ, ਜਿਸ ਨੂੰ ਲੈ ਕੇ ਕੇਂਦਰੀ ਸਰਕਾਰ ਵੱਲੋਂ ਉਨ੍ਹਾਂ ਦਾ ਨਾਂਅ 'ਇੰਡੀਆ ਬੁੱਕ ਆਫ ਰਿਕਾਰਡ' ਵਿੱਚ ਦਰਜ ਕੀਤਾ ਗਿਆ ਹੈ।ਡਾਕਟਰ ਸਾਕਸ਼ੀ ਗਰਗ ਦੇ ਪਿਤਾ ਸੁਨੀਲ ਕੁਮਾਰ ਵੱਲੋਂ ਕਿਹਾ ਗਿਆ ਕਿ ਉਨ੍ਹਾਂ ਨੂੰ ਆਪਣੀ ਬੇਟੀ 'ਤੇ ਮਾਣ ਹੈ, ਜਿਸ ਵੱਲੋਂ ਆਪਣੀ ਪੜ੍ਹਾਈ ਦੇ ਨਾਲ-ਨਾਲ ਮਰੀਜ਼ਾਂ ਦੀ ਸਹੂਲਤ ਲਈ ਕੋਈ ਵੱਖਰੀ ਖੋਜ ਕੀਤੀ ਗਈ ਹੈ, ਜਿਸ ਨਾਲ ਉਨ੍ਹਾਂ ਦੀ ਬੇਟੀ ਅੰਦਰ ਆਪਣੇ ਕੰਮ ਪ੍ਰਤੀ ਜਜ਼ਬਾ ਬੇਨਕਾਬ ਹੋਇਆ ਹੈ।

## ਮੁਅੱਤਲ ਕੀਤੇ ਕਰਮਚਾਰੀ ਨੂੰ ਬਹਾਲ ਕੀਤਾ ਜਾਵੇ : ਮੰਗਲੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਟੈਕਨੀਕਲ ਸਰਵਿਸਜ਼ ਯੂਨੀਅਨ ਦੀ ਅਗਵਾਈ ਵਿੱਚ ਥਰਮਲ ਪਲਾਂਟ ਦੇ ਮੁਲਾਜ਼ਮਾਂ ਵੱਲੋਂ ਥਰਮਲ ਦੇ ਮੇਨ ਗੇਟ 'ਤੇ ਮਾਨ ਸਰਕਾਰ ਅਤੇ ਬਿਜਲੀ ਮੰਤਰੀ ਦੇ ਵਿਰੋਧ 'ਚ ਕੀਤੀ ਗਈ ਰੈਲੀ ਨੂੰ ਸੰਬੋਧਨ ਕਰਦਿਆ ਪ੍ਰਧਾਨ ਅਮਰਜੀਤ ਸਿੰਘ ਮੰਗਲੀ, ਪਰਚਾਰ ਸਕੱਤਰ ਪਿਆਰਾ ਸਿੰਘ ਚੋਲੀਆ, ਕੈਸ਼ੀਅਰ ਵਰਿੰਦਰ ਸਿੰਘ ਪਰਮਾਰ, ਮੀਤ ਪ੍ਰਧਾਨ ਜਗਦੀਪ ਸਿੰਘ ਹੰਸ ਅਤੇ ਅਜੈਬ ਸਿੰਘ ਨੇ ਕਿਹਾ ਲੁਧਿਆਣੇ ਵਿਖੇ ਕਰਮਚਾਰੀ ਦੀ ਨਾਜਾਇਜ਼ ਕੀਤੀ ਮੁਅੱਲਤੀ ਨੂੰ ਰੱਦ ਕੀਤਾ ਜਾਵੇ। ਬਿਜਲੀ ਦੀ ਸਪਲਾਈ ਪਿੰਡਾਂ ਵਿੱਚ 24 ਘੰਟਾ ਕੀਤੀ ਜਾਵੇ। ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਦੇ ਨਿਕੰਮੇ ਪ੍ਰਬੰਧਾਂ ਕਾਰਨ ਪੰਜਾਬ ਅੰਦਰ ਬਿਜਲੀ ਦੀ ਕਿੱਲਤ ਆ ਰਹੀ ਹੈ, ਜਿਸ ਕਾਰਨ ਪ੍ਰੇਸ਼ਾਨ ਖਪਤਕਾਰਾਂ ਵੱਲੋਂ ਆਏ ਦਿਨ ਗਰਿੱਡ ਸਬ ਸਟੇਸ਼ਨਾਂ ਦਾ ਘਿਰਾਓ ਕਰ ਲਿਆ ਜਾਂਦਾ ਹੈ, ਕਈ ਥਾਵਾਂ 'ਤੇ ਗਰਿੱਡ ਉਪਰ ਇਕੱਲੇ ਡਿਊਟੀ ਕਰ ਰਹੇ ਕਰਮਚਾਰੀ ਨੂੰ ਡਰਾ ਧਮਕਾ ਕੇ ਮਰਜ਼ੀ ਨਾਲ ਸਪਲਾਈ ਬਹਾਲ ਕੀਤੀ ਜਾਂਦੀ ਹੈ, ਜਿਸ ਕਰਕੇ ਕੋਈ ਅਣਸੁਖਾਵੀਂ ਘਟਨਾ ਵੀ ਵਾਪਰ ਸਕਦੀ ਹੈ। ਪੰਜਾਬ ਸਰਕਾਰ ਅਤੇ ਮੈਨੇਜਮੈਂਟ ਬਿਜਲੀ ਕਾਮਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਸਪਲਾਈ ਨਾਲ ਸੰਬੰਧਿਤ ਮੁਸ਼ਕਿਲਾਂ ਦਾ ਹੱਲ ਕਰਨ ਦੀ ਬਜਾਏ ਟਕਰਾਅ ਦੀ ਨੀਤੀ ਅਪਣਾਉਂਦੇ ਹੋਏ ਲੁਧਿਆਣਾ ਦੇ ਗਰਿੱਡ 'ਤੇ ਅਪਣੀ ਬਣਦੀ ਸ਼ਿਫਟ ਡਿਊਟੀ ਉਪਰੰਤ ਘਰ ਗਏ ਕਰਮਚਾਰੀ ਉੱਪਰ ਦੁਬਾਰਾ ਡਿਊਟੀ 'ਤੇ ਆਉਣ ਲਈ ਦਬਾਅ ਬਣਾਇਆ ਗਿਆ ਅਤੇ ਕਰਮਚਾਰੀ ਦੇ ਇਨਕਾਰ ਕਰਨ 'ਤੇ ਸੰਬੰਧਿਤ ਕਰਮਚਾਰੀ ਨੂੰ ਮੁਅੱਤਲ ਕਰ ਦਿੱਤਾ ਗਿਆ। ਮੰਗ ਕੀਤੀ ਗਈ ਕਿ ਬਿਜਲੀ ਕਰਮਚਾਰੀਆਂ ਦੀ ਡਿਊਟੀ ਦੌਰਾਨ ਸੁਰੱਖਿਆ ਯਕੀਨੀ ਬਣਾਈ ਜਾਵੇ ਅਤੇ ਨਾਜਾਇਜ਼ ਮੁਅੱਤਲ ਕੀਤੇ ਕਰਮਚਾਰੀ ਨੂੰ ਬਹਾਲ ਕੀਤਾ ਜਾਵੇ।

## ਗੁਰੂ ਤੇਗ ਬਹਾਦਰ ਪਬਲਿਕ ਸਕੂਲ ਦੀਆਂ ਖਿਡਾਰਨਾਂ ਦਾ ਰਗਬੀ ਲੀਗ 'ਚ ਸ਼ਾਨਦਾਰ ਪ੍ਰਦਰਸ਼ਨ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸਪੋਰਟਸ ਅਥਾਰਟੀ ਆਫ ਇੰਡੀਆ ਵੱਲੋਂ ਖੇਲੋ ਇੰਡੀਆ ਅਧੀਨ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਕਰਾਈ ਗਈ ਮਹਿਲਾ ਰਗਬੀ ਲੀਗ ਵਿੱਚ ਜ਼ਿਲ੍ਹਾ ਸੰਗਰੂਰ ਦੀ ਰਗਬੀ ਟੀਮ ਨੇ ਸ਼ਾਨਦਾਰ ਖੇਡ ਪ੍ਰਦਰਸ਼ਨ ਨਾਲ ਤੀਜਾ ਸਥਾਨ ਹਾਸਲ ਕਰਕੇ ਜ਼ਿਲ੍ਹੇ ਤੇ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਬਰੜਵਾਲ ਦਾ ਨਾਂਅ ਰੌਸ਼ਨ ਕੀਤਾ।ਟੂਰਨਾਮੈਂਟ ਵਿੱਚ ਸੰਗਰੂਰ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦੀਆਂ 12 ਖਿਡਾਰਨਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ 6 ਖਿਡਾਰਨਾਂ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਦੀਆਂ ਸਨ।ਸਾਡੇ ਸਕੂਲ ਦੀਆਂ ਵਿਦਿਆਰਥਣਾਂ ਨੇ ਮੈਦਾਨ ਵਿੱਚ ਬੇਮਿਸਾਲ ਜਜ਼ਬੇ, ਹੌਸਲੇ ਤੇ ਟੀਮ ਵਰਕ ਦਾ ਪ੍ਰਦਰਸ਼ਨ ਕਰਦੇ ਹੋਏ ਸਭ ਦਾ ਦਿਲ ਜਿੱਤ ਲਿਆ।ਸਕੂਲ ਦੇ ਚੇਅਰਮੈਨ ਤੇ ਰਿਟਾਇਰ ਡੀ ਆਈ ਜੀ ਪਰਮਜੀਤ ਸਿੰਘ ਗਿੱਲ ਨੇ ਵਧਾਈ ਦਿੰਦਿਆਂ ਕਿਹਾ ਕਿ ਇਹ ਸਾਡੇ ਸਕੂਲ ਲਈ ਬਹੁਤ ਮਾਣ ਦੀ ਗੱਲ ਹੈ ਕਿ ਸਾਡੀ ਖਿਡਾਰਨਾਂ ਨੇ ਕਾਂਸੀ ਦਾ ਤਗਮਾ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।ਉਨ੍ਹਾਂ ਨੇ ਕਿਹਾ ਕਿ ਸਕੂਲ ਹਮੇਸ਼ਾ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਪ੍ਰੇਰਿਤ ਕਰਦਾ ਰਹੇਗਾ।ਸਕੂਲ ਦੇ ਪ੍ਰਿੰਸੀਪਲ ਸਤਿਬੀਰ ਸਿੰਘ ਨੇ ਇਸ ਉਪਲਬਧੀ 'ਤੇ ਖਿਡਾਰਨਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਚਮਕਦਾਰ ਭਵਿੱਖ ਲਈ ਸ਼ੁਭਕਾਮਨਾਵਾਂ ਭੇਜੀਆਂ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਉਪਲਬਧੀਆਂ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਸਾਬਤ ਹੁੰਦੀਆਂ ਹਨ।

## ਸ਼ਹੀਦ ਭਗਤ ਸਿੰਘ ਚੌਕ ਦਾ ਪਿੱਲਰ ਭੰਨ ਕੇ ਚੱਲਦਾ ਬਣਿਆ ਟਰੱਕ ਡਰਾਈਵਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)**-ਜਲਾਲਾਬਾਦ-ਟਿੱਬੀ ਸਾਹਿਬ ਰੋਡ ਵਿਖੇ ਸ਼ਹੀਦ ਭਗਤ ਸਿੰਘ ਕਲੱਬ ਵੱਲੋਂ ਸਥਾਪਤ ਸ਼ਹੀਦੀ ਸਮਾਰਕ ਦਾ ਪਿੱਲਰ ਭੰਨ ਕੇ ਟਰੱਕ ਚਾਲਕ ਚੱਲਦਾ ਬਣਿਆ, ਜਿਸ ਨਾਲ ਕਲੱਬ ਮੈਂਬਰਾਂ 'ਚ ਰੋਸ ਹੈ।ਦੱਸ ਦਈਏ ਕਿ ਇਸ ਸ਼ਹੀਦੀ ਸਮਾਰਕ ਦੇ ਸੁੰਦਰੀਕਰਨ ਤੇ ਵਿਕਾਸ ਲਈ ਕਲੱਬ ਵੱਲੋਂ ਪਹਿਲਾਂ ਤੋਂ ਹੀ ਲੰਬੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ, ਉਪਰੋਂ ਹੁਣ ਅਣਪਛਾਤੇ ਟਰੱਕ ਚਾਲਕ ਵੱਲੋਂ ਇਸ ਸਮਾਰਕ ਦੇ ਪਿੱਲਰ ਨੂੰ ਫੇਟ ਮਾਰ ਕੇ ਭੰਨ ਜਾਣ ਨਾਲ ਕਲੱਬ ਮੈਂਬਰਾਂ 'ਚ ਰੋਸ ਵੱਧ ਗਿਆ ਹੈ।ਕਲੱਬ ਦੇ ਪ੍ਰਧਾਨ ਸੰਜੇ ਵਾਲੀਆ ਨੇ ਦੱਸਿਆ ਕਿ ਅੱਜ ਕੋਈ ਅਣਪਛਾਤਾ ਟਰੱਕ ਚਾਲਕ ਚੌਕ 'ਚ ਬਣੇ ਸ਼ਹੀਦੀ ਸਮਾਰਕ ਦੇ ਪਿੱਲਰ ਨੂੰ ਫੇਟ ਮਾਰ ਕੇ ਤੋੜ ਕੇ ਚੱਲਦਾ ਬਣਿਆ।ਲੋਕਾਂ ਨੇ ਟਰੱਕ ਦਾ ਨੰਬਰ ਨੋਟ ਕਰ ਲਿਆ ਸੀ। ਉਨ੍ਹਾਂ ਦੱਸਿਆ ਕਿ ਪ੍ਰਤੱਖਦਰਸ਼ੀਆਂ ਅਨੁਸਾਰ ਇਸ ਪਾਸੇ ਰੋਡ ਬਣਾਉਣ ਦਾ ਕੰਮ ਚੱਲ ਰਿਹਾ ਸੀ, ਪਰ ਟਰੱਕ ਚਾਲਕ ਇੱਧਰੋਂ ਜਲਦਬਾਜ਼ੀ 'ਚ ਲੰਘਾਉਣ ਦੇ ਚੱਕਰ 'ਚ ਸਮਾਰਕ ਦੇ ਪਿੱਲਰ ਨੂੰ ਫੇਟ ਮਾਰ ਕੇ ਭੰਨ ਗਿਆ।ਵਾਲੀਆ ਨੇ ਕਿਹਾ ਕਿ ਇਸ ਘਟਨਾ ਲਈ ਨਜਾਇਜ਼ ਕਬਜ਼ਾਧਾਰਕ ਵੀ ਜ਼ਿੰਮੇਵਾਰ ਨੇ ਕਿਉਂਕਿ ਨਜ਼ਾਇਜ਼ ਕਬਜ਼ਾ ਧਾਰਕਾਂ ਵੱਲੋਂ ਰੋਡ ਤੇ ਆਲੇ-ਦੁਆਲੇ ਕਬਜ਼ੇ ਕੀਤੇ ਗਏ ਨੇ ਜਿਸ ਕਰਕੇ ਇੱਧਰੋਂ ਵਹੀਕਲ ਮੁੜਨੇ ਵੀ ਔਖੇ ਹੋ ਜਾਂਦੇ ਨੇ।ਇਸ ਲਈ ਜਿੱਥੇ ਟਰੱਕ ਵਾਲਾ ਜ਼ਿੰਮੇਵਾਰ ਹੈ, ਉਥੇ ਹੀ ਕਬਜ਼ਾਧਾਰਕ ਵੀ ਜ਼ਿੰਮੇਵਾਰ ਨੇ।

# ਅਦਬ ਨਵਾਜ਼ ਗਰੁੱਪ ਪੰਜਾਬ ਨੇ ਕਰਵਾਇਆ ਸਫਲ ਆਲ ਇੰਡੀਆ ਮੁਸ਼ਾਇਰਾ




**ਮਾਲੇਰਕੋਟਲਾ (ਅਸਗਰ ਪਰਿਹਾਰ)**

ਮਾਲੇਰਕੋਟਲਾ ਵੱਲੋਂ ਸਾਹਿਤ ਅਤੇ ਭਾਸ਼ਾਵਾਂ ਦੀ ਏਕਤਾ ਲਈ ਸਮਰਪਿਤ ਅਦਬ ਨਵਾਜ਼ ਗਰੁੱਪ ਪੰਜਾਬ ਦੁਆਰਾ ਇੱਕ ਆਨਲਾਈਨ ਮੁਸ਼ਾਇਰੇ ਦਾ ਆਯੋਜਨ ਕੀਤਾ ਗਿਆ, ਜਿਸ ਦੀ ਸਦਾਰਤ ਡਾ. ਸਾਗਰ ਤਿਰਪਾਠੀ (ਮੁੰਬਈ) ਪ੍ਰਸਿੱਧ ਉਰਦੂ ਅਤੇ ਹਿੰਦੀ ਸ਼ਾਇਰ ਦੁਆਰਾ ਕੀਤੀ ਗਈ ਜਦੋਂ ਕਿ ਮੁੱਖ ਮਹਿਮਾਨ ਦੇ ਰੂਪ ਵਿੱਚ ਰੇਹਾਨਾ ਸ਼ਾਹੀਨ (ਅਲੀਗੜ੍ਹ) ਪ੍ਰਸਿੱਧ ਉਰਦੂ ਸ਼ਾਇਰਾ ਨੇ ਸ਼ਿਰਕਤ ਕੀਤੀ।ਇਸ ਮੌਕੇ ਵਿਸ਼ੇਸ਼ ਮਹਿਮਾਨਾਂ ਵਜੋਂ ਡਾ. ਵਫ਼ਾ ਨਕਵੀ (ਅਲੀਗੜ੍ਹ) ਸ਼ਾਇਰ, ਕਹਾਣੀਕਾਰ ਅਤੇ ਆਲੋਚਕ, ਰਾਜੀਵ ਸੇਠ (ਨਵੀਂ ਦਿੱਲੀ) ਕਹਾਣੀਕਾਰ, ਸ਼ਾਇਰ ਅਤੇ ਕਾਲਮ ਨਿਗਾਰ ਡਾ. ਅਯੂਬ ਖਾਨ (ਪੰਜਾਬ) ਪੰਜਾਬੀ ਹਿੰਦੀ ਸ਼ਾਇਰ ਅਤੇ ਆਲੋਚਕ, ਡਾ. ਮੁਸਤਕੀਮ ਬੇਗਮ (ਕਰਨਾਟਕ) ਸ਼ਾਇਰਾ ਅਤੇ ਅਫਸਾਨਾ ਨਿਗਾਰ, ਕਾਸੀਮ ਅਖਤਰ (ਪੁਰਨੀਆ, ਬਿਹਾਰ) ਪ੍ਰਸਿੱਧ ਉਰਦੂ ਸ਼ਾਇਰ, ਬਜਿੰਦਰ ਠਾਕੁਰ (ਪਟਿਆਲਾ) ਵਿਅੰਗਾਤਮਕ ਸ਼ਾਇਰ, ਜਸਵੰਤ ਧਾਲੀਵਾਲ (ਪੰਜਾਬ) ਲੋਕ ਗਾਇਕ, ਗੀਤਕਾਰ ਅਤੇ ਕਹਾਣੀਕਾਰ ਹੁਰਾਂ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਮੇਜ਼ਬਾਨੀ ਮੁਹੰਮਦ ਅੱਬਾਸ ਢਾਲੀਵਾਲ (ਪੰਜਾਬ) ਨੇ ਕੀਤੀ।ਇਸ ਮੌਕੇ ਡਾ. ਮੁਸਤਕੀਮ ਬੇਗਮ ਨੇ ਆਪਣੀ ਨਾਅਤ ਅਤੇ ਗ਼ਜ਼ਲ ਰਾਹੀਂ ਖੂਬ ਸਮਾਂ ਬੰਨ੍ਹਿਆ।ਉਪਰੰਤ ਜਸਵੰਤ ਧਾਲੀਵਾਲ ਨੇ ਆਪਣਾ ਇੱਕ ਗੀਤ ਬੇ-ਵਫ਼ਾ ਹੋ ਗਈ ਫਿਜ਼ਾ ਤੇਰੇ ਸ਼ਹਿਰ ਦੀ, ਪੇਸ਼ ਕੀਤਾ।ਇਸ ਉਪਰੰਤ ਬਲਜਿੰਦਰ ਠਾਕੁਰ ਨੇ ਇੱਕ ਵਿਅੰਗਾਤਮਕ ਗੀਤ ਪੇਸ਼ ਕਰਦਿਆਂ ਹਾਜ਼ਰੀਨ ਨੂੰ ਖੂਬ ਹਸਾਇਆ।ਇਸ ਉਪਰੰਤ ਪੂਰਨੀਆ ਬਿਹਾਰ ਤੋਂ ਸ਼ਿਰਕਤ ਕਰ ਰਹੇ ਸ਼ਾਇਰ ਕਾਸੀਮ ਅਖਤਰ ਨੇ ਦੋ ਗਜ਼ਲਾਂ ਪੇਸ਼ ਕੀਤੀਆਂ।ਡਾ. ਅਯੂਬ ਖਾਨ ਨੇ ਆਪਣੇ ਕਲਾਮ ਰਾਹੀਂ ਖੂਬ ਵਾਹ ਵਾਹ ਬਟੋਰੀ।ਉਪਰੰਤ ਰਾਜੀਵ ਸੇਠ ਨਵੀਂ ਦਿੱਲੀ ਨੇ ਆਪਣੀਆਂ ਵੱਖ-ਵੱਖ ਰਚਨਾਵਾਂ ਰਾਹੀਂ ਖੂਬ ਸਮਾਂ ਬੰਨ੍ਹਿਆ।ਇਸ ਤੋਂ ਬਾਅਦ ਡਾ.ਵਫ਼ਾ ਨਕਵੀ ਨੇ ਵੀ ਆਪਣਾ ਬਹੁਤ ਹੀ ਉਮਦਾ ਕਲਾਮ ਪੇਸ਼ ਕੀਤਾ।ਇਸ ਉਪਰੰਤ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰ ਰਹੀ ਰਿਹਾਨਾ ਸ਼ਾਹੀਨ ਨੇ ਆਪਣੇ ਕਲਾਮ ਦੀ ਪੇਸ਼ਕਾਰੀ ਕੀਤੀ।ਡਾਕਟਰ ਸਾਗਰ ਦੁਆਰਾ ਪੇਸ਼ ਕੀਤੇ ਗਏ ਹਮਦੀਆ ਤੇ ਨਾਅਤੀਆ ਕਲਾਮ ਨੂੰ ਖੂਬ ਪਸੰਦ ਕੀਤਾ ਗਿਆ।

## ਪਿਤਾ ਦੀ ਯਾਦ 'ਚ ਪ੍ਰਾਇਮਰੀ ਸਕੂਲ ਨੂੰ ਇਨਵਰਟਰ ਭੇਟ



**ਕੋਟ ਈਸੇ ਖਾਂ (ਅਰੋੜਾ)**-ਸਰਕਾਰੀ ਪ੍ਰਾਇਮਰੀ ਸਕੂਲ ਸਿੰਘਪੁਰਾ ਮੁੰਨਣ ਵਿੱਚ ਸਿੱਖਿਆ ਨੂੰ ਉਤਸ਼ਾਹਤ ਕਰਨ ਲਈ ਹਰਵਿੰਦਰ ਸਿੰਘ ਬੈਂਸ, ਰਣਜੋਧ ਸਿੰਘ ਬੈਂਸ, ਰਾਜਿੰਦਰ ਸਿੰਘ ਬੈਂਸ ਤੇ ਸਮੂਹ ਬੈਂਸ ਪਰਿਵਾਰ ਵੱਲੋਂ ਸਵਰਗਵਾਸੀ ਸ੍ਰ: ਬਲੌਰ ਸਿੰਘ ਬੈਂਸ ਦੀ ਯਾਦ ਵਿੱਚ ਸਕੂਲ ਨੂੰ ਇਨਵਰਟਰ ਦੀ ਸੇਵਾ ਕਰਵਾਈ ਗਈ।ਇਸ ਉਪਰਾਲੇ ਨਾਲ ਸਕੂਲ ਵਿੱਚ ਬਿਜਲੀ ਸੰਬੰਧੀ ਆਉਣ ਵਾਲੀਆਂ ਦਿਕਤਾਂ ਤੋਂ ਰਾਹਤ ਮਿਲੇਗੀ ਤੇ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ, ਅਧਿਆਪਕਾਂ ਤੇ ਗ੍ਰਾਮ ਪੰਚਾਇਤ ਨੇ ਕਿਹਾ ਕਿ ਅਜਿਹੇ ਉਪਰਾਲੇ ਨਾ ਸਿਰਫ਼ ਹੋਰ ਲੋਕਾਂ ਲਈ ਪ੍ਰੇਰਨਾ ਬਣਦੇ ਹਨ, ਸਗੋਂ ਸਿੱਖਿਆ ਦੇ ਖੇਤਰ ਵਿੱਚ ਸਮਾਜਿਕ ਸਾਂਝ ਨੂੰ ਵੀ ਮਜ਼ਬੂਤ ਕਰਦੇ ਹਨ।ਉਨ੍ਹਾਂ ਕਿਹਾ ਕਿ ਬੱਚਿਆਂ ਦੇ ਭਵਿੱਖ ਨੂੰ ਸੁਨਹਿਰਾ ਬਣਾਉਣ ਲਈ ਸਮਾਜ ਦੇ ਹਰ ਵਰਗ ਨੂੰ ਇਸ ਤਰ੍ਹਾਂ ਦੇ ਯੋਗਦਾਨ ਲਈ ਅੱਗੇ ਆਉਣਾ ਚਾਹੀਦਾ ਹੈ।ਸਕੂਲ ਮੁਖੀ ਰਾਜਿੰਦਰ ਕੌਰ, ਰਾਜੇਸ਼ ਕੁਮਾਰ (ਈ.ਟੀ.ਟੀ.) ਤੇ ਕੁਲਵਿੰਦਰ ਕੌਰ (ਈ.ਟੀ.ਟੀ.) ਨੇ ਦਾਨੀ ਪਰਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀ ਸੇਵਾ ਭਾਵਨਾ ਨਾਲ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਵਿੱਚ ਵੱਡਾ ਯੋਗਦਾਨ ਮਿਲਦਾ ਹੈ ਤੇ ਇਹ ਉਪਰਾਲਾ ਵਾਕਈ ਸ਼ਲਾਘਾਯੋਗ ਹੈ।

## ਲਾਇਨਜ਼ ਕਲੱਬ ਵੱਲੋਂ ਸ੍ਰੀ ਸੁੰਦਰਕਾਂਡ ਪਾਠ ਤੇ ਭਜਨ ਸੰਧਿਆ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈ)**-ਸ਼ਹਿਰ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਲਾਇਨਜ਼ ਕਲੱਬ, ਜੋ ਧਾਰਮਿਕ ਪ੍ਰੋਗਰਾਮਾਂ ਵਿੱਚ ਵੀ ਅੱਗੇ ਰਹਿੰਦੀ ਹੈ, ਵੱਲੋਂ ਇਸ ਕੜੀ ਵਜੋਂ ਸ੍ਰੀ ਸ਼ਿਵ ਸ਼ਕਤੀ ਪੰਚਮੁਖੀ ਹਨੂਮਾਨ ਮੰਦਰ ਵਿੱਚ ਸੁੰਦਰਕਾਂਡ ਪਾਠ ਅਤੇ ਭਜਨ ਸੰਧਿਆ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਬਰਨਾਲੇ ਵਾਲੇ ਮਨੀਸ਼ ਦੱਤ ਸ਼ਰਮਾ ਨੇ ਆਪਣੇ ਭਜਨਾਂ ਰਾਹੀਂ ਹਾਜ਼ਰ ਭਗਤ ਜਨਾਂ ਨੂੰ ਪ੍ਰਭੂ ਦੀ ਭਗਤੀ ਨਾਲ ਜੋੜਿਆ।ਇਸ ਮੌਕੇ ਲਾਇਨ ਕਲੱਬ ਵੱਲੋਂ ਵੱਡੀ ਗਿਣਤੀ ਵਿੱਚ ਪਹੁੰਚੇ ਭਗਤ ਜਨਾਂ ਲਈ ਖਾਣ-ਪੀਣ ਦੀ ਸੁਚੱਜੀ ਵਿਵਸਥਾ ਵੀ ਕੀਤੀ ਗਈ ਸੀ।ਇਸ ਮੌਕੇ ਲਾਇਨ ਕਲੱਬ ਦੇ ਪ੍ਰਧਾਨ, ਜੋ ਕਿ ਸ੍ਰੀ ਸ਼ਿਵ ਸ਼ਕਤੀ ਪੰਚਮੁਖੀ ਹਨੂਮਾਨ ਮੰਦਰ ਦੇ ਵੀ ਪ੍ਰਧਾਨ ਹਨ, ਵੱਲੋਂ ਸਾਰੇ ਭਗਤ ਜਨਾਂ ਨੂੰ ਮੰਦਰ ਵੱਲੋਂ ਪ੍ਰਸਾਦ ਵੀ ਵੰਡਿਆ ਗਿਆ।ਇਸ ਸਮੇਂ ਪ੍ਰਧਾਨ ਡਾ. ਸੁਬੋਧ ਗੁਪਤਾ ਤੋਂ ਇਲਾਵਾ ਸਕੱਤਰ ਪੰਕਜ ਕਾਂਸਲ, ਖਜਾਨਚੀ ਮਨੀਸ਼ ਗੋਇਲ, ਹੀਰਾਲਾਲ ਬੰਸਲ, ਵਿਕਰਮਜੀਤ ਬੰਸਲ, ਪਵਨ ਵਰਮਾ, ਦੀਪਕ ਜੈਨ, ਕੇ. ਕੇ. ਸ਼ਰਮਾ, ਮੀਨੂ ਜੈਨ, ਅਨਿਲ ਕੁਮਾਰ ਅਗਰਵਾਲ, ਬੀ.ਆਰ. ਸ਼ਰਮਾ, ਦਿਨੇਸ਼ ਖੁਰਮੀ, ਡਾ. ਦੁਰਗੇਸ਼ ਸ਼ਰਮਾ, ਡਾ. ਨਰੇਸ਼ ਗੋਇਲ, ਗੁਲਸ਼ਨ ਕੁਮਾਰ ਮਿੱਤਲ, ਹਰਿ ਸਿੰਘ ਮੱਕੜ, ਕਪਿਲ ਗਰਗ, ਕੇਵਲ ਕੁਮਾਰ, ਮਨੋਜ ਜੈਨ, ਨਵੀਨ ਗਰਗ, ਵਿਨੋਦ ਅਗਰਵਾਲ, ਵਿਨੋਦ ਜੈਨ ਰਾਜੂ, ਰਮੇਸ਼ ਕੁਮਾਰ ਗਰਗ ਅਤੇ ਕਿਰਿਆਨਾ ਸੰਗਠਨ ਦੇ ਪ੍ਰਧਾਨ ਮਦਨ ਲਾਲ ਸਮੇਤ ਵੱਡੀ ਗਿਣਤੀ ਵਿੱਚ ਭਗਤ ਜਨ ਮੌਜੂਦ ਸਨ।

## ਡਾ. ਅਨੁਭਵ ਸ਼ਰਮਾ ਦੀ ਨਿਊਯਾਰਕ 'ਚ ਸਿਖਲਾਈ ਪ੍ਰੋਗਰਾਮ ਲਈ ਚੋਣ



**ਲੁਧਿਆਣਾ (ਰੈਕਟਰ ਕਥੂਰੀਆ)**-ਦਯਾਨੰਦ ਮੈਡੀਕਲ ਕਾਲਜ ਤੇ ਹਸਪਤਾਲ (ਡੀ ਐੱਮ ਸੀ ਐੱਚ) ਦੇ ਆਰਥੋਪੀਡਿਕਸ ਵਿਭਾਗ ਦੇ ਸਲਾਹਕਾਰ ਡਾ. ਅਨੁਭਵ ਸ਼ਰਮਾ ਨੂੰ ਨਿਊਯਾਰਕ, ਯੂ ਐੱਸ ਏ ਵਿੱਚ ਵਿਸ਼ਵ-ਪ੍ਰਸਿੱਧ ਮੈਮੋਰੀਅਲ ਸਲੋਨ ਕੈਟਰਿੰਗ ਕੈਂਸਰ ਸੈਂਟਰ ਵਿਖੇ ਇੱਕ ਵੱਕਾਰੀ ਅੰਤਰਰਾਸ਼ਟਰੀ ਸਿਖਲਾਈ ਪ੍ਰੋਗਰਾਮ ਲਈ ਚੁਣਿਆ ਗਿਆ ਹੈ। ਐਮ.ਐਸ.ਕੇ.ਸੀ.ਸੀ. ਨੂੰ ਲਗਾਤਾਰ ਵਿਸ਼ਵ ਪੱਧਰ 'ਤੇ ਚੋਟੀ ਦੇ ਕੈਂਸਰ ਇਲਾਜ ਤੇ ਖੋਜ ਸੰਸਥਾਵਾਂ ਵਿੱਚੋਂ ਇੱਕ ਵਜੋਂ ਦਰਜਾ ਦਿੱਤਾ ਜਾਂਦਾ ਹੈ।ਇਹ ਪ੍ਰੋਗਰਾਮ ਬਹੁਤ ਮੁਕਾਬਲੇ ਵਾਲਾ ਹੈ। ਉਮੀਦਵਾਰਾਂ ਦੀ ਚੋਣ ਇੰਟਰਵਿਊ ਤੇ ਗੱਲਬਾਤ ਰਾਹੀਂ ਉਨ੍ਹਾਂ ਦੇ ਅਕਾਦਮਿਕ ਪ੍ਰਮਾਣ ਪੱਤਰਾਂ, ਕਲੀਨੀਕਲ ਅਨੁਭਵ, ਖੋਜ ਕਾਰਜ, ਪੇਸ਼ੇਵਰ ਪ੍ਰਾਪਤੀਆਂ ਤੇ ਵਿਸ਼ੇ ਦੇ ਗਿਆਨ ਦੇ ਸਖ਼ਤ ਮੁਲਾਂਕਣ ਤੋਂ ਬਾਅਦ ਹੀ ਕੀਤੀ ਜਾਂਦੀ ਹੈ।ਇਸ ਮੁਕਾਬਲੇ ਵਾਲੇ ਕੋਰਸ ਲਈ ਡਾ. ਸ਼ਰਮਾ ਦੀ ਚੋਣ ਉਨ੍ਹਾਂ ਦੀ ਕਲੀਨਿਕਲ ਉੱਤਮਤਾ ਤੇ ਵਿਸ਼ੇਸ਼ ਆਰਥੋਪੀਡਿਕ ਦੇਖਭਾਲ ਨੂੰ ਅੱਗੇ ਵਧਾਉਣ ਪ੍ਰਤੀ ਵਚਨਬੱਧਤਾ ਨੂੰ ਉਜਾਗਰ ਕਰਦੀ ਹੈ।ਨਿਊਯਾਰਕ ਵਿੱਚ ਆਪਣੇ ਕਾਰਜਕਾਲ ਦੌਰਾਨ, ਡਾ. ਸ਼ਰਮਾ ਆਰਥੋਪੀਡਿਕਸ/ਆਰਥੋਪੀਡਿਕਸ ਓਨਕੋਲੋਜੀ ਵਿੱਚ ਨਵੀਨਤਮ ਕਾਢਾਂ ਤੇ ਸਰਜੀਕਲ ਤਕਨੀਕਾਂ 'ਤੇ ਧਿਆਨ ਕੇਂਦਰਤ ਕਰਦੇ ਹੋਏ ਵਿਸ਼ਵ ਪੱਧਰੀ ਮਾਹਰਾਂ ਨਾਲ ਸਹਿਯੋਗ ਕਰਨਗੇ।ਡਾ. ਸ਼ਰਮਾ ਨੇ ਜੜ੍ਹਾਂ ਪ੍ਰਤੀ ਆਪਣਾ ਸਮਰਪਣ ਪ੍ਰਗਟ ਕਰਦਿਆਂ ਕਿਹਾ ਕਿ ਮੈਨੂੰ ਮੈਮੋਰੀਅਲ ਸਲੋਨ ਕੇਟਰਿੰਗ, ਨਿਊਯਾਰਕ ਯੂ ਐਸ ਏ ਵਿਖੇ ਇਸ ਸਿਖਲਾਈ ਪ੍ਰੋਗਰਾਮ ਲਈ ਚੁਣੇ ਜਾਣ 'ਤੇ ਬਹੁਤ ਮਾਣ ਹੈ ਤੇ ਉਨ੍ਹਾਂ ਨਿਰੰਤਰ ਸਮਰਥਨ ਲਈ ਡੀ ਐੱਮ ਸੀ ਐੱਚ ਲੀਡਰਸ਼ਿਪ ਦਾ ਵੀ ਧੰਨਵਾਦ ਕੀਤਾ।

# ਵਿਦਿਆਰਥੀਆਂ ਨੂੰ ਭਵਿੱਖੀ ਯੋਜਨਾਬੰਦੀ ਲਈ ਕੀਤਾ ਜਾਗਰੂਕ

### ਮੁਨੀਸ਼ਾ ਨੂੰ ਐਲਾਨਿਆ ਸਾਲ ਦੀ ਸਰਵੋਤਮ ਵਿਦਿਆਰਥਣ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦੇ ਯਾਦਵਿੰਦਰਾ ਸਾਇੰਸਜ਼ ਵਿਭਾਗ ਵੱਲੋਂ ਕਰੀਅਰ ਕੌਂਸਲਿੰਗ ਵਿਸ਼ੇ ਤੇ ਇੱਕ ਪ੍ਰੋਗਰਾਮ ਦਾ ਆਯੋਜਨ ਕਰਕੇ ਵਿਦਿਆਰਥੀਆਂ ਦਾ ਭਵਿੱਖ ਦੀ ਯੋਜਨਾਬੰਦੀ ਲਈ ਮਾਰਗਦਰਸ਼ਨ ਕੀਤਾ।ਡਾ. ਸ਼ਰੁਤੀ ਸ਼ਰਮਾ ਡਾ. ਬਲਜਿੰਦਰ ਕੌਰ ਅਤੇ ਡਾ. ਲਖਬੀਰ ਸਿੰਘ ਨੇ ਆਪਣੀਆਂ ਤਕਰੀਰਾਂ ਨਾਲ ਵੱਖ-ਵੱਖ ਪਹਿਲੂਆਂ ਤੇ ਵਿਦਿਆਰਥੀਆਂ ਨਾਲ ਨੁਕਤੇ ਸਾਂਝੇ ਕੀਤੇ।ਇਸ ਪ੍ਰੋਗਰਾਮ ਦੌਰਾਨ ਜੂਨੀਅਰ ਵਿਦਿਆਰਥੀਆਂ ਦੇ ਬਿਹਤਰ ਵਿਅਕਤੀਤਵ ਨੂੰ ਉਭਾਰਨ ਲਈ ਵਿਭਾਗ ਦੀ ਬੀ. ਐੱਸ. ਸੀ (ਨਾਨ ਮੈਡੀਕਲ) ਆਖਰੀ ਸਾਲ ਦੀ ਵਿਦਿਆਰਥਣ ਮੁਨੀਸ਼ਾ ਨੂੰ ਸਾਲ ਦੀ ਸਰਵੋਤਮ ਵਿਦਿਆਰਥਣ ਪੁਰਸਕਾਰ ਨਾਲ ਸਨਮਾਨਿਤ ਕੀਤਾ।

ਇਹ ਪੁਰਸਕਾਰ ਮੁਨੀਸ਼ਾ ਨੂੰ ਉਸਦੇ ਸ਼ਾਨਦਾਰ ਅਕਾਦਮਿਕ ਪ੍ਰਦਰਸ਼ਨ, ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਸਰਗਰਮ ਭਾਗੀਦਾਰੀ, ਵਿਦਿਆਰਥੀਆਂ ਅਤੇ ਅਧਿਆਪਕਾਂ ਦਰਮਿਆਨ ਇੱਕ ਪਾਏਦਾਰ ਕੜੀ ਵਜੋਂ ਉਸਦੇ ਤਿੰਨ ਸਾਲਾਂ ਦੇ ਡਿਗਰੀ ਕੋਰਸ ਦੌਰਾਨ ਕੀਤੇ ਮਿਸਾਲੀ ਕਾਰਜਾਂ ਅਤੇ ਆਚਰਣ ਲਈ ਸਨਮਾਨਿਤ ਕੀਤਾ ਗਿਆ।ਇਸ ਮੌਕੇ ਵਿਭਾਗ ਦੇ ਮੁਖੀ ਡਾ ਪ੍ਰੀਤੀ ਬਾਂਸਲ ਨੇ ਮੁਨੀਸ਼ਾ ਦੇ ਸਮਰਪਣ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਮੁਨੀਸ਼ਾ ਮਿਹਨਤ, ਇਮਾਨਦਾਰੀ, ਹਮਦਰਦੀ ਅਤੇ ਲੀਡਰਸ਼ਿਪ ਵਰਗੀਆਂ ਕਦਰਾਂ ਕੀਮਤਾਂ ਦਾ ਸੁਮੇਲ ਹੈ ਅਤੇ ਉਹ ਆਪਣੇ ਜੂਨੀਅਰਾਂ ਲਈ ਇੱਕ ਰੋਲ ਮਾਡਲ ਹੈ।

ਉਨ੍ਹਾਂ ਆਸ ਪ੍ਰਗਟ ਕੀਤੀ ਕਿ ਇਹ ਪੁਰਸਕਾਰ ਜੂਨੀਅਰ ਵਿਦਿਆਰਥੀਆਂ ਲਈ ਸਰਵੋਤਮ ਬਨਣ ਲਈ ਪ੍ਰੇਰਨਾ ਸ੍ਰੋਤ ਵਜੋਂ ਕੰਮ ਕਰੇਗਾ।ਸਮੁੱਚੇ ਵਿਭਾਗ ਵੱਲੋਂ ਮੁਨੀਸ਼ਾ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ।ਆਪਣੇ ਸੰਬੋਧਨ ਵਿੱਚ ਮੁਨੀਸ਼ਾ ਨੇ ਇਸ ਯਾਤਰਾ ਦੌਰਾਨ ਆਪਣੇ ਅਧਿਆਪਕਾਂ, ਮਾਪਿਆ ਅਤੇ ਦੋਸਤਾਂ ਦਾ ਧੰਨਵਾਦ ਕੀਤਾ।ਹੋਰਨਾਂ ਤੋਂ ਇਲਾਵਾ ਇਸ ਮੌਕੇ ਡਾ ਅੰਜੂ ਸੈਣੀ, ਡਾ. ਦਿਵਿਆ ਤਨੇਜਾ, ਪ੍ਰੋ ਅਨੁ ਬਾਲਾ, ਡਾ. ਸ਼ਿਪਰਾ, ਡਾ. ਤਰੁਣ ਗਰਗ ਹਾਜ਼ਰ ਰਹੇ।

## ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ 'ਪੰਥਕ ਇਕੱਤਰਤਾ' ਭਲਕੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਥ ਤੇ ਪੰਜਾਬ ਦੇ ਹਿੱਤਾਂ ਦੀ ਰਾਖੀ ਤੇ ਜਥੇਬੰਦਕ ਮਜ਼ਬੂਤੀ ਲਈ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ ਇੱਕ ਅਹਿਮ 'ਪੰਥਕ ਇਕੱਤਰਤਾ' ਕੀਤੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਡਾ. ਮੁਖਤਿਆਰ ਸਿੰਘ ਭੁੱਲਰ ਨੇ ਦੱਸਿਆ ਕਿ ਇਹ ਵਿਸ਼ੇਸ਼ ਸਮਾਗਮ 2 ਮਈ ਸ਼ਨੀਵਾਰ ਨੂੰ ਸਵੇਰੇ 10 ਵਜੇ ਭਸੀਨ ਪੈਲੇਸ, ਨੇੜੇ ਸਟੇਟ ਬੈਂਕ ਆਫ਼ ਇੰਡੀਆ, ਫ਼ਿਰੋਜ਼ਪੁਰ ਛਾਉਣੀ ਵਿਖੇ ਹੋਵੇਗਾ। ਮੀਡੀਆ ਨਾਲ ਗੱਲਬਾਤ ਕਰਦਿਆਂ ਡਾ. ਭੁੱਲਰ ਨੇ ਕਿਹਾ ਕਿ ਅੱਜ ਦੇ ਮੌਜੂਦਾ ਹਾਲਾਤਾਂ ਵਿੱਚ ਪੰਜਾਬ ਤੇ ਪੰਥਕ ਰਵਾਇਤਾਂ ਨੂੰ ਮਜ਼ਬੂਤ ਕਰਨ ਦੀ ਸਖ਼ਤ ਲੋੜ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦਾ ਮੁੱਖ ਮਨੋਰਥ ਪੰਜਾਬ ਦੀ ਖੇਤਰੀ ਪਾਰਟੀ ਵਜੋਂ ਸੂਬੇ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰਨਾ ਹੈ। ਇਸ ਇਕੱਤਰਤਾ ਦਾ ਮੁੱਖ ਉਦੇਸ਼ ਸਿੱਖ ਸੰਗਤ ਤੇ ਪੰਜਾਬ ਹਿਤੈਸ਼ੀਆਂ ਨੂੰ ਇੱਕ ਮੰਚ 'ਤੇ ਇਕੱਠਾ ਕਰਨਾ ਹੈ ਤਾਂ ਜੋ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਇਕਜੁੱਟ ਹੋ ਕੇ ਕੀਤਾ ਜਾ ਸਕੇ। ਇਸ ਪੰਥਕ ਇਕੱਤਰਤਾ ਵਿੱਚ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵਿਸ਼ੇਸ਼ ਤੌਰ 'ਤੇ ਪਹੁੰਚ ਰਹੀ ਹੈ। ਜਥੇਦਾਰ ਬਲਬੀਰ ਸਿੰਘ ਮੁੰਗਾ ਸਰਪ੍ਰਸਤ ਦੀ ਅਗਵਾਈ ਹੇਠ ਹੋਣ ਵਾਲੇ ਇਸ ਸਮਾਗਮ ਵਿੱਚ ਹਰਦੇਵ ਸਿੰਘ ਕੌਮੀ ਪ੍ਰਧਾਨ, ਪਰਮਜੀਤ ਸਿੰਘ ਜਨਰਲ ਸਕੱਤਰ, ਪ੍ਰਤਾਪ ਸਿੰਘ ਖਜ਼ਾਨਚੀ ਤੇ ਰਾਮ ਸਿੰਘ ਬੱਧਨੀ ਵਰਗੇ ਸੀਨੀਅਰ ਆਗੂ ਸੰਬੋਧਨ ਕਰਨਗੇ। ਇਸ ਤੋਂ ਇਲਾਵਾ ਲਖਵਿੰਦਰ ਸਿੰਘ, ਸੁਖਵਿੰਦਰ ਸਿੰਘ ਸਿੱਧੂ, ਅਵਤਾਰ ਸਿੰਘ ਤੇ ਉਂਕਾਰ ਸਿੰਘ ਸਟੇਜ ਸਕੱਤਰ ਸਮੇਤ ਹੋਰ ਜ਼ਿਲ੍ਹਾ ਪੱਧਰੀ ਆਗੂ ਵੀ ਸ਼ਾਮਲ ਹੋਣਗੇ। ਡਾ. ਮੁਖਤਿਆਰ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਮੀਟਿੰਗ ਦੌਰਾਨ ਕਈ ਅਹਿਮ ਮੁੱਦਿਆਂ 'ਤੇ ਵਿਚਾਰ-ਚਰਚਾ ਕੀਤੀ ਜਾਵੇਗੀ।

## ਅੰਗਹੀਣਾਂ ਤੇ ਦਿਮਾਗੀ ਤੌਰ 'ਤੇ ਬਿਮਾਰ ਵਿਅਕਤੀਆਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਦਿੱਤੇ



**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਉੱਘੇ ਸਮਾਜਸੇਵੀ ਤੇ ਦੁਬੱਈ ਦੇ ਉੱਘੇ ਕਾਰੋਬਾਰੀ ਡਾ. ਸੁਰਿੰਦਰਪਾਲ ਸਿੰਘ ਓਬਰਾਏ ਵੱਲੋਂ ਚਲਾਈ ਜਾ ਰਹੀ ਸੰਸਥਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਟੀਮ ਵੱਲੋਂ ਕਾਮਰੇਡ ਦਿਆਲ ਸਿੰਘ ਸੰਧੂ ਯਾਦਗਾਰੀ ਹਾਲ ਫਿਰੋਜ਼ਪੁਰ ਵਿਖੇ ਕੰਮ ਕਰਨ ਤੋਂ ਅਸਮਰੱਥ ਵਿਅਕਤੀਆਂ ਤੇ ਦਿਮਾਗੀ ਤੌਰ 'ਤੇ ਬਿਮਾਰ ਵਿਅਕਤੀਆਂ ਨੂੰ ਆਰਥਿਕ ਸਹਾਇਤਾ ਰਾਸ਼ੀ ਦੇ ਮਹੀਨਾਵਾਰ ਚੈੱਕ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ, ਸਿਟੀ ਤੇ ਛਾਉਣੀ ਇੰਚਾਰਜ ਬਲਵਿੰਦਰ ਪਾਲ ਸ਼ਰਮਾ, ਸਿਟੀ ਤੇ ਛਾਉਣੀ ਇੰਚਾਰਜ ਇਸਤਰੀ ਵਿੰਗ ਤਲਵਿੰਦਰ ਕੌਰ ਮੈਂਬਰ ਰਣਧੀਰ ਜੋਸ਼ੀ ਵੱਲੋਂ ਵੰਡੇ ਗਏ।ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ ਤੇ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਨੇ ਦੱਸਿਆ ਕਿ ਸੰਸਥਾ ਦੇ ਬਾਨੀ ਡਾ. ਓਬਰਾਏ ਵੱਲੋਂ ਲੰਮੇ ਸਮੇਂ ਤੋਂ ਲੋੜਵੰਦਾਂ ਦੀ ਭਲਾਈ ਦੇ ਕਾਰਜ ਬਿਨਾਂ ਕਿਸੇ ਤੋਂ ਮੱਦਦ ਲਏ ਬਗੈਰ ਆਪਣੀ ਕਿਰਤ ਕਮਾਈ ਵਿੱਚੋਂ ਲਗਾਤਾਰ ਇਹ ਆਰਥਿਕ ਸਹਾਇਤਾ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਜ਼ਿਲ੍ਹੇ ਅੰਦਰ ਅਨੇਕਾਂ ਹੀ ਲੋਕ ਭਲਾਈ ਦੇ ਕਾਰਜ ਚੱਲ ਰਹੇ ਹਨ ਤੇ ਅੱਗੇ ਹੋਰ ਵੀ ਕਈ ਲੋਕ ਭਲਾਈ ਦੇ ਕਾਰਜ ਕੀਤੇ ਜਾ ਰਹੇ ਹਨ।

ਸ਼ੁੱਕਰਵਾਰ, 1 ਮਈ, 2026
18 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 330

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 1 MAY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in

## 66 ਬਨਾਮ 35



**ਕੁੱਲੂ** : ਹਿਮਾਚਲ ਦੇ ਕੁੱਲੂ ਜ਼ਿਲ੍ਹੇ ਦੇ ਬੰਜਾਰ ਇਲਾਕੇ ਦੇ ਪਿੰਡ ਥਰਿੱਬਲਾ ਦੇ 66 ਸਾਲਾ ਸੋਮ ਦੇਵ ਨੇ 35 ਸਾਲਾ ਮੁਟਿਆਰ ਨਾਲ ਵਿਆਹ ਰਚਾ ਲਿਆ। ਜਿੱਥੇ ਇੱਕ ਪਾਸੇ ਸੋਸ਼ਲ ਮੀਡੀਆ 'ਤੇ ਕਈ ਲੋਕ ਇਸ ਰਿਸ਼ਤੇ 'ਤੇ ਸਵਾਲ ਉਠਾ ਰਹੇ ਹਨ, ਉੱਥੇ ਕਈ ਲੋਕ ਇਸ ਨੂੰ ਦੋਵਾਂ ਦੀ ਨਿੱਜੀ ਪਸੰਦ ਮੰਨਦੇ ਹੋਏ ਸ਼ੁਭਕਾਮਨਾਵਾਂ ਦੇ ਰਹੇ ਹਨ। ਵਿਆਹ ਦੌਰਾਨ ਦੋਵੇਂ ਇਕੱਠੇ ਨੱਚਦੇ-ਗਾਉਂਦੇ ਵੀ ਦਿਖਾਈ ਦਿੱਤੇ।

## ਨੌਵੀਂ ਦੀ ਪੁਸਤਕ 'ਚ ਗਤਕਾ ਸ਼ਾਮਲ

**ਨਵੀਂ ਦਿੱਲੀ** : ਨੈਸ਼ਨਲ ਕੌਂਸਲ ਆਫ ਐਜੂਕੇਸ਼ਨਲ ਰਿਸਰਚ ਐਂਡ ਟ੍ਰੇਨਿੰਗ (ਐੱਨ ਸੀ ਈ ਆਰ ਟੀ) ਨੇ ਨੌਵੀਂ ਜਮਾਤ ਲਈ ਸਰੀਰਕ ਸਿੱਖਿਆ ਦੀ ਪੁਸਤਕ 'ਖੇਲ ਪ੍ਰਵੀਣ' ਵਿੱਚ ਗਤਕਾ, ਮੱਲਖੰਭ, ਥੰਗ-ਟਾ ਅਤੇ ਕਲਾਰੀਪਯੱਟੂ ਵਰਗੀਆਂ ਰਵਾਇਤੀ ਭਾਰਤੀ ਖੇਡਾਂ ਨੂੰ ਸ਼ਾਮਲ ਕੀਤਾ ਹੈ। ਸਿੱਖ ਮਾਰਸ਼ਲ ਆਰਟ 'ਗਤਕਾ' ਬਾਰੇ ਦੱਸਿਆ ਗਿਆ ਹੈ ਕਿ ਇਸ ਦੀ ਸ਼ੁਰੂਆਤ ਛੇਵੇਂ ਗੁਰੂ ਹਰਗੋਬਿੰਦ ਸਾਹਿਬ ਨੇ ਕੀਤੀ ਸੀ ਅਤੇ ਬਾਅਦ ਵਿੱਚ ਦਸਵੇਂ ਗੁਰੂ ਗੋਬਿੰਦ ਸਿੰਘ ਜੀ ਨੇ ਇਸ ਨੂੰ ਹੋਰ ਵਿਕਸਤ ਕਰਕੇ ਸਿੱਖ ਪਰੰਪਰਾ ਦਾ ਲਾਜ਼ਮੀ ਹਿੱਸਾ ਬਣਾਇਆ। ਭਾਈ ਕਾਨ੍ਹ ਸਿੰਘ ਨਾਭਾ ਦੇ 'ਮਹਾਨ ਕੋਸ਼' ਦਾ ਹਵਾਲਾ ਵੀ ਦਿੱਤਾ ਗਿਆ ਹੈ।

## ਘੁੰਮਣ ਬ੍ਰਦਰਜ਼ 'ਆਪ' 'ਚ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਵੀਰਵਾਰ ਜਾਣੇ-ਪਛਾਣੇ ਐਡਵੋਕੇਟ ਜੀ ਐੱਸ ਘੁੰਮਣ ਅਤੇ ਉਨ੍ਹਾ ਦੇ ਭਰਾ ਐਡਵੋਕੇਟ ਜੀ ਪੀ ਐੱਸ ਘੁੰਮਣ 'ਆਪ' ਵਿੱਚ ਸ਼ਾਮਲ ਹੋ ਗਏ। ਮੁੱਖ ਮੰਤਰੀ ਭਗਵੰਤ ਮਾਨ ਨੇ ਦੋਵਾਂ ਦਾ ਪਾਰਟੀ ਵਿੱਚ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਪਾਰਟੀ ਦੀ ਮੈਂਬਰਸ਼ਿਪ ਗ੍ਰਹਿਣ ਕਰਵਾਈ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਵੱਕਾਰੀ ਅਤੇ ਬੁੱਧੀਜੀਵੀ ਵਰਗ ਦਾ ਆਪ ਨਾਲ ਜੁੜਨਾ ਇਸ ਗੱਲ ਦਾ ਸਬੂਤ ਹੈ ਕਿ ਸੂਬਾ ਸਰਕਾਰ ਦੀ ਈਮਾਨਦਾਰ ਰਾਜਨੀਤੀ 'ਤੇ ਜਨਤਾ ਦਾ ਭਰੋਸਾ ਮਜ਼ਬੂਤ ਹੋ ਰਿਹਾ ਹੈ। 'ਘੁੰਮਣ ਬ੍ਰਦਰਜ਼' ਦੇ ਨਾਂਅ ਨਾਲ ਮਸ਼ਹੂਰ ਦੋਨੋਂ ਭਰਾ ਨਾ ਸਿਰਫ਼ ਸਫ਼ਲ ਵਕੀਲ ਹਨ, ਸਗੋਂ ਸਮਾਜ ਦੇ ਵੱਖ-ਵੱਖ ਵਰਗਾਂ ਵਿੱਚ ਉਨ੍ਹਾਂ ਦੀ ਡੂੰਘੀ ਪੈਂਠ ਹੈ।

## ਚਲਦੀ ਕਾਰ ਨੂੰ ਅੱਗ, 5 ਸੜ ਗਏ

**ਜੈਪੁਰ** : ਰਾਜਸਥਾਨ ਦੇ ਅਲਵਰ ਜ਼ਿਲ੍ਹੇ ਵਿੱਚ ਦਿੱਲੀ-ਮੁੰਬਈ ਐੱਕਸਪ੍ਰੈੱਸਵੇਅ 'ਤੇ ਬੁੱਧਵਾਰ ਰਾਤ ਮੌਜਪੁਰ ਨੇੜੇ ਚਲਦੀ ਕਾਰ ਨੂੰ ਅੱਗ ਲੱਗਣ ਕਾਰਨ 5 ਲੋਕਾਂ ਦੀ ਸੜ ਕੇ ਮੌਤ ਹੋ ਗਈ, ਜਦੋਂ ਕਿ ਇੱਕ ਗੰਭੀਰ ਜ਼ਖਮੀ ਹੋ ਗਿਆ। ਮੱਧ ਪ੍ਰਦੇਸ਼ ਦੇ ਸ਼ਿਓਪੁਰ ਜ਼ਿਲ੍ਹੇ ਦੇ ਪੀੜਤ ਵੈਸ਼ਨੋ ਦੇਵੀ ਦੀ ਤੀਰਥ ਯਾਤਰਾ ਤੋਂ ਵਾਪਸ ਆ ਰਹੇ ਸਨ। ਮਰਨ ਵਾਲਿਆਂ ਵਿੱਚ ਤਿੰਨ ਔਰਤਾਂ, ਇੱਕ ਨਾਬਾਲਗ ਕੁੜੀ ਅਤੇ ਇੱਕ ਮਰਦ ਸ਼ਾਮਲ ਹੈ। ਕਾਰ ਵਿੱਚੋਂ ਸਿਰਫ ਪਿੰਜਰ ਹੀ ਬਰਾਮਦ ਹੋਏ ਹਨ। ਕਾਰ ਚਾਲਕ ਵਿਨੋਦ ਕੁਮਾਰ ਮੇਹਰ ਬਾਹਰ ਛਾਲ ਮਾਰਨ ਵਿੱਚ ਕਾਮਯਾਬ ਰਿਹਾ, ਪਰ ਉਹ ਵੀ ਲਗਭਗ 80 ਫੀਸਦੀ ਸੜ ਗਿਆ ਹੈ।

## ਹੁਣ ਜੰਮੂ-ਸ੍ਰੀਨਗਰ ਵਿਚਾਲੇ ਰੋਜ਼ਾਨਾ ਛੁਕ-ਛੁਕ

**ਸ੍ਰੀਨਗਰ** : ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਵੀਰਵਾਰ ਜੰਮੂ ਤਵੀ ਰੇਲਵੇ ਸਟੇਸ਼ਨ ਤੋਂ ਸ੍ਰੀਨਗਰ ਤੱਕ ਪਹਿਲੀ ਸਿੱਧੀ 20 ਡੱਬਿਆਂ ਵਾਲੀ ਵੰਦੇ ਭਾਰਤ ਰੇਲ ਸੇਵਾ ਨੂੰ ਹਰੀ ਝੰਡੀ ਦਿਖਾਈ। ਟ੍ਰੇਨ ਨੰਬਰ 26401/26402 ਮੰਗਲਵਾਰ ਛੱਡ ਕੇ ਹਫਤੇ ਵਿੱਚ ਛੇ ਦਿਨ ਜੰਮੂ ਤਵੀ ਤੋਂ ਸਵੇਰੇ 6:20 ਵਜੇ ਰਵਾਨਾ ਹੋਵੇਗੀ ਅਤੇ ਸਵੇਰੇ 11:10 ਵਜੇ ਸ੍ਰੀਨਗਰ ਪਹੁੰਚੇਗੀ। ਸ੍ਰੀਨਗਰ ਤੋਂ ਦੁਪਹਿਰ 2 ਵਜੇ ਚੱਲੇਗੀ ਅਤੇ ਸ਼ਾਮ 6:50 ਵਜੇ ਜੰਮੂ ਤਵੀ ਪਹੁੰਚੇਗੀ। ਟਰੇਨ ਨੰਬਰ 26403/26404 ਵੀ ਬੁੱਧਵਾਰ ਛੱਡ ਕੇ ਹਫਤੇ ਵਿੱਚ ਛੇ ਦਿਨ ਚੱਲੇਗੀ। ਇਹ ਸ੍ਰੀਨਗਰ ਤੋਂ ਸਵੇਰੇ 8 ਵਜੇ ਰਵਾਨਾ ਹੋ ਕੇ ਦੁਪਹਿਰ 12:40 ਵਜੇ ਜੰਮੂ ਪਹੁੰਚੇਗੀ ਅਤੇ ਜੰਮੂ ਤੋਂ ਦੁਪਹਿਰ 1:20 ਵਜੇ ਰਵਾਨਾ ਹੋਵੇਗੀ।

## 'ਜਨਤਾ ਦੀ ਵਿਧਾਨ ਸਭਾ'

**ਨਵੀਂ ਦਿੱਲੀ** : ਪੰਜਾਬ ਸਰਕਾਰ ਵੱਲੋਂ 1 ਮਈ ਨੂੰ ਮਜ਼ਦੂਰ ਦਿਵਸ ਮੌਕੇ ਸੱਦੇ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਦੇ ਬਰਾਬਰ ਪੰਜਾਬ ਭਾਜਪਾ ਵੱਲੋਂ ਚੰਡੀਗੜ੍ਹ ਵਿੱਚ 'ਜਨਤਾ ਦੀ ਵਿਧਾਨ ਸਭਾ' ਲਗਾਈ ਜਾਵੇਗੀ। ਪੰਜਾਬ ਭਾਜਪਾ ਦੇ ਮੀਡੀਆ ਇੰਚਾਰਜ ਵਿਨੀਤ ਜੋਸ਼ੀ ਨੇ ਦੱਸਿਆ ਕਿ ਇਹ ਸੈਸ਼ਨ ਸੈਕਟਰ 37 ਸਥਿਤ ਪੰਜਾਬ ਭਾਜਪਾ ਦੇ ਦਫਤਰ ਦੇ ਬਾਹਰ ਸਵੇਰੇ 11 ਵਜੇ ਸ਼ੁਰੂ ਹੋਵੇਗਾ।

# ਜਬਰ-ਜ਼ਨਾਹ ਪੀੜਤਾ ਦੀ ਗਰਭ ਅਵਸਥਾ ਖਤਮ ਕਰਨ ਦਾ ਕਾਨੂੰਨ ਸੋਧਣ ਦੀ ਹਦਾਇਤ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਵੀਰਵਾਰ ਕਿਹਾ ਕਿ ਇੱਕ ਨਾਬਾਲਗ ਬੱਚੀ ਨੂੰ ਗਰਭ ਧਾਰਨ ਕਰਨ ਲਈ ਮਜਬੂਰ ਨਹੀਂ ਕੀਤਾ ਜਾ ਸਕਦਾ। ਉਸ ਨੇ ਕੇਂਦਰ ਨੂੰ ਫਟਕਾਰ ਲਗਾਉਂਦੇ ਹੋਏ ਜਬਰ-ਜ਼ਨਾਹ ਪੀੜਤਾਂ ਨੂੰ 20 ਹਫਤਿਆਂ ਤੋਂ ਬਾਅਦ ਵੀ ਅਣਚਾਹੇ ਗਰਭ ਨੂੰ ਖਤਮ ਕਰਨ ਦੀ ਇਜਾਜ਼ਤ ਦੇਣ ਲਈ ਕਾਨੂੰਨ ਵਿੱਚ ਸੋਧ ਕਰਨ ਲਈ ਕਿਹਾ। ਬਲਾਤਕਾਰ ਵਰਗੇ ਮਾਮਲਿਆਂ ਵਿੱਚ ਗਰਭਪਾਤ ਲਈ 24 ਹਫਤਿਆਂ ਦੀ ਕਾਨੂੰਨੀ ਸੀਮਾ ਨਹੀਂ ਹੋਣੀ ਚਾਹੀਦੀ ਅਤੇ ਕਾਨੂੰਨ ਨੂੰ ਬਦਲਦੇ ਸਮੇਂ ਦੇ ਨਾਲ ਚੱਲਣਾ ਚਾਹੀਦਾ ਹੈ।

ਜਬਰ-ਜ਼ਨਾਹ ਪੀੜਤਾਂ, ਜਿਨ੍ਹਾਂ ਵਿੱਚ ਬੱਚੇ ਵੀ ਸ਼ਾਮਲ ਹਨ ਅਤੇ ਉਨ੍ਹਾਂ ਦੇ ਸਰੀਰਾਂ ਉੱਤੇ ਖੁਦਮੁਖਤਿਆਰੀ ਦੇ ਮੁੱਦੇ ਲਈ ਦੂਰਗਾਮੀ ਪ੍ਰਭਾਵਾਂ ਵਾਲੇ ਇੱਕ ਫੈਸਲੇ ਵਿੱਚ, ਚੀਫ ਜਸਟਿਸ ਸੂਰੀਆ ਕਾਂਤ ਅਤੇ ਜਸਟਿਸ ਜੋਏਮਾਲਿਆ ਬਾਗਚੀ ਦੀ ਬੈਂਚ ਨੇ ਏਮਜ਼ ਦੀ ਉਸ ਪਟੀਸ਼ਨ 'ਤੇ ਸਖਤ ਇਤਰਾਜ਼ ਜਤਾਇਆ, ਜਿਸ ਵਿੱਚ ਇੱਕ 15 ਸਾਲਾ



ਕੁੜੀ ਨੂੰ ਉਸ ਦੀ 30 ਹਫਤਿਆਂ ਦੀ ਗਰਭ ਅਵਸਥਾ ਨੂੰ ਡਾਕਟਰੀ ਤੌਰ 'ਤੇ ਖਤਮ ਕਰਨ ਦੀ ਇਜਾਜ਼ਤ ਦੇਣ ਵਾਲੇ ਸੁਪਰੀਮ ਕੋਰਟ ਦੇ ਹੁਕਮ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ ਸੀ। ਚੀਫ ਜਸਟਿਸ ਨੇ ਕਿਹਾ, "ਕਿਰਪਾ ਕਰਕੇ ਆਪਣੇ ਕਾਨੂੰਨ ਵਿੱਚ ਸੋਧ ਕਰੋ ਕਿ ਜਦੋਂ ਜਬਰ-ਜ਼ਨਾਹ ਕਾਰਨ ਗਰਭ ਅਵਸਥਾ ਹੁੰਦੀ ਹੈ, ਤਾਂ ਸਮੇਂ ਦੀ ਕੋਈ ਸੀਮਾ ਨਹੀਂ ਹੋਵੇਗੀ। ਕਾਨੂੰਨ ਨੂੰ ਜੈਵਿਕ ਅਤੇ ਬਦਲਦੇ ਸਮੇਂ ਦੇ ਨਾਲ ਤਾਲਮੇਲ ਵਿੱਚ ਵਿਕਸਤ ਹੋਣ ਦੀ ਲੋੜ ਹੈ। ਕਾਨੂੰਨ ਵਿੱਚ ਇਹ ਵੀ ਸੋਧ ਕਰੋ ਕਿ ਅਜਿਹੇ ਟਰਾਇਲ (ਮੁਕੱਦਮੇ) ਇੱਕ ਹਫਤੇ ਦੇ ਅੰਦਰ ਪੂਰੇ ਕੀਤੇ ਜਾਣ। ਬੱਚਾ ਟਰਾਇਲ ਦੇ ਲੰਬਤ ਸਦਮੇ ਨੂੰ ਵੀ ਕਿਉਂ ਝੱਲੇ।"

ਅਦਾਲਤ ਨੇ ਆਪਣੀਆਂ ਭਾਵੁਕ ਟਿੱਪਣੀਆਂ ਵਿੱਚ ਕਿਹਾ ਕਿ ਇਹ ਬਾਲ ਜਬਰ-ਜ਼ਨਾਹ ਦਾ ਮਾਮਲਾ ਹੈ ਅਤੇ ਜੇ ਗਰਭਪਾਤ ਦੀ ਇਜਾਜ਼ਤ ਨਹੀਂ ਦਿੱਤੀ ਜਾਂਦੀ ਤਾਂ ਪੀੜਤ ਨੂੰ ਉਮਰ ਭਰ ਦਾ ਦਾਗ ਅਤੇ ਸਦਮਾ ਲੱਗੇਗਾ। ਜੇ ਮਾਂ ਨੂੰ ਸਥਾਈ ਅਪਾਹਜਤਾ ਨਹੀਂ ਹੈ ਤਾਂ ਗਰਭਪਾਤ ਕੀਤਾ ਜਾਣਾ ਚਾਹੀਦਾ ਹੈ। ਬੈਂਚ ਨੇ ਕਿਹਾ, "ਇਹ ਇੱਕ ਕਿਊਰੇਟਿਵ ਪਟੀਸ਼ਨ ਹੈ। ਅਣਚਾਹੇ ਗਰਭ ਨੂੰ ਕਿਸੇ ਵਿਅਕਤੀ 'ਤੇ ਥੋਪਿਆ ਨਹੀਂ ਜਾ ਸਕਦਾ। ਕਲਪਨਾ ਕਰੋ... ਉਹ ਇੱਕ ਬੱਚੀ ਹੈ। ਉਸ ਨੂੰ ਹੁਣ ਪੜ੍ਹਨਾ ਚਾਹੀਦਾ ਹੈ। ਪਰ ਅਸੀਂ ਉਸ ਨੂੰ ਮਾਂ ਬਣਾਉਣਾ ਚਾਹੁੰਦੇ ਹਾਂ। ਕਲਪਨਾ ਕਰੋ ਕਿ ਬੱਚੇ ਨੇ ਇਸ ਵਿੱਚ ਕਿੰਨਾ ਦਰਦ, ਕਿੰਨੀ ਜ਼ਿਲਤ ਝੱਲੀ ਹੈ।"

ਇਸ ਨੇ ਏਮਜ਼ ਨੂੰ ਪੀੜਤ ਦੇ ਮਾਪਿਆਂ ਦੀ ਕਾਊਂਸਲਿੰਗ ਕਰਨ ਲਈ ਕਿਹਾ ਅਤੇ ਕਿਹਾ ਕਿ ਫੈਸਲਾ ਸੰਬੰਧਤ ਵਿਅਕਤੀ ਦਾ ਹੋਣਾ ਚਾਹੀਦਾ ਹੈ।

ਕੋਰਟ ਨੇ • ਬਾਕੀ ਸਫਾ 10 'ਤੇ

# ਤੂਫਾਨ ਆ ਰਿਹੈ : ਟਰੰਪ; ਡੋਬ ਦਿਆਂਗੇ : ਖਾਮਨੇਈ



**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੋਸ਼ਲ ਮੀਡੀਆ 'ਤੇ ਇੱਕ ਫੋਟੋ ਸਾਂਝੀ ਕਰਕੇ ਲਿਖਿਆ ਹੈ, 'ਇੱਕ ਤੂਫਾਨ ਆ ਰਿਹਾ ਹੈ ਅਤੇ ਜੋ ਆ ਰਿਹਾ ਹੈ ਉਸ ਨੂੰ ਕੋਈ ਨਹੀਂ ਰੋਕ ਸਕਦਾ।' ਇਸ ਦੌਰਾਨ ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕਿਅਨ ਨੇ ਕਿਹਾ ਕਿ ਅਮਰੀਕੀ ਸਮੁੰਦਰੀ ਨਾਕਾਬੰਦੀ ਸਫਲ ਨਹੀਂ ਹੋਵੇਗੀ। ਈਰਾਨੀ ਬੰਦਰਗਾਹਾਂ ਦੀ ਨਾਕਾਬੰਦੀ ਕਰਨ ਦੀ ਕੋਈ ਵੀ ਕੋਸ਼ਿਸ਼ ਅੰਤ ਵਿੱਚ ਅਸਫਲ ਹੋ ਜਾਵੇਗੀ।

ਉਧਰ, ਈਰਾਨ ਦੇ ਸੁਪਰੀਮ ਲੀਡਰ ਮੋਜਤਬਾ ਖਾਮਨੇਈ ਨੇ ਕਿਹਾ ਹੈ ਕਿ ਉਨ੍ਹਾ ਦਾ ਦੇਸ਼ ਆਪਣੀਆਂ ਪ੍ਰਮਾਣੂ ਅਤੇ ਮਿਜ਼ਾਈਲ ਸਮਰਥਾਵਾਂ ਤੋਂ ਪਿੱਛੇ ਨਹੀਂ ਹਟੇਗਾ। ਉਨ੍ਹਾ ਦਾ ਲਿਖਤੀ ਬਿਆਨ ਈਰਾਨ ਦੇ ਸਰਕਾਰੀ ਟੀ ਵੀ 'ਤੇ ਉੱਚੀ ਆਵਾਜ਼ ਵਿੱਚ ਪੜ੍ਹਿਆ ਗਿਆ। ਉਨ੍ਹਾ ਕਿਹਾ ਕਿ ਈਰਾਨ ਆਪਣੀ ਪ੍ਰਮਾਣੂ ਅਤੇ ਮਿਜ਼ਾਈਲ ਸ਼ਕਤੀ ਨੂੰ ਦੇਸ਼ ਦੀ ਸੰਪਤੀ ਮੰਨਦਾ ਹੈ ਅਤੇ ਹਰ ਕੀਮਤ 'ਤੇ ਇਸ ਦੀ ਰੱਖਿਆ ਕਰੇਗਾ। ਉਨ੍ਹਾ ਕਿਹਾ ਕਿ ਹੁਣ ਹਾਰਮੁਜ਼ ਜਲਡਮਰੂ ਵਿੱਚ ਇੱਕ ਨਵਾਂ ਯੁੱਗ ਸ਼ੁਰੂ ਹੋ ਗਿਆ ਹੈ, ਜੋ ਇਸ ਖੇਤਰ ਵਿੱਚ ਸ਼ਾਂਤੀ, ਤਰੱਕੀ ਅਤੇ ਆਰਥਕ ਲਾਭ ਲਿਆਏਗਾ। ਉਨ੍ਹਾ ਕਿਹਾ ਕਿ ਅਮਰੀਕੀ ਫੌਜੀ ਅੱਡੇ ਏਨੇ ਕਮਜ਼ੋਰ ਹਨ ਕਿ ਉਹ ਆਪਣੀ ਰੱਖਿਆ ਵੀ ਸਹੀ ਢੰਗ ਨਾਲ ਨਹੀਂ ਕਰ ਸਕਦੇ ਤਾਂ ਉਹ ਖੇਤਰ ਦੇ ਦੂਜੇ ਦੇਸ਼ਾਂ ਨੂੰ ਸੁਰੱਖਿਆ ਪ੍ਰਦਾਨ ਕਰਨ ਦਾ ਦਾਅਵਾ ਕਿਵੇਂ ਕਰ ਸਕਦੇ ਹਨ?

ਉਨ੍ਹਾ ਕਿਹਾ, 'ਅਸੀਂ ਅਤੇ ਸਾਡੇ ਗੁਆਂਢੀ ਫਾਰਸ ਦੀ ਖਾੜੀ ਅਤੇ ਓਮਾਨ ਦੀ ਖਾੜੀ ਦੇ ਪਾਣੀਆਂ ਦੇ ਪਾਰ ਇੱਕ ਸਾਂਝੀ ਕਿਸਮਤ ਸਾਂਝੀ ਕਰਦੇ ਹਾਂ। ਵਿਦੇਸ਼ੀ, ਜੋ ਹਜ਼ਾਰਾਂ ਕਿਲੋਮੀਟਰ ਦੂਰ ਤੋਂ ਲਾਲਚ ਅਤੇ ਦੁਸ਼ਟਤਾ ਨਾਲ ਕੰਮ ਕਰਨ ਲਈ ਆਉਂਦੇ ਹਨ, ਉਨ੍ਹਾਂ ਲਈ ਇਸ ਵਿੱਚ ਕੋਈ ਜਗ੍ਹਾ ਨਹੀਂ, ਸਿਵਾਏ ਇਸ ਦੇ ਪਾਣੀਆਂ ਦੇ ਤਲ 'ਤੇ।'

ਡੋਨਾਲਡ ਟਰੰਪ ਨੇ ਸੋਸ਼ਲ ਮੀਡੀਆ 'ਤੇ ਇੱਕ ਸੋਧਿਆ ਹੋਇਆ ਨਕਸ਼ਾ ਸਾਂਝਾ ਕੀਤਾ ਹੈ, ਜਿਸ ਵਿੱਚ ਹਾਰਮੁਜ਼ ਦਾ ਨਾਂਅ ਬਦਲ ਕੇ 'ਸਟ੍ਰੇਟ ਆਫ ਟਰੰਪ' ਰੱਖਿਆ ਗਿਆ ਹੈ। ਟਰੰਪ ਨੇ ਇਹ ਵੀ ਕਿਹਾ ਕਿ ਈਰਾਨ ਯੁੱਧ ਨੂੰ ਖਤਮ ਕਰਨ ਲਈ ਗੱਲਬਾਤ ਹੁਣ ਵਿਅਕਤੀਗਤ ਤੌਰ 'ਤੇ ਹੋਣ ਦੀ ਬਜਾਏ ਫੋਨ 'ਤੇ ਹੋ ਰਹੀ ਹੈ, ਕਿਉਂਕਿ ਲੰਬੀ ਦੂਰੀ ਦੀ ਯਾਤਰਾ ਦੀਆਂ ਮੁਸ਼ਕਲਾਂ ਹਨ।

## ਨਿਊ ਜ਼ੀਲੈਂਡ 'ਚ 3 ਪੰਜਾਬੀ ਨੌਜਵਾਨਾਂ ਦੀ ਮੌਤ



**ਬੰਗਾ (ਅਵਤਾਰ ਕਲੇਰ)**- ਨਿਊ ਜ਼ੀਲੈਂਡ ਵਿੱਚ ਸੜਕ ਹਾਦਸੇ ਨੇ ਤਿੰਨ ਪੰਜਾਬੀ ਨੌਜਵਾਨਾਂ ਦੀ ਜਾਨ ਲੈ ਲਈ, ਜਿਨ੍ਹਾਂ ਵਿੱਚ ਇੱਕ ਬਲਾਕ ਬੰਗਾ ਦੇ ਪਿੰਡ ਗੁਣਾਚੌਰ ਦਾ ਨੌਜਵਾਨ ਸ਼ਾਮਲ ਹੈ। ਛੁੱਟੀਆਂ ਕਰਕੇ ਮਨਜਿੰਦਰ ਸਿੰਘ (38) ਆਪਣੇ ਦੋ ਹੋਰ ਸਾਥੀ ਨੌਜਵਾਨਾਂ ਨਾਲ ਕਾਰ ਵਿੱਚ ਸਵਾਰ ਹੋ ਕੇ ਰਾਤ 12 ਵਜੇ ਦੇ ਕਰੀਬ ਇੱਕ ਦੋਸਤ ਨੂੰ ਮਿਲਣ ਉਪਰੰਤ ਵਲਿੰਗਟਨ ਤੋਂ ਟੌਰੰਗਾ ਵਾਪਸ ਘਰ ਪਰਤ ਰਿਹਾ ਸੀ ਕਿ ਸਟੇਟ ਹਾਈਵੇ ਨੰਬਰ ਇੱਕ ਉੱਤੇ ਸਥਿਤ ਡੈਜ਼ਰਟ ਰੋਡ ਰੰਗੀਪੋ ਅਤੇ ਵਾਈਓਰੂ ਦੇ ਵਿਚਕਾਰ ਉਨ੍ਹਾਂ ਦੀ ਕਾਰ ਦੀ ਤੇਲ ਦੇ ਟੈਂਕਰ ਨਾਲ ਜ਼ਬਰਦਸਤ ਟੱਕਰ ਹੋ ਗਈ। ਤਿੰਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਦੂਜੇ ਮ੍ਰਿਤਕਾਂ ਦੀ ਪਛਾਣ ਉੱਤਰਾਖੰਡ ਵਾਸੀ ਵਰਿੰਦਰਪਾਲ ਸਿੰਘ ਅਤੇ ਸੰਦੀਪ ਸਿੰਘ ਵਜੋਂ ਹੋਈ ਹੈ, ਜੋ ਆਪਸ ਵਿੱਚ ਰਿਸ਼ਤੇਦਾਰ ਸਨ। ਮਨਜਿੰਦਰ ਸਿੰਘ ਦੀ ਪਤਨੀ ਦੋ ਛੋਟੇ-ਛੋਟੇ ਬੱਚਿਆਂ ਸਮੇਤ ਵਰਕ ਪਰਮਿਟ 'ਤੇ ਅਜੇ 6 ਕੁ ਮਹੀਨੇ ਪਹਿਲਾਂ ਨਿਊ ਜ਼ੀਲੈਂਡ ਗਈ ਸੀ।

# ਕੱਚਾ ਤੇਲ ਸਵਾ ਸੌ ਡਾਲਰ ਪ੍ਰਤੀ ਬੈਰਲ ਟੱਪਿਆ

**ਵਾਸ਼ਿੰਗਟਨ** : ਮੱਧ ਪੂਰਬ ਦੀ ਜੰਗ ਕਾਰਨ ਕੱਚੇ ਤੇਲ ਦੀ ਕੀਮਤ ਪ੍ਰਤੀ ਬੈਰਲ 126 ਡਾਲਰ ਨੂੰ ਪਾਰ ਕਰ ਗਈ ਹੈ। ਬ੍ਰੈਂਟ ਕੱਚਾ ਤੇਲ ਲੱਗਭੱਗ 126.31 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਗਿਆ, ਜੋ ਕਿ ਮਾਰਚ 2022 ਤੋਂ ਬਾਅਦ ਇਸ ਦਾ ਸਭ ਤੋਂ ਉੱਚਾ ਪੱਧਰ ਹੈ। ਇਹ ਵਰਤਮਾਨ ਵਿੱਚ 123 ਡਾਲਰ ਪ੍ਰਤੀ ਬੈਰਲ ਦੇ ਆਸ-ਪਾਸ ਵਪਾਰ ਕਰ ਰਿਹਾ ਹੈ। 2008 ਵਿੱਚ ਤੇਲ ਦੀਆਂ ਕੀਮਤਾਂ ਇਤਿਹਾਸ ਦੇ ਆਪਣੇ ਸਭ ਤੋਂ ਉੱਚੇ ਪੱਧਰ 'ਤੇ ਪਹੁੰਚ ਗਈਆਂ ਸਨ। ਉਸ ਸਮੇਂ ਬ੍ਰੈਂਟ ਕਰੂਡ ਲੱਗਭੱਗ 147 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਗਿਆ ਸੀ। ਮਾਹਰਾਂ ਦਾ ਮੰਨਣਾ ਹੈ ਕਿ ਕੀਮਤਾਂ ਹੋਰ ਵਧ ਸਕਦੀਆਂ ਹਨ। ਯੁੱਧ ਤੋਂ ਪਹਿਲਾਂ ਵੀ ਇਹ ਅੰਦਾਜ਼ਾ ਲਗਾਇਆ ਗਿਆ ਸੀ ਕਿ ਜੇ ਹਾਰਮੁਜ਼ ਜਲਡਮਰੂ ਲੰਬੇ ਸਮੇਂ ਤੱਕ ਬੰਦ ਰਿਹਾ, ਤਾਂ ਤੇਲ ਦੀਆਂ ਕੀਮਤਾਂ 150 ਤੋਂ 200 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਸਕਦੀਆਂ ਹਨ।

ਤੇਲ ਦੀਆਂ ਵਧਦੀਆਂ ਕੀਮਤਾਂ ਬਾਰੇ ਈਰਾਨੀ ਸੰਸਦ ਦੇ ਸਪੀਕਰ ਮੁਹੰਮਦ ਬਾਘੇਰ ਗ਼ਾਲੀਬਾਫ ਨੇ ਵਿਅੰਗ ਨਾਲ ਕਿਹਾ ਕਿ ਅਗਲਾ ਮੀਲ ਪੱਥਰ 140 ਡਾਲਰ ਦਾ ਹੋਵੇਗਾ। ਉਨ੍ਹਾ ਕਿਹਾ ਕਿ ਟਰੰਪ ਦੇ ਲੋਕ ਉਨ੍ਹਾਂ ਨੂੰ ਬੇਕਾਰ ਸਲਾਹ ਦੇ ਰਹੇ ਹਨ। ਉਨ੍ਹਾ ਅਮਰੀਕੀ ਖਜ਼ਾਨਾ ਮੰਤਰੀ ਸਕਾਟ ਬੇਸੈਂਟ ਦਾ ਵੀ ਇਹ ਕਹਿੰਦਿਆਂ ਮਜ਼ਾਕ ਉਡਾਇਆ ਕਿ ਉਸ ਦੀਆਂ ਸਲਾਹਾਂ ਤੇਲ ਦੀਆਂ ਕੀਮਤਾਂ ਵਿੱਚ ਵਾਧਾ ਕਰ ਰਹੀਆਂ ਹਨ।

ਅਮਰੀਕਾ ਨੇ ਪਿਛਲੇ ਦੋ ਮਹੀਨਿਆਂ ਵਿੱਚ ਈਰਾਨ ਜੰਗ 'ਤੇ 25 ਅਰਬ ਡਾਲਰ ਖਰਚ ਕੀਤੇ ਹਨ। ਪਹਿਲੀ ਵਾਰ ਅਮਰੀਕਾ ਨੇ ਆਪਣੇ ਜੰਗੀ ਖਰਚ ਦਾ ਖੁਲਾਸਾ ਕੀਤਾ ਹੈ। ਇਸੇ ਦੌਰਾਨ ਅਮਰੀਕੀ ਖਜ਼ਾਨਾ ਮੰਤਰੀ ਸਕਾਟ ਬੇਸੈਂਟ ਨੇ ਕਿਹਾ ਹੈ ਕਿ ਅਮਰੀਕਾ ਨੇ ਲੱਗਭੱਗ 45 ਕਰੋੜ ਡਾਲਰ ਮੁੱਲ ਦੀ ਈਰਾਨੀ ਕ੍ਰਿਪਟੋਕਰੰਸੀ ਜ਼ਬਤ ਕੀਤੀ ਹੈ। ਅਮਰੀਕਾ ਨੇ ਪਹਿਲਾਂ ਲੱਗਭੱਗ 35 ਕਰੋੜ ਡਾਲਰ ਮੁੱਲ ਦੀ ਕ੍ਰਿਪਟੋਕਰੰਸੀ ਜ਼ਬਤ ਕੀਤੀ ਸੀ। ਬੇਸੈਂਟ ਮੁਤਾਬਕ ਇਹ ਸਭ 'ਅਪ੍ਰੇਸ਼ਨ ਇਕਨਾਮਿਕ ਫਿਊਰੀ' ਦੇ ਤਹਿਤ ਕੀਤਾ ਜਾ ਰਿਹਾ ਹੈ, ਜਿਸ ਦਾ ਉਦੇਸ਼ ਈਰਾਨ 'ਤੇ ਆਰਥਿਕ ਦਬਾਅ ਵਧਾਉਣਾ ਹੈ।

ਬੀ ਬੀ ਸੀ ਦੇ ਮੁਤਾਬਕ ਸੈਂਟਰਲ ਕਮਾਂਡ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਵੀਰਵਾਰ ਈਰਾਨ ਵਿਰੁੱਧ ਹਮਲੇ ਬਾਰੇ ਜਾਣਕਾਰੀ ਦੇਣੀ ਸੀ। ਉਸ ਨੇ ਛੋਟੇ ਪਰ ਬਹੁਤ ਸ਼ਕਤੀਸ਼ਾਲੀ ਹਮਲਿਆਂ ਦੀਆਂ ਯੋਜਨਾਵਾਂ ਤਿਆਰ ਕੀਤੀਆਂ ਹਨ, ਜਿਨ੍ਹਾਂ ਦਾ ਉਦੇਸ਼ ਯੁੱਧ ਨੂੰ ਲੰਮਾ ਕਰਨਾ ਨਹੀਂ ਹੈ, ਸਗੋਂ ਈਰਾਨ 'ਤੇ ਗੱਲਬਾਤ ਲਈ ਦਬਾਅ ਪਾਉਣਾ ਹੈ। ਉਧਰ, ਦੁਨੀਆ ਦਾ ਸਭ ਤੋਂ ਵੱਡਾ ਅਮਰੀਕੀ ਜੰਗੀ ਬੇੜਾ ਯੂ ਐੱਸ ਐੱਸ ਗੈਰਾਲਡ ਆਰ ਫੋਰਡ 300 ਦਿਨਾਂ ਤੋਂ ਵੱਧ ਦੀ ਰਿਕਾਰਡ ਤਾਇਨਾਤੀ ਤੋਂ ਬਾਅਦ ਅਮਰੀਕਾ ਵਾਪਸ ਆਉਣ ਲਈ ਤਿਆਰ ਹੈ।

## ਟਰੰਪ ਨੋਬੇਲ ਪੁਰਸਕਾਰ ਲਈ ਦਾਅਵੇਦਾਰ

**ਓਸਲੋ** : ਨਾਰਵੇਈ ਨੋਬਲ ਕਮੇਟੀ ਦੇ ਸਕੱਤਰ ਕ੍ਰਿਸਟੀਅਨ ਬਰਗ ਹਾਰਪਵਿਕੇਨ ਨੇ ਵੀਰਵਾਰ ਕਿਹਾ ਕਿ 2026 ਦੇ ਨੋਬਲ ਸ਼ਾਂਤੀ ਪੁਰਸਕਾਰ ਲਈ 287 ਉਮੀਦਵਾਰਾਂ 'ਤੇ ਵਿਚਾਰ ਕੀਤਾ ਜਾਵੇਗਾ, ਜਿਨ੍ਹਾਂ ਵਿੱਚ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਸ਼ਾਮਲ ਹੋਣ ਦੀ ਸੰਭਾਵਨਾ ਹੈ। ਇਸ ਸਾਲ ਦੀਆਂ ਨਾਮਜ਼ਦਗੀਆਂ ਵਿੱਚੋਂ 208 ਵਿਅਕਤੀ ਹਨ ਤੇ 79 ਸੰਗਠਨ ਹਨ।

ਕੰਬੋਡੀਆ, ਇਜ਼ਰਾਈਲ ਤੇ ਪਾਕਿਸਤਾਨ ਦੇ ਨੇਤਾਵਾਂ ਨੇ ਕਿਹਾ ਹੈ ਕਿ ਉਨ੍ਹਾਂ ਨੇ ਟਰੰਪ ਨੂੰ ਨਾਮਜ਼ਦ ਕੀਤਾ ਹੈ। ਨਾਮਜ਼ਦਗੀਆਂ ਲਈ ਆਖਰੀ ਮਿਤੀ 31 ਜਨਵਰੀ ਸੀ।



# ਮਾਨ ਨੇ ਜੱਦੀ ਪਿੰਡ ਸਤੌਜ 'ਚ ਰੱਖਿਆ ਸਟੇਡੀਅਮ ਦਾ ਨੀਂਹ ਪੱਥਰ

**ਸੰਗਰੂਰ/ਚੀਮਾ ਮੰਡੀ (ਪ੍ਰਵੀਨ ਸਿੰਘ/ਰਵਿੰਦਰ ਬਾਂਸਲ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਆਪਣੇ ਪਿੰਡ ਸਤੌਜ ਵਿੱਚ 14.63 ਕਰੋੜ ਰੁਪਏ ਨਾਲ ਬਣਨ ਵਾਲੇ ਆਧੁਨਿਕ ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖਿਆ।

ਮਾਨ ਨੇ ਕਿਹਾ ਕਿ ਇਹ ਸਟੇਡੀਅਮ 4.38 ਏਕੜ ਥਾਂ ਵਿੱਚ ਬਣਾਇਆ ਜਾਵੇਗਾ। ਸਟੇਡੀਅਮ ਵਿੱਚ 200 ਮੀਟਰ ਦਾ ਅਥਲੈਟਿਕ ਟਰੈਕ, ਦਰਸ਼ਕਾਂ ਤੇ ਖਿਡਾਰੀਆਂ ਲਈ ਪੈਵੇਲੀਅਨ ਅਤੇ ਬਹੁ-ਮੰਤਵੀ ਇਨਡੋਰ ਸਪੋਰਟਸ ਹਾਲ ਹੋਵੇਗਾ। ਸਟੇਡੀਅਮ ਵਿੱਚ ਬੈਡਮਿੰਟਨ, ਹੈਂਡਬਾਲ, ਜੂਡੋ, ਨੈੱਟਬਾਲ, ਬਾਸਕਟਬਾਲ, ਵਾਲੀਬਾਲ, ਫੁੱਟਬਾਲ, ਜਿਮਨਾਸਟਿਕ, ਕਬੱਡੀ, ਕਰਾਟੇ ਅਤੇ ਹੋਰ ਖੇਡ ਸਹੂਲਤਾਂ ਮੁਹੱਈਆ ਕੀਤੀਆਂ ਜਾਣਗੀਆਂ।

ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਮਾਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੰਜਾਬ ਦਾ ਭਵਿੱਖ ਇਸ ਦੇ ਜਲ ਸਰੋਤਾਂ ਨਾਲ ਅਟੁੱਟ ਰੂਪ ਵਿੱਚ ਜੁੜਿਆ ਹੋਇਆ ਹੈ ਅਤੇ ਇਨ੍ਹਾਂ ਨੂੰ ਸੁਰੱਖਿਅਤ ਰੱਖਣਾ ਬਹੁਤ ਜ਼ਰੂਰੀ ਹੈ। ਇਸ ਲਈ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਮੁੱਖ ਮੰਤਰੀ ਨੇ ਕਿਹਾ, 'ਪੰਜਾਬ ਦਾ ਵਜੂਦ ਸੁਭਾਵਿਕ ਤੌਰ 'ਤੇ ਇਸ ਦੇ ਪਾਣੀਆਂ ਨਾਲ ਜੁੜਿਆ ਹੋਇਆ ਹੈ ਅਤੇ ਇਸ ਨੂੰ ਮਹਿਫੂਜ਼ ਰੱਖਣਾ ਸਿਰਫ਼ ਨੀਤੀਗਤ ਤਰਜੀਹ ਨਹੀਂ, ਸਗੋਂ ਨੈਤਿਕ ਜ਼ਿੰਮੇਵਾਰੀ ਵੀ ਹੈ।' ਮਾਨ ਨੇ ਕਿਹਾ ਕਿ ਆਉਣ ਵਾਲੇ ਝੋਨੇ ਦੇ ਸੀਜ਼ਨ ਲਈ ਇਕ ਮਈ ਤੋਂ ਹੀ ਨਹਿਰੀ ਪਾਣੀ ਦਿੱਤਾ ਜਾਵੇਗਾ, ਜੋ ਕਿ ਰਵਾਇਤੀ ਸਿੰਚਾਈ ਸਮਾਂ-ਸਾਰਣੀ ਤੋਂ ਮਹੱਤਵਪੂਰਨ ਤਬਦੀਲੀ ਹੈ।

ਮਾਨ ਨੇ ਕਿਸਾਨਾਂ ਨੂੰ ਟਿਊਬਵੈੱਲਾਂ 'ਤੇ ਨਿਰਭਰਤਾ ਘਟਾਉਣ ਦੀ ਅਪੀਲ ਕਰਦਿਆਂ ਕਿਹਾ ਧਰਤੀ ਹੇਠਲਾ ਪਾਣੀ ਇੱਕ ਕੀਮਤੀ ਅਤੇ ਸੀਮਤ ਸਰੋਤ ਹੈ, ਜਿਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਰੱਖਣਾ ਚਾਹੀਦਾ ਹੈ। ਆਪਣੀ ਸੋਚ ਵਿੱਚ ਸਮੂਹਿਕ ਤਬਦੀਲੀ ਲਿਆਉਣ ਦਾ ਸਮਾਂ ਆ ਗਿਆ ਹੈ। ਨਹਿਰੀ ਪਾਣੀ ਸਿਰਫ਼ ਬਦਲ ਨਹੀਂ, ਇਹ ਪੰਜਾਬ ਦੀ ਖੇਤੀਬਾੜੀ ਦਾ ਭਵਿੱਖ ਹੈ।

## ਅਕਾਲੀ ਦਲ ਗੈਂਗਸਟਰਾਂ ਦੀ ਸਰਪ੍ਰਸਤੀ 'ਚ ਸਭ ਤੋਂ ਅੱਗੇ : ਬਲਤੇਜ ਪੰਨੂ



**ਚੰਡੀਗੜ੍ਹ** : ਆਮ ਆਦਮੀ ਪਾਰਟੀ ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸ਼੍ਰੋਮਣੀ ਅਕਾਲੀ ਦਲ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਜੋ ਅਕਾਲੀ ਦਲ ਅੱਜ ਸੂਬੇ ਦੀ ਕਾਨੂੰਨ-ਵਿਵਸਥਾ 'ਤੇ ਮਗਰਮੱਛ ਦੇ ਹੰਝੂ ਵਹਾ ਰਿਹਾ ਹੈ, ਅਸਲ ਵਿੱਚ ਉਹੀ ਅਪਰਾਧੀਆਂ ਅਤੇ ਗੈਂਗਸਟਰਾਂ ਨੂੰ ਸਿਆਸੀ ਸਰਪ੍ਰਸਤੀ ਦੇਣ ਵਿੱਚ ਸਭ ਤੋਂ ਅੱਗੇ ਰਿਹਾ ਹੈ। ਅਕਾਲੀ ਦਲ ਦੀ ਹਾਲਤ ਇਹ ਹੈ ਕਿ ਇੱਕ ਪਾਸੇ ਉਹ ਸ਼ਾਂਤੀ ਦੀਆਂ ਗੱਲਾਂ ਕਰਦੇ ਹਨ, ਦੂਜੇ ਪਾਸੇ ਇੱਕ ਬਦਨਾਮ ਗੈਂਗਸਟਰ ਦੀ ਪਤਨੀ ਨੂੰ ਹਲਕਾ ਇੰਚਾਰਜ ਬਣਾ ਕੇ ਉਸ ਨੂੰ ਸਿਆਸੀ ਤਾਕਤ ਸੌਂਪ ਰਹੇ ਹਨ।ਬਲਤੇਜ ਪੰਨੂ ਨੇ ਕਿਹਾ ਕਿ ਅਕਾਲੀ ਦਲ ਨੇ ਸਿਰਫ਼ ਇੱਕ ਥਾਂ ਨਹੀਂ, ਸਗੋਂ ਕਈ ਹੋਰ ਹਲਕਿਆਂ ਵਿੱਚ ਵੀ ਇਸੇ ਤਰ੍ਹਾਂ ਗੈਂਗਸਟਰਾਂ ਦੇ ਕਰੀਬੀਆਂ ਨੂੰ ਮੁੱਖ ਧਾਰਾ ਦੀ ਰਾਜਨੀਤੀ ਵਿੱਚ ਫਿੱਟ ਕਰਨ ਦੀ ਕੋਸ਼ਿਸ਼ ਕੀਤੀ ਹੋਈ ਹੈ। ਪੰਨੂ ਨੇ ਦੱਸਿਆ ਕਿ ਗੈਂਗਸਟਰ ਗੋਲਡੀ ਬਰਾੜ ਦੇ ਮਾਤਾ-ਪਿਤਾ 'ਤੇ ਫਿਰੌਤੀ (ਐਕਸਟੌਰਸ਼ਨ) ਦੇ ਗੰਭੀਰ ਮਾਮਲੇ ਵਿੱਚ ਪਰਚਾ ਦਰਜ ਕੀਤਾ ਗਿਆ ਸੀ। ਇਸ ਕਾਰਵਾਈ ਖ਼ਿਲਾਫ਼ ਜਦੋਂ ਉਹ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਪਹੁੰਚੇ ਤਾਂ ਅਦਾਲਤ ਨੇ ਉਨ੍ਹਾਂ ਦੀ ਪਟੀਸ਼ਨ ਖਾਰਜ ਕਰ ਦਿੱਤੀ। ਹੈਰਾਨੀ ਦੀ ਗੱਲ ਇਹ ਰਹੀ ਕਿ ਅਦਾਲਤ ਵਿੱਚ ਗੋਲਡੀ ਬਰਾੜ ਦੇ ਪਰਵਾਰ ਵੱਲੋਂ ਜੋ ਵਕੀਲ ਪੇਸ਼ ਹੋਏ, ਉਹ ਸਿੱਧੇ ਤੌਰ 'ਤੇ ਅਕਾਲੀ ਦਲ ਨਾਲ ਜੁੜੇ ਹੋਏ ਸਨ। ਇਸ ਨਾਲ ਅਕਾਲੀ ਦਲ ਦਾ ਦੋਹਰਾ ਚਿਹਰਾ ਪੂਰੀ ਤਰ੍ਹਾਂ ਨੰਗਾ ਹੋ ਗਿਆ ਹੈ।

## ਆਸਟਰੇਲੀਆ 'ਚ ਭਾਰਤੀਆਂ ਨੇ ਗੋਰਿਆਂ ਨੂੰ ਪਿੱਛੇ ਛੱਡਿਆ

**ਮੈਲਬਰਨ** : ਆਸਟਰੇਲੀਆ 'ਚ ਭਾਰਤੀ ਮੂਲ ਦੇ ਲੋਕਾਂ ਨੇ ਇੰਗਲੈਂਡ ਦੇ ਮੂਲ ਨਿਵਾਸੀਆਂ ਨੂੰ ਪਛਾੜ ਦਿੱਤਾ ਹੈ। ਆਸਟਰੇਲੀਅਨ ਬਿਊਰੋ ਆਫ ਸਟੈਟਿਸਟਿਕਸ ਦੇ 2026 ਦੇ ਤਾਜ਼ਾ ਅੰਕੜਿਆਂ ਮੁਤਾਬਕ ਆਸਟਰੇਲੀਆ ਵਿੱਚ ਭਾਰਤੀ ਮੂਲ ਦੇ ਲੋਕਾਂ ਦੀ ਗਿਣਤੀ 9,71,020 ਹੋ ਗਈ ਹੈ, ਜੋ ਕਿ ਇੰਗਲੈਂਡ ਦੇ 9,70,950 ਦੇ ਅੰਕੜੇ ਤੋਂ ਥੋੜ੍ਹੀ ਜ਼ਿਆਦਾ ਹੈ। ਇਹ ਵਾਧਾ ਮਾਮੂਲੀ ਹੋਣ ਦੇ ਬਾਵਜੂਦ ਇਤਿਹਾਸਕ ਤੌਰ 'ਤੇ ਬਹੁਤ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ। 1891 ਵਿੱਚ ਰਿਕਾਰਡ ਰੱਖਣ ਦੀ ਸ਼ੁਰੂਆਤ ਤੋਂ ਬਾਅਦ ਅਜਿਹਾ ਪਹਿਲੀ ਵਾਰ ਹੋਇਆ ਹੈ ਕਿ ਇੰਗਲੈਂਡ ਪਹਿਲੇ ਨੰਬਰ ਤੋਂ ਹੇਠਾਂ ਖਿਸਕ ਗਿਆ ਹੈ। ਮਾਹਰਾਂ ਮੁਤਾਬਕ ਇਹ ਬਦਲਾਅ ਪਿਛਲੇ 10 ਸਾਲਾਂ ਦੌਰਾਨ ਆਸਟਰੇਲੀਆ ਵਿੱਚ ਭਾਰਤੀ ਪਰਵਾਸੀਆਂ ਦੀ ਗਿਣਤੀ ਵਿੱਚ ਹੋਏ 5 ਲੱਖ ਤੋਂ ਵੱਧ ਦੇ ਵਾਧੇ ਅਤੇ ਇੰਗਲੈਂਡ ਮੂਲ ਦੀ ਵੱਸੋਂ ਦੇ ਉਮਰ ਦਰਾਜ਼ ਹੋਣ ਕਾਰਨ ਦੇਖਣ ਨੂੰ ਮਿਲਿਆ ਹੈ। ਇਸ ਸਮੇਂ ਆਸਟਰੇਲੀਆ ਦੀ ਕੁੱਲ ਆਬਾਦੀ ਦਾ ਲਗਭਗ 32 ਫੀਸਦੀ ਹਿੱਸਾ ਉਨ੍ਹਾਂ ਲੋਕਾਂ ਦਾ ਹੈ, ਜਿਨ੍ਹਾਂ ਦਾ ਜਨਮ ਵਿਦੇਸ਼ਾਂ ਵਿੱਚ ਹੋਇਆ ਹੈ।

## 20 ਲੱਖ ਡਾਲਰ ਦੀ ਭੰਗ ਚੋਰੀ 'ਚ ਪੰਜ ਫੜੇ



**ਟੋਰਾਂਟੋ** : 20 ਲੱਖ ਡਾਲਰ ਤੋਂ ਵੱਧ ਦੀ ਕੀਮਤ ਦੀ ਕੈਨਾਬਿਸ (ਭੰਗ) ਲੈ ਕੇ ਜਾ ਰਹੇ ਇੱਕ ਟਰੇਲਰ ਦੀ ਚੋਰੀ ਦੇ ਸੰਬੰਧ ਵਿੱਚ ਭਾਰਤੀ ਮੂਲ ਦੇ ਪੰਜ ਵਿਅਕਤੀਆਂ 'ਤੇ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੇ ਕਬਜ਼ੇ 'ਚੋਂ ਦੋ ਨਾਜਾਇਜ਼ ਹਥਿਆਰ ਵੀ ਬਰਾਮਦ ਕੀਤੇ ਗਏ ਹਨ। ਮੁਲਜ਼ਮਾਂ ਦੀ ਪਛਾਣ ਮਨਵੀਰ ਸਿੰਘ (21), ਸਰਬਜੀਤ ਸਿੰਘ (32), ਦਿਲਖਾਬ ਸਿੰਘ (21) ਅਤੇ ਜੈਸਕਵਨ ਮੱਲ੍ਹੀ (23) ਸਾਰੇ ਬਰੈਂਪਟਨ ਦੇ ਵਸਨੀਕ, ਅਤੇ ਹੈਮਿਲਟਨ ਦੇ ਕਰਨ ਕੁਮਾਰ (25) ਵਜੋਂ ਹੋਈ ਹੈ। ਯਾਰਕ ਰੀਜਨਲ ਪੁਲਸ ਮੁਤਾਬਕ ਟਰੇਲਰ ਕਈ ਡਿਸਪੈਂਸਰੀਆਂ ਵਿੱਚ ਪਹੁੰਚਾਉਣ ਲਈ ਭਾਰੀ ਮਾਤਰਾ ਵਿੱਚ ਕੈਨਾਬਿਸ ਉਤਪਾਦ ਲੈ ਕੇ ਜਾ ਰਿਹਾ ਸੀ।

## ਕੋਹਲੀ ਤੇ ਧੀਰ ਕੇਜਰੀਵਾਲ ਨੂੰ ਮਿਲੇ



**ਜਲੰਧਰ (ਸ਼ੈਲੀ ਐਲਬਰਟ)**-ਆਮ ਆਦਮੀ ਪਾਰਟੀ ਜਲੰਧਰ ਕੇਂਦਰੀ ਦੇ ਇੰਚਾਰਜ ਨਿਤਿਨ ਕੋਹਲੀ ਨੇ ਜਲੰਧਰ ਦੇ ਮੇਅਰ ਵਨੀਤ ਧੀਰ ਨਾਲ ਨਵੀਂ ਦਿੱਲੀ ਵਿੱਚ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਕੀਤੀ। ਮੀਟਿੰਗ ਪੰਜਾਬ ਦੇ ਸਮੁੱਚੇ ਵਿਕਾਸ, ਭਲਾਈ-ਮੁਖੀ ਨੀਤੀਆਂ ਅਤੇ ਜ਼ਮੀਨੀ ਪੱਧਰ 'ਤੇ ਪਾਰਟੀ ਨੂੰ ਮਜ਼ਬੂਤ ਕਰਨ ਸੰਬੰਧੀ ਮੁੱਖ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਇਸ ਮੌਕੇ ਨਿਤਿਨ ਕੋਹਲੀ ਨੇ ਕਿਹਾ ਕਿ ਕੇਜਰੀਵਾਲ ਦੀ ਅਗਵਾਈ ਪੰਜਾਬ ਲਈ ਬਹੁਤ ਲਾਭਦਾਇਕ ਸਾਬਤ ਹੋ ਰਹੀ ਹੈ। ਉਨ੍ਹਾ ਦੇ ਦ੍ਰਿਸ਼ਟੀਕੋਣ ਅਤੇ ਸ਼ਾਸਨ ਮਾਡਲ ਨੇ ਦਿਖਾਇਆ ਹੈ ਕਿ ਇਮਾਨਦਾਰ ਇਰਾਦੇ ਅਤੇ ਲੋਕ-ਕੇਂਦਰਤ ਨੀਤੀਆਂ ਨਾਲ ਅਸਲ ਤਬਦੀਲੀ ਪ੍ਰਾਪਤ ਕੀਤੀ ਜਾ ਸਕਦੀ ਹੈ।

## ਅੱਜ-ਨਾਮਾ

ਐੱਮ ਪੀ ਸੱਤਾਂ ਨੇ ਕੀਤੀ ਆ ਦਲਬਦਲੀ,
ਹੀਰੋ ਬਣਨ ਲਈ ਤੁਰੇ ਇਹ ਸੱਤ ਬੇਲੀ।
ਭਾਜਪਾ ਕਰਨ ਉਧੇੜ-ਬੁਣ ਜਦੋਂ ਰੁੱਝੀ,
ਪੂਣੀ ਆਖਦੇ ਪਹਿਲੀ ਲਈ ਕੱਤ ਬੇਲੀ।
ਮਾਮਲਾ ਇੰਜ ਉਛਾਲਣ ਇਹ ਸਭ ਰੁੱਝੇ,
ਜਿੱਦਾਂ ਪਾਗਲ ਹੀ ਚੁੱਕ ਲਏ ਛੱਤ ਬੇਲੀ।
ਟਕੇ ਸੇਰ ਨਹੀਂ ਲੋਕਾਂ ਉਹ ਚਾਲ ਸਮਝੀ,
ਉਲਟੇ ਕਹਿਣ ਕਿ ਮਾਰੀ ਆ ਮੱਤ ਬੇਲੀ।
ਪਟਾਕੇ ਵਾਂਗ ਇਹ ਗੂੰਜ ਗੁੰਜਾਉਣ ਚੱਲੇ,
ਸ਼ੁਰਲੀ ਵਾਂਗਰ ਨਾ ਹੋਈ ਆਵਾਜ਼ ਬੇਲੀ।
ਭਾਜਪਾ ਆਗੂ ਨਾ ਅਜੇ ਨੇ ਟਿਕਣ ਵਾਲੇ,
ਜਲਦੀ ਸੁਣ ਲਿਉ ਖੜਕਦੇ ਸਾਜ਼ ਬੇਲੀ।

-ਤੀਸ ਮਾਰ ਖਾਂ

# ਭਾਰਤ 'ਚ ਪ੍ਰੈੱਸ ਦੀ ਆਜ਼ਾਦੀ ਨੂੰ ਹੋਰ ਖੋਰਾ

**ਨਵੀਂ ਦਿੱਲੀ** : ਰਿਪੋਰਟਰਜ਼ ਵਿਦਾਊਟ ਬਾਰਡਰਜ਼ (ਆਰ ਐੱਸ ਐੱਫ) ਵੱਲੋਂ ਪ੍ਰਕਾਸ਼ਤ 2026 ਦੇ ਵਿਸ਼ਵ ਪ੍ਰੈੱਸ ਆਜ਼ਾਦੀ ਸੂਚਕ ਅੰਕ ਵਿੱਚ ਭਾਰਤ 180 ਦੇਸ਼ਾਂ ਵਿੱਚੋਂ ਛੇ ਸਥਾਨ ਖਿਸਕ ਕੇ 157ਵੇਂ ਸਥਾਨ 'ਤੇ ਆ ਗਿਆ ਹੈ। ਪਿਛਲੇ ਸਾਲ ਭਾਰਤ ਗਲੋਬਲ ਮੀਡੀਆ ਆਜ਼ਾਦੀ ਸੂਚਕ ਅੰਕ ਵਿੱਚ 151ਵੇਂ ਸਥਾਨ 'ਤੇ ਸੀ। ਭਾਰਤ ਦਾ ਗੁਆਂਢੀ ਪਾਕਿਸਤਾਨ ਪਿਛਲੇ ਸਾਲ 158ਵੇਂ ਸਥਾਨ ਤੋਂ ਉੱਪਰ 153ਵੇਂ ਸਥਾਨ 'ਤੇ ਹੈ। ਨਾਰਵੇ ਲਗਾਤਾਰ 10ਵੇਂ ਸਾਲ ਪੱਤਰਕਾਰਾਂ ਲਈ ਸਭ ਤੋਂ ਵਧੀਆ ਦੇਸ਼ ਵਜੋਂ ਸਿਖਰ 'ਤੇ ਹੈ, ਜਦੋਂ ਕਿ ਏਰੀਟ੍ਰੀਆ ਲਗਾਤਾਰ ਤੀਜੇ ਸਾਲ ਆਖਰੀ ਸਥਾਨ 'ਤੇ ਆਇਆ ਹੈ।

ਆਰ ਐੱਸ ਐੱਫ ਨੇ ਕਿਹਾ ਕਿ ਉਸ ਨੇ ਇਹ ਸੂਚੀ ਅਜਿਹੇ ਸਮੇਂ ਵਿੱਚ ਜਾਰੀ ਕੀਤੀ ਹੈ, ਜਦੋਂ ਪ੍ਰੈੱਸ 'ਤੇ ਰਾਜਨੀਤਕ ਦਬਾਅ ਤੇਜ਼ ਹੋ ਰਿਹਾ ਹੈ, ਤਾਨਾਸ਼ਾਹੀ ਪ੍ਰਵਿਰਤੀਆਂ ਵਧ ਰਹੀਆਂ ਹਨ ਅਤੇ ਮੀਡੀਆ ਬਾਜ਼ਾਰ ਬਹੁਤ ਕਮਜ਼ੋਰ ਹੋ ਰਿਹਾ ਹੈ। ਉਸ ਨੇ ਕਿਹਾ ਹੈ, 'ਸੂਚਕ ਅੰਕ ਦਾ ਵਿਸ਼ਲੇਸ਼ਣ ਦੁਨੀਆ ਦੇ ਕਈ ਹਿੱਸਿਆਂ ਵਿੱਚ ਪੱਤਰਕਾਰੀ ਦੀਆਂ ਸਥਿਤੀਆਂ ਵਿੱਚ ਚਿੰਤਾਜਨਕ ਗਿਰਾਵਟ ਨੂੰ ਉਜਾਗਰ ਕਰਦਾ ਹੈ, ਕੁਝ ਇਕੱਲਿਆਂ ਸੁਧਾਰਾਂ ਦੇ ਬਾਵਜੂਦ, ਕਿਉਂਕਿ 180 ਵਿੱਚੋਂ 100 ਦੇਸ਼ਾਂ ਤੇ ਖਿੱਤਿਆਂ ਵਿੱਚ ਪ੍ਰੈੱਸ ਆਜ਼ਾਦੀ ਦੇ ਸਕੋਰ ਵਿੱਚ ਗਿਰਾਵਟ ਆਈ ਹੈ।'

ਆਰ ਐੱਸ ਐੱਫ ਨੇ ਕਿਹਾ ਕਿ ਭਾਰਤ ਵਿੱਚ ਸੁਤੰਤਰ ਮੀਡੀਆ ਦੀ ਨਿਆਂਇਕ ਹਰਾਸਮੈਂਟ ਤੇਜ਼ ਹੋ ਰਹੀ ਹੈ, ਜੋ ਕਿ ਫੌਜਦਾਰੀ ਕਾਨੂੰਨਾਂ—ਮਾਣਹਾਨੀ ਅਤੇ ਰਾਸ਼ਟਰੀ ਸੁਰੱਖਿਆ ਕਾਨੂੰਨ ਦੀ ਵਧ ਰਹੀ ਵਰਤੋਂ ਕਾਰਨ ਹੈ, ਜੋ ਸਿੱਧੇ ਤੌਰ 'ਤੇ ਪੱਤਰਕਾਰਾਂ ਨੂੰ ਨਿਸ਼ਾਨਾ ਬਣਾ ਰਹੇ ਹਨ। ਪਾਕਿਸਤਾਨ ਵਿੱਚ ਪ੍ਰੈੱਸ ਖਤਰੇ-ਭਰੇ ਸਿਆਸੀ ਮਾਹੌਲ ਵਿਚਕਾਰ ਪਾਬੰਦੀਆਂ ਦਾ ਨਿਰੰਤਰ ਸਾਹਮਣਾ ਕਰ ਰਹੀ ਹੈ, ਜਿੱਥੇ ਅਧਿਕਾਰੀ ਪੱਤਰਕਾਰੀ ਸਮੱਗਰੀ ਦੇ ਪ੍ਰਸਾਰ ਨੂੰ ਕੰਟਰੋਲ ਕਰਨ ਅਤੇ ਕੁਝ ਮਾਮਲਿਆਂ ਵਿੱਚ ਦਬਾਉਣ ਦੀ ਕੋਸ਼ਿਸ਼ ਕਰਦੇ ਹਨ।

ਅਮਰੀਕਾ ਨੂੰ ਪਿਛਲੇ ਸਾਲ ਦੇ 57ਵੇਂ ਸਥਾਨ ਤੋਂ ਹੇਠਾਂ 64ਵੇਂ ਸਥਾਨ 'ਤੇ ਰੱਖਿਆ ਗਿਆ ਹੈ। ਅਮਰੀਕਾ ਵਿੱਚ ਪੱਤਰਕਾਰ, ਜੋ ਪਹਿਲਾਂ ਹੀ ਆਰਥਕ ਰੁਕਾਵਟਾਂ ਵਿਰੁੱਧ ਲੜ ਰਹੇ ਸਨ ਤੇ ਜਨਤਕ ਵਿਸ਼ਵਾਸ ਦੇ ਸੰਕਟ ਨਾਲ ਨਜਿੱਠ ਰਹੇ ਸਨ, ਹੁਣ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਰਾਜ ਸੰਸਥਾਵਾਂ ਦੇ ਯੋਜਨਾਬੱਧ ਹਥਿਆਰੀਕਰਨ ਨਾਲ ਵੀ ਜੂਝ ਰਹੇ ਹਨ, ਜਿਸ ਵਿੱਚ ਐੱਨ ਪੀ ਆਰ ਅਤੇ ਪੀ ਬੀ ਐੱਸ ਵਰਗੇ ਜਨਤਕ ਪ੍ਰਸਾਰਕਾਂ ਨੂੰ ਫੰਡਿੰਗ ਵਿੱਚ ਕਟੌਤੀ, ਮੀਡੀਆ ਮਾਲਕੀ ਵਿੱਚ ਸਿਆਸੀ ਦਖਲਅੰਦਾਜ਼ੀ ਅਤੇ ਨਾਪਸੰਦ ਪੱਤਰਕਾਰਾਂ ਤੇ ਮੀਡੀਆ ਆਊਟਲੈਟਾਂ ਨੂੰ ਨਿਸ਼ਾਨਾ ਬਣਾਉਣ ਵਾਲੀਆਂ ਸਿਆਸੀ ਤੌਰ 'ਤੇ ਪ੍ਰੇਰਤ ਪੜਤਾਲਾਂ ਸ਼ਾਮਲ ਹਨ। ਆਰ ਐੱਸ ਐੱਫ ਨੇ ਕਿਹਾ ਕਿ ਟਰੰਪ ਦੇ ਸੱਤਾ ਵਿੱਚ ਵਾਪਸ ਆਉਣ ਤੋਂ ਬਾਅਦ ਵਿਰੋਧ ਪ੍ਰਦਰਸ਼ਨਾਂ ਦੌਰਾਨ ਪੱਤਰਕਾਰਾਂ ਨੂੰ ਵੀ ਜ਼ਮੀਨ 'ਤੇ ਨਿਸ਼ਾਨਾ ਬਣਾਇਆ ਗਿਆ ਹੈ, ਇਹ ਇੱਕ ਵਿਆਪਕ ਗਿਰਾਵਟ ਨੂੰ ਦਰਸਾਉਂਦਾ ਹੈ, ਜੋ ਆਧੁਨਿਕ ਅਮਰੀਕੀ ਇਤਿਹਾਸ ਵਿੱਚ ਪ੍ਰੈੱਸ ਦੀ ਆਜ਼ਾਦੀ ਲਈ ਸਭ ਤੋਂ ਗੰਭੀਰ ਸੰਕਟਾਂ ਵਿੱਚੋਂ ਇੱਕ ਹੈ। ਵਿਸ਼ਵ ਪ੍ਰੈੱਸ ਆਜ਼ਾਦੀ ਸੂਚਕ ਅੰਕ ਦੇ ਇਤਿਹਾਸ ਵਿੱਚ ਪਹਿਲੀ ਵਾਰ ਆਰ ਐੱਸ ਐੱਫ ਨੇ ਕਿਹਾ, "ਦੁਨੀਆ ਦੇ ਅੱਧੇ ਤੋਂ ਵੱਧ ਦੇਸ਼ ਹੁਣ ਪ੍ਰੈੱਸ ਦੀ ਆਜ਼ਾਦੀ ਲਈ 'ਮੁਸ਼ਕਲ' ਜਾਂ 'ਬਹੁਤ ਗੰਭੀਰ' ਸ਼੍ਰੇਣੀਆਂ ਵਿੱਚ ਆਉਂਦੇ ਹਨ। 25 ਸਾਲਾਂ ਵਿੱਚ ਸੂਚਕ ਅੰਕ ਵਿੱਚ ਸਰਵੇਖਣ ਕੀਤੇ ਗਏ ਸਾਰੇ 180 ਦੇਸ਼ਾਂ ਅਤੇ ਖਿੱਤਿਆਂ ਦਾ ਔਸਤ ਸਕੋਰ ਕਦੇ ਵੀ ਏਨਾ ਘੱਟ ਨਹੀਂ ਰਿਹਾ। 2001 ਤੋਂ ਰਾਸ਼ਟਰੀ ਸੁਰੱਖਿਆ ਦੇ ਨਾਂਅ 'ਤੇ ਵਧ ਰਹੀਆਂ ਰੋਕਾਂ ਲੋਕਤੰਤਰੀ ਦੇਸ਼ਾਂ ਵਿੱਚ ਵੀ ਸੂਚਨਾ ਦੇ ਅਧਿਕਾਰ ਨੂੰ ਲਗਾਤਾਰ ਖੋਰਾ ਲਾ ਰਹੀਆਂ ਹਨ।" ਸੂਚਕ ਅੰਕ ਦੇ ਕਾਨੂੰਨੀ ਸੂਚਕ ਵਿੱਚ ਪਿਛਲੇ ਸਾਲ ਸਭ ਤੋਂ ਵੱਧ ਗਿਰਾਵਟ ਆਈ ਹੈ, ਜੋ ਕਿ ਇੱਕ ਸਪੱਸ਼ਟ ਸੰਕੇਤ ਹੈ ਕਿ ਦੁਨੀਆ ਭਰ ਵਿੱਚ ਪੱਤਰਕਾਰੀ ਨੂੰ ਕਾਨੂੰਨੀ ਪਚੜਿਆਂ ਵਿੱਚ ਫਸਾਇਆ ਜਾ ਰਿਹਾ ਹੈ।

## 10 ਕਿੱਲੋ ਹੈਰੋਇਨ ਸਣੇ 3 ਫੜੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**



ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਲਵਪ੍ਰੀਤ ਸਿੰਘ ਵਾਸੀ ਵੈਰੋਵਾਲ ਰੋਡ, ਜੰਡਿਆਲਾ ਗੁਰੂ ਨੂੰ ਗ੍ਰਿਫਤਾਰ ਕਰਕੇ 6 ਕਿੱਲੋ ਹੈਰੋਇਨ ਤੇ ਹੁੰਡਈ ਆਈ-10 ਕਾਰ ਜ਼ਬਤ ਕੀਤੀ ਹੈ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਲਜ਼ਮ ਦੁਬਈ ਦੇ ਹੈਂਡਲਰ ਅੰਤਰਪ੍ਰੀਤ ਸਿੰਘ ਦੇ ਇਸ਼ਾਰੇ 'ਤੇ ਕੰਮ ਕਰ ਰਿਹਾ ਸੀ। ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਅੰਤਰਪ੍ਰੀਤ ਸਿੰਘ ਦੇ ਨਿਰਦੇਸ਼ਾਂ 'ਤੇ ਹੈਰੋਇਨ ਦੀਆਂ ਵੱਡੀਆਂ ਖੇਪਾਂ ਪ੍ਰਾਪਤ ਕਰਕੇ ਇਨ੍ਹਾਂ ਦੀ ਅੱਗੇ ਸਪਲਾਈ ਵੀ ਕਰਦਾ ਸੀ। ਭਰੋਸੇਯੋਗ ਜਾਣਕਾਰੀ ਮਿਲੀ ਸੀ ਕਿ ਮੁਲਜ਼ਮ ਲਵਪ੍ਰੀਤ ਨੇ ਹਾਲ ਹੀ ਵਿੱਚ ਹੈਰੋਇਨ ਦੀ ਇੱਕ ਵੱਡੀ ਖੇਪ ਪ੍ਰਾਪਤ ਕੀਤੀ ਹੈ ਅਤੇ ਇਹ ਖੇਪ ਅੰਮ੍ਰਿਤਸਰ-ਜਲੰਧਰ ਜੀ ਟੀ ਰੋਡ 'ਤੇ ਅੱਡਾ ਮਾਨਾਵਾਲਾ ਨੇੜੇ ਕਿਸੇ ਹੋਰ ਪਾਰਟੀ ਨੂੰ ਪਹੁੰਚਾਈ ਜਾਣੀ ਹੈ। ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਸਰਹੱਦ ਪਾਰੋਂ ਚੱਲ ਰਹੇ ਨਸ਼ੀਲੇ ਪਦਾਰਥ ਤੇ ਹਥਿਆਰ ਤਸਕਰੀ ਮਡਿਊਲ ਨਾਲ ਸੰਬੰਧਤ ਦੋ ਮੁਲਜ਼ਮਾਂ ਨੂੰ 4.108 ਕਿਲੋਗ੍ਰਾਮ ਹੈਰੋਇਨ ਅਤੇ ਚਾਰ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹਨਾਂ ਦੀ ਪਛਾਣ ਅਰਸ਼ਦੀਪ ਸਿੰਘ ਉਰਫ਼ ਅਰਸ਼ (21) ਵਾਸੀ ਪਿੰਡ ਲਹੁਕਾ, ਤਰਨ ਤਾਰਨ ਅਤੇ ਤਰਸੇਮ ਸਿੰਘ ਉਰਫ਼ ਕੈਰੋਂ ਉਰਫ਼ ਪਹਿਲਵਾਨ (31) ਵਾਸੀ ਮੁਹੱਲਾ ਜਸਵੰਤ ਸਿੰਘ ਨਗਰ, ਤਰਨ ਤਾਰਨ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਦੋ 9 ਐੱਮ ਐੱਮ ਗਲੌਕ (ਆਸਟਰੀਆ ਦੇ ਬਣੇ ਹੋਏ) ਅਤੇ ਦੋ .30 ਬੋਰ ਦੇ ਪਿਸਤੌਲ (ਚੀਨ ਦੇ ਬਣੇ ਹੋਏ) ਅਤੇ ਪੰਜ ਜ਼ਿੰਦਾ ਕਾਰਤੂਸ ਸ਼ਾਮਲ ਹਨ।

# ਐੱਨ ਐੱਮ ਐੱਮ ਐੱਸ ਪ੍ਰੀਖਿਆ ਵਿੱਚ ਸਲੈਕਟ ਹੋਏ ਵਿਦਿਆਰਥੀ ਸਨਮਾਨਤ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਰਾਜ ਵਿਦਿਅਕ ਖੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ ਵੱਲੋਂ ਹਰ ਸਾਲ ਕਰਵਾਈ ਜਾਂਦੀ ਨੈਸ਼ਨਲ ਮੀਨਸ-ਕਮ-ਮੈਰਿਟ ਸਕਾਲਰਸ਼ਿਪ ਦੀ ਪ੍ਰੀਖਿਆ 2025 ਵਿੱਚੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਮਾਈ ਦੇ ਚੁਣੇ ਗਏ ਵਿਦਿਆਰਥੀ ਸਾਗਰ ਲੋਈ ਪੁੱਤਰ ਸਤਨਾਮ ਸਿੰਘ ਨੂੰ ਸਮੂਹ ਸਟਾਫ਼ ਵੱਲੋਂ ਯਾਦਗਾਰੀ ਮੂਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਮੁਖੀ ਪ੍ਰਿੰਸੀਪਲ ਪੂਨਮ ਸ਼ਰਮਾ ਨੇ ਦੱਸਿਆ ਕਿ ਇਸ ਪ੍ਰੀਖਿਆ ਵਿੱਚ ਸਾਡੇ ਸਕੂਲ ਦੇ ਵਿਦਿਆਰਥੀ ਪਿਛਲੇ ਕਈ ਸਾਲਾਂ ਤੋਂ ਪ੍ਰਾਪਤੀਆਂ ਕਰਦੇ ਆ ਰਹੇ ਹਨ। ਇਸ ਵਾਰ ਵੀ ਧਮਾਈ ਸਕੂਲ ਦੇ ਵਿਦਿਆਰਥੀ ਸਾਗਰ ਲੋਈ ਨੇ ਇਸ ਪ੍ਰੀਖਿਆ ਨੂੰ ਪਾਸ ਕਰਕੇ ਸਕੂਲ ਦਾ, ਮਾਪਿਆਂ ਦਾ ਅਤੇ ਸਟਾਫ਼ ਦਾ ਨਾਮ ਉੱਚਾ ਕੀਤਾ ਹੈ।ਸਕੂਲ ਇੰਚਾਰਜ ਮੁਕੇਸ਼ ਕੁਮਾਰ ਨੇ ਦੱਸਿਆ ਕਿ ਇਸ ਪ੍ਰੀਖਿਆ ਵਿੱਚ ਸਲੈਕਟ ਹੋਏ ਵਿਦਿਆਰਥੀ ਨੂੰ ਨੌਵੀਂ ਕਲਾਸ ਤੋਂ ਲੈ ਕੇ ਬਾਰ੍ਹਵੀਂ ਕਲਾਸ ਤੱਕ 12000 ਰੁਪਏ ਪ੍ਰਤੀ ਸਾਲ ਦੇ ਹਿਸਾਬ ਨਾਲ਼ ਚਾਰ ਸਾਲਾਂ ਵਿੱਚ 48000 ਰੁਪਏ ਸਕਾਲਰਸ਼ਿਪ ਮਿਲੇਗਾ।

# ਮਹੀਨਾਵਾਰ ਗੁਰਮਤਿ ਸਮਾਗਮ ਕਰਵਾਇਆ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸਾਹਿਬਜਾਦਾ ਅਜੀਤ ਸਿੰਘ ਸੇਵਾ ਸੁਸਾਇਟੀ ਇਲਾਕਾ ਮਾਹਿਲਪੁਰ ਵਲੋਂ ਮਹੀਨਾਵਾਰ ਗੁਰਮਤਿ ਸਮਾਗਮ ਪਿੰਡ ਰੂਪੋਵਾਲ ਵਿਖੇ ਕੀਤਾ ਗਿਆ, ਜਿਸ ਵਿਚ ਪਹਿਲਾਂ ਭਾਈ ਬਲਵੀਰ ਸਿੰਘ ਮਨੋਲੀਆ ਨੇ ਕੀਰਤਨ ਅਤੇ ਗੁਰਮਤਿ ਵਿਚਾਰਾ ਨਾਲ ਸੰਗਤਾ ਨੂੰ ਨਿਹਾਲ ਕੀਤਾ। ਉਪਰੰਤ ਭਾਈ ਕੁਲਵਿੰਦਰ ਸਿੰਘ ਬੀਬੀ ਵਾਲਾ ਬਠਿੰਡਾ ਨੇ ਭਗਤ ਧੰਨਾ ਦੇ ਜੀਵਨ ਵਾਰੇ ਚਾਨਣਾ ਪਾਇਆ।ਅੰਤ ਵਿਚ ਜਥੇਦਾਰ ਹਰਬੰਸ ਸਿੰਘ ਸਰਹਾਲਾ ਨੇ ਭਾਈ ਬਲਵੀਰ ਸਿੰਘ, ਭਾਈ ਕੁਲਵਿੰਦਰ ਸਿੰਘ ਅਤੇ ਗੁਰਦਵਾਰਾ ਪ੍ਰਬੰਧਕ ਕਮੇਟੀ ਰੂਪੋਵਾਲ ਅਤੇ ਸਮੂੰਹ ਸੰਗਤ ਦਾ ਧੰਨਵਾਦ ਕੀਤਾ। ਇਸ ਮੌਕੇ ਦਲਜੀਤ ਸਿੰਘ, ਹਰਪ੍ਰੀਤ ਸਿੰਘ, ਹਰਬੰਸ ਸਿੰਘ ਸਰਹਾਲਾ ਸਮੂੰਹ ਸੰਗਤ ਰੂਪੋਵਾਲ ਹਾਜ਼ਰ ਸੀ । ਗੁਰੂ ਕਾ ਲੰਗਰ ਅਤੁਟ ਚੱਲਿਆ।

# ਸਨਮਾਨ ਸਮਾਰੋਹ 'ਤੇ ਵਿਸ਼ੇਸ਼ : ਹਿੱਕ ਡਾਹ ਕੇ ਲੋਕ ਹਿੱਤਾਂ ਲਈ ਸੰਘਰਸ਼ ਕਰਨ ਵਾਲੇ ਦਰਸ਼ਨ ਮੱਟੂ



ਦੇਸ਼ ਦੀ ਏਕਤਾ, ਅਖੰਡਤਾ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਅਮਰ ਸ਼ਹੀਦਾਂ ਚੌਧਰੀ ਬਲਵੀਰ ਸਿੰਘ ਅਤੇ ਪ੍ਰਿੰਸੀਪਲ ਓਮ ਪ੍ਰਕਾਸ਼ ਬੱਗਾ ਦੀ ਯਾਦ ਨੂੰ ਤਾਜ਼ਾ ਰੱਖਣ ਲਈ ਸਮਾਜ ਸੇਵੀ ਸੰਸਥਾ ਸਵੇਰਾ ਵੱਲੋਂ 2025-26 ਦਾ ਸਨਮਾਨ ਗੰਗਾ ਯਮਨੀ ਇਕਸੁਰਤਾ ਐਵਾਰਡ ਸਮਾਜ ਸੇਵੀ, ਕਮਿਊਨਿਸਟ ਵਿਚਾਰਧਾਰਾ ਦੇ ਅਨੁਆਈ, ਸਰਗਰਮ ਸਿਆਸਤਦਾਨ, ਲੋਕ ਹੱਕਾਂ ਲਈ ਨਿਰੰਤਰ ਸੰਘਰਸ਼ਸ਼ੀਲ ਕਾਮਰੇਡ ਦਰਸ਼ਨ ਸਿੰਘ ਮੱਟੂ ਅਤੇ ਸਾਬਕਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਹੁਸ਼ਿਆਰਪੁਰ ਸਰਦਾਰ ਤੇਜਿੰਦਰ ਸਿੰਘ ਸੋਢੀ ਨੂੰ ਦਿੱਤਾ ਜਾ ਰਿਹਾ ਹੈ। ਇਹ ਐਵਾਰਡ ਸ਼ਹੀਦਾਂ ਦੀ ਵਾਰਸ ਸੰਸਥਾ ਸਵੇਰਾ ਵੱਲੋਂ ਇਤਿਹਾਸਕ ਦਿਨ ਮਜ਼ਦੂਰ ਦਿਵਸ 'ਤੇ ਪਹਿਲੀ ਮਈ ਨੂੰ ਦਿੱਤਾ ਜਾ ਰਿਹਾ ਹੈ। ਜਿਸ ਦੇ ਕਨਵੀਨਰ ਡਾਕਟਰ ਅਜੈ ਕੁਮਾਰ ਬੱਗਾ ਹਨ। ਇਹਨਾਂ ਸਤਰਾਂ ਵਿੱਚ ਕਾਮਰੇਡ ਦਰਸ਼ਨ ਸਿੰਘ ਮੱਟੂ ਬਾਰੇ ਲਿਖ ਰਿਹਾ ਹਾਂ।

ਕਾਮਰੇਡ ਦਰਸ਼ਨ ਸਿੰਘ ਮੱਟੂ ਦਾ ਅੱਧੀ ਸਦੀ ਤੋਂ ਵੱਧ ਦਾ ਸਮਾਂ ਅਨਿਆਂ, ਅੱਤਿਆਚਾਰ, ਬੇਇਨਸਾਫ਼ੀ ਵਿਰੁੱਧ ਸੰਘਰਸ਼ਸ਼ੀਲ ਜੀਵਨ ਹੈ। ਵਿਦਿਆਰਥੀ ਸੰਘਰਸ਼, ਨੌਜਵਾਨਾਂ ਦੀਆਂ ਮੰਗਾਂ, ਕਿਸਾਨੀ ਮੰਗਾਂ, ਸਨਅਤੀ ਮਜ਼ਦੂਰਾਂ, ਖੇਤ ਮਜ਼ਦੂਰਾਂ, ਕੰਢੀ ਖੇਤਰ ਦੀਆਂ ਸਮੱਸਿਆਵਾਂ ਲਈ ਹੁਣ ਤੱਕ ਦਾ ਸਾਰਾ ਜੀਵਨ ਹਿੱਕ ਡਾਹ ਕੇ ਸੰਘਰਸ਼ ਲੜਨ ਅਤੇ ਅਗਵਾਈ ਕਰਨ ਦਾ ਹੈ।

ਕਾਮਰੇਡ ਦਰਸ਼ਨ ਸਿੰਘ ਮੱਟੂ ਪੰਜਾਬ ਅੰਦਰ ਜਾਣਕਾਰੀ ਦਾ ਮੁਥਾਜ ਨਹੀਂ।ਉਹਨੇ ਹੇਠਲੇ ਅਹੁਦਿਆਂ ਤੋਂ ਲੈ ਕੇ ਸੂਬਾ ਪੱਧਰ ਤੱਕ ਅਗਵਾਈ ਕੀਤੀ। ਉਹ ਐੱਸ ਐੱਫ ਆਈ (ਸਟੂਡੈਂਟ ਫੈਡਰੇਸ਼ਨ ਆਫ ਇੰਡੀਆ) ਪੰਜਾਬ ਇਕਾਈ ਦੇ ਸੂਬਾ ਪ੍ਰਧਾਨ ਰਹੇ। ਕਾਮਰੇਡ ਮੱਟੂ ਦੀ ਅਗਵਾਈ ਵਿੱਚ ਸਕੂਲ ਪੱਧਰ ਤੋਂ ਲੈ ਕੇ ਯੂਨੀਵਰਸਿਟੀ ਪੱਧਰ ਤੱਕ ਵਿਦਿਆਰਥੀਆਂ ਦੀਆਂ ਮੰਗਾਂ ਅਤੇ ਸਮੱਸਿਆਵਾਂ ਦੇ ਹੱਲ ਲਈ ਸੈਂਕੜੇ ਸੰਘਰਸ਼ ਲੜੇ ਗਏ ਅਤੇ ਜਿੱਤਾਂ ਪ੍ਰਾਪਤ ਕੀਤੀਆਂ।ਕਿਸਾਨੀ ਸੰਘਰਸ਼ਾਂ, ਨੌਜਵਾਨਾਂ ਦੀਆਂ ਮੰਗਾਂ ਲਈ ਛਾਤੀ ਤਾਣ ਕੇ ਅਗਵਾਈ ਕਰਦਿਆਂ ਕਾਮਰੇਡ ਦਰਸ਼ਨ ਸਿੰਘ ਮੱਟੂ ਨੂੰ ਦੇਖਿਆ ਗਿਆ ਹੈ। ਗੜ੍ਹਸ਼ੰਕਰ, ਬਲਾਚੌਰ, ਨਵਾਂ ਸ਼ਹਿਰ ਦੀਆਂ ਸਥਾਨਕ ਮੰਗਾਂ ਲਈ ਲੜੇ ਜਾ ਰਹੇ ਸੰਘਰਸ਼ਾਂ ਦਾ ਉਹ ਹੀਰੋ ਹੈ। ਉਹ ਹਰ ਜਬਰ-ਜ਼ੁਲਮ, ਪੁਲਸ ਜਬਰ, ਬੇਇਨਸਾਫ਼ੀ ਵਿਰੁੱਧ ਲੜੇ ਜਾ ਰਹੇ ਸੰਘਰਸ਼ ਵਿੱਚ ਨਿਰੰਤਰ ਹਾਜ਼ਰ ਹੁੰਦਾ ਹੈ। ਨਜਾਇਜ਼ ਖਣਨ, ਕੰਢੀ ਖੇਤਰ ਦੀਆਂ ਸਮੱਸਿਆਵਾਂ ਜਿਵੇਂ ਕੰਢੀ ਨਹਿਰ, ਜੰਗਲੀ ਜਾਨਵਰਾਂ, ਅਵਾਰਾ ਪਸ਼ੂਆਂ ਦੀਆਂ ਸਮੱਸਿਆਵਾਂ ਨਾਲ ਜੂਝ ਰਹੇ ਕੰਢੀ ਖੇਤਰ ਦੇ ਲੋਕਾਂ ਦੇ ਸੰਘਰਸ਼ਾਂ ਦਾ ਕਾਮਰੇਡ ਮੱਟੂ ਮੁੜੈਲੀ ਹੈ।

ਕਾਮਰੇਡ ਦਰਸ਼ਨ ਸਿੰਘ ਮੱਟੂ ਜਿੱਥੇ ਪੁਲਸ ਜਬਰ ਵਿਰੁੱਧ ਲਗਾਤਾਰ ਲੜਾਈ ਵਿੱਚ ਰਹਿੰਦਾ ਹੈ, ਉਥੇ ਜਦੋਂ ਪੁਲਸ ਮੁਲਾਜ਼ਮਾਂ ਵੱਲੋਂ ਆਪਣੀਆਂ ਮੰਗਾਂ ਲਈ 1979 ਵਿੱਚ ਹੜਤਾਲ ਕੀਤੀ ਤਾਂ ਮੱਟੂ ਨੇ ਹੜਤਾਲ ਦਾ ਸਮਰਥਨ ਕੀਤਾ ਅਤੇ ਇਸ ਦੋਸ਼ ਵਿੱਚ ਕਾਮਰੇਡ ਦਰਸ਼ਨ ਸਿੰਘ ਮੱਟੂ ਅਤੇ ਮਰਹੂਮ ਕਾਮਰੇਡ ਰਘੂਨਾਥ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ 92 ਦਿਨ ਦੀ ਜੇਲ੍ਹ ਯਾਤਰਾ ਕਰਨੀ ਪਈ। ਲੋਕ ਘੋਲਾਂ ਦੀ ਅਗਵਾਈ ਕਰਦਿਆਂ ਉਨ੍ਹਾਂ ਨੂੰ 3 ਸਾਲ 6 ਮਹੀਨੇ ਜੇਲ੍ਹਾਂ ਵਿੱਚ ਵੀ ਬਿਤਾਉਣੇ ਪਏ। ਇਹ ਕੁਰਬਾਨੀਆਂ ਕਰਨ ਦੀ ਪ੍ਰੇਰਨਾ ਉਨ੍ਹਾਂ ਨੂੰ ਮਹਾਨ ਦੇਸ਼ ਭਗਤ ਅਤੇ ਅਮਰ ਸ਼ਹੀਦ ਕਾਮਰੇਡ ਚੰਨਣ ਸਿੰਘ ਦੂਤ, ਕਾਮਰੇਡ ਨੈਣਾ ਸਿੰਘ ਦੂਤ, ਅਮਰ ਸ਼ਹੀਦ ਕਾਮਰੇਡ ਦਰਸ਼ਨ ਸਿੰਘ ਕਨੇਡੀਅਨ, ਕਾਮਰੇਡ ਭਗਤ ਸਿੰਘ ਝੁਗੀਆਂ ਤੋਂ ਮਿਲੀ।

ਕਾਮਰੇਡ ਮੱਟੂ ਸਿਰਫ਼ ਮਜ਼ਦੂਰ ਜਮਾਤ ਦੀ ਰਾਜਨੀਤੀ ਨਾਲ ਗੜੁੱਚ ਹੈ। ਉੱਥੇ ਉਹ ਵੱਡਾ ਸਮਾਜ ਸੇਵੀ ਵੀ ਹੈ। ਉਹ ਅਤੇ ਉਨ੍ਹਾਂ ਦੀ ਧਰਮ ਪਤਨੀ ਕਾਮਰੇਡ ਸੁਭਾਸ਼ ਚੌਧਰੀ ਨੇ ਗੜ੍ਹਸ਼ੰਕਰ ਇਲਾਕੇ ਅੰਦਰ 17 ਵਾਰ ਖ਼ੂਨਦਾਨ ਕੈਂਪ ਲਗਵਾਏ ਹਨ।ਉਨ੍ਹਾਂ ਆਪ ਵੀ ਅੱਧੀ ਦਰਜਨ ਦੇ ਕਰੀਬ ਖ਼ੂਨਦਾਨ ਕੀਤਾ ਹੈ।ਉਹ ਏਡੇ ਵੱਡੇ ਸਮਾਜ ਸੇਵੀ ਹਨ ਕਿ ਮਰਨ ਉਪਰੰਤ ਆਪਣਾ ਸਰੀਰ ਦਾਨ ਕਰਨ ਦਾ ਵੀ ਐਲਾਨ ਕਰ ਚੁੱਕੇ ਹਨ।ਉਹ ਵੱਡੇ ਵਾਤਾਵਰਨ ਪ੍ਰੇਮੀ ਹਨ, ਜਿਨ੍ਹਾਂ ਨੇ ਇਲਾਕੇ ਅੰਦਰ ਸ਼ਿਵਾਲਿਕ ਦੀਆਂ ਪਹਾੜੀਆਂ ਨੂੰ ਬਚਾਉਣ, ਨਜਾਇਜ਼ ਮਾਇਨਿੰਗ ਰੋਕਣ, ਗਰੀਬ ਹੁਸ਼ਿਆਰ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਸਹਾਇਤਾ ਕਰਨ, ਗਰੀਬ ਪਰਵਾਰਾਂ ਦੀ ਬਿਮਾਰੀ ਅਤੇ ਹੋਰ ਬਿਪਤਾ ਵੇਲੇ ਮਦਦ ਕਰਨ, ਗਰੀਬ ਪਰਵਾਰਾਂ ਦੀਆਂ ਲੜਕੀਆਂ ਨੂੰ ਸਿਲਾਈ ਮਸ਼ੀਨਾਂ ਵੰਡਣ ਅਤੇ ਨਵੀਂ ਪਲਾਂਟੇਸ਼ਨ ਕਰਨ ਦੇ ਯਤਨਾਂ ਲਈ ਵੀ ਮਸਰੂਫ਼ ਰਹਿੰਦੇ ਹਨ।

ਸਮਾਜ ਸੇਵੀ ਸੰਸਥਾ ਸਵੇਰਾ ਦੇ ਕਨਵੀਨਰ ਡਾਕਟਰ ਅਜੈ ਬੱਗਾ ਅਤੇ ਪ੍ਰਬੰਧਕਾਂ ਵੱਲੋਂ ਦੇਸ਼ ਦੀ ਏਕਤਾ, ਅਖੰਡਤਾ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਅਮਰ ਸ਼ਹੀਦਾਂ ਦੀ ਯਾਦ ਵਿੱਚ ਗੰਗਾ ਯਮਨੀ ਇਕਸੁਰਤਾ ਐਵਾਰਡ ਦਾ ਐਲਾਨ ਕਰਨ ਸਮੇਂ ਇੱਕ ਚੰਗੀ ਸ਼ਖ਼ਸੀਅਤ ਦੀ ਨਿਰਖ ਪਰਖ ਕੀਤੀ ਹੈ।

- ਪ੍ਰੇਮ ਰੱਕੜ
ਮੋਬਾ 94651-05372

# 10 ਲੱਖ ਵਾਲੇ ਸਿਹਤ ਕਾਰਡ ਬਣਾਉਣ ਲਈ ਲਗਾਏ ਕੈਂਪ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਬਿਹਤਰ ਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਵਿਸ਼ੇਸ਼ ਮੁਹਿੰਮ ਤਹਿਤ ਡੇਰਾ ਬੱਸੀ ਹਲਕੇ ਦੇ ਵੱਖ-ਵੱਖ ਸਥਾਨਾਂ 'ਤੇ ਸਿਹਤ ਕਾਰਡ ਬਣਾਉਣ ਲਈ ਵਿਸ਼ੇਸ਼ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਰਾਹੀਂ ਲੋਕਾਂ ਦੇ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਵਾਲੇ ਕਾਰਡ ਬਣਾਏ ਜਾ ਰਹੇ ਹਨ। ?ਇਸ ਪ੍ਰਕਿਰਿਆ ਦਾ ਨਿਰੀਖਣ ਕਰਨ ਲਈ ਜ਼ਿਲ੍ਹਾ ਐੱਸ ਏ ਐੱਸ ਨਗਰ ਦੀ ਸਿਵਲ ਸਰਜਨ ਡਾ. ਸੰਗੀਤਾ ਜੈਨ ਵਿਸ਼ੇਸ਼ ਤੌਰ 'ਤੇ ਡੇਰਾ ਬੱਸੀ ਪਹੁੰਚੇ। ਉਨ੍ਹਾਂ ਨੇ ਵੱਖ-ਵੱਖ ਕੈਂਪਾਂ ਦਾ ਜਾਇਜ਼ਾ ਲੈਂਦਿਆਂ ਪ੍ਰਬੰਧਾਂ 'ਤੇ ਤਸੱਲੀ ਪ੍ਰਗਟਾਈ। ਡੇਰਾ ਬੱਸੀ ਬਲਾਕ ਦੇ ਆਮ ਆਦਮੀ ਕਲੀਨਿਕ ਮੀਰਪੁਰ, ਆਮ ਆਦਮੀ ਕਲੀਨਿਕ ਸੈਦਪੁਰਾ ਅਤੇ ਸਬ-ਡਵੀਜ਼ਨਲ ਹਸਪਤਾਲ ਡੇਰਾ ਬੱਸੀ ਵਿਖੇ ਇਹ ਕੈਂਪ ਲਗਾਏ ਗਏ। ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਕੈਂਪਾਂ ਵਿੱਚ ਉਪਲਬਧ ਸਹੂਲਤਾਂ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਅਤੇ ਮੌਜੂਦ ਸਟਾਫ਼ ਨੂੰ ਸਖ਼ਤ ਦਿਸ਼ਾ-ਨਿਰਦੇਸ਼ ਦਿੱਤੇ ਕਿ ਕਾਰਡ ਬਣਾਉਣ ਆਏ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ। ਉਨ੍ਹਾਂ ਵਿਭਾਗ ਦੇ ਕਰਮਚਾਰੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਉਤਸ਼ਾਹਿਤ ਕੀਤਾ ਕਿ ਉਹ ਵੱਧ ਤੋਂ ਵੱਧ ਯੋਗ ਲਾਭਪਾਤਰੀਆਂ ਨੂੰ ਇਸ ਸਕੀਮ ਨਾਲ ਜੋੜਨ।



# ਵਿੱਤ ਮੰਤਰੀ ਦੀ ਕੋਠੀ ਦੇ ਘਿਰਾਓ 'ਚ ਅੱਜ ਸ਼ਾਮਲ ਹੋਣ ਦਾ ਐਲਾਨ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਰਜਿ ਨੰ. 31 ਜ਼ਿਲ੍ਹਾ ਗੁਰਦਾਸਪੁਰ ਬ੍ਰਾਂਚ ਦੀਨਾਨਗਰ ਦੀ ਮੀਟਿੰਗ ਦੀਨਾਨਗਰ ਵਿਖੇ ਹੋਈ। ਜ਼ਿਲ੍ਹਾ ਮੀਤ ਪ੍ਰਧਾਨ ਵਿਪਾਨਪ੍ਰੀਤ ਸਿੰਘ ਬ੍ਰਾਂਚ ਪ੍ਰਧਾਨ ਹਰਦੀਪ ਸਿੰਘ ਹਯਾਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਕੱਚੇ/ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਵਾਲੀ ਕੈਬਨਿਟ ਸਬ-ਕਮੇਟੀ ਵੱਲੋਂ ਪਿਛਲੇ 4 ਸਾਲਾਂ ਦੌਰਾਨ ਠੇਕਾ ਮੁਲਾਜ਼ਮਾਂ ਨੂੰ ਝੂਠੇ ਲਾਰਿਆਂ 'ਚ ਰੱਖਿਆ ਹੋਇਆ ਹੈ, ਜਿਸ ਦੇ ਵਿਰੋਧ ਵਜੋਂ ਸਬ ਕਮੇਟੀ ਦੇ ਚੇਅਰਮੈਨ-ਕਮ- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਕੋਠੀ ਦਾ ਘਿਰਾਓ 1 ਮਈ ਮਜ਼ਦੂਰ ਦਿਵਸ ਵਾਲੇ ਦਿਨ ਸੰਗਰੂਰ ਵਿਖੇ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਰਜਿ ਨੰ 31 ਜ਼ਿਲਾ ਗੁਰਦਾਸਪੁਰ ਬ੍ਰਾਂਚ ਦੀਨਾਨਗਰ ਦੇ ਵਰਕਰ ਪਰਵਾਰਾਂ, ਬੱਚਿਆਂ ਸਮੇਤ ਸ਼ਾਮਲ ਹੋਣਗੇ । ਆਗੂਆਂ ਮੰਗ ਕੀਤੀ ਕਿ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਪਿਛਲੇ ਲੰਮੇ ਅਰਸੇ ਤੋਂ ਕੰਮ ਕਰਦੇ ਆ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਸੰਬੰਧਤ ਵਿਭਾਗਾਂ ਵਿਚ ਮਰਜ ਕਰਕੇ ਰੈਗੂਲਰ ਕੀਤਾ ਜਾਵੇ, ਗੁਜ਼ਾਰੇ ਯੋਗ, ਘੱਟੋ-ਘੱਟ ਉਜਰਤ ਦੇ ਕਾਨੂੰਨ 1948 ਅਤੇ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਨੂੰ ਅਧਾਰ ਮੰਨ ਕੇ ਇਨਲਿਸਟਮੈਂਟ/ਆਊਟਸੋਰਸ ਮੁਲਾਜ਼ਮਾਂ ਦੀ ਤਨਖਾਹ ਤੈਅ ਕੀਤੀ ਜਾਵੇ। ਬਰਾਬਰ ਕੰਮ ਬਰਾਬਰ ਤਨਖਾਹ ਦੇ ਵਿਗਿਆਨਕ ਅਸੂਲ ਨੂੰ ਲਾਗੂ ਕੀਤਾ ਜਾਵੇ। ਸਰਕਾਰੀ ਵਿਭਾਗਾਂ ਦੀ ਨਿੱਜੀਕਰਨ/ਪੰਚਾਇਤੀਕਰਨ ਦੀ ਨੀਤੀ ਨੂੰ ਤੁਰੰਤ ਰੱਦ ਕੀਤਾ ਜਾਵੇ। ਸੇਵਾ ਸਮੇਂ ਦੌਰਾਨ ਹੋਣ ਵਾਲੇ ਗੈਰ-ਘਾਤਕ ਹਾਦਸਿਆਂ 100% ਭਰਪਾਈ ਵਿਭਾਗ ਵੱਲੋਂ ਕਰਨ ਦੀ ਗਰੰਟੀ ਕੀਤੀ ਜਾਵੇ। ਘੱਟੋ-ਘੱਟ ਪਰਵਾਰ ਨੂੰ 50 ਲੱਖ ਰੁਪਏ ਮੁਆਵਜ਼ੇ ਦੀ ਅਦਾਇਗੀ ਦੇ ਨਾਲ ਪਰਵਾਰ ਦੇ ਇਕ ਜੀਅ ਨੂੰ ਪੱਕੀ ਨੌਕਰੀ ਅਤੇ ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ। ਇਸ ਮੌਕੇ ਦੀਪਕ ਕੁਮਾਰ, ਬਲਵਿੰਦਰ ਕੁਮਾਰ, ਰਾਜ ਕੁਮਾਰ, ਗੁਰਬਚਨ ਲਾਲ, ਭੁਪਿੰਦਰ ਕੁਮਾਰ, ਜਨਕ ਸਿੰਘ, ਮੰਗਤ ਰਾਮ, ਸੋਹਣ ਲਾਲ, ਰੋਹਿਤ ਕੁਮਾਰ, ਸੁਰੇਸ਼ ਕੁਮਾਰ ਆਦਿ ਹਾਜ਼ਰ ਹੋਏ।




# ਫੈਕਲਟੀ ਡਿਵੈੱਲਪਮੈਂਟ ਪ੍ਰੋਗਰਾਮ ਦੇ ਤੀਸਰੇ ਦਿਨ ਵਿਦਵਾਨਾਂ ਦੇ ਪ੍ਰੇਰਨਾਦਾਇਕ ਲੈਕਚਰ

**ਗੁਰਦਾਸਪੁਰ (ਜਨਕ ਮਹਾਜਨ)**- ਸਰਕਾਰੀ ਕਾਲਜ ਗੁਰਦਾਸਪੁਰ ਵਿਚ ਚੱਲ ਰਹੇ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦਾ ਤੀਸਰਾ ਦਿਨ ਬਹੁਤ ਹੀ ਪ੍ਰੇਰਨਾਦਾਇਕ ਰਿਹਾ। ਇਹ ਪ੍ਰੋਗਰਾਮ ਡਾ. ਅਸ਼ਵਨੀ ਕੁਮਾਰ ਭੱਲਾ ਪ੍ਰਿੰਸੀਪਲ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। ਅੱਜ ਦੇ ਪਹਿਲੇ ਸੈਸ਼ਨ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਐਜੂਕੇਸ਼ਨ ਵਿਭਾਗ ਦੀ ਪ੍ਰੋਫੈਸਰ ਡਾ. ਦੀਪਾ ਸਿਕੰਦ ਕੌਟਜ਼ ਮੁੱਖ ਵਕਤਾ ਵਜੋਂ ਸ਼ਾਮਿਲ ਹੋਏ। ਉਨ੍ਹਾਂ ਨੇ ਆਪਣੇ ਵਿਚਾਰਾਂ ਵਿੱਚ ਕਿਹਾ ਕਿ ਐਨ.ਈ.ਪੀ. 2020 ਦੇ ਪ੍ਰਸੰਗ ਵਿਚ ਮੁਲਾਂਕਣ ਨੂੰ ਸਿਰਫ ਨੰਬਰਾਂ ਜਾਂ ਪ੍ਰਦਰਸ਼ਨ ਦੀ ਪੁਸ਼ਟੀ ਤੱਕ ਸੀਮਿਤ ਨਾ ਰੱਖ ਕੇ ਇਸ ਨੂੰ ਲਗਾਤਾਰ, ਯੋਗਤਾ-ਆਧਾਰਿਤ ਅਤੇ ਹੁਨਰ ਵਿਕਾਸ ਨਾਲ ਜੋੜਨਾ ਜ਼ਰੂਰੀ ਹੈ, ਤਾਂ ਜੋ ਵਿਦਿਆਰਥੀਆਂ ਦਾ ਸਰਵਾਂਗੀਣ ਵਿਕਾਸ ਯਕੀਨੀ ਬਣਾਇਆ ਜਾ ਸਕੇ। ਦੁਪਹਿਰ ਦੇ ਸੈਸ਼ਨ ਵਿਚ ਡਾ. ਗੁਰਦੀਪ ਸਿੰਘ ਵੱਲੋਂ ਵਿਦਿਆਰਥੀਆਂ ਵਿਚ ਮਾਨਸਿਕ ਸਿਹਤ ਸੰਬੰਧੀ ਚੁਣੌਤੀਆਂ ਦੇ ਮੁੱਖ ਕਾਰਨਾਂ ਵਜੋਂ ਅਕਾਦਮਿਕ ਦਬਾਅ, ਵਧੇਰੇ ਕੰਮ ਦਾ ਬੋਝ ਅਤੇ ਆਰਥਿਕ ਚਿੰਤਾਵਾਂ ਨੂੰ ਉਜਾਗਰ ਕੀਤਾ। ਇਸ ਦਿਨ ਦੇ ਦੋਹਾਂ ਸੈਸ਼ਨਾਂ ਨੇ ਅਧਿਆਪਕਾਂ ਨੂੰ ਨਵੀਂ ਸੋਚ ਅਤੇ ਦਿਸ਼ਾ ਪ੍ਰਦਾਨ ਕੀਤੀ।



## ਸਮਾਜ ਸੇਵੀ ਰਾਜਵਿੰਦਰ ਕੌਰ ਭਾਜਪਾ 'ਚ ਸ਼ਾਮਲ



**ਅੰਮ੍ਰਿਤਸਰ, ਤਰਨ ਤਾਰਨ (ਮਨੋਜ, ਪ੍ਰਿਤਪਾਲ ਸਿੰਘ)**- ਸਮਾਜ ਸੇਵੀ ਅਤੇ ਔਰਤਾਂ ਦੀ ਆਵਾਜ਼ ਰਾਜਵਿੰਦਰ ਕੌਰ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ । ਇਹ ਸ਼ਮੂਲੀਅਤ ਚੰਡੀਗੜ੍ਹ ਵਿਖੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਮੌਜੂਦਗੀ ਵਿੱਚ ਹੋਈ, ਜਿਨ੍ਹਾਂ ਨੇ ਰਾਜਵਿੰਦਰ ਨੂੰ ਪਾਰਟੀ ਦਾ ਸਕਾਰਫ਼ ਅਤੇ ਚਿੰਨ੍ਹ ਭੇਟ ਕਰਦਿਆਂ ਸਵਾਗਤ ਕੀਤਾ।ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਔਰਤਾਂ ਦੇ ਹੱਕਾਂ ਲਈ ਆਵਾਜ਼ ਉਠਾਉਂਦੇ ਰਹੇ ਹਨ, ਪਰ ਜਦੋਂ ਤੋਂ ਪੰਜਾਬ ਵਿੱਚ 'ਆਪ' ਦੀ ਸਰਕਾਰ ਆਈ ਹੈ, ਔਰਤਾਂ ਦੀ ਭਲਾਈ ਲਈ ਕੋਈ ਵੱਡਾ ਕੰਮ ਨਹੀਂ ਹੋਇਆ।ਓਹਨਾ ਪੰਜਾਬ ਸਰਕਾਰ ਦੁਆਰਾ ਔਰਤਾਂ ਲਈ ਕੀਤੇ ਕੰਮਾਂ ਨੂੰ ਨਾਕਾਫੀ ਦੱਸਿਆ।

## ਅਕਾਲੀ ਦਲ ਵਾਰਿਸ ਪੰਜਾਬ ਦੇ ਪਿੰਡ ਪੱਧਰ 'ਤੇ ਮਜ਼ਬੂਤ ਕਰਨ ਲਈ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਅਜਨਾਲਾ ਦੇ ਸੇਵਾਦਾਰ ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ ਦੀ ਅਗਵਾਈ ਹੇਠ ਪਾਰਟੀ ਨੂੰ ਪਿੰਡ ਪੱਧਰ 'ਤੇ ਮਜ਼ਬੂਤ ਕਰਨ ਲਈ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ। ਪੱਤਰਕਾਰਾਂ ਵੱਲੋਂ ਪੁੱਛੇ ਸਵਾਲਾਂ ਦਾ ਜਵਾਬ ਦਿੰਦਿਆਂ ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ ਨੇ ਕਿਹਾ ਕਿ ਹੁਣ ਮੌਜੂਦਾ ਸਮੇਂ ਅੰਦਰ ਸਿੱਖ ਹਿੱਤਾਂ ਦੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਸਿੱਖ ਨੌਜਵਾਨਾਂ ਆਗੂ ਭਾਈ ਅੰਮ੍ਰਿਤਪਾਲ ਸਿੰਘ ਹੀ ਸੁਚੱਜੇ ਢੰਗ ਨਾਲ ਅਵਾਜ਼ ਉਠਾ ਕਰ ਸਕਦੇ ਹਨ। ਪੰਜਾਬ ਦੇ ਲੋਕ ਕਾਂਗਰਸ, ਆਮ ਆਦਮੀ ਪਾਰਟੀ, ਅਕਾਲੀ ਦਲ ਤੋਂ ਤੰਗ ਆ ਚੁੱਕੇ ਹਨ। ਇਸ ਮੌਕੇ ਬਲਾਕ ਅਜਨਾਲਾ ਦੇ ਸੇਵਾਦਾਰ ਭਾਈ ਰਜਵੰਤ ਸਿੰਘ ਮਹਿਲਾਂਵਾਲਾ, ਬਲਾਕ ਰਮਦਾਸ ਦੇ ਸੇਵਾਦਾਰ ਡਾ ਦਰਸ਼ਨ ਸਿੰਘ ਗੁੱਜਰਪੁਰਾ, ਡਾ. ਸੁਖਪ੍ਰੀਤ ਸਿੰਘ ਭਲਾ ਪਿੰਡ, ਭਾਈ ਗੁਰਬੀਰ ਸਿੰਘ ਦੁਧਰਾਏ, ਯੂਥ ਆਗੂ ਮਨਜੋਤ ਸਿੰਘ ਪੁਰੇਵਾਲ, ਸਰਤਾਜਪ੍ਰੀਤ ਸਿੰਘ ਭੰਗੂ, ਭਾਈ ਨਰਿੰਦਰ ਸਿੰਘ ਨਾਸਰ, ਬੱਗਾ ਸਿੰਘ, ਮੁਨਸ਼ੀ ਸਿੰਘ ਫੱਤੇਵਾਲ ਆਦਿ ਆਗੂ ਹਾਜ਼ਰ ਸਨ।



# ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਏ

**ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)**- ਹੈਡ ਗ੍ਰੰਥੀ ਭਾਈ ਗੁਰਮੁਖ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਜੈਕਾਰਿਆਂ ਦੀ ਗੂੰਜ ਵਿੱਚ ਨਗਰ ਕੀਰਤਨ ਦੀ ਆਰੰਭਤਾ ਹੋਈ । ਇਸ ਮੌਕੇ ਮੈਨੇਜਰ ਗੁਰਾ ਸਿੰਘ ਮਾਨ ਵੱਲੋਂ ਪੰਜ ਪਿਆਰਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਗਤਾਂ ਸਮੇਤ ਨਗਰ ਕੀਰਤਨ ਦੀ ਹਾਜ਼ਰੀ ਭਰ ਰਹੇ ਬੀਬੀ ਰਮਨਦੀਪ ਕੌਰ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ, ਅਵਤਾਰ ਸਿੰਘ ਬਿੱਲਾ, ਜਥੇਦਾਰ ਕੁਲਦੀਪ ਸਿੰਘ ਔਲਖ, ਜਥੇਦਾਰ ਪ੍ਰੇਮ ਸਿੰਘ ਪੰਨੂੰ, ਸਾਬਕਾ ਸਰਪੰਚ ਕੁਲਦੀਪ ਸਿੰਘ ਲਹੌਰੀਆ, ਸਰਪੰਚ ਨਿਰਮਲ ਸਿੰਘ ਢੋਟੀ ਤੇ ਹੋਰ ਸ਼ਖ਼ਸੀਅਤਾਂ ਨੂੰ ਪ੍ਰਬੰਧਕਾਂ ਵੱਲੋਂ ਸਨਮਾਨਤ ਕੀਤਾ ਗਿਆ।ਫੁੱਲਾਂ ਨਾਲ ਸ਼ਿੰਗਾਰੀ ਸੁੰਦਰ ਪਾਲਕੀ ਸਾਹਿਬ ਵਿੱਚ ਸ਼ਸੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਜੈਕਾਰਿਆਂ ਦੀ ਗੂੰਜ ਵਿੱਚ ਨਗਰ ਕੀਰਤਨ ਸ਼ਹਿਰ ਦੀ ਪ੍ਰਕਰਮਾ ਲਈ ਰਵਾਨਾ ਹੋਇਆ। ਨਗਰ ਕੀਰਤਨ ਦਾ ਸੰਗਤ ਵੱਲੋਂ ਵੱਖ-ਵੱਖ ਪੜਾਵਾਂ 'ਤੇ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ ਗਿਆ । ਨਗਰ ਕੀਰਤਨ ਚ ਸ਼ਾਮਲ ਸੰਗਤਾਂ ਲਈ ਵੱਖ-ਵੱਖ ਪੜਾਵਾਂ ਤੇ ਸ਼ਰਧਾਲੂਆਂ ਵੱਲੋਂ ਚਾਹ ਪਾਣੀ ਤੇ ਲੰਗਰਾਂ ਨਾਲ ਸੇਵਾ ਕੀਤੀ। ਨਗਰ ਕੀਰਤਨ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਚੁਬਾਰਾ ਸਾਹਿਬ ਵਿਖੇ ਸਮਾਪਤ ਹੋਇਆ।



# ਹਰੀ ਸਿੰਘ ਨਲੂਆ ਦੀ ਬਰਸੀ ਰਿਆੜਕੀ ਸੰਸਥਾਵਾਂ ਨੇ ਸ਼ਰਧਾ ਨਾਲ ਮਨਾਈ

**ਧਾਰੀਵਾਲ (ਮਨਦੀਪ ਵਿੱਕੀ)**- ਖਾਲਸਾ ਰਾਜ ਦੇ ਮਹਾਨ ਜਰਨੈਲ, ਸਿੱਖ ਸਾਮਰਾਜ ਦੇ ਚੀਫ਼ ਇਨ ਕਮਾਂਡਰ ਅਤੇ ਕਾਬੁਲ-ਕੰਧਾਰ ਨੂੰ ਖਾਲਸਾ ਰਾਜ ਵਿੱਚ ਸ਼ਾਮਲ ਕਰਨ ਵਾਲੇ ਅਣਖੀਲੇ ਯੋਧੇ ਸਰਦਾਰ ਹਰੀ ਸਿੰਘ ਨਲੂਆ ਦੀ ਬਰਸੀ ਇੰਟੈਕ ਪੰਜਾਬ ਅਤੇ ਰਿਆੜਕੀ ਸੰਸਥਾਵਾਂ ਨੇ ਇੰਟੈਕ ਅੰਮ੍ਰਿਤਸਰ ਦੇ ਸਹਿਯੋਗ ਨਾਲ ਰਿਆੜਕੀ ਪਬਲਿਕ ਸਕੂਲ, ਤੁਗਲਵਾਲਾ ਦੇ ਡਾਕਟਰ ਐਮ. ਐਸ. ਰੰਧਾਵਾ ਹਾਲ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਈ। ਇਸ ਪ੍ਰਭਾਵਸ਼ਾਲੀ ਵਿਰਾਸਤੀ ਸਮਾਗਮ ਦੀ ਸ਼ੁਰੂਆਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਰਸਭਿੰਨੇ ਸ਼ਬਦ ਕੀਰਤਨ ਨਾਲ ਕੀਤੀ ਗਈ। ਹਰ ਕਲਾਸ ਦੇ ਵਿਦਿਆਰਥੀਆਂ ਨੇ ਸਿੱਖ ਕੌਮ ਦੇ ਮਾਣਮੱਤੇ ਇਤਿਹਾਸ ਨੂੰ ਵੱਖ-ਵੱਖ ਸਿੱਖਿਆ-ਸੱਭਿਆਚਾਰਕ ਰੂਪਾਂ ਵਿੱਚ ਪੇਸ਼ ਕੀਤਾ। ਸਮਾਗਮ ਦੌਰਾਨ ਮੈਗਜ਼ੀਨ ਲੇਖਣ, ਬਲੈਕਬੋਰਡ ਲਿਖਣ, ਲੈਕਚਰ, ਕਵਿਤਾ ਅਤੇ ਕਵੀਸ਼ਰੀ ਮੁਕਾਬਲੇ ਕਰਵਾਏ ਗਏ। ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਅਮਾਨਤ ਕੌਰ, ਗੁਰਸਹਿਜਦੀਪ ਕੌਰ, ਹਰਲੀਨ ਕੌਰ, ਅਵਰੀਤ ਕੌਰ, ਕੀਰਤਦੀਪ ਕੌਰ, ਜਗਬੀਰ ਕੌਰ, ਰਸ਼ਲੀਨ ਕੌਰ, ਮਨਜਿੰਦਰ ਸਿੰਘ, ਜਸਮੀਤ ਸਿੰਘ ਅਤੇ ਸਹਿਜਪ੍ਰੀਤ ਕੌਰ ਨੂੰ ਸਨਮਾਨਤ ਕਰਦਿਆਂ ਹਰੀ ਸਿੰਘ ਨਲੂਆ ਜੀ ਦੀ ਤਸਵੀਰ ਭੇਟ ਕੀਤੀ ਗਈ। ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਬੱਚਿਆਂ ਨੂੰ ਕਿਹਾ ਕਿ ਪੁਰਖਿਆਂ ਦੀਆਂ ਗਾਥਾਵਾਂ ਹੀ ਨਵੀਂ ਪੀੜ੍ਹੀ ਦਾ ਨਿਰਮਾਣ ਕਰਦੀਆਂ ਹਨ। ਕੇਂਦਰੀ ਯੂਨੀਵਰਸਿਟੀ ਧਰਮਸ਼ਾਲਾ ਦੇ ਪੰਜਾਬੀ ਅਤੇ ਡੋਗਰੀ ਵਿਭਾਗ ਦੇ ਮੁਖੀ ਡਾ. ਨਰੇਸ਼ ਕੁਮਾਰ ਨੇ ਪੁਰਾਣੀਆਂ ਪਰੰਪਰਾਵਾਂ ਅਤੇ ਰਹੁ-ਰੀਤਾਂ ਨੂੰ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਦੇ ਕਾਰਜ ਦੀ ਭਰਪੂਰ ਸ਼ਲਾਘਾ ਕੀਤੀ। ਇੰਟੈਕ ਪੰਜਾਬ ਦੇ ਕਨਵੀਨਰ ਮੇਜਰ ਜਨਰਲ ਬਲਵਿੰਦਰ ਸਿੰਘ ਨੇ ਕਿਹਾ ਕਿ ਇੰਟੈਕ ਆਪਣੀਆਂ ਸਹਿਯੋਗੀ ਸੰਸਥਾਵਾਂ ਦੇ ਨਾਲ ਮਿਲ ਕੇ ਵਿਰਾਸਤ ਦੀ ਸਾਂਭ-ਸੰਭਾਲ ਅਤੇ ਮਹਾਨ ਜਰਨੈਲਾਂ ਦੀਆਂ ਗਾਥਾਵਾਂ ਨੂੰ ਸਦਾ ਜਿਉਂਦਾ ਰੱਖਣ ਲਈ ਵਚਨਬੱਧ ਹੈ। ਇੰਟੈਕ ਅੰਮ੍ਰਿਤਸਰ ਦੇ ਕਨਵੀਨਰ ਅਤੇ ਸੰਸਥਾ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਕਿਹਾ ਕਿ ਚੰਗੀਆਂ ਕਿਤਾਬਾਂ ਅਤੇ ਇਤਿਹਾਸਕ ਸਾਹਿਤ ਦੇ ਪ੍ਰਚਾਰ ਲਈ ਸਾਡੀਆਂ ਸੰਸਥਾਵਾਂ ਕੰਮ ਕਰ ਰਹੀਆਂ ਹਨ। ਸਮਾਗਮ ਦੇ ਅੰਤ ਵਿੱਚ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨ ਦਾ ਯਾਦਗਾਰੀ ਚਿੰਨ੍ਹ ਅਤੇ ਵਿਰਾਸਤੀ ਦੁਸ਼ਾਲੇ ਨਾਲ ਸਨਮਾਨ ਕੀਤਾ ਗਿਆ।




## ਸਿਨੀਅਰ ਸਿਟੀਜ਼ਨਜ਼ ਦੀ ਕਿਰਾਏ 'ਚ ਛੋਟ ਦੀ ਰੇਲ ਵਿਭਾਗ ਪਾਸੋਂ ਮੰਗ

**ਗੁਰਦਾਸਪੁਰ, (ਜਨਕ ਮਹਾਜਨ)**- ਰੇਲ ਵਿਭਾਗ ਵਲੋਂ ਸੀਨੀਅਰ ਸਿਟੀਜ਼ਨਜ਼ ਨੂੰ ਬੰਦ ਕੀਤੀਆਂ ਹੋਈਆਂ ਰਿਆਇਤਾਂ ਨੂੰ ਬਹਾਲ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਪਿਛਲੇ 2 ਸਾਲਾਂ ਤੋਂ ਕੇਂਦਰ ਸਰਕਾਰ ਵਲੋਂ ਰੇਲ ਕਿਰਾਏ ਸਬੰਧੀ ਅਤੇ ਹੋਰ ਅਜਿਹੀਆਂ ਸਹੂਲਤਾਂ ਸੀਨੀਅਰ ਸਿਟੀਜ਼ਨਜ਼ ਨੂੰ ਬੰਦ ਕਰਨ 'ਤੇ ਇਸ ਵਰਗ ਵਿਚ ਕੇਂਦਰ ਸਰਕਾਰ ਪ੍ਰਤੀ ਰੋਸ ਪਾਇਆ ਜਾ ਰਿਹਾ ਹੈ। ਸੀਨੀਅਰ ਸਿਟੀਜ਼ਨਜ਼ ਮੱਖਣ ਸਿੰਘ, ਰਾਮ ਪ੍ਰਕਾਸ਼ ਆਦਿ ਨੇ ਦੱਸਿਆ ਕਿ ਰੇਲ ਵਿਭਾਗ ਵਲੋਂ ਪਹਿਲਾਂ ਕਿਰਾਏ ਵਿਚ ਅੱਧੀ ਰਿਆਇਤ ਦਿੱਤੀ ਜਾਂਦੀ ਸੀ ਜੋ ਹੁਣ ਦੋ ਸਾਲਾਂ ਤੋਂ ਬੰਦ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਸਿਨੀਅਰ ਸਿਟੀਜ਼ਨਜ਼ ਨੂੰ ਹੋਰ ਰਿਆਇਤਾਂ ਦੇਣ ਦੀ ਬਜਾਏ ਮਿਲ ਰਹੀ ਰਿਆਇਤ ਨੂੰ ਵੀ ਖ਼ਤਮ ਕਰ ਦਿੱਤਾ ਗਿਆ ਹੈ ਜਿਸ ਨਾਲ ਬਜ਼ੁਰਗਾਂ ਦਾ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸਿਟੀਅਰ ਸਿਟੀਜ਼ਨਜ਼ ਨੇ ਕੇਂਦਰ ਸਰਕਾਰ ਪਾਸੋਂ ਮੰਗ ਕੀਤੀ ਕਿ ਰੇਲ ਕਿਰਾਏ ਆਦਿ ਦੀ ਬੰਦ ਕੀਤੀਆਂ ਰਿਆਇਤਾਂ ਮੁੜ ਬਹਾਲ ਕੀਤੀਆਂ ਜਾਣ ਅਤੇ ਗੁਰਦਾਸਪੁਰ ਰੇਲਵੇ ਸਟੇਸ਼ਨ ਤੋਂ ਭਾਰਤ ਦੇ ਦੂਰ ਦੁਰਾਡੇ ਸ਼ਹਿਰਾਂ ਨੂੰ ਰੇਲ ਸੇਵਾ ਸ਼ੁਰੂ ਕਰ ਕੀਤੀ ਜਾਵੇ ਜਿਨ੍ਹਾਂ ਵਿਚ ਚੰਡੀਗੜ੍ਹ, ਹਰਿਦੁਆਰ, ਬੰਬਈ, ਚਨਈ, ਕੋਲਕਾਤਾ, ਬੇਂਗਲੁਰੂ ਆਦਿ ਸ਼ਹਿਰਾਂ ਨੂੰ ਜਾਣ ਵਾਸਤੇ ਰੇਲਾਂ ਚਲਾਈਆਂ ਜਾਣ।

# ਸੇਂਟ ਕਬੀਰ ਪਬਲਿਕ ਸਕੂਲ 'ਚ ਮਜ਼ਦੂਰ ਦਿਵਸ ਮਨਾਇਆ

**ਧਾਰੀਵਾਲ (ਮਨਦੀਪ ਵਿੱਕੀ)**- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਵਿੱਚ ਕੌਮਾਂਤਰੀ ਮਜ਼ਦੂਰ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਪ੍ਰਿੰਸੀਪਲ ਐਸ.ਬੀ. ਨਾਯਰ ਦੀ ਸਰਪ੍ਰਸਤੀ ਅਧੀਨ ਪ੍ਰੋਗਰਾਮ ਦੀ ਸ਼ੁਰੂਆਤ ਸੱਤਵੀਂ ਜਮਾਤ ਦੀ ਵਿਦਿਆਰਥੀਆਂ ਰਸ਼ਮੀਤ ਕੌਰ, ਗੁਰਅੰਮ੍ਰਿਤ ਸਿੰਘ ਤੇ ਅਭਿਜੋਤ ਸਿੰਘ ਦੁਆਰਾ ਇਸ ਦਿਨ ਦੀ ਮਹੱਤਤਾ 'ਤੇ ਵਿਚਾਰ ਸਾਂਝੇ ਕਰਦਿਆਂ ਕੀਤੀ ਗਈ। ਇਸ ਉਪਰੰਤ ਸਕੂਲੀ ਵਿਦਿਆਰਥੀ ਹਰਸਿਮਰਤ ਕੌਰ ਅਤੇ ਪਰਨੀਤ ਕੌਰ ਦੁਆਰਾ ਲੜੀਵਾਰ ਪ੍ਰੋਗਰਾਮ ਨੂੰ ਅੱਗੇ ਤੋਰਿਆ ਗਿਆ। ਪ੍ਰੋਗਰਾਮ ਦੇ ਸ਼ੁਰੂਆਤੀ ਦੌਰ ਵਿੱਚ ਇੰਟਰ ਹਾਊਸ ਕੋਰਿਓਗ੍ਰਾਫੀ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਸਕੂਲ ਦੇ ਚਾਰ ਹਾਊਸ ਰੂਬੀ, ਸਫਾਇਰ, ਐਮਰਲਡ ਅਤੇ ਐਂਬਰ ਹਾਊਸ ਦੇ ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਮਾਜ ਦੇ ਪ੍ਰਮੁੱਖ ਸੇਵਕਾਂ ਅਧਿਆਪਕਾਂ, ਡਾਕਟਰਾਂ, ਕਿਸਾਨਾਂ, ਪੁਲਸ ਕਰਮੀਆਂ, ਦਰਜੀਆਂ ਅਤੇ ਫ਼ੌਜੀ ਜਵਾਨਾਂ ਦੇ ਜ਼ਿੰਦਗੀ ਦੇ ਸੰਘਰਸ਼ ਨੂੰ ਬਾਖੂਬੀ ਬਿਆਨ ਕੀਤਾ। ਇਸ ਦੇ ਨਾਲ ਹੀ ਐਲ. ਕੇ. ਜੀ ਤੇ ਯੂ.ਕੇ.ਜੀ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਦੁਆਰਾ ਮਜ਼ਦੂਰਾਂ ਦੀ ਹੌਸਲਾ ਅਫਜ਼ਾਈ ਤੇ ਅਣਥੱਕ ਮਿਹਨਤ ਨੂੰ ਦਰਸਾਉਂਦਾ ਹੋਇਆ ਡਾਂਸ ਐਕਟ ਪੇਸ਼ ਕੀਤਾ। ਜਿਸ ਵਿੱਚ ਉਹਨਾਂ ਸਕੂਲ ਦੇ ਸਫ਼ਾਈ ਕਰਮਚਾਰੀਆਂ ਦੀ ਅਣਥੱਕ ਮਿਹਨਤ ਨੂੰ ਵੀ ਸਲਾਮ ਕੀਤਾ। ਵਿਦਿਆਰਥੀਆਂ ਨੇ ਆਪਣੇ ਹੱਥੀਂ ਵੱਖ-ਵੱਖ ਨਾਅਰੇ ਲਿਖ ਕੇ ਆਪਣੇ ਹੀ ਸਕੂਲ ਦੇ ਸਾਰੇ ਦਰਜਾ ਚਾਰ ਕਰਮਚਾਰੀਆਂ ਨੂੰ ਭੇਟ ਕੀਤੇ। ਵਿਦਿਆਰਥੀਆਂ ਦੁਆਰਾ ਸੁੰਦਰ ਕਾਰਡ ਤੇ ਚਿੱਤਰਕਾਰੀਆ ਕੀਤੀਆਂ ਗਈਆਂ। ਸਕੂਲ ਦੇ ਨਰਸਰੀ ਜਮਾਤ ਦੇ ਵਿਦਿਆਰਥੀਆਂ ਨੇ ਫੈਂਸੀ ਡਰੈੱਸ ਮੁਕਾਬਲੇ ਰਾਹੀਂ ਵੱਖ ਵੱਖ ਸੇਵਾਦਾਰਾਂ ਦੀਆਂ ਪੁਸ਼ਾਕਾਂ ਪਹਿਨ ਕੇ ਲੋਕਾਂ ਨੂੰ ਉਹਨਾਂ ਦੀ ਜ਼ਿੰਦਗੀ ਦੇ ਅਹਿਮ ਹਿੱਸਿਆਂ ਤੇ ਮੁਸ਼ਕਲਾਂ ਬਾਰੇ ਜਾਣੂ ਕਰਵਾਇਆ। ਜਿਨ੍ਹਾਂ ਵਿੱਚ ਆਮ ਮਜ਼ਦੂਰ, ਮਾਲੀ, ਡਾਕੀਆ, ਖਾਣਾ ਬਣਾਉਣ ਵਾਲੇ, ਦਿਹਾੜੀਦਾਰ, ਫਾਇਰ ਬ੍ਰਗੇਡ ਤੇ ਕਈ ਹੋਰ ਸਮਾਜ ਸੇਵਕ ਸ਼ਾਮਲ ਸਨ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਤੇ ਮੈਨੇਜਮੈਂਟ ਮੈਂਬਰਾਂ ਨਵਦੀਪ ਕੌਰ ਤੇ ਕੁਲਦੀਪ ਕੌਰ ਵੱਲੋਂ ਸਕੂਲ ਦੇ ਸਾਰੇ ਦਰਜਾ ਚਾਰ ਕਰਮਚਾਰੀਆਂ ਨੂੰ ਤੋਹਫ਼ੇ ਤੇ ਸਨਮਾਨ ਚਿੰਨ੍ਹ ਭੇਟ ਕੀਤੇ ਗਏ। ਇਸ ਮੌਕੇ ਕੋਆਡੀਨੇਟਰ ਵਿਸ਼ਾਲ ਸਿੰਘ, ਟੇਨ ਸਿੰਘ, ਜਸਵਿੰਦਰ ਕੌਰ, ਰਵਿੰਦਰ ਕੌਰ ਸਮੇਤ ਸਮੁੱਚੇ ਸਟਾਫ਼ ਮੈਂਬਰ ਅਤੇ ਵਿਦਿਆਰਥੀ ਸ਼ਾਮਲ ਸਨ।




# ਢਿੱਲੋਂ ਦੇ ਗ੍ਰਹਿ ਵਿਖੇ 10 ਲੱਖ ਰੁਪਏ ਵਾਲੇ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਏ



**ਝਬਾਲ (ਮੱਖਣ ਮਨੋਜ)**- ਝਬਾਲ ਖਾਮ ਤੋਂ ਸੀਨੀਅਰ ਆਗੂ ਵਿਕਰਮ ਸਿੰਘ ਢਿੱਲੋਂ ਦੇ ਗ੍ਰਹਿ ਵਿਖੇ ਪੰਜਾਬ ਸਰਕਾਰ ਦੀ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਏ ਗਏ। ਇਸ ਮੌਕੇ ਉਨ੍ਹਾਂ ਦੱਸਿਆ ਕਿ ਇਸ ਯੋਜਨਾ ਦੇ ਤਹਿਤ ਲਾਭਪਾਤਰੀ ਪਰਵਾਰਾਂ ਨੂੰ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਸਰਕਾਰ ਵੱਲੋਂ ਸਲਾਨਾ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜਿਹੜੇ ਲੋਕ ਅਜੇ ਤੱਕ ਕਾਰਡ ਨਹੀਂ ਬਣਵਾ ਸਕੇ, ਉਹ ਜਲਦੀ ਤੋਂ ਜਲਦੀ ਆਪਣਾ ਰਜਿਸਟ੍ਰੇਸ਼ਨ ਕਰਵਾਉਣ।ਇਸ ਮੌਕੇ ਕੰਪਿਊਟਰ ਅਪਰੇਟਰ ਜਗਜੀਤ ਕੌਰ, ਸਰਪੰਚ ਰਾਜ ਕੌਰ, ਆਸ਼ਾ ਵਰਕਰ ਨੀਲੂ ਸੂਦ, ਰਜਵੰਤ ਕੌਰ, ਜਸਬੀਰ ਕੌਰ, ਅਮਰਜੀਤ ਕੌਰ, ਪ੍ਰਭਜੋਤ ਕੌਰ, ਸਰਬਜੀਤ ਕੌਰ, ਸ਼ਰਨਜੀਤ ਕੌਰ ਆਦਿ ਹਾਜ਼ਰ ਸਨ।

# 2 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੇ ਪਿੰਡ ਤਾਲਿਬਪੁਰ ਵਿਖੇ ਮਕੈਨਿਕ 'ਤੇ ਪਿੰਡ ਦੇ ਹੀ ਕੁਝ ਵਿਅਕਤੀਆਂ ਨੇ ਪੁਰਾਣੀ ਰੰਜਿਸ਼ ਤਹਿਤ ਪਾਨਾ ਮਾਰ ਕੇ ਤੇ ਕੁੱਟਮਾਰ ਕਰਕੇ ਉਸ ਨੂੰ ਜ਼ਖਮੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਬਲਵਿੰਦਰ ਕੁਮਾਰ ਪੁੱਤਰ ਮੰਗਲ ਦਾਸ ਵਾਸੀ ਭਾਵੜਾ ਨੇ ਦੱਸਿਆ ਕਿ 20 ਅਪ੍ਰੈਲ ਨੂੰ ਉਹ ਆਪਣੀ ਦੁਕਾਨ ਅੰਦਰ ਕੰਮ ਕਰ ਰਿਹਾ ਸੀ ਕਿ ਸਵੇਰੇ 9 ਵਜੇ ਦੇ ਕਰੀਬ ਜਸਪਾਲ ਪੁੱਤਰ ਗਿਆਨ, ਅਮਨਦੀਪ ਪੁੱਤਰ ਜਸਪਾਲ ਵਾਸੀ ਤਾਲਿਬਪੁਰ ਨੇ ਦੁਕਾਨ ਦੇ ਅੰਦਰ ਦਾਖਲ ਹੋ ਕੇ ਟੇਬਲ 'ਤੇ ਪਿਆ ਪਾਨਾ ਚੁੱਕ ਕੇ ਮੇਰੇ ਸਿਰ ਵਿਚ ਮਾਰਿਆ ਅਤੇ ਘਸੁੰਨ ਮੁੱਕੀ ਕੀਤੀ। ਘਟਨਾ ਦੀ ਵਜ੍ਹਾ ਰੰਜਿਸ਼ ਦੱਸੀ ਜਾ ਰਹੀ ਹੈ। ਪੁਰਾਣਾ ਸ਼ਾਲਾ ਪੁਲਸ ਨੇ ਕੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਸਰਕਾਰੀ ਐਲੀਮੈਂਟਰੀ ਸਕੂਲ ਦਾ ਨਵਾਂ ਬਣਿਆ ਕਮਰਾ ਬੱਚਿਆਂ ਨੂੰ ਸਮਰਪਤ

**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**- ਅਜਨਾਲਾ ਤਹਿਸੀਲ ਦੇ ਪਿੰਡ ਡੱਲੇ ਰਾਜਪੂਤਾਂ ਵਿਖੇ ਨਵਾਂ ਬਣਿਆ ਬੱਚਿਆਂ ਲਈ ਕਮਰਾ ਬਲਾਕ ਸੰਮਤੀ ਮੈਂਬਰ ਅਤੇ ਆਮ ਆਦਮੀ ਪਾਰਟੀ ਵੱਲੋਂ ਮੁੱਖ ਮਹਿਮਾਨ ਹਰਮਨਜੀਤ ਸਿੰਘ ਕੋਆਰਡੀਨੇਟਰ ਸਿੱਖਿਆ ਸੁਧਾਰ ਕਮੇਟੀ ਵੱਲੋਂ ਬੱਚਿਆਂ ਨੂੰ ਉਦਘਾਟਨ ਕਰਕੇ ਸਮਰਪਤ ਕੀਤਾ ਗਿਆ। ਇਸ ਮੌਕੇ ਬਲਾਕ ਸੰਮਤੀ ਮੈਂਬਰ ਹਰਮਨਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਜੋ ਆਪਣੇ ਵਾਅਦੇ ਕੀਤੇ ਸਨ ਪੂਰੇ ਕੀਤੇ ਹਨ। ਉਨ੍ਹਾਂ ਸਕੂਲ ਪ੍ਰਿੰਸੀਪਲ ਸੁਖਵਿੰਦਰ ਸਿੰਘ ਦੀ ਤਾਰੀਫ ਕਰਦਿਆਂ ਕਿਹਾ ਕਿ ਉਹਨਾਂ ਨੇਕ ਸੁਭਾਅ ਕਰਕੇ ਇਸ ਸਕੂਲ ਵਿੱਚ ਬੱਚਿਆਂ ਦੀ ਬਹੁਗਿਣਤੀ ਹੈ ਅਤੇ ਇਸ ਸਕੂਲ ਦਾ ਸਟਾਫ ਵੀ ਬਹੁਤ ਮਿਹਨਤੀ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੁਖਵਿੰਦਰ ਸਿੰਘ ਨੇ ਆਏ ਮੁੱਖ ਮਹਿਮਾਨ ਅਤੇ ਹੋਰਨਾਂ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸਟਾਫ ਟੀਚਰ ਮੁਖਤਾਰ ਸਿੰਘ, ਮੈਡਮ ਸਮੀ ਕੁਮਾਰੀ, ਸੁਨੀਲ ਕੁਮਾਰ ਅਤੇ ਪਿੰਡ ਦੇ ਸਰਪੰਚ ਸੋਨਾ ਸਿੰਘ ,ਮੁੱਖ ਅਧਿਆਪਕ ਜਗਦੇਵ ਖੁਰਦ, ਆਤਮਜੀਤ ਸਿੰਘ, ਸਕੂਲ ਦੇ ਚੇਅਰਮੈਨ ਲਾਭ ਸਿੰਘ ਅਤੇ ਪੰਚਾਇਤ ਮੈਂਬਰ ਵੀ ਹਾਜ਼ਰ ਸਨ।



# ਪਹਿਲੀ ਮਈ ਦਾ ਸੁਨੇਹਾ ਕਿਰਤੀਆਂ ਦੇ ਨਾਂਅ... (ਸ਼ਫ਼ਾ 1 ਦੀ ਬਾਕੀ)

ਦੇਸ਼ ਦੀ ਸੰਗਠਿਤ ਮਜ਼ਦੂਰ ਲਹਿਰ ਦੀ ਲੜਾਈ ਦਾ ਇੱਕ ਫਰੰਟ ਇਹ ਹੈ। ਮਜ਼ਦੂਰ ਏਕਤਾ ਉੱਤੇ ਅਨੇਕਾਂ ਤਰ੍ਹਾਂ ਦੇ ਹਮਲਿਆਂ ਤੋਂ ਇਸ ਦੀ ਏਕਤਾ ਬਚਾ ਕੇ ਰੱਖਣੀ ਹੈ। ਦੂਜਾ ਫਰੰਟ ਇਹ ਹੈ ਕਿ ਦੇਸ਼ ਵਿੱਚ ਚੱਲ ਰਹੇ ਆਰਥਿਕ ਮਾਡਲ ਵਿੱਚ ਅਜਿਹੇ ਨਵੇਂ ਬਦਲਾਵਾਂ ਬਾਰੇ ਅਜਿਹਾ ਕੁਝ ਸ਼ਾਮਿਲ ਕਰਵਾਉਣਾ ਹੈ, ਜਿਹੜਾ ਪੂੰਜੀਪਤੀ, ਕਾਰਖਾਨੇਦਾਰਾਂ ਅਤੇ ਸਰਕਾਰ ਦੇ ਮਜ਼ਬੂਤ ਗਠਜੋੜ ਹੁੰਦਿਆਂ ਵੀ ਸ਼ਾਮਿਲ ਕਰਵਾਇਆ ਜਾਵੇ। ਇਹ ਕਾਰਜ ਅਸਾਨ ਨਹੀਂ ਰਿਹਾ। ਦੇਸ਼ ਦੇ ਕਿਰਤੀ ਅਤੇ ਕਿਸਾਨ ਨੂੰ ਰਾਜਨੀਤੀ ਵਿੱਚ ਰੁਚਿਤ ਕਰਨਾ ਅੱਜ ਵੱਡੀ ਲੋੜ ਹੈ। ਕਿਰਤੀਆਂ, ਮੁਲਾਜ਼ਮਾਂ, ਛੋਟੇ ਕਾਰੋਬਾਰੀਆਂ ਅਤੇ ਕਿਸ਼ਾਨਾਂ ਦਾ ਗੈਰ-ਰਾਜਨੀਤਕ ਹੋਣ ਦਾ ਨਤੀਜਾ ਹੈ ਕਿ ਲੋਕਤੰਤਰ ਅਮੀਰ ਤੰਤਰ ਬਣ ਕੇ ਰਹਿ ਗਿਆ ਹੈ। ਸਰਕਾਰਾਂ ਮੁੱਦਿਆਂ, ਨੀਤੀਆਂ ਅਤੇ ਵਿਕਾਸ ਦੇ ਮੁੱਦਿਆਂ ਤੋਂ ਹਟ ਕੇ ਫੌਰੀ ਮੁਫ਼ਤ ਰਿਓੜੀਆਂ ਤਹਿ ਕਰ ਰਹੀਆਂ ਹਨ। ਰਾਜਨੀਤੀਵਾਨਾਂ ਸਮਝ ਲਿਆ ਹੈ ਕਿ ਵਿਕਾਸ ਦੇ ਮੁੱਦਿਆਂ ਦਾ ਕੇਵਲ ਪ੍ਰਚਾਰ ਕਰਨਾ ਹੈ ਅਤੇ ਅਮਲ ਵਿੱਚ ਫੌਰੀ ਕੁਝ ਨਾ ਕੁਝ ਵੋਟਰਾਂ ਦੇ ਹੱਥ ਉੱਤੇ ਧਰਨ ਨਾਲ ਵੋਟਾਂ ਮਿਲਦੀਆਂ ਹਨ। ਅਮੀਰ ਤੰਤਰ ਪੂੰਜੀਪਤੀ ਅਤੇ ਸਿਆਸਤਦਾਨਾਂ ਦੇ ਗਠਬੰਧਨ ਨਾਲ ਏਨਾ ਮਜ਼ਬੂਤ ਹੈ ਕਿ ਉਦੋਂ ਤੱਕ ਇਸ ਨੂੰ ਚਿੱਬ ਪੈਣਾ ਮੁਸ਼ਕਲ ਰਹੇਗਾ, ਜਦੋਂ ਤੱਕ ਇਸ ਗਠਜੋੜ ਦੇ ਅਮਲ ਤੋਂ ਨਿਕਲ ਦੇ ਮੌਜੂਦਾ ਸੰਕਟ ਅਤੇ ਅੰਤਮ ਤਬਾਹੀ ਦੀ ਅਟੱਲਤਾ ਸਮਝਾਈ ਨਹੀਂ ਜਾਂਦੀ।

ਸੰਗਠਿਤ ਟਰੇਡ ਯੂਨੀਅਨਾਂ ਦਾ ਅੰਤਮ ਟੀਚਾ ਇਸ ਆਰਥਿਕ ਮਾਡਲ ਦਾ ਬਦਲ ਹੈ, ਜੋ ਇਹਨਾਂ ਟਰੇਡ ਯੂਨੀਅਨਾਂ ਦੀਆਂ ਸਿਆਸੀ ਪਾਰਟੀਆਂ ਰਾਹੀਂ ਹੋਣਾ ਹੈ, ਪਰ ਪ੍ਰਸ਼ਨ ਹੈ 'ਬਦਲਾਅ ਵਜੋਂ ਕਿਹੜਾ ਬਦਲਾਅ?' ਹਰ ਕੋਈ ਜਾਣਦਾ ਹੈ ਕਿ ਸਮਾਜਵਾਦੀ ਚੀਨ 1980 ਤੋਂ ਪਹਿਲਾਂ ਵਾਲੇ ਆਰਥਿਕ ਮਾਡਲ ਵਾਲਾ ਚੀਨ ਨਹੀਂ ਹੈ। ਚੀਨ ਨੇ ਮਿਸ਼ਰਤ ਆਰਥਿਕ ਮਾਡਲ ਸਫ਼ਲਤਾ ਨਾਲ ਅਪਣਾਇਆ ਅਤੇ ਚਲਾਇਆ ਹੈ। ਇਸ ਮਿਸ਼ਰਤ ਆਰਥਿਕ ਮਾਡਲ ਦੇ ਬਲਬੂਤੇ ਉਹ ਸੰਸਾਰ ਦੀ ਦੂਜੀ ਮਹਾਂ ਸ਼ਕਤੀ ਹੈ, ਪਰ ਇਹ ਮਾਡਲ ਵੀ ਸਰਮਾਏਦਾਰੀ ਦੀਆਂ ਅਲਾਮਤਾਂ ਚੀਨ ਵੀ ਪੈਦਾ ਕਰਨ ਲੱਗ ਗਿਆ ਹੈ। ਭਾਰਤ ਵਿੱਚ ਮੌਜੂਦਾ ਆਰਥਿਕ ਮਾਡਲ ਦਾ ਬਦਲਾਅ ਲੱਭ ਦੇ ਕਮਿਊਨਿਸਟਾਂ ਨੂੰ ਪਹਿਲਾਂ ਲੰਡਨ ਸਕੂਲ ਆਫ ਇਕਨਾਮਿਕਸ ਦੀ ਚੀਨੀ ਮੂਲ ਦੀ ਪ੍ਰੋਫੈਸਰ ਅਤੇ ਪੀਕਿੰਗ ਯੂਨੀਵਰਸਿਟੀ ਦੀ ਵਿਜ਼ਟਿੰਗ ਪ੍ਰੋਫੈਸਰ ਕੇਯੂ ਜਿੰਨ ਦੀ 2023 ਵਿੱਚ ਛਪੀ ਪੁਸਤਕ The New china Play Book-Beyond Socialism and Capitalism ਜ਼ਰੂਰੀ ਪੜ੍ਹਨੀ ਚਾਹੀਦੀ ਹੈ ਅਤੇ ਆਪਣੇ ਖਰਚੇ ਉੱਤੇ ਸਕਾਲਰਾਂ ਨੂੰ ਸਿਸਟਮ ਸਮਝਣ ਲਈ ਚੀਨ ਦੀ ਪੀਕਿੰਗ ਯੂਨੀਵਰਸਿਟੀ ਵਿੱਚ ਦਾਖਲ ਕਰਵਾਉਣਾ ਚਾਹੀਦਾ ਹੈ। ਕਿਉਂਕਿ ਚੀਨ ਕਿਸੇ ਹੋਰ ਨਵੇਂ ਮਾਡਲ ਦੀ ਤਲਾਸ਼ ਵਿੱਚ ਹੈ। ਪਾਰਟੀ ਤੋਂ ਪਾਰਟੀ ਦੇ ਸਬੰਧਾਂ ਵਿੱਚ ਫੇਰੀਆਂ, ਚਾਹ-ਪਾਣੀ ਅਤੇ ਵੇਖਣ ਯੋਗ ਥਾਵਾਂ ਦੇ ਸੈਰ ਸਪਾਟੇ ਹੀ ਹੁੰਦੇ ਹਨ।

ਕੌੜੀ ਗੱਲ ਭਾਵੇਂ ਹੈ, ਪਰ ਭਾਰਤ ਨੂੰ ਵੀ ਸਮਾਜਵਾਦ ਅਤੇ ਪੂੰਜੀਵਾਦ ਤੋਂ ਪਾਰ ਕਿਸੇ ਤੀਜੇ ਆਰਥਿਕ ਮਾਡਲ ਦੇ ਬਦਲ ਦੀ ਲੋੜ ਹੈ। ਦੇਸ਼ ਦੇ ਕਿਰਤੀਆਂ ਦਾ ਲੰਮੇ ਸਮੇਂ ਲਈ ਭਲਾ ਇਸੇ ਰਾਹ ਉੱਤੇ ਤੁਰਿਆਂ ਹੋਵੇਗਾ, ਵਰਨਾ ਹਾਸ਼ੀਏ ਉੱਤੇ ਤਾਂ ਪਹਿਲਾਂ ਹੀ ਹਾਂ, ਬਾਹਰ ਹੋਣਾ ਤਹਿ ਹੈ।

# ਸੰਪਰਕ : 94176-52947

ਸ਼ਿਕਾਗੋ ਮਜ਼ਦੂਰ ਅੰਦੋਲਨ ਦੇ ਨੇਤਾ ਅਲਬਰਟ ਪਾਰਸ਼ਨ, ਆਗਸਟ ਸਪਾਈਸ, ਸੈਮੂਅਲ ਜ਼ੇ ਫ਼ਿਲਡਨ, ਇਊਜਨ ਸ਼ਵਾਬ, ਏਡੌਲਫ਼ ਫਿਸ਼ਰ, ਜਾਰਜ਼ ਏਂਜਲਜ਼, ਲੁਈਸ ਲਿੰਗ ਅਤੇ ਆਸਕਰ ਨੀਬੇ ਆਦਿ ਆਗੂਆਂ ਉੱਪਰ ਕਤਲ ਅਤੇ ਬੰਬ ਸੁੱਟਣ ਦਾ ਮੁਕੱਦਮਾ ਦਰਜ ਕਰਕੇ ਗ੍ਰਿਫ਼ਤਾਰ ਕਰ ਲਿਆ ਅਤੇ ਜੇਲ੍ਹ ਭੇਜ ਦਿੱਤਾ ਗਿਆ। ਜਦੋਂ ਕਿ ਇਸ ਘਟਨਾ ਦੇ ਵਾਪਰਨ ਸਮੇਂ ਸੈਮੂਅਲ ਨੂੰ ਛੱਡ ਕੇ ਕੋਈ ਵੀ ਮਜ਼ਦੂਰ ਆਗੂ ਉੱਥੇ ਮੌਜੂਦ ਨਹੀਂ ਸੀ। ਮਜ਼ਦੂਰ ਲਹਿਰ ਦੇ ਵਿਰੋਧੀਆਂ ਨੂੰ ਸਰਕਾਰੀ ਗਵਾਹਾਂ ਵਜੋਂ ਵਰਤਿਆ ਗਿਆ।ਆਪਣੇ ਬੁਰਜੂਆ ਕਿਰਦਾਰ ਦੇ ਆਧਾਰਤ ਜੱਜ ਜੌਸ਼ਫ਼ ਗੈਰੀ ਦੀਆਂ ਨਜ਼ਰਾਂ ਵਿੱਚ ਸਾਰੇ ਮਜ਼ਦੂਰ ਆਗੂ ਪਹਿਲਾਂ ਹੀ ਦੋਸ਼ੀ ਸਾਬਤ ਹੋ ਚੁੱਕੇ ਸਨ।ਸਰਕਾਰੀ ਵਕੀਲ ਜੂਲੀਅਸ ਨੇ ਅਦਾਲਤ ਦੇ ਸਾਹਮਣੇ ਆਪਣੇ ਬਿਆਨ ਦਰਜ ਕਰਵਾਉਂਦੇ ਸਮੇਂ ਕਿਹਾ ਸੀ ਕਿ ਇਹ ਕਾਨੂੰਨ ਅਤੇ ਅਰਾਜਕਤਾਵਾਦ ਦਾ ਇਮਤਿਹਾਨ ਹੈ। ਸਰਕਾਰੀ ਗਵਾਹ ਗੈਂਡ ਜੂਹੀ ਨੇ ਮੁਲਜ਼ਮਾਂ ਦੀ ਪਹਿਚਾਣ ਕਰਦੇ ਸਮੇਂ ਕਿਹਾ ਸੀ ਕਿ ਇਹ ਸਾਰੇ ਦੋਸ਼ੀ ਹਨ- ਇਹਨਾਂ ਨੂੰ ਫਾਂਸੀ 'ਤੇ ਲਟਕਾ ਦਿੱਤਾ ਜਾਵੇ।

ਸਾਰੇ ਦੇਸ਼ ਦੇ ਲੋਕਾਂ ਦਾ ਧਿਆਨ ਇਸ ਮੁਕੱਦਮੇ ਉੱਪਰ ਕੇਂਦਰਿਤ ਸੀ। ਜੱਜ ਵੱਲੋਂ ਫ਼ੈਸਲਾ ਸੁਣਾਉਂਦਿਆਂ ਆਸਕਰ ਨੀਬੇ ਨੂੰ 15 ਸਾਲ ਦੀ ਕੈਦ ਅਤੇ ਬਾਕੀ ਸਾਰਿਆਂ ਨੂੰ ਫਾਂਸੀ ਦੀ ਸਜ਼ਾ ਸੁਣਾ ਦਿੱਤੀ ਗਈ। ਇਸ ਅਨਿਆਂ ਪੂਰਨ ਫ਼ੈਸਲੇ ਦੇ ਖ਼ਿਲਾਫ਼ ਦੁਨੀਆਂ ਭਰ ਵਿੱਚ ਰੋਸ ਪ੍ਰਦਰਸ਼ਨ ਹੋਏ। ਮਜ਼ਦੂਰ ਅੰਦੋਲਨ ਦੀ ਅਗਵਾਈ ਕਰਨ ਵਾਲੀ ਲੂਸੀ ਪਾਰਸ਼ਨ ਨੇ ਸਾਰੇ ਕੇਸ ਦੀ ਪੈਰਵਾਈ ਕੀਤੀ।

ਈਲੀਨੋਇਸ ਰਾਜ ਦੇ ਗਵਰਨਰ ਵੱਲੋਂ ਫ਼ਿਲਡੇਨ ਅਤੇ ਸ਼ਵਾਬ ਦੀ ਸਜ਼ਾ ਘਟਾ ਕੇ ਉਮਰ ਕੈਦ ਵਿੱਚ ਬਦਲ ਦਿੱਤਾ ਗਿਆ। ਜਿਸ ਦਿਨ ਇਹਨਾਂ ਮਹਾਨ ਮਜ਼ਦੂਰ ਆਗੂਆਂ ਨੂੰ ਫਾਂਸੀ ਦਿੱਤੀ ਜਾਣੀ ਸੀ, ਲੁਈਸ ਲਿੰਗ ਨੇ ਇੱਕ ਦਿਨ ਪਹਿਲਾਂ ਜੇਲ੍ਹ ਅੰਦਰ ਹੀ ਆਤਮ-ਹੱਤਿਆ ਕਰ ਲਈ। ਮਜ਼ਦੂਰ ਆਗੂ ਅਲਬਰਟ ਪਾਰਸ਼ਨ, ਆਗਸਟ ਸਪਾਈਸ, ਜਾਰਜ਼ ਏਂਜਲਜ਼ ਅਤੇ ਏਡੌਲਫ਼ ਫ਼ਿਸ਼ਰ ਨੂੰ 11 ਨਵੰਬਰ 1887 ਨੂੰ ਫਾਂਸੀ 'ਤੇ ਲਟਕਾ ਕੇ ਸ਼ਹੀਦ ਕਰ ਦਿੱਤਾ ਗਿਆ।

ਆਗਸਟ ਸਪਾਈਸ ਦੇ ਆਖ਼ਰੀ ਸ਼ਬਦ ਸਨ, ਜੇਕਰ ਤੁਸੀਂ ਇਹ ਸੋਚਦੇ ਹੋ ਕਿ ਸਾਨੂੰ ਫਾਂਸੀ 'ਤੇ ਲਟਕਾ ਕੇ ਮਜ਼ਦੂਰ ਅੰਦੋਲਨ ਕੁਚਲ ਦੇਵੋਂਗੇ,

# ਆਓ ! ਸ਼ਿਕਾਗੋ ਦੇ ਸ਼ਹੀਦਾਂ ਨੂੰ ਸਿਜਦਾ ਕਰੀਏ.. (ਸ਼ਫ਼ਾ 1 ਦੀ ਬਾਕੀ)

ਇਹ ਤੁਹਾਡਾ ਵਹਿਮ ਹੈ। ਅਸਲ ਵਿੱਚ ਦੱਬੇ-ਕੁਚਲੇ ਅਤੇ ਕਸ਼ਟ ਸਹਿੰਦੇ ਆ ਰਹੇ ਕਰੋੜਾਂ ਲੋਕ ਇਸ ਅੰਦੋਲਨ ਵਿੱਚੋਂ ਆਪਣੀ ਮੁਕਤੀ ਦੇਖ ਰਹੇ ਹਨ। ਤੁਸੀਂ ਚਾੜ੍ਹ ਦਿਓ ਸਾਨੂੰ ਫਾਂਸੀ!... ਤੁਸੀਂ ਚੰਗਿਆੜੀ ਨਾਲ ਖੇਡ ਰਹੇ ਹੋ, ਜੋ ਹਰ ਥਾਂ ਤੁਹਾਡੇ ਅੱਗੇ-ਪਿੱਛੇ ਅੱਗ ਦੇ ਭਾਂਬੜ ਬਣ ਕੇ ਮੱਚ ਉੱਠੇਗੀ ।

ਦੁਨੀਆ ਦੇ ਵੱਖ-ਵੱਖ ਦੇਸ਼ਾਂ ਦੇ ਮਜ਼ਦੂਰ ਸੰਗਠਨਾਂ ਵੱਲੋਂ 1889 ਵਿੱਚ ਪੈਰਿਸ ਵਿਖੇ ਇੱਕ ਅੰਤਰਰਾਸ਼ਟਰੀ ਸੰਮੇਲਨ ਕਰਕੇ ਇਹ ਫ਼ੈਸਲਾ ਕੀਤਾ ਗਿਆ ਸੀ ਕਿ ਹਰ ਸਾਲ ਪੂਰੀ ਦੁਨੀਆ ਵਿੱਚ 1 ਮਈ ਦੇ ਇਤਿਹਾਸਕ ਦਿਨ ਨੂੰ ਮਜ਼ਦੂਰਾਂ ਦੇ ਤਿਉਹਾਰ ਦੇ ਰੂਪ 'ਚ ਮਨਾਇਆ ਜਾਵੇ। ਇਸ ਲਈ ਪਹਿਲੀ ਵਾਰ 1 ਮਈ 1890 ਤੋਂ ਦੁਨੀਆ ਭਰ ਵਿੱਚ ਮਜ਼ਦੂਰ ਦਿਵਸ ਮਨਾਇਆ ਜਾਣ ਲੱਗ ਪਿਆ । ਹਰ ਸਾਲ ਦੁਨੀਆ ਦੇ ਕੋਨੇ-ਕੋਨੇ ਵਿੱਚ ਇੱਕ ਮਈ ਨੂੰ ਕਰੋੜਾਂ ਮਜ਼ਦੂਰ, ਬੁੱਧੀਜੀਵੀ ਅਤੇ ਤਮਾਮ ਦੱਬੇ - ਕੁਚਲੇ ਲੋਕ ਸਾਮਰਾਜਵਾਦੀ ਅਤੇ ਕਾਰਪੋਰੇਟ ਪੂੰਜੀਵਾਦੀ ਪ੍ਰਬੰਧ ਨੂੰ ਖ਼ਤਮ ਕਰਨ ਦਾ ਅਹਿਦ ਲੈਂਦੇ ਹੋਏ ਸ਼ਿਕਾਗੋ ਦੇ ਸ਼ਹੀਦਾਂ ਨੂੰ ਸਿਜਦਾ ਕਰਦੇ ਹਨ।

ਵਿਸ਼ਵੀਕਰਨ ਦੇ ਦੌਰ ਵਿੱਚ ਮਜ਼ਦੂਰ ਜਮਾਤ ਦੀ ਹਾਲਤ ਅੱਜ ਜਦੋਂ ਅਸੀਂ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕਰ ਰਹੇ ਹਾਂ ਤਾਂ ਇਸ ਵਿਸ਼ਵੀਕਰਨ ਅਤੇ ਨਿੱਜੀਕਰਨ ਦੇ ਦੌਰ ਵਿੱਚ ਮਜ਼ਦੂਰਾਂ ਅਤੇ ਦੱਬੇ-ਕੁਚਲੇ ਲੋਕਾਂ ਦੀ ਹਾਲਤ ਪਹਿਲਾਂ ਨਾਲੋਂ ਕਿਤੇ ਵੱਧ ਬਦ ਤੋਂ ਬਦਤਰ ਹੋ ਗਈ ਹੈ, ਕਿਉਂਕਿ ਸਮਾਜਵਾਦੀ ਦੇਸ਼ਾਂ ਵਿੱਚ ਪੂੰਜੀਵਾਦ ਦੀ ਮੁੜ ਸਥਾਪਨਾ ਤੋਂ ਬਾਅਦ ਪੂੰਜੀਪਤੀ ਵਰਗ ਵਧੇਰੇ ਤਾਕਤਵਰ ਅਤੇ ਖ਼ੂੰਖਾਰ ਹੋ ਗਿਆ ਹੈ, ਜਿਸ ਨੇ ਫਾਸ਼ੀਵਾਦ ਦਾ ਰੂਪ ਧਾਰਨ ਕਰ ਲਿਆ। ਵਿਸ਼ਵ ਭਰ ਵਿੱਚ ਕਿਰਤ ਕਾਨੂੰਨਾਂ ਨੂੰ ਤੋੜਿਆ-ਮਰੋੜਿਆ ਜਾ ਰਿਹਾ। ਜਦੋਂ ਦੁਨੀਆ ਭਰ ਵਿੱਚ ਮਜ਼ਦੂਰਾਂ ਅਤੇ ਕਿਰਤੀ ਲੋਕਾਂ ਦੇ ਹੱਕ ਵਿੱਚ ਕਿਰਤ ਕਾਨੂੰਨ ਬਣਾਏ ਗਏ ਸਨ, ਉਦੋਂ ਮਜ਼ਦੂਰ ਜਮਾਤ ਦੇ ਅੰਦੋਲਨਾਂ ਦਾ ਤਿੱਖਾ ਦੌਰ ਸੀ। ਅਨੇਕਾਂ ਮੁਲਕਾਂ ਵਿੱਚ ਪੂੰਜੀਪਤੀਆਂ ਅਤੇ ਉਸ ਦੇ ਸਹਿਯੋਗੀਆਂ ਨੂੰ ਹਰਾ ਕੇ ਮਜ਼ਦੂਰ ਜਮਾਤ ਨੇ ਆਪਣੀ ਸਤਾ ਦਾ ਝੰਡਾ ਗੱਡ ਦਿੱਤਾ ਸੀ। ਦੂਜੀ ਸੰਸਾਰ ਜੰਗ ਤੋਂ ਬਾਅਦ ਦੁਨੀਆ ਦੀ ਇੱਕ-ਤਿਹਾਈ ਧਰਤੀ 'ਤੇ ਮਜ਼ਦੂਰ ਜਮਾਤ ਅਤੇ ਮਿਹਨਤਕਸ਼ ਜਨਤਾ ਦਾ ਪਰਚਮ ਲਹਿਰਾਉਣ ਲੱਗ ਪਿਆ ਸੀ।ਸਮਾਜਵਾਦੀ ਸਰਕਾਰਾਂ ਵੱਲੋਂ ਆਪਣੇ ਨਾਗਰਿਕਾਂ ਨੂੰ ਜਨਮ ਤੋਂ ਮਰਨ ਤੱਕ ਦੀ ਸਾਰੀ ਜ਼ਿੰਮੇਵਾਰੀ ਆਪਣੇ ਸਿਰ ਲੈ ਲਈ ਸੀ, ਨਤੀਜੇ ਵਜੋਂ ਪੂੰਜੀਪਤੀਆਂ ਅਤੇ ਉਹਨਾਂ ਦੇ ਦਲਾਲ ਪਿੱਠੂਆਂ ਨੂੰ ਪਿੱਪਲ ਦੇ ਪੱਤੇ ਦੀ ਤਰ੍ਹਾਂ ਕੰਬਾ ਦਿੱਤਾ ਸੀ। ਉਸ ਸਮੇਂ ਦੁਨੀਆ ਭਰ ਦੇ ਸਾਮਰਾਜਵਾਦੀ ਅਤੇ ਪੂੰਜੀਪਤੀਆਂ ਵੱਲੋਂ ਮਜ਼ਦੂਰ ਜਮਾਤ ਦੀ ਲਹਿਰ ਨੂੰ ਰੋਕਣ ਲਈ ਅਤੇ ਮਜ਼ਦੂਰਾਂ ਦੇ ਗੁੱਸੇ ਨੂੰ ਠੰਢਾ ਕਰਨ ਲਈ ਇਹ ਕੌੜਾ ਅੱਕ ਚੱਬਣਾ ਪਿਆ, ਜਿਸ ਦੇ ਨਤੀਜੇ ਵਜੋਂ ਖ਼ੁਦ ਕਲਿਆਣਕਾਰੀ ਨੀਤੀਆਂ ਦਾ ਚੋਲਾ ਪਹਿਨ ਕੇ ਮਜ਼ਦੂਰਾਂ -ਕਿਸਾਨਾਂ ਅਤੇ ਆਮ ਲੋਕਾਂ ਲਈ ਸਮਾਜਿਕ ਸੁਰੱਖਿਆ, ਆਰਥਿਕ ਸੁਵਿਧਾਵਾਂ, ਕਿਰਤ ਕਾਨੂੰਨ ਅਤੇ ਪਰਵਾਰ ਭਲਾਈ ਦੀਆਂ ਸਕੀਮਾਂ ਅਮਲ ਵਿੱਚ ਲਿਆਂਦੀਆਂ ਗਈਆਂ ਸਨ।

ਅੱਜ ਵਿਸ਼ਵ ਪੱਧਰ 'ਤੇ ਸਥਿਤੀ ਉਲਟ ਹੋ ਗਈ ਹੈ, ਮਜ਼ਦੂਰ ਜਮਾਤ ਅਤੇ ਖੱਬੇ ਪੱਖੀ ਤਾਕਤਾਂ ਦੀ ਲਹਿਰ ਬੇਹੱਦ ਕਮਜ਼ੋਰ ਹੋ ਗਈ ਹੈ ਅਤੇ ਪਾਟੋ-ਧਾੜ ਦਾ ਸ਼ਿਕਾਰ ਹੈ । ਕੋਈ ਸਮਾਜਵਾਦੀ ਕੈਂਪ ਨਹੀਂ ਬਚਿਆ ਅਤੇ ਵਿਸ਼ਵ ਪੱਧਰ 'ਤੇ ਕੋਈ ਲਹਿਰ ਸਾਮਰਾਜਵਾਦੀ-ਕਾਰਪੋਰੇਟ ਪ੍ਰਬੰਧ ਨੂੰ ਸੱਟ ਮਾਰਨ ਦੀ ਹਾਲਤ ਵਿੱਚ ਨਹੀਂ ਰਹੀ। ਇਸ ਲਈ ਅਮਰੀਕੀ ਸਾਮਰਾਜਵਾਦ ਦੀ ਅਗਵਾਈ ਹੇਠ ਆਈ ਐੱਮ ਐੱਫ਼, ਵਿਸ਼ਵ ਬੈਂਕ ਅਤੇ ਵਿਸ਼ਵ ਵਪਾਰ ਸੰਸਥਾ ਵਰਗੀਆਂ ਨਵ-ਬਸਤੀਵਾਦੀ ਸੰਸਥਾਵਾਂ ਦੇ ਨਿਰਦੇਸ਼ਾਂ ਤਹਿਤ ਚੱਲਣ ਵਾਲੀਆਂ ਸਰਕਾਰਾਂ ਨੇ 1991 ਦੇ ਦਹਾਕੇ ਤੋਂ ਹੀ ਕਲਿਆਣਕਾਰੀ ਨੀਤੀਆਂ ਦਾ ਚੋਲਾ ਉਤਾਰ ਕੇ ਨਵ-ਉਦਾਰਵਾਦੀ (ਨਵ-ਬਸਤੀਵਾਦੀ) ਨਵਾਂ ਮਾਡਲ ਅਪਣਾ ਲਿਆ, ਜੋ ਬਸਤੀਵਾਦੀ ਮਾਡਲ ਨਾਲੋਂ ਕਿਤੇ ਵੱਧ ਜ਼ਾਲਮ ਤੇ ਖ਼ੂੰਖਾਰ ਹੈ । ਇੱਥੋਂ ਤੱਕ ਕਿ ਸਾਮਰਾਜਵਾਦੀ ਵਿਵਸਥਾ ਦੇ ਆਰਥਿਕ ਸੰਕਟ ਦਾ ਬੋਝ ਮਜ਼ਦੂਰ ਜਮਾਤ ਅਤੇ ਸਮੁੱਚੀ ਮਿਹਨਤਕਸ਼ ਜਨਤਾ ਦੇ ਮੋਢਿਆਂ 'ਤੇ ਲੱਦ ਦਿੱਤਾ ਗਿਆ ਹੈ।

ਫਾਸ਼ੀਵਾਦੀ ਮੋਦੀ ਸਰਕਾਰ ਨੇ ਇਹਨਾਂ ਨੀਤੀਆਂ ਨੂੰ ਪ੍ਰਵਾਨ ਚੜ੍ਹਾਉਣ ਲਈ ਮਜ਼ਦੂਰ ਜਮਾਤ ਸਮੇਤ ਸਾਰੇ ਵਰਗਾਂ ਪ੍ਰਤੀ ਖ਼ੂੰਖਾਰ ਰੂਪ ਧਾਰਨ ਕਰ ਲਿਆ ਹੈ। ਦਲਿਤਾਂ , ਔਰਤਾਂ, ਘੱਟ-ਗਿਣਤੀਆਂ ਅਤੇ ਗ਼ਰੀਬ ਜਨਤਾ ਦੀ ਦੁਸ਼ਮਣ ਅਤੇ ਮਨੂੰਵਾਦ ਦੀ ਪੈਰੋਕਾਰ ਭਾਜਪਾ-ਆਰ ਐੱਸ ਐੱਸ ਦੀ ਅਗਵਾਈ ਹੇਠ ਸਮੁੱਚੀ ਰਾਜਸੱਤਾ ਦਾ ਫਾਸ਼ੀਵਾਦੀਕਰਨ ਹੋ ਗਿਆ। ਮੋਦੀ ਸਰਕਾਰ ਵੱਲੋਂ 44 ਕਿਰਤ ਕਾਨੂੰਨਾਂ ਨੂੰ ਖ਼ਤਮ ਕਰਕੇ ਮਜ਼ਦੂਰ ਵਿਰੋਧੀ 4 ਲੇਬਰ ਕੋਡਾਂ ਵਿੱਚ ਬਦਲ ਦਿੱਤਾ ਗਿਆ ਅਤੇ ਇਹਨਾਂ ਨੂੰ 1 ਅਪ੍ਰੈਲ 2026 ਤੋਂ ਪੂਰੇ ਦੇਸ਼ ਵਿੱਚ ਲਾਗੂ ਕਰਨ ਦਾ ਐਲਾਨ ਕਰ ਦਿੱਤਾ ਹੈ।ਮਜ਼ਦੂਰਾਂ ਨੇ ਆਪਣਾ ਖ਼ੂਨ-ਪਸੀਨਾ ਬਹਾ ਕੇ ਅਤੇ ਜੁਝਾਰੂ ਸੰਘਰਸ਼ਾਂ ਰਾਹੀਂ ਜੋ ਅਧਿਕਾਰ ਪ੍ਰਾਪਤ ਕੀਤੇ ਸਨ, ਜਿਵੇਂ 8 ਘੰਟੇ ਦਿਹਾੜੀ ਦਾ ਅਧਿਕਾਰ, ਯੂਨੀਅਨ ਬਣਾਉਣ ਦਾ ਅਧਿਕਾਰ, ਹੜਤਾਲ ਕਰਨ ਦਾ ਅਧਿਕਾਰ ਸਭ ਖ਼ਤਮ ਕਰ ਦਿੱਤੇ ਗਏ। ਵੀਹ ਸਾਲ ਪੁਰਾਣਾ ਮਗਨਰੇਗਾ ਦਾ ਕਾਨੂੰਨ ਖ਼ਤਮ ਕਰਕੇ ਮਜ਼ਦੂਰਾਂ ਤੋਂ ਕਿਰਤ ਦਾ ਬੁਨਿਆਦੀ ਅਧਿਕਾਰ ਵੀ ਖੋਹ ਲਿਆ, 4 ਲੇਬਰ ਕੋਡਾਂ ਤਹਿਤ ਮਜ਼ਦੂਰਾਂ, ਮੁਲਾਜ਼ਮਾਂ ਦੇ ਸਥਾਈ ਰੁਜ਼ਗਾਰ ਦੀ ਬਜਾਏ ਠੇਕਾ ਜਾਂ ਆਉਟਸੋਰਸਿਜ਼ ਭਰਤੀ, ਕੰਮ ਲਓ- ਕੱਢ ਦਿਓ, ਕੋਈ ਪੈਨਸ਼ਨ ਨਹੀਂ, ਕੋਈ ਪੀ ਐੱਫ਼ ਨਹੀਂ, ਕੋਈ ਈ ਐੱਸ ਆਈ ਨਹੀਂ, ਕੋਈ ਮੈਡੀਕਲ ਸਹੂਲਤ ਨਹੀਂ। ਫੈਕਟਰੀਆਂ ਜਾਂ ਕੰਮ ਦੀਆਂ ਥਾਵਾਂ 'ਤੇ ਸਰਕਾਰ ਅਤੇ ਮਾਲਕਾਂ ਦੀ ਕੋਈ ਜ਼ਿੰਮੇਵਾਰੀ ਜਾਂ ਜਵਾਬਦੇਹੀ ਨਹੀਂ ਹੈ। ਸਪੱਸ਼ਟ ਸ਼ਬਦਾਂ ਵਿੱਚ ਕਹਿਣਾ ਹੋਵੇ, ਕਿ ਜਦੋਂ ਕੰਮ ਸਥਾਈ ਹੈ ਤਾਂ ਰੁਜ਼ਗਾਰ ਵੀ ਸਥਾਈ ਹੋਣਾ ਚਾਹੀਦਾ। ਅੱਜ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਵੀ ਮਜ਼ਦੂਰਾਂ -ਮੁਲਾਜ਼ਮਾਂ ਦੀਆਂ ਮੰਗਾਂ ਵੱਲ ਧਿਆਨ ਦੇਣ ਦੀ ਬਜਾਏ ਹਮੇਸ਼ਾ ਫੈਕਟਰੀ ਮਾਲਕਾਂ ਅਤੇ ਠੇਕੇਦਾਰਾਂ ਨਾਲ ਖੜ੍ਹੀਆਂ ਹਨ ਅਤੇ ਉਹਨਾਂ ਦੇ ਹੱਕ 'ਚ ਕਾਨੂੰਨ ਬਣਾ ਰਹੀਆਂ ਹਨ। ਇਸ ਲਈ ਮੋਦੀ ਦੇ ਫਾਸ਼ੀਵਾਦੀ ਰਾਜ ਦਾ ਅੰਤ ਸਮੇਂ ਦੀ ਮੁੱਖ ਲੋੜ ਹੈ, ਜਿਸ ਨੂੰ ਸਮੁੱਚੀ ਮਜ਼ਦੂਰ ਜਮਾਤ ਅਤੇ ਉਸ ਦੀਆਂ ਸਹਿਯੋਗੀ ਤਾਕਤਾਂ ਇੱਕ- ਜੁੱਟ ਹੋ ਕੇ ਹੀ ਖ਼ਤਮ ਕਰ ਸਕਦੀਆਂ ਹਨ । ਜਦੋਂ ਤੱਕ ਮਜ਼ਦੂਰ ਜਮਾਤ ਅਤੇ ਉਸ ਦੇ ਸਹਿਯੋਗੀਆਂ ਨੂੰ ਕ੍ਰਾਂਤੀਕਾਰੀ ਸਾਂਚੇ ਵਿੱਚ ਨਹੀਂ ਢਾਲਿਆ ਜਾਂਦਾ ਅਤੇ ਉਹਨਾਂ ਨੂੰ ਰਾਜਸੀ ਤਬਦੀਲੀ ਦੇ ਲਈ ਚੇਤਨ ਨਹੀਂ ਕੀਤਾ ਜਾਂਦਾ, ਉਦੋਂ ਤੱਕ ਲੁੱਟ-ਖਸੁੱਟ ਦੇ ਅਧਾਰਤ ਅਤੇ ਅਨਮਨੁੱਖੀ ਸਮਾਜਿਕ ਵਿਵਸਥਾ ਇਵੇਂ-ਜਿਵੇਂ ਬਣੀ ਰਹੇਗੀ।

# ਸੰਪਰਕ : 94636-10661

# ਕਲਯੁਗੀ ਬਾਪ ਹੀ ਨਿਕਲਿਆ ਆਪਣੇ ਨੌਜਵਾਨ ਪੁੱਤ ਦਾ ਕਾਤਲ

## ਪੁਲਸ ਨੇ ਅੰਨ੍ਹੇ ਕਤਲ ਦੀ ਗੁੱਥੀ ਦੋ ਦਿਨਾਂ 'ਚ ਹੀ ਸੁਲਝਾਈ



**ਨਾਭਾ (ਵਰਿੰਦਰ ਵਰਮਾ)**

ਨਾਭਾ ਦੇ ਪਿੰਡ ਧਾਰੋਂਕੀ ਵਿਖੇ 35 ਸਾਲ ਦੇ ਕਿਸਾਨ ਮੋਹਨ ਦਾਸ ਦੇ ਕਤਲ ਦੇ ਮਾਮਲੇ ਨੂੰ ਥਾਣਾ ਸਦਰ ਪੁਲਸ ਵੱਲੋਂ ਸੁਲਝਾਉਣ ਦਾ ਦਾਅਵਾ ਕੀਤਾ ਗਿਆ ਹੈ। ਥਾਣਾ ਸਦਰ ਵਿਖੇ ਡੀ ਐੱਸ ਪੀ ਨਾਭਾ ਗੁਰਿੰਦਰ ਸਿੰਘ ਬੱਲ ਤੇ ਐੱਸ ਐੱਚ ਓ ਸਦਰ ਜਸਪ੍ਰੀਤ ਸਿੰਘ ਵੱਲੋਂ ਸੱਦੀ ਗਈ ਪ੍ਰੈੱਸ ਕਾਨਫਰੰਸ ਵਿੱਚ ਖੁਲਾਸਾ ਕੀਤਾ ਗਿਆ ਕਿ ਮ੍ਰਿਤਕ ਮੋਹਨ ਦਾਸ ਦਾ ਕਤਲ ਖੁਦ ਉਸ ਦੇ ਪਿਤਾ ਜਸਪਾਲ ਦਾਸ ਦੁਆਰਾ ਹੀ ਕੀਤਾ ਗਿਆ ਸੀ, ਜਿਸ ਦਾ ਸਾਥ ਮ੍ਰਿਤਕ ਮੋਹਨ ਦਾਸ ਦੇ ਦੋਸਤ ਰਾਜਿੰਦਰ ਸਿੰਘ ਨੇ ਦਿੱਤਾ ਸੀ।ਇਸ ਸਬੰਧੀ ਗੱਲ ਕਰਦੇ ਹੋਏ ਡੀ ਐੱਸ ਪੀ ਗੁਰਿੰਦਰ ਸਿੰਘ ਬੱਲ ਨੇ ਦੱਸਿਆ ਕਿ ਪੁਲਸ ਨੂੰ 27 ਅਪ੍ਰੈਲ ਨੂੰ ਕਤਲ ਸਬੰਧੀ ਜਾਣਕਾਰੀ ਮਿਲੀ ਸੀ, ਜਿਸ ਤੋਂ ਬਾਅਦ ਪੁਲਸ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਲਈ ਹਰ ਪਹਿਲੂ ਤੋਂ ਡੂੰਘਾਈ ਤੇ ਤਕਨੀਕੀ ਤੌਰ 'ਤੇ ਜਿਵੇਂ ਕਿ ਸੀਸੀਟੀਵੀ ਕੈਮਰੇ, ਕਾਲ ਡਿਟੇਲਾਂ, ਟਾਵਰ ਲੋਕੇਸ਼ਨਾਂ, ਡੰਪ ਤੇ ਹਿਊਮਨ ਇੰਟੈਲੀਜੈਂਸੀ ਦੀ ਮਦਦ ਨਾਲ ਇੰਸਪੈਕਟਰ ਜਸਪ੍ਰੀਤ ਸਿੰਘ ਮੁੱਖ ਅਫਸਰ ਥਾਣਾ ਸਦਰ ਨਾਭਾ ਸਮੇਤ ਜਸਵਿੰਦਰ ਸਿੰਘ ਚੌਕੀ ਇੰਚਾਰਜ ਰੋਹਟੀ ਪੁਲ, ਅਮਰੀਕ ਸਿੰਘ ਇੰਚਾਰਜ ਚੌਕੀ ਗਲਵੱਟੀ ਦੀਆਂ ਵੱਖ ਵੱਖ ਪੁਲਸ ਪਾਰਟੀਆਂ ਬਣਾ ਕੇ ਰੇਡਾਂ ਕੀਤੀਆਂ ਗਈਆਂ। ਜਾਂਚ ਦੌਰਾਨ ਸੀਸੀਟੀਵੀ, ਕਾਲ ਡਿਟੇਲ ਟਾਵਰ ਲੋਕੇਸ਼ਨ ਦੇ ਅਧਾਰ 'ਤੇ ਇਸ ਕਤਲ ਕੇਸ ਵਿੱਚ ਮ੍ਰਿਤਕ ਦੇ ਪਿਤਾ ਜਸਪਾਲ ਦਾਸ ਤੇ ਮ੍ਰਿਤਕ ਦੇ ਦੋਸਤ ਰਾਜਿੰਦਰ ਸਿੰਘ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਡੀਐੱਸਪੀ ਗੁਰਿੰਦਰ ਸਿੰਘ ਬੱਲ ਨੇ ਦੱਸਿਆ ਕਿ ਮੋਹਨ ਦਾਸ ਇੱਕ ਝਗੜਾਲੂ ਕਿਸਮ ਦਾ ਵਿਅਕਤੀ ਸੀ, ਜਿਸ ਦੇ ਖਿਲਾਫ ਉਸ ਦੇ ਪਿੰਡ ਵਿੱਚ ਪਹਿਲਾਂ ਵੀ ਕੁੱਟਮਾਰ ਦਾ ਇੱਕ ਮੁਕੱਦਮਾ ਦਰਜ ਹੈ, ਉਹ ਅਕਸਰ ਆਪਣੀ ਪਤਨੀ, ਬੱਚੇ ਤੇ ਆਪਣੇ ਪਿਤਾ ਦੀ ਕੁੱਟਮਾਰ ਕਰਦਾ ਰਹਿੰਦਾ ਸੀ, ਜਿਸ ਤੋਂ ਦੁਖੀ ਹੋਣ ਕਾਰਨ ਉਸ ਦੇ ਪਿਤਾ ਵੱਲੋਂ ਮੋਹਨ ਦਾਸ ਦੇ ਦੋਸਤ ਰਜਿੰਦਰ ਸਿੰਘ ਨਾਲ ਮਿਲ ਕੇ ਇਸ ਦਾ ਕਤਲ ਕਰ ਦਿੱਤਾ ਗਿਆ।ਉਨ੍ਹਾਂ ਦਾ ਕਹਿਣਾ ਹੈ ਕਿ ਪੁਲਸ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ ਅਤੇ ਦੋਵੇਂ ਫੜੇ ਗਏ ਕਥਿਤ ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਲਿਆ ਜਾਵੇਗਾ। ਪ੍ਰੰਤੂ ਇਨਸਾਨੀਅਤ ਨੂੰ ਸ਼ਰਮਸਾਰ ਕਰਦੀ ਇਸ ਘਟਨਾ ਨਾਲ ਪਿੰਡ ਨਿਵਾਸੀਆਂ ਸਮੇਤ ਪੂਰਾ ਇਲਾਕਾ ਹੈਰਾਨੀ ਵਿੱਚ ਹੈ ਕਿ ਕਿਸ ਤਰ੍ਹਾਂ ਅੱਜ ਦੇ ਸਮੇਂ ਇੱਕ ਪਿਤਾ ਆਪਣੇ ਹੀ ਪੁੱਤਰ ਦਾ ਕਤਲ ਕਰ ਸਕਦਾ ਹੈ। ਇਹ ਵੀ ਖੁਲਾਸਾ ਹੋਇਆ ਹੈ ਕਿ ਜੇਕਰ ਉਸ ਦਾ ਪਿਤਾ ਮੋਹਨ ਦਾਸ ਨੂੰ ਨਾ ਮਾਰਦਾ ਤਾਂ ਉਸ ਨੂੰ ਡਰ ਸੀ ਕਿ ਉਸ ਦਾ ਆਪਣਾ ਹੀ ਪੁੱਤਰ ਉਸ ਦਾ ਕਤਲ ਕਰ ਸਕਦਾ ਹੈ, ਜਿਸ ਕਰਕੇ ਹੀ ਇਸ ਕਤਲ ਨੂੰ ਅੰਜਾਮ ਦਿੱਤਾ ਗਿਆ।

# ਸਿਵਲ ਹਸਪਤਾਲ 'ਚ ਗਰਭਵਤੀ ਔਰਤਾਂ ਨਾਲ ਦੁਰਵਿਹਾਰ ਦੇ ਦੋਸ਼



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਤੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਤੇ ਸੁਚੱਜਾ ਇਲਾਜ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ, ਪਰ ਇਹ ਦਾਅਵੇ ਉਸ ਵੇਲੇ ਖੋਖਲੇ ਸਾਬਤ ਹੁੰਦੇ ਨਜ਼ਰ ਆਏ, ਜਦੋਂ ਸਿਵਲ ਹਸਪਤਾਲ ਵਿੱਚ ਗਰਭਵਤੀ ਮਹਿਲਾਵਾਂ ਨਾਲ ਹੋ ਰਹੇ ਦੁਰਵਿਹਾਰ ਦੇ ਗੰਭੀਰ ਦੋਸ਼ ਸਾਹਮਣੇ ਆਏ।ਹਸਪਤਾਲ ਵਿੱਚ ਇਲਾਜ ਲਈ ਆਈਆਂ ਕਈ ਗਰਭਵਤੀ ਔਰਤਾਂ ਨੇ ਦੱਸਿਆ ਕਿ ਉਹ ਪਿਛਲੇ 5-6 ਦਿਨਾਂ ਤੋਂ ਆਪਣੀਆਂ ਮੈਡੀਕਲ ਰਿਪੋਰਟਾਂ ਅਤੇ ਅਲਟਰਾਸਾਊਂਡ ਦਿਖਾਉਣ ਲਈ ਰੋਜ਼ਾਨਾ ਹਸਪਤਾਲ ਦੇ ਚੱਕਰ ਲਾ ਰਹੀਆਂ ਹਨ, ਪਰ ਗਾਇਨੀ ਵਿਭਾਗ ਦੇ ਡਾਕਟਰ ਵੱਲੋਂ ਉਨ੍ਹਾਂ ਦੀਆਂ ਰਿਪੋਰਟਾਂ ਨਹੀਂ ਦੇਖਿਆ ਜਾ ਰਿਹਾ।ਔਰਤਾਂ ਅਨੁਸਾਰ ਡਾਕਟਰ ਅਕਸਰ ਆਪਣੇ ਨਿੱਜੀ ਕੰਮਾਂ ਤੇ ਮੋਬਾਈਲ ਵਿੱਚ ਬਿਜ਼ੀ ਰਹਿੰਦੇ ਹਨ, ਜਿਸ ਕਾਰਨ ਮਰੀਜ਼ਾਂ ਨੂੰ ਬਿਨਾਂ ਜਾਂਚ ਦੇ ਹੀ ਵਾਪਸ ਮੁੜਨਾ ਪੈਂਦਾ ਹੈ।

ਪ੍ਰਭਾਵਤ ਔਰਤਾਂ ਨੇ ਦੋਸ਼ ਲਾਏ ਕਿ ਦਿਨ ਭਰ ਵਿੱਚ ਸਿਰਫ 10-15 ਮਰੀਜ਼ਾਂ ਦੀ ਹੀ ਜਾਂਚ ਕੀਤੀ ਜਾ ਰਹੀ ਹੈ, ਜਦਕਿ ਲਗਭਗ 200 ਦੇ ਕਰੀਬ ਗਰਭਵਤੀ ਔਰਤਾਂ ਰੋਜ਼ਾਨਾ ਚੈੱਕਅਪ ਲਈ ਹਸਪਤਾਲ ਪਹੁੰਚਦੀਆਂ ਹਨ।ਇਸ ਕਾਰਨ ਗਰਭਵਤੀ ਮਹਿਲਾਵਾਂ ਨੂੰ ਘੰਟਿਆਂ ਲਾਈਨਾਂ ਵਿੱਚ ਖੜ੍ਹਾ ਰਹਿਣਾ ਪੈਂਦਾ ਹੈ, ਜੋ ਗਰਭਵਤੀ ਮਹਿਲਾ ਲਈ ਬਹੁਤ ਮੁਸ਼ਕਲ ਹੈ, ਫਿਰ ਵੀ ਅਖੀਰ ਵਿੱਚ ਨਿਰਾਸ਼ ਹੋ ਕੇ ਵਾਪਸ ਜਾਣਾ ਪੈਂਦਾ ਹੈ।

ਮਾਮਲੇ ਨੂੰ ਹੋਰ ਗੰਭੀਰ ਬਣਾਉਂਦਿਆਂ ਕੁੱਝ ਔਰਤਾਂ ਨੇ ਇਹ ਵੀ ਦੱਸਿਆ ਕਿ ਗਾਇਨੀ ਡਾਕਟਰ ਅਤੇ ਉਨ੍ਹਾਂ ਦੇ ਸਟਾਫ ਵੱਲੋਂ ਮਰੀਜ਼ਾਂ ਨਾਲ ਰੁੱਖਾ ਵਤੀਰਾ ਅਪਣਾਇਆ ਜਾਂਦਾ ਹੈ।ਇੱਥੋਂ ਤੱਕ ਕਿ ਕੁਝ ਮਹਿਲਾਵਾਂ ਨੇ ਧੱਕਾ-ਮੁੱਕੀ ਕਰਨ ਦੇ ਵੀ ਦੋਸ਼ ਲਾਏ, ਜੋ ਸਿਹਤ ਸੇਵਾਵਾਂ ਦੇ ਮਿਆਰ 'ਤੇ ਸਵਾਲ ਖੜੇ ਕਰਦਾ ਹੈ।ਇਲਾਕਾ ਵਾਸੀਆਂ ਨੇ ਸਰਕਾਰ ਅਤੇ ਸਿਹਤ ਵਿਭਾਗ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਤੁਰੰਤ ਜਾਂਚ ਕਰਵਾਈ ਜਾਵੇ ਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।ਨਾਲ ਹੀ ਹਸਪਤਾਲ ਵਿੱਚ ਡਾਕਟਰਾਂ ਦੀ ਘਾਟ ਨੂੰ ਪੂਰਾ ਕਰਕੇ ਮਰੀਜ਼ਾਂ ਨੂੰ ਸੁਚੱਜੀਆਂ ਸਿਹਤ ਸੇਵਾਵਾਂ ਮੁਹੱਈਆ ਕਰਾਉਣ ਲਈ ਢੁੱਕਵੇਂ ਪ੍ਰਬੰਧ ਕੀਤੇ ਜਾਣ।

# ਬਿਜਲੀ ਕੱਟਾਂ ਤੋਂ ਪ੍ਰੇਸ਼ਾਨ ਅਕਾਲੀ ਦਲ ਵੱਲੋਂ ਐਕਸੀਅਨ ਦਫ਼ਤਰ ਦਾ ਘਿਰਾਓ

## ਬਿਜਲੀ ਸਪਲਾਈ ਦਾ ਪ੍ਰਬੰਧ ਸੁਚਾਰੂ ਨਾ ਕੀਤਾ ਤਾਂ ਵੱਡਾ ਸੰਘਰਸ਼ ਵਿੱਢਾਂਗੇ : ਕਲੇਰ, ਗਰੇਵਾਲ, ਡੱਲਾ



**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-ਪੰਜਾਬ ਵਿੱਚ ਲਗਾਤਾਰ ਬਿਜਲੀ ਸਪਲਾਈ ਪ੍ਰਭਾਵਿਤ ਹੋਣ ਤੇ ਲਗਾਤਾਰ ਲੱਗ ਰਹੇ ਬਿਜਲੀ ਕੱਟਾਂ ਦੇ ਵਿਰੋਧ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਬਿਜਲੀ ਬੋਰਡ ਦੇ ਐਕਸੀਅਨ ਦਫ਼ਤਰ ਅੱਗੇ ਜ਼ੋਰਦਾਰ ਧਰਨਾ ਦਿੱਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਸ਼ਾਮਲ ਹੋਏ।ਧਰਨੇ ਦੌਰਾਨ ਲੋਕਾਂ ਨੇ ਬਿਜਲੀ ਵਿਭਾਗ ਤੇ ਸਰਕਾਰ ਖ਼ਿਲਾਫ਼ ਨਾਰੇਬਾਜ਼ੀ ਕਰਦਿਆਂ ਤੁਰੰਤ ਬਿਜਲੀ ਸਪਲਾਈ ਸੁਚਾਰੂ ਕਰਨ ਦੀ ਮੰਗ ਕੀਤੀ।ਧਰਨੇ ਦੌਰਾਨ ਸੰਬੋਧਨ ਕਰਦਿਆਂ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਐੱਸ. ਆਰ. ਕਲੇਰ ਨੇ ਕਿਹਾ ਕਿ ਪੰਜਾਬ ਵਿੱਚ ਬਿਜਲੀ ਪ੍ਰਬੰਧਨ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕਾ ਹੈ।ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੱਕ ਬਿਜਲੀ ਨਾ ਆਉਣ ਕਾਰਨ ਕਿਸਾਨਾਂ ਦੀਆਂ ਫਸਲਾਂ ਪ੍ਰਭਾਵਿਤ ਹੋ ਰਹੀਆਂ ਹਨ, ਖੇਤਾਂ ਵਿੱਚ ਲੱਗੇ ਟਿਊਬਵੈੱਲ ਬੰਦ ਪਏ ਹਨ ਤੇ ਸਿੰਚਾਈ ਦਾ ਕੰਮ ਰੁਕਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਕਿਸਾਨਾਂ ਦੀਆਂ ਮੁਸ਼ਕਲਾਂ ਦਾ ਬਿਲਕੁਲ ਅਹਿਸਾਸ ਨਹੀਂ।ਇਸ ਮੌਕੇ ਐੱਸ.ਜੀ.ਪੀ.ਸੀ. ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਬਿਜਲੀ ਕੱਟਾਂ ਕਾਰਨ ਛੋਟੇ ਵਪਾਰੀਆਂ ਤੇ ਦੁਕਾਨਦਾਰਾਂ ਦਾ ਕਾਰੋਬਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ।ਗਰਮੀ ਦੇ ਮੌਸਮ ਵਿੱਚ ਫ੍ਰਿਜ, ਕੂਲਰ ਤੇ ਹੋਰ ਬਿਜਲੀ ਉਪਕਰਣ ਬੰਦ ਹੋਣ ਕਾਰਨ ਦੁਕਾਨਦਾਰਾਂ ਨੂੰ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਜੇਕਰ ਹਾਲਾਤ ਜਲਦ ਨਾ ਸੁਧਰੇ ਤਾਂ ਲੋਕ ਸੜਕਾਂ 'ਤੇ ਉਤਰਨ ਲਈ ਮਜਬੂਰ ਹੋਣਗੇ।ਇਸ ਮੌਕੇ ਸਿਵਰਾਜ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮਜ਼ਦੂਰ ਵਰਗ ਵੀ ਬਿਜਲੀ ਕੱਟਾਂ ਕਾਰਨ ਬਹੁਤ ਪ੍ਰੇਸ਼ਾਨ ਹੈ।ਛੋਟੇ ਉਦਯੋਗ ਤੇ ਕਾਰਖਾਨਿਆਂ ਵਿੱਚ ਕੰਮ ਰੁਕਣ ਕਾਰਨ ਦਿਹਾੜੀਦਾਰ ਮਜ਼ਦੂਰਾਂ ਦੀ ਰੋਜ਼ੀ-ਰੋਟੀ 'ਤੇ ਅਸਰ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਤੁਰੰਤ ਇਸ ਸੰਕਟ ਦਾ ਹੱਲ ਕਰਨਾ ਚਾਹੀਦਾ ਹੈ।ਧਰਨੇ ਦੌਰਾਨ ਹਾਜ਼ਰ ਆਗੂਆਂ ਨੇ ਆਖਿਆ ਕਿ ਬਿਜਲੀ ਕੱਟਾਂ ਕਾਰਨ ਘਰੇਲੂ ਜੀਵਨ ਵੀ ਪ੍ਰਭਾਵਿਤ ਹੋ ਰਿਹਾ ਹੈ।ਬੱਚਿਆਂ ਦੀ ਪੜ੍ਹਾਈ, ਪੀਣ ਵਾਲੇ ਪਾਣੀ ਦੀ ਸਪਲਾਈ ਤੇ ਰੋਜ਼ਾਨਾ ਦੇ ਕੰਮਾਂ ਵਿੱਚ ਵੱਡੀ ਰੁਕਾਵਟ ਪੈ ਰਹੀ ਹੈ।ਲੋਕਾਂ ਨੇ ਮੰਗ ਕੀਤੀ ਕਿ ਬਿਜਲੀ ਸਪਲਾਈ ਦਾ ਪੱਕਾ ਸ਼ਡਿਊਲ ਜਾਰੀ ਕੀਤਾ ਜਾਵੇ ਤੇ ਬਿਨਾਂ ਕਾਰਨ ਲੱਗ ਰਹੇ ਕੱਟ ਤੁਰੰਤ ਬੰਦ ਕੀਤੇ ਜਾਣ।ਚੰਦ ਡੱਲਾ, ਕਮਲ ਮੱਲ੍ਹਾ ਤੇ ਦੀਦਾਰ ਮਲਕ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਤੇ ਬਿਜਲੀ ਵਿਭਾਗ ਨੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਨਾ ਕੀਤਾ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ ਅਤੇ ਵੱਡੇ ਪੱਧਰ 'ਤੇ ਅੰਦੋਲਨ ਕੀਤਾ ਜਾਵੇਗਾ।

ਇਸ ਮੌਕੇ ਇਸ ਮੌਕੇ ਐੱਸ.ਜੀ.ਪੀ.ਸੀ. ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਸਾਬਕਾ ਸੀਨੀਅਰ ਮੀਤ ਪ੍ਰਧਾਨ ਦਵਿੰਦਰਜੀਤ ਸਿੰਘ ਸਿੱਧੂ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਚਰਨਜੀਤ ਸਿੰਘ ਜਗਰਾਓਂ, ਐੱਸ ਸੀ ਵਿੰਗ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਆਈਟੀ ਵਿੰਗ ਹਲਕਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਬਸੂਵਾਲ, ਸੀਨੀਅਰ ਯੂਥ ਆਗੂ ਸੰਦੀਪ ਸਿੰਘ ਮੱਲ੍ਹਾ ਤੋਂ ਇਲਾਵਾ ਹੋਰ ਕਈ ਮੋਹਤਵਾਰ ਤੇ ਪਿੰਡਾਂ ਦੇ ਅਕਾਲੀ ਆਗੂ ਹਾਜ਼ਰ ਸਨ।

## ਕਾਤਰਾਂ

### ਕੁੱਟਮਾਰ ਦੇ ਮਾਮਲੇ 'ਚ ਤਿੰਨ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਖਰੌੜੀ ਵਿਖੇ ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਇੱਕ ਵਿਅਕਤੀ ਦੀ ਕੀਤੀ ਗਈ ਕਥਿਤ ਕੁੱਟਮਾਰ ਦੇ ਮਾਮਲੇ ਵਿੱਚ ਥਾਣਾ ਮੂਲੇਪੁਰ ਦੀ ਪੁਲਸ ਵੱਲੋਂ ਤਿੰਨ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਨਾਜ਼ਰ ਸਿੰਘ ਵਾਸੀ ਪਿੰਡ ਸ਼ਾਹਪੁਰ (ਰੂਪਨਗਰ) ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ 25 ਅਪ੍ਰੈਲ ਨੂੰ ਸ਼ਾਮ ਕਰੀਬ ਛੇ ਵਜੇ ਉਹ ਆਪਣੇ ਦੋਸਤ ਦੇ ਲੜਕੇ ਉਪਕਾਰ ਸਿੰਘ ਨੂੰ ਨਾਲ ਲੈ ਕੇ ਪਿੰਡ ਖਰੌੜੀ ਵਿਖੇ ਬਲਜੀਤ ਸਿੰਘ ਹੁਰਾਂ ਦੇ ਘਰ ਆਪਣੇ ਪੈਸੇ ਲੈਣ ਗਿਆ ਸੀ, ਜਿੱਥੇ ਬਲਜੀਤ ਸਿੰਘ, ਸੰਗਰਾਮ ਸਿੰਘ ਤੇ ਸੋਨੂੰ ਨੇ ਉਸ ਦੀ ਕੁੱਟਮਾਰ ਕੀਤੀ।ਬਲਜੀਤ ਸਿੰਘ, ਸੰਗਰਾਮ ਸਿੰਘ ਤੇ ਸੋਨੂੰ ਵਾਸੀਆਨ ਪਿੰਡ ਖਰੌੜੀ ਵਿਰੁੱਧ ਬੀ.ਐੱਨ.ਐੱਸ. ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੂਲੇਪੁਰ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

### ਦੋ ਕੈਂਟਰ ਆਪਸ ਚ ਟਕਰਾਏ, ਕਲੀਨਰ ਦੀ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ ਜੀ. ਟੀ. ਰੋਡ 'ਤੇ ਦੋ ਕੈਂਟਰਾਂ ਦੇ ਆਪਸ ਵਿੱਚ ਟਕਰਾ ਜਾਣ ਕਾਰਨ ਇੱਕ ਕੈਂਟਰ ਦੇ ਕੈਬਿਨ ਵਿੱਚ ਬੁਰੀ ਤਰ੍ਹਾਂ ਫਸੇ ਕਲੀਨਰ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਲੁਧਿਆਣਾ ਤੋਂ ਜ਼ੀਰਕਪੁਰ ਜਾ ਰਿਹਾ ਇੱਕ ਕੈਂਟਰ, ਜਿਸ ਨੂੰ ਰਾਕੇਸ਼ ਕੁਮਾਰ ਵਾਸੀ ਜ਼ੀਰਕਪੁਰ ਚਲਾ ਸੀ ਤੇ ਹਰਜੀਤ ਸਿੰਘ (27) ਵਾਸੀ ਸਮਰਾਲਾ (ਲੁਧਿਆਣਾ) ਉਸ ਦੇ ਨਾਲ ਕਲੀਨਰ ਵਜੋਂ ਸਵਾਰ ਸੀ।ਕੈਂਟਰ ਲੈ ਕੇ ਉਹ ਦੋਵੇਂ ਜਦੋਂ ਸਰਹਿੰਦ ਜੀ. ਟੀ. ਰੋਡ ਦੇ ਤਰਖਾਣਮਾਜਰਾ ਟੀ ਪੁਆਇੰਟ ਨਜ਼ਦੀਕ ਪਹੁੰਚੇ ਤਾਂ ਉਨ੍ਹਾਂ ਦੇ ਅੱਗੇ ਜਾ ਰਹੇ ਕੈਂਟਰ ਦੇ ਡਰਾਈਵਰ ਨੇ ਕੈਂਟਰ ਨੂੰ ਸੜਕ ਵਿਚਾਲੇ ਬਰੇਕ ਲਗਾ ਕੇ ਇੱਕਦਮ ਰੋਕ ਦਿੱਤਾ, ਜਿਸ ਕਾਰਨ ਉਨ੍ਹਾਂ ਦਾ ਕੈਂਟਰ ਅਚਾਨਕ ਅੱਗੇ ਰੁਕੇ ਕੈਂਟਰ ਦੇ ਪਿੱਛੇ ਜ਼ੋਰ ਨਾਲ ਟਕਰਾਇਆ ਤੇ ਕਲੀਨਰ ਹਰਜੀਤ ਸਿੰਘ ਕੈਂਟਰ ਦੇ ਕੈਬਿਨ ਵਿੱਚ ਬੁਰੀ ਤਰ੍ਹਾਂ ਫਸ ਗਿਆ, ਜਿਸ ਨੂੰ ਰਾਹਗੀਰਾਂ ਵੱਲੋਂ ਬੜੀ ਮੁਸ਼ੱਕਤ ਨਾਲ ਮਗਰੋਂ ਬਾਹਰ ਕੱਢਿਆ ਗਿਆ, ਪਰ ਉਦੋਂ ਤੱਕ ਹਰਜੀਤ ਸਿੰਘ ਦੀ ਮੌਤ ਹੋ ਚੁੱਕੀ ਸੀ, ਜਦੋਂਕਿ ਕੈਂਟਰ ਚਾਲਕ ਰਾਕੇਸ਼ ਕੁਮਾਰ ਦਾ ਮਾਮੂਲੀ ਸੱਟਾਂ ਲੱਗਣ ਕਾਰਨ ਬਚਾਅ ਹੋ ਗਿਆ।ਰਾਕੇਸ਼ ਕੁਮਾਰ ਦੇ ਬਿਆਨਾਂ 'ਤੇ ਕੈਂਟਰ ਦੇ ਨਾਮਾਲੂਮ ਡਰਾਈਵਰ ਖ਼ਿਲਾਫ਼ ਮੁਕੱਦਮਾ ਦਰਜ ਕਰਕੇ ਥਾਣਾ ਸਰਹਿੰਦ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

### ਘਰ ਦੇ ਬਟਵਾਰੇ ਨੂੰ ਲੈ ਕੇ ਹੋਈ ਲੜਾਈ 'ਚ ਇਕ ਜ਼ਖ਼ਮੀਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਘੱਲ ਖੁਰਦ ਅਧੀਨ ਆਉਂਦੇ ਪਿੰਡ ਉੱਗੋਕੇ ਵਿਖੇ ਘਰ ਦੇ ਬਟਵਾਰੇ ਨੂੰ ਲੈ ਕੇ ਦੋ ਭਰਾਵਾਂ ਦੀ ਹੋਈ ਲੜਾਈ ਵਿੱਚ ਇੱਕ ਦੇ ਜ਼ਖ਼ਮੀਂ ਹੋਣ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਘੱਲ ਖੁਰਦ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਗੁਰਪ੍ਰੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਉੱਗੋਕੇ ਨੇ ਦੱਸਿਆ ਕਿ ਘਰ ਦੇ ਬਟਵਾਰੇ ਤੇ 8 ਲੱਖ ਰੁਪਏ ਲੈਣ ਦੇਣ ਨੂੰ ਲੈ ਕੇ ਉਸ ਦੇ ਭਰਾ ਮਨਪ੍ਰੀਤ ਸਿੰਘ ਨੇ ਲੜਾਈ ਝਗੜਾ ਕਰਕੇ ਉਸ ਨੂੰ ਸੱਟਾਂ ਮਾਰੀਆਂ ਹਨ। ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਸ ਦਾ ਇਲਾਜ ਸਿਵਲ ਹਸਪਤਾਲ ਮੋਗਾ ਵਿਖੇ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਹਰਜਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਸ ਦੇ ਭਰਾ ਮਨਪ੍ਰੀਤ ਸਿੰਘ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਪਾਵਰਕਾਮ ਠੇਕਾ ਕਾਮਿਆਂ ਨੇ ਵਿੱਤ ਮੰਤਰੀ ਦੇ ਪੁਤਲੇ ਨੂੰ ਲਾਇਆ ਲਾਂਬੂ

## ਅੱਜ ਤੋਂ ਮੁਕੰਮਲ ਹੜਤਾਲ 'ਤੇ ਜਾਣ ਦਾ ਫ਼ੈਸਲਾ, ਠੇਕਾ ਕਾਮਿਆਂ ਨੂੰ ਪੱਕਾ ਕਰੇ ਸਰਕਾਰ



**ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਪੰਜਾਬ ਵੱਲੋਂ ਆਊਟ ਸੋਰਸਡ ਠੇਕਾ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਲ ਕਰਨ, ਘੱਟੋ ਘੱਟ ਗੁਜ਼ਾਰੇ ਯੋਗ ਤਨਖਾਹ ਲਾਗੂ ਕਰਨ, ਬਿਜਲੀ ਦਾ ਕਰੰਟ ਲੱਗਣ ਕਾਰਨ ਝੁਲਸ ਗਏ ਕਾਮਿਆਂ ਤੇ ਮੌਤ ਦੇ ਮੂੰਹ ਪਏ ਕਾਮਿਆਂ ਦੇ ਵਾਰਸਾਂ ਨੂੰ ਪੱਕੀ ਨੌਕਰੀ, ਪੱਕੀ ਪੈਨਸ਼ਨ ਦੀ ਗਰੰਟੀ ਕਰਨ ਤੇ ਨਿੱਜੀਕਰਨ ਦੀ ਨੀਤੀ ਨੂੰ ਰੱਦ ਕਰਵਾਉਣ ਦੇ ਲਈ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ।ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਸਰਕਲ ਪ੍ਰਧਾਨ ਕੇਸਰ ਸਿੰਘ, ਸਰਕਲ ਸਕੱਤਰ ਮਨਜਿੰਦਰ ਸਿੰਘ, ਕੈਸ਼ੀਅਰ ਸੁਖਰਾਜ ਸਿੰਘ, ਡਵੀਜ਼ਨ ਪ੍ਰਧਾਨ ਬਲਰਾਜ ਸਿੰਘ, ਕੈਸ਼ੀਅਰ ਗੁਰਵਿੰਦਰ ਸਿੰਘ ਤੇ ਜਰਨਲ ਸਕੱਤਰ ਮੇਜਰ ਸਿੰਘ ਨੇ ਦੱਸਿਆ ਕਿ ਪਿਛਲੇ ਦਿਨੀਂ 16 ਦਿਨ ਲਗਾਤਾਰ ਹੜਤਾਲ ਕਰ ਬਿਜਲੀ ਮੰਤਰੀ ਸਮੇਤ ਅਮਨ ਅਰੋੜਾ ਤੇ ਪਾਵਰਕਾਮ ਦੇ ਮੁੱਖ ਦਫਤਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ, ਜਿਸ ਦੇ ਸਿੱਟੇ ਵਜੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਬਿਜਲੀ ਮੰਤਰੀ ਨਾਲ ਬੈਠਕ ਹੋਈ, ਜਿਸ ਵਿੱਚ 30 ਅਪ੍ਰੈਲ 2026 ਨੂੰ ਮੀਟਿੰਗ ਕਰ ਮੰਗਾਂ ਨੂੰ ਹੱਲ ਕਰਨ ਦਾ ਭਰੋਸਾ ਦਿਵਾਇਆ ਗਿਆ ਸੀ।ਜਦੋਂ ਕਿ ਆਪਣੇ 16 ਦਿਨ ਦਾ ਧਰਨਾ ਜਥੇਬੰਦੀ ਵੱਲੋਂ ਮੁਲਤਵੀ ਕਰ ਦਿੱਤਾ ਗਿਆ ਸੀ, ਪਰ ਅੱਜ ਬੀਤੇ ਪੰਜਾਬ ਸਰਕਾਰ ਵੱਲੋਂ 30 ਅਪ੍ਰੈਲ 2026 ਦੀ ਮੀਟਿੰਗ ਮੁਲਤਵੀ ਕਰ ਦਿੱਤੀ ਗਈ ਤੇ ਮੰਗਾਂ ਦਾ ਨਿਪਟਾਰਾ ਨਹੀਂ ਕੀਤਾ ਗਿਆ। ਬਿਜਲੀ ਸਪਲਾਈ ਨੂੰ ਬਹਾਲ ਰੱਖਦਿਆਂ ਲਗਾਤਾਰ ਬਿਜਲੀ ਦੀ ਲਪੇਟ ਵਿੱਚ ਆ ਕੇ ਕਾਮਿਆਂ ਦੀਆਂ ਕੀਮਤੀ ਜਾਨਾਂ ਜਾ ਰਹੀਆਂ ਹਨ ਤੇ ਕਈ ਕਾਮੇ ਅਪੰਗ ਹੋ ਰਹੇ ਹਨ। ਜਥੇਬੰਦੀ ਵੱਲੋਂ ਮੰਗ ਕੀਤੀ ਗਈ ਕਿ ਸੁਰੱਖਿਆ ਲਈ ਪੁਖਤਾ ਪ੍ਰਬੰਧ ਕੀਤੇ ਜਾਣ ਤੇ ਸਮੂਹ ਆਊਟ ਸੋਰਸਡ ਠੇਕਾ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਲ ਕੀਤਾ ਜਾਵੇ, ਘੱਟੋ ਘੱਟ ਗੁਜ਼ਾਰੇ ਯੋਗ ਤਨਖਾਹ ਲਾਗੂ ਕੀਤੀ ਜਾਵੇ, ਹਾਦਸਾ ਪੀੜਤ ਪੱਕੀ ਨੌਕਰੀ, ਪੱਕੀ ਪੈਨਸ਼ਨ ਦੀ ਗਰੰਟੀ ਕੀਤੀ ਜਾਵੇ, ਠੇਕੇਦਾਰੀ ਸਿਸਟਮ ਦਾ ਦਾਖਲਾ ਬਿਜਲੀ ਖੇਤਰ ਵਿੱਚੋਂ ਬੰਦ ਕੀਤਾ ਜਾਵੇ।ਜਥੇਬੰਦੀ ਵੱਲੋਂ ਅੱਜ ਮੁਕੰਮਲ ਹੜਤਾਲ ਸ਼ੁਰੂ ਕਰ ਪੰਜਾਬ ਭਰ ਦੇ ਵਿੱਤ ਮੰਤਰੀ ਸਮੇਤ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਗਏ ਤੇ ਉਦੋਂ ਤੱਕ ਸੰਘਰਸ਼ ਜਾਰੀ ਰੱਖਣ ਦਾ ਫੈਸਲਾ ਕੀਤਾ, ਜਦੋਂ ਤੱਕ ਮੰਗਾਂ ਦਾ ਨਿਪਟਾਰਾ ਨਹੀਂ ਹੁੰਦਾ।ਪਹਿਲੀ ਮਈ ਨੂੰ ਮਜ਼ਦੂਰ ਦਿਵਸ ਮੌਕੇ ਵਿੱਤ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦਾ ਫੈਸਲਾ ਕੀਤਾ।

# ਬਿਜਲੀ ਵਿਭਾਗ ਦੀ ਅਣਗਹਿਲੀ ਕਾਰਨ ਕਿਸਾਨ ਦੀ ਕਰੰਟ ਲੱਗਣ ਨਾਲ ਮੌਤ

## ਗੁੱਸੇ 'ਚ ਆਏ ਲੋਕਾਂ ਨੇ ਲਾਸ਼ ਸੜਕ 'ਤੇ ਰੱਖ ਕੇ ਕੀਤਾ ਰੋਸ ਪ੍ਰਦਰਸ਼ਨ



**ਬੋਹਾ (ਨਿਰੰਜਣ ਬੋਹਾ)**-ਬੋਹਾ ਖੇਤਰ ਵਿੱਚ ਉਸ ਸਮੇਂ ਸੋਗ ਦੀ ਲਹਿਰ ਦੌੜ ਗਈ, ਜਦੋਂ ਇੱਥੋਂ ਨੇੜਲੇ ਪਿੰਡ ਲੱਖੀਵਾਲ ਦੇ ਇੱਕ ਗਰੀਬ ਕਿਸਾਨ ਦੀ ਬਿਜਲੀ ਦਾ ਕਰੰਟ ਕਾਰਨ ਮੌਕੇ 'ਤੇ ਮੌਤ ਹੋ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਜਸਵੰਤ ਸਿੰਘ ਪੁੱਤਰ ਸੇਵਾਬਾ ਸਿੰਘ ਵਾਸੀ ਲੱਖੀਵਾਲ ਅਪਣੇ ਟਰੈਕਟਰ 'ਤੇ ਜਾ ਰਿਹਾ ਸੀ ਤਾਂ ਪਿੰਡ ਗੰਢੂ ਖੁਰਦ ਦੇ ਨਜ਼ਦੀਕ ਬਿਜਲੀ ਦੀਆਂ ਤਾਰਾਂ ਟਰੈਕਟਰ ਦੀ ਛੱਤਰੀ ਨੂੰ ਛੂਹ ਗਈਆਂ, ਜਿਸ ਕਾਰਨ ਜ਼ਬਰਦਸਤ ਝਟਕੇ ਕਾਰਨ ਕਿਸਾਨ ਦੀ ਮੌਕੇ 'ਤੇ ਮੌਤ ਹੋ ਗਈ। ਘਟਨਾ ਦਾ ਪਤਾ ਚਲਦਿਆਂ ਹੀ ਗੁੱਸੇ ਵਿੱਚ ਆਏ ਇਲਾਕਾ ਨਿਵਾਸੀਆਂ ਨੇ ਲਾਸ਼ ਸੜਕ 'ਤੇ ਰੱਖ ਕੇ ਬੋਹਾ-ਰੱਤੀਆ ਸੜਕ ਜਾਮ ਕਰ ਦਿੱਤੀ ਤੇ ਧਰਨਾ ਮਾਰ ਕੇ ਬਿਜਲੀ ਵਿਭਾਗ ਤੇ ਸਰਕਾਰ ਖਿਲਾਫ਼ ਜ਼ਬਰਦਸਤ ਨਾਅਰੇਬਾਜ਼ੀ ਕੀਤੀ।ਇਸ ਮੌਕੇ ਬੋਲਦਿਆਂ ਲੱਖੀਵਾਲ ਦੇ ਸਰਪੰਚ ਰਜਿੰਦਰ ਸਿੰਘ, ਸਾਬਕਾ ਸਰਪੰਚ ਤਾਰਾ ਸਿੰਘ, ਸਾਬਕਾ ਸਰਪੰਚ ਗੁਲਾਬ ਸਿੰਘ ਤੇ ਗੁਰਤੇਜ ਸਿੰਘ ਗੰਢੂ ਨੇ ਆਖਿਆ ਕਿ ਉਕਤ ਸੜਕ ਤੇ ਬਿਜਲੀ ਦੀਆਂ ਤਾਰਾਂ ਬਹੁਤ ਨੀਵੀਆਂ ਹਨ, ਜਿਸ ਸੰਬੰਧੀ ਵਾਰ ਵਾਰ ਬਿਜਲੀ ਵਿਭਾਗ ਨੂੰ ਸੂਚਿਤ ਕਰਨ 'ਤੇ ਵੀ ਇਸ ਸਮੱਸਿਆਂ ਦਾ ਹੱਲ ਨਹੀਂ ਕੀਤਾ ਗਿਆ ਤੇ ਅੱਜ ਮਹਿਕਮੇ ਦੀ ਵੱਡੀ ਅਣਗਹਿਲੀ ਕਾਰਨ ਇੱਕ ਗਰੀਬ ਕਿਸਾਨ ਨੂੰ ਜ਼ਿੰਦਗੀ ਤੋਂ ਹੱਥ ਧੋਣੇ ਪਏ।ਧਰਨਾਕਾਰੀਆਂ ਨੇ ਮੰਗ ਕੀਤੀ ਕਿ ਵੱਡੀ ਅਣਗਹਿਲੀ ਦੇ ਚਲਦਿਆਂ ਮਹਿਕਮੇ ਦੇ ਅਧਿਕਾਰੀਆਂ ਤੇ ਕਾਰਵਾਈ ਕਰਨ ਦੇ ਨਾਲ ਪਰਿਵਾਰ ਦੇ ਇੱਕ ਜੀਅ ਨੂੰ ਨੌਕਰੀ ਤੇ ਬਣਦਾ ਮੁਆਵਜ਼ਾ ਦਿੱਤਾ ਜਾਵੇ।ਇਸ ਮੌਕੇ ਧਰਨਾਕਾਰੀਆਂ ਨੂੰ ਸ਼ਾਂਤ ਕਰਵਾਉਣ ਲਈ ਪਹੁੰਚੇ ਡੀ ਐੱਸ ਪੀ ਸਿਕੰਦਰ ਸਿੰਘ ਚੀਮਾ, ਥਾਣਾ ਬੋਹਾ ਦੇ ਮੁਖੀ ਮੇਲਾ ਸਿੰਘ ਤੇ ਹੋਰ ਪ੍ਰਸ਼ਾਸਨਕ ਅਧਿਕਾਰੀਆਂ ਦੇ ਸਮਝਾਉਣ 'ਤੇ ਵੀ ਗੁੱਸਾ ਸ਼ਾਂਤ ਨਾ ਹੋਇਆ। ਲੋਕਾਂ ਦੀ ਮੰਗ ਹੈ ਕਿ ਮੁਆਵਜ਼ੇ ਲਈ ਕੋਈ ਜ਼ਿਲ੍ਹਾ ਪੱਧਰੀ ਅਧਿਕਾਰੀ ਪਹੁੰਚ ਕੇ ਵਿਸ਼ਵਾਸ ਦਿਵਾਏ ਤਾਂ ਹੀ ਧਰਨਾ ਖਤਮ ਕੀਤਾ ਜਾਵੇਗਾ ਤੇ ਲਾਸ਼ ਦਾ ਅੰਤਿਮ ਸੰਸਕਾਰ ਕੀਤਾ ਜਾਵੇਗਾ।

# ਮੋਗਾ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦੀ ਸਰਬ-ਸੰਮਤੀ ਨਾਲ ਚੋਣ

## ਰਾਕੇਸ਼ ਸਿੰਗਲਾ ਬਣੇ ਮੋਗਾ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦੇ ਪ੍ਰਧਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦੀ ਇੱਕ ਮੀਟਿੰਗ ਟਾਊਨ ਹਾਲ ਕਲੱਬ ਵਿਖੇ ਹੋਈ।ਮੀਟਿੰਗ ਦੌਰਾਨ ਰਮਨ ਕੌਸ਼ਲ, ਜੋ ਦੋ ਵਾਰ ਪ੍ਰਧਾਨ ਰਹੇ ਸਨ, ਨੇ ਆਪਣਾ ਕਾਰਜਕਾਲ ਪੂਰਾ ਹੋਣ 'ਤੇ ਸਾਰਿਆਂ ਦਾ ਧੰਨਵਾਦ ਕੀਤਾ।ਇਸ ਮੌਕੇ ਐਸੋਸੀਏਸ਼ਨ ਨੇ ਸਰਬਸੰਮਤੀ ਨਾਲ ਰਾਕੇਸ਼ ਸਿੰਗਲਾ ਨੂੰ ਮੋਗਾ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦਾ ਨਵਾਂ ਪ੍ਰਧਾਨ ਚੁਣਿਆ।ਇਸ ਮੌਕੇ ਬੋਲਦਿਆਂ ਨਵ-ਨਿਯੁਕਤ ਪ੍ਰਧਾਨ ਰਾਕੇਸ਼ ਸਿੰਗਲਾ ਨੇ ਕਿਹਾ ਕਿ ਜੋ ਜ਼ਿੰਮੇਵਾਰੀ ਐਸੋਸੀਏਸ਼ਨ ਦੇ ਸੀਨੀਅਰ ਆਗੂਆਂ ਵੱਲੋਂ ਉਨ੍ਹਾਂ ਨੂੰ ਸੌਂਪੀ ਗਈ ਹੈ, ਉਹ ਪੂਰੀ ਤਨਦੇਹੀ ਨਾਲ ਉਸ ਨੂੰ ਨਿਭਾਉਂਦੇ ਹੋਏ ਫੋਟੋਗ੍ਰਾਫਰਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਕਰਵਾਉਣ ਲਈ ਯਤਨਸ਼ੀਲ ਰਹਿਣਗੇ।ਉਨ੍ਹਾਂ ਕਿਹਾ ਕਿ ਅੱਜ ਦੇ ਆਧੁਨਿਕ ਯੁੱਗ ਵਿੱਚ ਰੋਜ਼ ਵਾਂਗ ਨਵੀਂ ਟੈਕਨੋਲਜੀ ਆ ਰਹੀ ਹੈ ਤੇ ਫੋਟੋਗ੍ਰਾਫਰਾਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਅਕਸਰ ਹੀ ਵੱਖ ਵੱਖ ਕੰਪਨੀਆਂ ਵੱਲੋਂ ਪ੍ਰਦਰਸ਼ਨੀਆਂ ਦਾ ਆਯੋਜਨ ਕੀਤਾ ਜਾਂਦਾ ਹੈ ਤਾਂ ਜੋ ਫੋਟੋਗ੍ਰਾਫਰਾਂ ਨੂੰ ਨਵੀਂ ਤਕਨੀਕ ਦੇ ਕੈਮਰਿਆਂ ਦੀ ਵਰਤੋਂ ਸੰਬੰਧੀ ਸਿਖਲਾਈ ਦਿੱਤੀ ਜਾ ਸਕੇ।ਉਨ੍ਹਾਂ ਸਮੁੱਚੇ ਫੋਟੋਗ੍ਰਾਫਰ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਸਮਾਜ ਭਲਾਈ ਦੇ ਕਾਰਜਾਂ ਵਿੱਚ ਵੀ ਆਪਣਾ ਬਣਦਾ ਯੋਗਦਾਨ ਪਾਉਣ ਤਾਂ ਜੋ ਆਪਣੇ ਕੰਮ ਦੇ ਨਾਲ ਨਾਲ ਸਮਾਜ ਸੇਵਾ ਦੇ ਕਾਰਜ ਵੀ ਕੀਤੇ ਜਾਣ।ਇਸ ਮੀਟਿੰਗ ਦੌਰਾਨ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਕਈ ਫੋਟੋਗ੍ਰਾਫਰਾਂ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੂੰ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਐਸੋਸੀਏਸ਼ਨ ਦੇ ਖ਼ਜ਼ਾਨਚੀ ਵੱਲੋਂ ਪੂਰੇ ਵਿੱਤੀ ਸਾਲ ਦਾ ਲੇਖਾ ਜੋਖਾ ਮੀਟਿੰਗ ਦੌਰਾਨ ਪੇਸ਼ ਕੀਤਾ, ਜਿਸ ਨੂੰ ਸਰਬ ਸੰਮਤੀ ਨਾਲ ਪ੍ਰਵਾਨ ਕੀਤਾ ਗਿਆ।ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਰਾਕੇਸ਼ ਸਿੰਗਲਾ ਨੇ ਐਲਾਨ ਕੀਤਾ ਕਿ ਜਲਦੀ ਹੀ ਇੱਕ ਨਵੀਂ ਕਾਰਜਕਾਰੀ ਟੀਮ ਦਾ ਗਠਨ ਕਰਨਗੇ।ਇਸ ਮੌਕੇ ਸਤੀਸ਼ ਸਾਹਨੀ, ਰਮਨ ਰਾਜ ਸੇਠੀ, ਸੁਰਿੰਦਰ ਸਿੰਗਲਾ, ਰੋਹਿਤ ਸ਼ਰਮਾ, ਸੰਜੀਵ ਸ਼ਰਮਾ, ਸਤਪਾਲ, ਡਿੰਪਲ ਖੁਰਾਨਾ, ਸਤੀਸ਼, ਆਨੰਦ ਜੈਨ, ਮਿੰਕਲ ਸੋਨੀ, ਅਮਿਤ ਮਿੱਤਲ, ਮੋਹਿਤ ਸ਼ਰਮਾ, ਗੌਰਵ ਜੈਨ, ਸ਼ਿਵਮ, ਸਤਨਾਮ ਗਿੰਨੂ, ਅਮਨ, ਸਤਨਾਮ, ਸੋਨੂੰ ਜਨਪ੍ਰੇਤ, ਰਾਜਿੰਦਰ ਹੈਪੀ, ਸੋਨਾ, ਅਤੇ ਜਸਵੀਰ ਪਾਲ ਲੱਖ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਫੋਟੋਗ੍ਰਾਫਰ ਮੌਜੂਦ ਸਨ।

# ਕਿਸਾਨ ਮਜ਼ਦੂਰ ਮੋਰਚੇ ਵੱਲੋਂ ਬਿਜਲੀ ਕੱਟਾਂ ਵਿਰੁੱਧ ਐਕਸੀਅਨ ਨੂੰ ਮੰਗ ਪੱਤਰ



**ਅਜੀਤਵਾਲ (ਨਛੱਤਰ ਸੰਧੂ)**-ਕਿਸਾਨ ਮਜ਼ਦੂਰ ਮੋਰਚੇ ਦੀ ਅਗਵਾਈ ਹੇਠ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ, ਬੀਕੇਯੂ ਬਹਿਰਾਮ ਦੇ, ਬੀਕੇਯੂ ਏਕਤਾ ਅਜ਼ਾਦ ਵੱਲੋਂ ਬਿਜਲੀ ਦੇ ਲੱਗ ਰਹੇ ਲੰਮੇ ਲੰਮੇ ਕੱਟਾਂ ਸੰਬੰਧੀ ਐਕਸੀਅਨ ਮੋਗਾ ਨੂੰ ਮੰਗ ਪੱਤਰ ਦਿੱਤਾ ਗਿਆ। ਪ੍ਰੈੱਸ ਨਾਲ ਗੱਲ ਕਰਦਿਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਆਗੂ ਅਵਤਾਰ ਸਿੰਘ ਧਰਮ ਸਿੰਘ ਵਾਲਾ, ਬੀਕੇਯੂ ਏਕਤਾ ਅਜ਼ਾਦ ਦੇ ਸੂਬਾ ਆਗੂ ਲਖਵੀਰ ਸਿੰਘ ਦੌਧਰ, ਬੀਕੇਯੂ ਬਹਿਰਾਮ ਕੇ ਸੂਬਾ ਪ੍ਰਧਾਨ ਬਲਵੰਤ ਸਿੰਘ ਬਹਿਰਾਮ ਕੇ ਕਿਹਾ ਕਿ ਕਣਕ ਦੀ ਵਾਢੀ ਨੂੰ ਲੈ ਕੇ ਬਿਜਲੀ ਪਾਵਰਕਾਮ ਵੱਲੋਂ ਕਿਹਾ ਗਿਆ ਸੀ ਕਿ ਬਿਜਲੀ ਸਪਲਾਈ ਦਿਨ ਵੇਲੇ ਬੰਦ ਰਹੇਗੀ ਤੇ ਰਾਤ ਨੂੰ ਬਿਜਲੀ ਸਪਲਾਈ ਪੂਰੀ ਦਿੱਤੀ ਜਾਵੇਗੀ ਤੇ ਚਾਰ ਘੰਟੇ ਮੋਟਰਾਂ ਵਾਲੀ ਲਾਈਟ ਦਿੱਤੀ ਜਾਵੇਗੀ। ਪਿਛਲੇ ਕਈ ਦਿਨਾਂ ਤੋਂ ਬਿਜਲੀ ਵਿਭਾਗ ਵੱਲੋਂ ਪਿੰਡਾਂ ਅੰਦਰ ਘਰੇਲੂ ਬਿਜਲੀ ਸਪਲਾਈ ਦੇ ਲਾਏ ਜਾ ਰਹੇ ਲੰਮੇ ਲੰਮੇ ਤੇ ਅਣ-ਐਲਾਨੇ ਕੱਟਾਂ ਤੋਂ ਲੋਕ ਬਹੁਤ ਦੁਖੀ ਹੋ ਚੁੱਕੇ ਨੇ, ਪਿਛਲੇ ਕਰੀਬ 10 ਦਿਨਾਂ ਤੋਂ ਜਦੋਂ ਤੋਂ ਕਣਕ ਦੀ ਵਾਢੀ ਦਾ ਸੀਜ਼ਨ ਸ਼ੁਰੂ ਹੋਇਆ, ਬਿਜਲੀ ਵਿਭਾਗ ਵੱਲੋਂ ਰਾਤ ਨੂੰ ਲੰਮੇ ਲੰਮੇ ਕੱਟ ਲਾਏ ਜਾ ਰਹੇ ਹਨ ਤੇ ਨਾ ਮੋਟਰਾਂ ਵਾਲੀ ਲਾਈਟ ਮਿਲ ਰਹੀ ਹੈ, ਜਿਸ ਨਾਲ ਸਬਜ਼ੀਆਂ, ਮੱਕੀ, ਪੱਠੇ ਆਦਿ ਸੁੱਕ ਰਹੇ ਨੇ ਤੇ ਕਿਸਾਨ ਮਜ਼ਦੂਰ ਆਪੋ ਆਪਣੇ ਕੰਮਾਂ ਕਾਰਾਂ ਤੋਂ ਥੱਕੇ ਟੁੱਟੇ ਜਦੋਂ ਦੇਰ ਰਾਤ ਘਰ ਆਉਂਦੇ ਹਨ ਤਾਂ ਲਾਈਟ ਨਹੀਂ ਹੁੰਦੀ, ਗਰਮੀ ਤੇ ਮੱਛਰ ਦੇ ਚਲਦਿਆਂ ਰਾਤਾਂ ਨੂੰ ਚੈਨ ਦੀ ਨੀਂਦ ਨਹੀਂ ਲੈ ਪਾਉਂਦੇ ਤੇ ਦਿਨ ਦੇ ਵਿੱਚ 12-14 ਘੰਟੇ ਕੰਮ ਕਰਨਾ ਹੁੰਦਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਇਨ੍ਹਾਂ ਅਣਐਲਾਨੇ ਕੱਟਾਂ ਖਿਲਾਫ ਐਕਸੀਅਨ ਮੋਗਾ ਨੂੰ ਮੰਗ ਪੱਤਰ ਦਿੱਤਾ। ਐਕਸੀਅਨ ਮੋਗਾ ਨੇ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਵਿਭਾਗ ਦੀਆਂ ਕੁੱਝ ਮਜਬੂਰੀਆਂ ਦੇ ਚੱਲਦਿਆਂ ਬਿਜਲੀ ਦੇ ਕੱਟ ਲੱਗ ਰਹੇ ਸੀ, ਪਰ ਆਉਣ ਵਾਲੇ ਦਿਨਾਂ ਵਿੱਚ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲਦੀ ਰਹੇਗੀ ਤੇ ਕਿਸੇ ਤਰ੍ਹਾਂ ਦੇ ਕੱਟ ਨਹੀਂ ਲਗਾਏ ਜਾਣਗੇ।ਕਿਸਾਨ ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਨਾ ਮਿਲੀ ਤਾਂ ਆਉਣ ਵਾਲੇ ਦਿਨਾਂ ਵਿੱਚ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

# ਇੰਡਸਇੰਡ ਬੈਂਕ 'ਚ ਲੱਗੀ ਅੱਗ, ਲੱਖਾਂ ਦਾ ਨੁਕਸਾਨ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਸਥਾਨਕ ਕਲੱਬ ਚੌਕ ਨੇੜੇ ਸਥਿੱਤ ਇੰਡਸਇੰਡ ਬੈਂਕ ਵਿਖੇ ਵੀਰਵਾਰ ਸਵੇਰੇ ਅੱਗ ਲੱਗਣ ਕਾਰਨ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ।ਬੈਂਕ ਮੈਨੇਜਰ ਸ੍ਰੀ ਵਿਕਰਾਂਤ ਅੱਗਰਵਾਲ ਨੇ ਪੱਤਰਕਾਰਾਂ ਨੂੰ ਇਸ ਦੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅੱਜ ਸਵੇਰੇ ਸਾਡੀ ਉਕਤ ਬ੍ਰਾਂਚ ਵਿਖੇ ਅੱਗ ਲੱਗ ਗਈ, ਜਿਸ ਦੀ ਜਾਣਕਾਰੀ ਮੈਨੂੰ ਕਿਸੇ ਵਿਅਕਤੀ ਨੇ ਸਵੇਰੇ ਕਰੀਬ 07:45 ਵਜੇ ਮੋਬਾਇਲ ਫੋਨ ਰਾਹੀਂ ਦਿੱਤੀ।ਮੈਂ ਤੁਰੰਤ ਇਸ ਦੀ ਜਾਣਕਾਰੀ ਸਾਡੀ ਬ੍ਰਾਂਚ ਦੇ ਸਥਾਨਕ ਕਰਮਚਾਰੀਆਂ ਨੂੰ ਦਿੱਤੀ, ਜੋ ਮੌਕੇ 'ਤੇ ਪਹੁੰਚ ਗਏ।ਤੁਰੰਤ ਹੀ ਇਸ ਸਬੰਧੀ ਸਥਾਨਕ ਫਾਇਰ ਬ੍ਰਿਗੇਡ ਨੂੰ ਸੂਚਿਤ ਕਰ ਦਿੱਤਾ ਗਿਆ।ਹਾਜ਼ਰ ਸਟਾਫ ਮੈਂਬਰਜ਼, ਨਜ਼ਦੀਕੀ ਦੁਕਾਨਦਾਰਾਂ ਤੇ ਰਾਹਗੀਰਾਂ ਵੱਲੋਂ ਰੇਤੇ ਅਤੇ ਮਿੱਟੀ ਆਦਿ ਨਾਲ ਅੱਗ ਬੁਝਾਉਣ ਦੀ ਕੋਸ਼ਿਸ਼ ਸ਼ੁਰੂ ਕਰ ਦਿੱਤੀ ਗਈ।ਫਾਇਰ ਅਫ਼ਸਰ ਦਿਲਸ਼ਾਦ ਖਾਨ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਫਾਇਰ ਬ੍ਰਿਗੇਡ ਵੱਲੋਂ ਆ ਕੇ ਅੱਗ ਬੁਝਾਉਣ ਵਾਲੇ ਸਿਲੰਡਰਾਂ ਦੀ ਮਦਦ ਨਾਲ ਹੀ ਅੱਗ 'ਤੇ ਕਾਬੂ ਪਾ ਲਿਆ, ਪਾਣੀ ਦੀ ਵਰਤੋਂ ਕਰਨ ਦੀ ਜ਼ਰੂਰਤ ਹੀ ਨਹੀਂ ਪਈ।ਸ੍ਰੀ ਵਿਕਰਾਂਤ ਅੱਗਰਵਾਲ ਨੇ ਦੱਸਿਆ ਕਿ ਦਿਨ ਚੜ੍ਹਿਆ ਹੋਣ ਕਰਕੇ ਅੱਗ ਲੱਗਣ ਬਾਰੇ ਜਲਦੀ ਹੀ ਪਤਾ ਲੱਗ ਗਿਆ, ਜਿਸ ਕਰਕੇ ਜ਼ਿਆਦਾ ਨੁਕਸਾਨ ਹੋਣ ਤੋਂ ਬਚਾਅ ਰਹਿ ਗਿਆ।ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਮੁਤਾਬਿਕ ਮਾਮਲਾ ਬਿਜਲੀ ਦੇ ਸ਼ਾਰਟ ਸਰਕਟ ਦਾ ਲੱਗਦਾ ਹੈ, ਜਿਸ ਕਾਰਨ ਮੇਨ ਗੇਟ ਦੇ ਨਾਲ ਹੀ ਏ.ਟੀ.ਐੱਮ. ਅੱਗੇ ਲੱਗੇ 2 ਏ.ਸੀ., ਫਰਨੀਚਰ ਤੇ ਹੋਰ ਸਾਮਾਨ ਸੜ ਕੇ ਸੁਆਹ ਹੋ ਗਿਆ।ਉਨ੍ਹਾਂ ਦੱਸਿਆ ਕਿ ਇਸ ਘਟਨਾ 'ਚ ਏ.ਟੀ.ਐੱਮ. ਮਸ਼ੀਨ ਤੇ ਕੈਸ਼ ਸੁਰੱਖਿਅਤ ਬਚ ਗਏ।ਉਕਤ ਘਟਨਾ ਦੌਰਾਨ ਇਲਾਕੇ ਦੀ ਬਿਜਲੀ ਸਪਲਾਈ ਬੰਦ ਹੋ ਗਈ।ਜਾਣਕਾਰੀ ਉਪਰੰਤ ਮੌਕੇ 'ਤੇ ਪਹੁੰਚੀ ਬਿਜਲੀ ਮੁਲਾਜ਼ਮਾਂ ਦੀ ਟੀਮ ਵੱਲੋਂ ਤੁਰੰਤ ਹੀ ਟਰਾਂਸਫਾਰਮਰ 'ਤੇ ਰਿਪੇਅਰ ਆਦਿ ਕਰਕੇ ਬਿਜਲੀ ਸਪਲਾਈ ਬਹਾਲ ਕਰ ਦਿੱਤੀ ਗਈ।




# ਬੀ ਕੇ ਯੂ ਵੱਲੋਂ ਟਰੰਪ-ਮੋਦੀ ਡੀਲ ਨੂੰ ਰੱਦ ਕਰਨ ਸੰਬੰਧੀ ਡੀ ਸੀ ਨੂੰ ਮੰਗ ਪੱਤਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਰਤੀ ਕਿਸਾਨੀ ਦੇ ਰਾਸ਼ਟਰੀ ਪ੍ਰਧਾਨ ਸ੍ਰ. ਗੁਰਨਾਮ ਸਿੰਘ ਚੜੂਨੀ ਦੀ ਹਦਾਇਤ ਅਨੁਸਾਰ ਪੂਰੇ ਭਾਰਤ ਵਿੱਚ ਟਰੰਪ/ਮੋਦੀ ਟ੍ਰੇਡ ਡੀਲ ਸਮਝੌਤਾ ਰੱਦ ਕਰਨ ਲਈ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਮੈਮੋਰੰਡਮ ਦਿੱਤੇ ਗਏ, ਜਿਸ ਦੀ ਕੜੀ ਵਿੱਚ ਪੰਜਾਬ 'ਚ ਵੀ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਹੈਪੀ, ਜਸਮੇਰ ਸਿੰਘ ਗਿੱਲ ਸੀਨੀਅਰ ਮੀਤ ਪ੍ਰਧਾਨ ਭਾਰਤ ਕਿਸਾਨ ਯੂਨੀਅਨ ਚੜੂਨੀ ਪੰਜਾਬ ਦੀ ਅਗਵਾਈ ਹੇਠ ਵੱਖ-ਵੱਖ ਆਗੂਆਂ ਵੱਲੋਂ ਪੰਜਾਬ ਦੇ ਡਿਪਟੀ ਕਮਿਸ਼ਨਰਾਂ ਨੂੰ ਟ੍ਰੇਡ ਡੀਲ ਸਮਝੌਤਾ ਰੱਦ ਕਰਨ ਸੰਬੰਧੀ ਮੈਮੋਰੰਡਮ ਦਿੱਤੇ ਗਏ। ਪਟਿਆਲਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਨੂੰ ਮੈਮੋਰੰਡਮ ਦਿੱਤਾ ਗਿਆ ਜੋ ਕਿ ਸਿੱਧਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਭਾਰਤ ਸਰਕਾਰ ਨੂੰ ਸੰਬੋਧਨ ਹੈ।ਸੂਬਾ ਪ੍ਰਧਾਨ ਅਮਨਿੰਦਰ ਸਿੰਘ ਚੈਂਪੀ, ਸੂਬਾ ਸੀਨੀਅਰ ਮੀਤ ਪ੍ਰਧਾਨ ਜਸਮੇਰ ਸਿੰਘ ਗਿੱਲ ਨੇ ਪ੍ਰੈੱਸ ਨੂੰ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ ਚੜੂਨੀ ਪ੍ਰਸਤਾਵਿਤ ਸਮਝੌਤੇ ਦਾ ਜ਼ੋਰਦਾਰ ਵਿਰੋਧ ਕਰਦੀ ਹੈ।ਭਾਰਤ ਸਰਕਾਰ ਵੱਲੋਂ ਵੱਖ-ਵੱਖ ਦੇਸ਼ਾਂ ਨਾਲ ਕੀਤੇ ਜਾ ਰਹੇ ਪ੍ਰਸਤਾਵਤ ਵਪਾਰ ਸਮਝੌਤੇ ਦੇਸ਼ ਦੇ ਕਿਸਾਨਾਂ ਦੇ ਹਿੱਤਾਂ ਲਈ ਗੰਭੀਰ ਚਿੰਤਾ ਦਾ ਵਿਸ਼ਾ ਹਨ। ਭਾਰਤ ਦੀ ਖੇਤੀਬਾੜੀ ਪ੍ਰਣਾਲੀ ਪਹਿਲਾਂ ਹੀ ਕਈ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ. ਵਧਦੀਆਂ ਲਾਗਤਾਂ, ਫਸਲਾਂ ਲਈ ਉਚਿਤ ਕੀਮਤਾਂ ਦੀ ਘਾਟ, ਕੁਦਰਤੀ ਆਫਤਾਂ ਤੇ ਕਰਜ਼ੇ ਦੇ ਬੋਝ, ਜਿਸ ਕਾਰਨ ਖੁਦਕੁਸ਼ੀਆਂ ਹੋ ਰਹੀਆਂ ਹਨ। ਅਜਿਹੀ ਸਥਿਤੀ ਵਿੱਚ ਵਿਦੇਸ਼ੀ ਖੇਤੀਬਾੜੀ ਉਤਪਾਦਾਂ ਨੂੰ ਭਾਰਤੀ ਬਾਜ਼ਾਰ ਵਿੱਚ ਆਉਣ ਦੇਣ ਨਾਲ ਦੇਸ਼ ਦੇ ਕਿਸਾਨਾਂ ਨੂੰ ਕਾਫੀ ਨੁਕਸਾਨ ਹੋਵੇਗਾ।ਇਸ ਲਈ, ਮੌਜੂਦਾ ਹਾਲਾਤਾਂ ਨੂੰ ਦੇਖਦੇ ਹੋਏ ਅਜਿਹੇ ਕਿਸੇ ਵੀ ਵਪਾਰ ਸੌਦੇ/ਮੁਫਤ ਵਪਾਰ ਸਮਝੌਤੇ ਵਿੱਚ ਸ਼ਾਮਲ ਹੋਣ ਤੋਂ ਗੁਰੇਜ ਕਰੋ ਅਤੇ ਕਿਸਾਨਾਂ ਦੇ ਹਿੱਤਾਂ ਦੀ ਪੂਰੀ ਸੁਰੱਖਿਆ ਨੂੰ ਯਕੀਨੀ ਬਣਾਓ।ਜੇਕਰ ਭਾਰਤ ਸਰਕਾਰ ਅਜੇ ਵੀ ਕਿਸਾਨਾਂ ਦੇ ਹਿੱਤਾਂ ਨਾਲ ਸਮਝੌਤਾ ਕਰਦੀ ਹੈ, ਤਾਂ ਇਨ੍ਹਾਂ ਵਪਾਰ ਸੌਦਿਆਂ/ਮੁਫਤ ਵਪਾਰ ਸਮਝੌਤਿਆਂ ਨੂੰ ਕਿਸਾਨਾਂ ਲਈ ਮੌਤ ਦੇ ਵਾਰੰਟ ਮੰਨਿਆ ਜਾਵੇਗਾ।ਇਸ ਮੌਕੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਹੈਪੀ, ਸੂਬਾ ਸੀਨੀਅਰ ਮੀਤ ਪ੍ਰਧਾਨ ਜਸਮੇਰ ਸਿੰਘ ਗਿੱਲ, ਸੂਬਾ ਮੀਤ ਪ੍ਰਧਾਨ ਸੁਖਦੇਵ ਸਿੰਘ ਮਿੰਟੂ, ਸਤਨਾਮ ਸਿੰਘ ਸਰਪੰਚ, ਪ੍ਰਧਾਨ ਜ਼ਿਲ੍ਹਾ ਪਟਿਆਲਾ, ਰਾਜੀਵ ਕੁਮਾਰ ਰਾਜੂ ਪ੍ਰਧਾਨ ਮਜ਼ਦੂਰ ਦਲ ਪਟਿਆਲਾ, ਮਲਕੀਤ ਸਿੰਘ, ਨਾਜਰ ਸਿੰਘ ਬਹਾਦਰਗੜ੍ਹ ਆਦਿ ਜਥੇਬੰਦੀ ਚੜੂਨੀ ਦੇ ਆਗੂ ਹਾਜ਼ਰ ਸਨ।

# ਐੱਮ ਆਰ ਐੱਸ ਪੀ ਟੀ ਯੂ ਦੇ ਮੈਰਿਟ 'ਚ ਰਹਿਣ ਵਾਲੇ ਵਿਦਿਆਰਥੀਆਂ ਲਈ ਸਕਾਲਰਸ਼ਿਪ

## ਬੀ ਸੀ ਐੱਲ ਇੰਡਸਟਰੀਜ਼ ਵੱਲੋਂ ਸਕਾਲਰਸ਼ਿਪ ਪ੍ਰਾਪਤ ਵਿਦਿਆਰਥੀ ਨੂੰ 25 ਹਜ਼ਾਰ ਦੀ ਵਿੱਤੀ ਮਦਦ ਦਿੱਤੀ ਜਾਵੇਗੀ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਬੀਸੀਐੱਲ ਇੰਡਸਟਰੀਜ਼ ਲਿਮਟਿਡ ਬਠਿੰਡਾ ਵੱਲੋਂ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਨਾਲ ਆਪਣੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਦੇ ਹੋਏ ਯੂਨੀਵਰਸਿਟੀ ਦੇ ਮੈਰਿਟ 'ਚ ਰਹਿਣ ਵਾਲੇ 25 ਵਿਦਿਆਰਥੀਆਂ ਲਈ ਵਿਸ਼ੇਸ਼ ਤੌਰ 'ਤੇ ਦਵਾਰਕਾ ਦਾਸ ਮਿੱਤਲ ਅਕਾਦਮਿਕ ਸਕਾਲਰਸ਼ਿਪ ਦੀ ਸ਼ੁਰੂਆਤ ਕੀਤੀ ਹੈ।ਇਸ ਵਿਸ਼ੇਸ਼ ਸਕਾਲਰਸ਼ਿਪ ਤਹਿਤ ਸਿੱਖਿਆ ਦੇ ਖੇਤਰ 'ਚ ਮੱਲਾਂ ਮਾਰਨ ਵਾਲੇ ਚੁਣੇ ਵਿਦਿਆਰਥੀਆਂ ਨੂੰ 25 ਹਜ਼ਾਰ ਰੁਪਏ ਦੀ ਵਿੱਤੀ ਮਦਦ ਦਿੱਤੀ ਜਾਵੇਗੀ, ਜਿਸ ਦੀ ਕੁੱਲ ਕੀਮਤ 6 ਲੱਖ 25 ਹਜ਼ਾਰ ਰੁਪਏ ਬਣਦੀ ਹੈ।ਦਵਾਰਕਾ ਦਾਸ ਮਿੱਤਲ ਅਕਾਦਮਿਕ ਸਕਾਲਰਸ਼ਿਪ ਦੀ ਸ਼ੁਰੂਆਤ ਨੂੰ ਲੈ ਕੇ ਐੱਮ ਆਰ ਐੱਸ ਪੀਟੀਯੂ ਦੇ ਵਾਇਸ ਚਾਂਸਲਰ ਪ੍ਰੋਫੈਸਰ ਸੰਜੀਵ ਕੁਮਾਰ ਸ਼ਰਮਾ ਦੀ ਅਗਵਾਈ ਵਾਲੀ ਵਿਸ਼ੇਸ਼ ਟੀਮ ਨੇ ਬੀਸੀਐੱਲ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀ ਰਾਜਿੰਦਰ ਮਿੱਤਲ ਤੇ ਜੁਆਇੰਟ ਮੈਨੇਜਿੰਗ ਡਾਇਰੈਕਟਰ ਕੁਸ਼ਲ ਮਿੱਤਲ ਦਾ ਉਨ੍ਹਾਂ ਦੇ ਦਫ਼ਤਰ ਵਿਖੇ ਪਹੁੰਚ ਕੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਤੇ ਉਦਯੋਗਿਕ ਖੇਤਰ ਤੇ ਸਿੱਖਿਆ ਖੇਤਰ 'ਚ ਮਿਲ ਕੇ ਨਵੇਂ ਕੀਤੇ ਜਾਣ ਵਾਲੇ ਕੰਮਾਂ 'ਤੇ ਵਿਚਾਰ ਚਰਚਾ ਵੀ ਕੀਤੀ ਗਈ।ਇਸ ਮੌਕੇ ਯੂਨੀਵਰਸਿਟੀ ਦੀ ਤਰਫੋਂ ਡਾ. ਮਨਜੀਤ ਬਾਂਸਲ, ਡੀਨ ਕਨਸਲਟੈਂਸੀ ਤੇ ਇੰਡਸਟਰੀ ਲਿੰਕੇਜਜ਼ ਅਤੇ ਡਾਇਰੈਕਟਰ ਟ੍ਰੇਨਿੰਗ ਐਂਡ ਪਲੇਸਮੈਂਟ ਇੰਜੀ. ਹਰਜੋਤ ਸਿੰਘ ਸਿੱਧੂ ਵੀ ਹਾਜ਼ਰ ਸਨ।ਇਸ ਮੀਟਿੰਗ ਦੌਰਾਨ ਬੋਲਦਿਆਂ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਪ੍ਰੋ. ਸੰਜੀਵ ਕੁਮਾਰ ਸ਼ਰਮਾ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਮਿੱਤਲ ਪਰਵਾਰ ਵੱਲੋਂ ਯੂਨੀਵਰਸਿਟੀ ਅੰਦਰ ਵਿਸ਼ੇਸ਼ ਲੈਬ ਨੂੰ ਖੋਲ੍ਹਿਆ ਗਿਆ ਸੀ।ਇਸ ਕਦਮ ਤੋਂ ਬਾਅਦ ਹੁਣ ਫਿਰ ਯੂਨੀਵਰਸਿਟੀ ਦੇ ਵੱਖ ਵੱਖ ਵਿਸ਼ਿਆਂ ਦੇ ਮੈਰਿਟ 'ਚ ਆਉਣ ਵਾਲੇ 25 ਵਿਦਿਆਰਥੀਆਂ ਲਈ ਇਹ ਵਿਸ਼ੇਸ਼ ਕਦਮ ਦਵਾਰਕਾ ਦਾਸ ਮਿੱਤਲ ਅਕਾਦਮਿਕ ਸਕਾਲਰਸ਼ਿਪ ਤਹਿਤ ਉਠਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਹਰ ਵਿਦਿਆਰਥੀ ਨੂੰ ਯੂਨੀਵਰਸਿਟੀ ਤੇ ਬੀਸੀਐੱਲ ਵੱਲੋਂ ਸਾਂਝੇ ਤੌਰ 'ਤੇ ਤਹਿ ਕੀਤੀਆਂ ਗਈਆਂ ਸ਼ਰਤਾਂ ਮੁਤਾਬਿਕ ਪ੍ਰਤੀ ਵਿਦਿਆਰਥੀ 25 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਜਾਵੇਗੀ।ਇਸ ਤੋਂ ਇਲਾਵਾ ਦੋਵੇਂ ਧਿਰਾਂ ਦੀ ਸਾਂਝੀ ਕਮੇਟੀ ਵੱਲੋਂ ਜਿਹੜੇ ਨਿਰਧਾਰਤ ਨਿਯਮ ਤਹਿ ਕੀਤੇ ਜਾਣਗੇ, ਉਸ ਮੁਤਾਬਿਕ ਹੀ ਇਸ ਸੁਵਿਧਾ ਨੂੰ ਜਾਰੀ ਕੀਤਾ ਜਾਵੇਗਾ।ਇਸ ਮੌਕੇ ਬੋਲਦਿਆਂ ਬੀਸੀਐੱਲ ਦੇ ਮੈਨੇਜਿੰਗ ਡਾਇਰੈਕਟਰ ਰਾਜਿੰਦਰ ਮਿੱਤਲ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਗਰੁੱਪ ਵੱਲੋਂ ਯੂਨੀਵਰਸਿਟੀ ਅੰਦਰ ਲੱਖਾਂ ਰੁਪਏ ਦੀ ਲਾਗਤ ਨਾਲ ਲੈਬ ਨੂੰ ਤਿਆਰ ਕੀਤਾ ਜਾ ਚੁੱਕਾ ਹੈ, ਜਿਸ ਦਾ ਹੁਣ ਤੱਕ ਸੈਂਕੜੇ ਵਿਦਿਆਰਥੀ ਲਾਭ ਲੈ ਚੁੱਕੇ ਹਨ।ਸਕਾਲਰਸ਼ਿਪ ਯੋਜਨਾ ਨਾਲ ਵੀ ਸਿੱਖਿਆ ਦੇ ਖੇਤਰ 'ਚ ਅੱਗੇ ਵਧਣ ਵਾਲੇ ਵਿਦਿਆਰਥੀਆਂ ਨੂੰ ਕਾਫੀ ਵਿੱਤੀ ਮਦਦ ਮਿਲੇਗੀ।ਇਸ ਮੌਕੇ ਵਾਈਸ ਚਾਂਸਲਰ ਪ੍ਰੋ. ਸੰਜੀਵ ਕੁਮਾਰ ਸ਼ਰਮਾ ਤੋਂ ਇਲਾਵਾ ਡੀਨ ਡਾ. ਮਨਜੀਤ ਬਾਂਸਲ ਤੇ ਡਾਇਰੈਕਟਰ ਹਰਜੋਤ ਸਿੰਘ ਸਿੱਧੂ ਵੱਲੋਂ ਵੀ ਬੀਸੀਐੱਲ ਗਰੁੱਪ ਦਾ ਇਸ ਵਿਸ਼ੇਸ਼ ਉਪਰਾਲੇ ਲਈ ਧੰਨਵਾਦ ਕੀਤਾ ਗਿਆ।

# ਮਾਈਨਿੰਗ ਨੂੰ ਲੈ ਕੇ ਹੋਏ ਝਗੜੇ 'ਚ ਪੰਜ ਜ਼ਖ਼ਮੀ



**ਭੁੰਨਰਹੇੜੀ/ ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਦੇਵੀਗੜ੍ਹ ਨੇੜੇ ਘੱਗਰ ਦਰਿਆ ਕੰਢੇ ਬੀਤੀ ਰਾਤ ਮਾਈਨਿੰਗ ਨੂੰ ਲੈ ਕੇ ਦੋ ਧਿਰਾਂ ਵਿਚਾਲੇ ਹੋਏ ਝਗੜੇ ਦੌਰਾਨ ਪੰਜ ਵਿਅਕਤੀ ਜ਼ਖ਼ਮੀ ਹੋ ਗਏ।ਮਾਮਲਾ ਪਿੰਡ ਮਹਿਮੂਦਪੁਰ ਨਾਲ ਸੰਬੰਧਤ ਹੈ।ਇਸ ਸੰਬੰਧੀ ਸੁਖਵਿੰਦਰ ਸਿੰਘ ਲਾਲੀ ਨੇ ਦੱਸਿਆ ਕਿ ਉਨ੍ਹਾਂ ਦੀ ਜ਼ਮੀਨ ਘੱਗਰ ਦਰਿਆ ਨੇੜੇ ਸਥਿਤ ਹੈ।ਰਾਤ ਸਮੇਂ ਉਸ ਦਾ ਭਰਾ ਤੇ ਭਤੀਜਾ ਰੁਟੀਨ ਮੁਤਾਬਕ ਖੇਤਾਂ ਵੱਲ ਜਾ ਹੇ ਸਨ, ਜਿੱਥੇ ਪਿੰਡ ਜੁਲਾਹਖੇੜੀ ਦੇ ਕੁਝ ਵਿਅਕਤੀ ਮਾਈਨਿੰਗ ਕਰ ਰਹੇ ਸਨ।ਜਦੋਂ ਉਨ੍ਹਾਂ ਇਸ ਸੰਬੰਧੀ ਪੁੱਛਿਆ ਤਾਂ ਦੋਵਾਂ ਧਿਰਾਂ ਵਿੱਚ ਤਕਰਾਰ ਹੋ ਗਈ ਤੇ ਗੱਲ ਵਧ ਕੇ ਝਗੜੇ ਵਿੱਚ ਤਬਦੀਲ ਹੋ ਗਈ।ਇਸ ਦੌਰਾਨ ਉਸ ਦੇ ਭਰਾ ਹਰਮਿੰਦਰ ਸਿੰਘ ਤੇ ਭਤੀਜਾ ਜਗਦੀਪ ਸਿੰਘ ਦੀ ਕੁੱਟਮਾਰ ਹੋਈ, ਜੋ ਇਸ ਵੇਲੇ ਇਲਾਜ ਅਧੀਨ ਹਨ।ਦੂਜੇ ਪਾਸੇ ਗੁਰਮੇਜ ਸਿੰਘ ਪੁੱਤਰ ਸਿੰਘ ਵਸਨੀਕ ਜੁਲਾਹਖੇੜੀ ਨੇ ਕਿਹਾ ਕਿ ਉਹ ਆਪਣੇ ਖੇਤ ਨੂੰ ਪੱਧਰ ਕਰ ਰਹੇ ਸਨ ਤੇ ਉੱਚੇ ਖੇਤ ਤੋਂ ਮਿੱਟੀ ਕੱਢ ਕੇ ਨੀਵੇਂ ਖੇਤ ਵਿੱਚ ਪਾ ਰਹੇ ਸਨ।ਉਨ੍ਹਾਂ ਅਨੁਸਾਰ ਮਹਿਮੂਦਪੁਰ ਪੱਖ ਵੱਲੋਂ ਝਗੜਾ ਕਰ ਕੁੱਟਮਾਰ ਕੀਤੀ ਗਈ।ਉਸ ਨੇ ਦੱਸਿਆ ਕਿ ਉਸ ਦੇ ਪਿਤਾ ਸੁਖਰਾਮ ਸਿੰਘ ਨੂੰ ਤੇਜ਼ ਹਥਿਆਰ ਨਾਲ ਜ਼ਖ਼ਮੀ ਕੀਤਾ ਤੇ ਉਨ੍ਹਾਂ ਦੀ ਹਾਲਤ ਗੰਭੀਰ ਹੈ।ਇਸ ਇਲਾਵਾ ਉਹ ਖੁਦ ਤੇ ਅਮਨਦੀਪ ਸਿੰਘ ਵੀ ਜ਼ਖ਼ਮੀ ਹੋਏ ਹਨ ਅਤੇ ਹਸਪਤਾਲ ਵਿੱਚ ਦਾਖਲ ਹਨ।ਇਸ ਮਾਮਲੇ ਬਾਰੇ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ।ਪਟਿਆਲਾ ਪੁਲਸ ਵੱਲੋਂ ਮਾਮਲੇ ਦੀ ਜਾਂਚ ਕਰਕੇ ਲੋੜੀਂਦੀ ਕਾਰਵਾਈ ਕੀਤੀ ਜਾ ਰਹੀ ਹੈ।

# ਕਿੱਲੋ ਹੈਰੋਇਨ ਸਮੇਤ 3 ਵਿਅਕਤੀ ਕਾਬੂ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਪੁਲਸ ਨੂੰ ਨਸ਼ਾ ਤਸਕਰੀ ਖ਼ਿਲਾਫ਼ ਵਿੱਢੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਸੀ.ਆਈ.ਏ ਸਟਾਫ ਮੋਗਾ ਵੱਲੋਂ 1 ਕਿਲੋਗ੍ਰਾਮ ਹੈਰੋਇਨ ਸਮੇਤ 3 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਉਨ੍ਹਾਂ ਕੋਲੋਂ ਇੱਕ ਕਾਲੀ ਹੰਡਈ ਕਰੇਟਾ ਕਾਰ (ਨੰਬਰ ਪੀ ਬੀ 29 ਏ ਐਫ 4524) ਵੀ ਬਰਾਮਦ ਕੀਤੀ ਗਈ ਹੈ।ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐੱਸ.ਪੀ.ਡੀ. ਬਾਲ ਕ੍ਰਿਸ਼ਨ ਸਿੰਗਲਾ ਦੱਸਿਆ ਕਿ ਸੀ.ਆਈ.ਏ ਸਟਾਫ ਮੋਗਾ ਦੀ ਪੁਲਸ ਪਾਰਟੀ ਗਗੜਾ ਪਿੰਡ ਨੇੜੇ ਮੋਗਾ-ਕੋਟ ਈਸੇ ਖਾਂ ਜੀ ਟੀ ਰੋਡ 'ਤੇ ਮੌਜੂਦ ਸੀ, ਤਾਂ ਮੁੱਖਬਰ ਦੀ ਇਤਲਾਹ ਤੇ ਤਿੰਨ ਵਿਅਕਤੀ ਸੁਪਰੀਤ ਸਿੰਘ, ਸੁਖਮਨ ਸਿੰਘ ਤੇ ਏਕਮਜੋਤ ਸਿੰਘ ਜੋ ਕਾਲੀ ਕਰੇਟਾ ਕਾਰ ਵਿੱਚ ਸਵਾਰ ਹੋ ਕੇ ਚੀਮਾ ਲਿੰਕ ਰੋਡ ਨੇੜੇ ਹੈਰੋਇਨ ਵੇਚਣ ਲਈ ਖੜ੍ਹੇ ਹਨ, ਤਾਂ ਤੁਰੰਤ ਕਾਰਵਾਈ ਕਰਦੇ ਹੋਏ ਪੁਲਸ ਨੇ ਉਕਤ ਸਥਾਨ 'ਤੇ ਰੇਡ ਕਰਕੇ ਤਿੰਨਾਂ ਦੋਸ਼ੀਆਂ ਨੂੰ ਕਾਬੂ ਕਰ ਲਿਆ।ਕਾਰ ਦੀ ਤਲਾਸ਼ੀ ਦੌਰਾਨ ਉਨ੍ਹਾਂ ਪਾਸੋਂ 1 ਕਿੱਲੋ ਹੈਰੋਇਨ ਬਰਾਮਦ ਹੋਈ।ਇਸ ਸਬੰਧੀ ਥਾਣਾ ਕੋਟ ਈਸੇ ਖਾਂ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਹੈਰੋਇਨ ਤੇ ਨਸ਼ੇ ਦੀਆਂ ਗੋਲੀਆਂ ਸਮੇਤ ਦੋ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸੀ ਆਈ ਏ ਸਟਾਫ਼ ਸਰਹਿੰਦ ਤੇ ਮੰਡੀ ਗੋਬਿੰਦਗੜ੍ਹ ਥਾਣੇ ਦੀ ਪੁਲਿਸ ਵੱਲੋਂ ਦੋ ਵੱਖ-ਵੱਖ ਮਾਮਲਿਆਂ ਵਿੱਚ ਨਸ਼ੀਲੇ ਪਦਾਰਥਾਂ ਸਮੇਤ ਦੋ ਵਿਅਕਤੀਆਂ ਨੂੰ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਬੱਸ ਅੱਡੇ ਨੇੜੇ ਗਸ਼ਤ ਕਰ ਰਹੀ ਸੀ.ਆਈ.ਏ. ਸਟਾਫ਼ ਸਰਹਿੰਦ ਦੀ ਇੱਕ ਟੀਮ ਵੱਲੋਂ ਸ਼ੱਕ ਦੇ ਅਧਾਰ ਤੇ ਸਤੀਸ਼ ਕੁਮਾਰ ਵਾਸੀ ਛੱਜਨਾ ਜ਼ਿਲ੍ਹਾ ਮਧੂਬਨੀ, ਬਿਹਾਰ ਨੂੰ ਚੈਕਿੰਗ ਲਈ ਰੋਕਿਆ ਗਿਆ, ਜਿਸ ਕੋਲੋਂ ਤਲਾਸ਼ੀ ਦੌਰਾਨ 60 ਗ੍ਰਾਮ ਹੈਰੋਇਨ ਬਰਾਮਦ ਹੋਈ।ਥਾਣਾ ਸਰਹਿੰਦ ਵਿਖੇ ਅ/ਧ 21 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਾਏ ਗਏ ਮੁਕੱਦਮੇ 'ਚ ਸਤੀਸ਼ ਕੁਮਾਰ ਨੂੰ ਗ੍ਰਿਫਤਾਰ ਕਰਕੇ ਸੀ.ਆਈ.ਏ. ਸਰਹਿੰਦ ਦੇ ਸਬ-ਇੰਸਪੈਕਟਰ ਸਤਵਿੰਦਰ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।ਇੱਕ ਵੱਖਰੇ ਮਾਮਲੇ 'ਚ ਪਿੰਡ ਮੁਗਲਮਾਜਰਾ ਨੇੜੇ ਚੈਕਿੰਗ ਲਈ ਮੌਜੂਦ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਪਾਰਟੀ ਨੂੰ ਦੇਖ ਕੇ ਪੈਦਲ ਤੁਰੇ ਆ ਰਹੇ ਅਮਿਤ ਮਿੱਤਲ ਵਾਸੀ ਮੰਡੀ ਗੋਬਿੰਦਗੜ੍ਹ ਨੇ ਆਪਣੀ ਜੇਬ 'ਚੋਂ ਇੱਕ ਲਿਫ਼ਾਫ਼ਾ ਕੱਢ ਕੇ ਪਰ੍ਹੇ ਸੁੱਟ ਦਿੱਤਾ ਤੇ ਕਾਹਲੀ ਨਾਲ ਮੌਕੇ ਤੋਂ ਖਿਸਕਣ ਦੀ ਕੋਸ਼ਿਸ਼ ਕੀਤੀ, ਜਿਸ ਨੂੰ ਪੁਲਸ ਕ੍ਰਮਚਾਰੀਆਂ ਵੱਲੋਂ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਵੱਲੋਂ ਸੁੱਟੇ ਗਏ ਲਿਫਾਫੇ ਨੂੰ ਚੈੱਕ ਕੀਤਾ ਗਿਆ ਤਾਂ ਉਸ ਵਿਚੋਂ ਨਸ਼ੇ ਦੀਆਂ 100 ਗੋਲੀਆਂ ਬਰਾਮਦ ਹੋਈਆਂ।ਇਸ ਸਬੰਧੀ ਅ/ਧ 22 ਐਨ ਡੀ ਪੀ ਐਸ ਐਕਟ ਤਹਿਤ ਦਰਜ ਕਰਾਏ ਗਏ ਮੁਕੱਦਮੇ ਵਿੱਚ ਅਮਿਤ ਮਿੱਤਲ ਨੂੰ ਗ੍ਰਿਫਤਾਰ ਕਰਕੇ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਬਿਜਲੀ ਕੱਟਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਪ੍ਰਦਰਸ਼ਨ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪ੍ਰਦੇਸ਼ ਅੰਦਰ ਬੇਲੋੜੇ ਤੇ ਘੰਟਿਆਂ ਬੱਧੀ ਲਾਏ ਜਾ ਰਹੇ ਬਿਜਲੀ ਕੱਟਾਂ ਕਾਰਨ ਲੋਕਾਂ ਦਾ ਜਿਉਣਾ ਮੁਸ਼ਕਲ ਹੋਇਆ ਪਿਆ ਹੈ।ਇਸ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੀਤੇ ਐਲਾਨ ਮੁਤਾਬਕ ਹਲਕਾ ਇੰਚਾਰਜ ਵਰਦੇਵ ਸਿੰਘ ਨੋਨੀ ਮਾਨ ਦੀ ਅਗਵਾਈ ਹੇਠ ਗੁਰੂ ਹਰਸਹਾਏ ਵਿਖੇ ਉਪ ਮੰਡਲ ਮੈਜਿਸਟਰੇਟ ਦਫ਼ਤਰ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਰੋਸ ਪ੍ਰਦਰਸ਼ਨ ਦੌਰਾਨ ਅਕਾਲੀ ਦਲ ਵਰਕਰਾਂ ਸਮੇਤ ਵੱਡੀ ਗਿਣਤੀ 'ਚ ਲੋਕ ਇਕੱਠੇ ਹੋਏ।ਇਸ ਸੰਬੰਧੀ ਹਲਕਾ ਇੰਚਾਰਜ ਵਰਦੇਵ ਸਿੰਘ ਨੋਨੀ ਮਾਨ ਨੇ ਦੱਸਿਆ ਕਿ ਆਮ ਆਦਮੀ ਦੀ ਸਰਕਾਰ ਨੇ ਸਖ਼ਤ ਗਰਮੀ ਦੌਰਾਨ ਪਿੰਡਾਂ ਸਮੇਤ ਸ਼ਹਿਰਾਂ ਨੂੰ ਪੂਰੀ ਬਿਜਲੀ ਨਾ ਦੇ ਕੇ ਤੰਗ ਪ੍ਰੇਸ਼ਾਨ ਕੀਤਾ ਹੋਇਆ ਹੈ।ਵਰਦੇਵ ਮਾਨ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਨੂੰ ਬਿਜਲੀ ਪੱਖੋਂ ਸਰਪ੍ਰਸਤ ਸੂਬਾ ਬਣਾਇਆ ਗਿਆ ਸੀ, ਵਾਧੂ ਬਿਜਲੀ ਪੈਦਾ ਕਰਕੇ ਲੋਕਾਂ ਨੂੰ ਸਹੂਲਤ ਦਿੱਤੀ ਗਈ, ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬਿਜਲੀ ਨਾ ਦੇ ਕੇ ਆਮ ਲੋਕਾਂ, ਦੁਕਾਨਦਾਰਾਂ, ਵਰਕਸ਼ਾਪਾਂ, ਇੰਡਸਟਰੀਜ਼ ਤੇ ਜਿਨ੍ਹਾਂ ਦੁਕਾਨਦਾਰਾਂ ਦੀ ਰੋਜ਼ੀ ਰੋਟੀ ਬਿਜਲੀ ਦੇ ਕੰਮਾਂ ਨਾਲ ਚਲਦੀ ਹੈ, ਨੂੰ ਕੰਗਾਲ ਕਰਕੇ ਰੱਖ ਦਿੱਤਾ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਸਮੇਂ ਵਿਕਾਸ ਕਾਰਜ ਠੱਪ ਪਏ ਹਨ।



## ਅਕਾਲੀ ਸਰਕਾਰ ਵੇਲੇ ਹੀ ਵਿਕਾਸ ਹੋਇਆ : ਯੂਥ ਆਗੂ



**ਬਾਘਾ ਪੁਰਾਣਾ** (**ਮਨੀ ਸਿੰਗਲਾ**)-ਸ਼੍ਰੋਮਣੀ ਅਕਾਲੀ ਦਲ ਦੇ ਯੂਥ ਆਗੂਆਂ ਨੇ ਅਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵੱਡਾ ਦਾਅਵਾ ਕਰਦਿਆਂ ਕਿਹਾ ਹੈ ਕਿ ਇਸ ਵਾਰ ਹਲਕਾ ਬਾਘਾ ਪੁਰਾਣਾ ਦੇ ਲੋਕ ਆਪਣਾ ਫਤਵਾ ਪਾਰਟੀ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੇ ਹੱਕ ਵਿਚ ਦੇਣਗੇ ਅਤੇ ਉਨ੍ਹਾਂ ਨੂੰ ਵਿਧਾਨ ਸਭਾ ਤੱਕ ਪਹੁੰਚਾਉਣਗੇ। ਇਹ ਵਿਚਾਰ ਪਾਰਟੀ ਦੇ ਯੂਥ ਆਗੂ ਪ੍ਰਧਾਨ ਪਵਨ ਗੋਇਲ, ਚੈਰੀਆਂ ਭਾਟੀਆ, ਚੰਦਨ ਸੇਠੀ ਅਤੇ ਰਾਜੂ ਬਰਾੜ ਵੱਲੋਂ ਸਾਂਝੇ ਤੌਰ 'ਤੇ ਪ੍ਰਗਟ ਕੀਤੇ ਗਏ। ਆਗੂਆਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਹਲਕੇ ਦੇ ਲੋਕ ਹੁਣ ਪੂਰੀ ਤਰ੍ਹਾਂ ਜਾਗਰੂਕ ਹਨ ਅਤੇ ਉਹ ਵਿਕਾਸ ਦੇ ਆਧਾਰ 'ਤੇ ਆਪਣਾ ਫੈਸਲਾ ਕਰਨਗੇ।ਉਨ੍ਹਾਂ ਕਿਹਾ ਕਿ ਜਿਨ੍ਹਾਂ ਵੀ ਹਲਕਿਆਂ ਵਿਚ ਸਰਬਪੱਖੀ ਵਿਕਾਸ ਹੋਇਆ ਹੈ, ਉਹ ਜ਼ਿਆਦਾਤਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇ ਸਮੇਂ ਹੀ ਸੰਭਵ ਹੋਇਆ ਸੀ, ਖ਼ਾਸ ਕਰਕੇ ਮਰਹੂਮ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਹੇਠ ਸੂਬੇ ਨੇ ਤਰੱਕੀ ਦੇ ਨਵੇਂ ਮਾਪਦੰਡ ਸਥਾਪਿਤ ਕੀਤੇ ਸਨ।ਉਨ੍ਹਾਂ ਬਾਘਾ ਪੁਰਾਣਾ ਹਲਕੇ ਵਿਚ ਅਕਾਲੀ ਸਰਕਾਰ ਦੌਰਾਨ ਹੋਏ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਸਥਾਨਕ ਸ਼ਹਿਰ ਵਿਚ ਬੱਸ ਅੱਡੇ ਦਾ ਨਿਰਮਾਣ, ਤਹਿਸੀਲ ਕੰਪਲੈਕਸ ਦੀ ਸਥਾਪਨਾ, ਵੱਡੀ ਦਾਨਾ ਮੰਡੀ ਦੀ ਉਸਾਰੀ, ਪਸ਼ੂਆਂ ਦੇ ਹਸਪਤਾਲ ਦੀ ਸੁਵਿਧਾ, ਵਾਟਰ ਵਰਕਸਾਂ ਦਾ ਵਿਕਾਸ ਅਤੇ ਸੀਵਰੇਜ ਪਾਈਪ ਲਾਈਨ ਵਿਛਾਉਣ ਵਰਗੇ ਕਈ ਮਹੱਤਵਪੂਰਨ ਪ੍ਰੋਜੈਕਟ ਉਸ ਸਮੇਂ ਪੂਰੇ ਕੀਤੇ ਗਏ।ਇਸ ਤੋਂ ਇਲਾਵਾ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਆਧੁਨਿਕ ਢੰਗ ਨਾਲ ਗਲੀਆਂ ਦਾ ਨਿਰਮਾਣ ਕਰਵਾ ਕੇ ਲੋਕਾਂ ਨੂੰ ਸੁਵਿਧਾਵਾਂ ਪ੍ਰਦਾਨ ਕੀਤੀਆਂ ਗਈਆਂ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੀਆਂ ਚੋਣਾਂ ਵਿੱਚ ਹਲਕਾ

## ਵਿਧਾਇਕ ਵੱਲੋਂ ਗੋਬਿੰਦਪੁਰਾ ਸਕੂਲ ਦੀ ਕੰਪਿਊਟਰ ਲੈਬ ਦਾ ਉਦਘਾਟਨ



**ਲਹਿਰਾ ਮੁਹੱਬਤ** (**ਭੀਮ ਸੈਨ ਹਦਵਾਰੀਆ**)-ਹਲਕਾ ਵਿਧਾਇਕ ਮਾਸਟਰ ਜਗਸੀਰ ਸਿੰਘ ਵੱਲੋਂ ਪੰਜਾਬ ਸਰਕਾਰ ਦੁਆਰਾ ਚਲਾਈ ਗਈ ਸਿੱਖਿਆ ਕ੍ਰਾਂਤੀ ਦੀ ਮੁਹਿੰਮ ਅਧੀਨ ਪੀ. ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਪੁਰਾ ਵਿਖੇ ਨਵੀਂ ਬਣੀ ਕੰਪਿਊਟਰ ਲੈਬ ਦਾ ਉਦਘਾਟਨ ਕਰਕੇ ਇਸ ਨੂੰ ਵਿਦਿਆਰਥੀਆਂ ਨੂੰ ਸਮਰਪਤ ਕੀਤਾ ਗਿਆ। ਇਸ ਮੌਕੇ ਹਰਮੰਦਰ ਸਿੰਘ ਬਰਾੜ ਸਿੱਖਿਆ ਕੋਆਰਡੀਨੇਟਰ ਮਾਲਵਾ ਜ਼ੋਨ (ਪੱਛਮੀ), ਜਸਕਰਨ ਸਿੰਘ ਬਲਾਕ ਸਿੱਖਿਆ ਕੋਆਰਡੀਨੇਟਰ, ਪ੍ਰਿੰਸੀਪਲ ਆਸ਼ੂ ਸਿੰਘ ਚੱਕ ਫਤਿਹ ਸਿੰਘ ਵਾਲਾ, ਕੁਲਵਿੰਦਰ ਸਿੰਘ ਕਟਾਰੀਆ ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਲਹਿਰਾ ਬੇਗਾ, ਗਗਨਦੀਪ ਕੌਰ ਮੁੱਖ ਅਧਿਆਪਕਾ ਸਰਕਾਰੀ ਹਾਈ ਸਕੂਲ ਪੂਹਲੀ, ਮੁੱਖ ਅਧਿਆਪਕ ਸੰਜੀਵ ਕੁਮਾਰ ਸਰਕਾਰੀ ਹਾਈ ਸਕੂਲ ਬੀਬੀਵਾਲਾ, ਸਰਪੰਚ ਅਵਤਾਰ ਸਿੰਘ ਬੂਟਾ ਗੋਬਿੰਦਪੁਰਾ, ਸਕੂਲ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਸੁਮਨਪ੍ਰੀਤ ਕੌਰ, ਪੰਚਾਇਤ ਮੈਂਬਰ, ਪਤਵੰਤੇ ਸੱਜਣ ਤੇ ਬੱਚਿਆਂ ਦੇ ਮਾਪੇ ਸ਼ਾਮਲ ਸਨ। ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਦੀ ਅਗਵਾਈ 'ਚ ਹੋਏ ਸਮਾਰੋਹ ਨੂੰ ਸਮਰਪਤ ਸਕੂਲ ਕੈਂਪਸ ਵਿੱਚ ਸੱਭਿਆਚਾਰਕ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ ਬੱਚਿਆਂ ਨੇ ਵੱਖ-ਵੱਖ ਵਿਸ਼ਿਆਂ ਸੰਬੰਧੀ ਗੀਤ, ਡਾਂਸ ਤੇ ਕੋਰਿਓਗ੍ਰਾਫੀ ਆਦਿ ਦੀਆਂ ਖੂਬਸੂਰਤ ਪੇਸ਼ਕਾਰੀਆਂ ਦਿੱਤੀਆਂ। ਵਿਧਾਇਕ ਵੱਲੋਂ ਪੇਸ਼ਕਾਰੀ ਵਾਲੇ ਬੱਚਿਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਵਿਧਾਇਕ ਮਾ. ਜਗਸੀਰ ਸਿੰਘ ਨੂੰ ਸਕੂਲ ਪ੍ਰਬੰਧਕੀ ਕਮੇਟੀ ਤੇ ਪਿੰਡ ਗੋਬਿੰਦਪੁਰਾ ਦੀ ਪੰਚਾਇਤ ਵੱਲੋਂ ਸਕੂਲ ਦੇ ਹੋਰ ਵਿਕਾਸ ਲਈ ਮੰਗ ਪੱਤਰ ਵੀ ਦਿੱਤਾ ਗਿਆ, ਜਿਸ ਉੱਤੇ ਵਿਧਾਇਕ ਨੇ ਸਹਿਮਤੀ ਜਤਾ ਕੇ ਸਾਰਾ ਕੰਮ ਕਰਵਾਉਣ ਦਾ ਭਰੋਸਾ ਦਿੱਤਾ। ਪ੍ਰਿੰਸੀਪਲ ਆਸ਼ੂ ਸਿੰਘ ਤੇ ਮੁੱਖ ਅਧਿਆਪਕ ਕੁਲਵਿੰਦਰ ਸਿੰਘ ਕਟਾਰੀਆ ਨੇ ਵੀ ਸਿੱਖਿਆ ਕ੍ਰਾਂਤੀ ਉੱਪਰ ਆਪਣੇ ਵਿਚਾਰ ਸਾਂਝੇ ਕੀਤੇ। ਸਟੇਜ ਸੰਚਾਲਕ ਦੀ ਭੂਮਿਕਾ ਗਲੋਰੀ ਲੈਕਚਰਾਰ ਗਣਿਤ ਨੇ ਬਾਖ਼ੂਬੀ ਨਿਭਾਈ।

## ਸਰਹੰਦ ਨਹਿਰ 'ਚੋਂ ਗਲੀ ਸੜੀ ਲਾਸ਼ ਮਿਲੀ

**ਬਠਿੰਡਾ** (**ਪਰਵਿੰਦਰ ਜੀਤ ਸਿੰਘ**)-ਪਿੰਡ ਜੋਧਪੁਰ ਪਾਖਰ ਵਿੱਚੋਂ ਲੰਘ ਰਹੀ ਸਰਹੰਦ ਨਹਿਰ ਦੇ ਹੈੱਡਾਂ ਨਜ਼ਦੀਕ ਗਲੀ ਸੜੀ ਲਾਸ਼ ਫਸੀ ਹੋਈ ਮਿਲੀ। ਸਾਹਾਰਾ ਸਮਾਜ ਸੇਵਾ ਦੇ ਪ੍ਰਧਾਨ ਸੰਦੀਪ ਵਰਮਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਾਡੇ ਸਹਾਰਾ ਕੰਟਰੋਲ ਰੂਮ 'ਤੇ ਥਾਣਾ ਮੌੜ ਮੰਡੀ ਦੇ ਮੁਲਾਜ਼ਮਾਂ ਵੱਲੋਂ ਇਤਲਾਹ ਮਿਲੀ ਕਿ ਪਿੰਡ ਜੋਧਪੁਰ ਪਾਖਰ ਨਹਿਰ ਵਿੱਚ ਹੈੱਡਾਂ ਦੇ ਨਜ਼ਦੀਕ ਇੱਕ ਗਲੀ ਸੜੀ ਲਾਸ਼ ਪਈ ਹੈ। ਬਿਨਾਂ ਕਿਸੇ ਦੇਰੀ ਤੋਂ ਸਹਾਰਾ ਦੇ ਵਰਕਰ ਜਗਤਾਰ ਸਿੰਘ ਤਾਰੀ, ਜਸਪਾਲ ਸਿੰਘ ਹੈਪੀ, ਪ੍ਰਦੀਪ ਸ਼ਰਮਾ, ਸੰਸਥਾ ਦੀ ਐਂਬੂਲੈਂਸ ਲੈ ਕੇ ਘਟਨਾ ਸਥਾਨ 'ਤੇ ਪਹੁੰਚੇ, ਜਦਕਿ ਉੱਥੇ ਥਾਣਾ ਮੌੜ ਮੰਡੀ ਦੇ ਮੁਲਾਜ਼ਮ ਮੌਜੂਦ ਸਨ।ਲਾਸ਼ ਨੂੰ ਪੁਲਸ ਦੀ ਮੌਜੂਦਗੀ ਵਿੱਚ ਲਹਿਰ ਵਿੱਚੋਂ ਬਾਹਰ ਕੱਢਿਆ ਗਿਆ। ਉਸ ਕੋਲੋਂ ਕੋਈ ਵੀ ਪਹਿਚਾਣ ਪੱਤਰ ਨਹੀਂ ਮਿਲਿਆ, ਲਾਸ਼ ਤਕਰੀਬਨ 15/20 ਦਿਨ ਪੁਰਾਣੀ ਜਾਪ ਰਹੀ ਹੈ। ਉਸ ਦਾ ਹੁਲੀਆ ਕੱਦ 5 ਫੁੱਟ 5 ਇੰਚ, ਮੂੰਹ ਦੋਨੋਂ ਹੱਥ ਗਲੇ ਹੋਏ ਸੀ, ਉਮਰ ਕਰੀਬ 30/35 ਸਾਲ, ਕੋਕਾ ਕੋਲਾ ਅੰਡਰਵੀਅਰ, ਫਿੱਕੀ ਨੀਲੀ ਜੀਨ, ਲੋਹੇ ਦੇ ਬੱਕਲ ਵਾਲੀ ਨਾਈਲੇਨ ਦੀ ਬੈਲਟ ਪਹਿਨੀ ਹੋਈ ਹੈ। ਇਸ ਸਬੰਧੀ ਥਾਣਾ ਮੌੜ ਮੰਡੀ ਦੇ ਏ ਐੱਸ ਆਈ ਪਰਮਜੀਤ ਸਿੰਘ ਨੇ ਦੱਸਿਆ ਕਿ ਲਾਸ਼ ਨੂੰ ਸਹਾਰਾ ਦੇ ਸਹਿਯੋਗ ਨਾਲ 72 ਘੰਟੇ ਸ਼ਨਾਖਤ ਲਈ ਤਲਵੰਡੀ ਸਾਬੋ ਦੇ ਸਰਕਾਰੀ ਹਸਪਤਾਲ ਦੇ ਵਿੱਚ ਰੱਖਿਆ ਗਿਆ ਹੈ।ਇਸ ਲਾਸ਼ ਸਬੰਧੀ ਪੁਲਸ ਵੱਲੋਂ ਪੰਜਾਬ ਵਿੱਚ ਮੈਸੇਜ ਕਰ ਦਿੱਤਾ ਗਿਆ ਹੈ ਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## 'ਆਪ' ਨੇ ਨੰਬਰਦਾਰ ਭਾਈਚਾਰੇ ਨਾਲ ਕੀਤੀ ਵਾਅਦਾ-ਖਿਲਾਫੀ



**ਮੱਖੂ** (**ਰਛਪਾਲ ਸਿੰਘ ਸੰਧੂ**)-ਪੰਜਾਬ ਨੰਬਰਦਾਰ ਯੂਨੀਅਨ ਦੀ ਮੱਖੂ ਵਿਖੇ ਹੋਈ ਮੀਟਿੰਗ ਵਿੱਚ ਨੰਬਰਦਾਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ, ਤਹਿਸੀਲ ਪ੍ਰਧਾਨ ਲਖਵਿੰਦਰ ਸਿੰਘ ਵਾਹੀ, ਜ਼ਿਲ੍ਹਾ ਜਨਰਲ ਸਕੱਤਰ ਰਾਜਵਿੰਦਰ ਸਿੰਘ ਝਾਮਕਾ, ਗੁਰਦੇਵ ਸਿੰਘ ਮੀਤ ਪ੍ਰਧਾਨ, ਦਲਜੀਤ ਸਿੰਘ ਜ਼ਿਲ੍ਹਾ ਖਜ਼ਾਨਚੀ, ਭਜਨ ਸਿੰਘ ਨੰਬਰਦਾਰ ਚੱਕ ਖੰਨਾ, ਬਲਦੇਵ ਸਿੰਘ ਨੰਬਰਦਾਰ ਖਿਆਲੀ, ਗੁਰਦੇਵ ਸਿੰਘ ਨੰਬਰਦਾਰ ਸੀਹਾਂਪਾੜੀ, ਗੁਰਜੰਟ ਸਿੰਘ ਨੰਬਰਦਾਰ ਮੱਖੂ, ਸਲਵਿੰਦਰ ਸਿੰਘ ਘੁੱਦੂਵਾਲਾ, ਜਸਪਾਲ ਸਿੰਘ ਨੰਬਰਦਾਰ ਮੱਖੂ, ਰੇਸ਼ਮ ਸਿੰਘ ਨੰਬਰਦਾਰ ਮਲੰਗਸ਼ਾਹ, ਭਾਗ ਸਿੰਘ ਖੰਨਾ, ਸਵਰਨ ਸਿੰਘ ਨੰਬਰਦਾਰ ਅਮੀਰਸ਼ਾਹ, ਕੁਲਵਿੰਦਰ ਸਿੰਘ ਨੰਬਰਦਾਰ ਸ਼ੀਹਾਂਪਾੜੀ ਆਦਿ ਵੱਡੀ ਗਿਣਤੀ ਤਹਿਸੀਲ ਜ਼ੀਰਾ ਦੇ ਨੰਬਰਦਾਰ ਹਾਜ਼ਰ ਹੋਏ।ਮੀਟਿੰਗ ਦੌਰਾਨ ਨੰਬਰਦਾਰ ਆਗੂਆਂ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਿਰੁੱਧ ਡਾਢਾ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਚੋਣਾਂ ਦੌਰਾਨ ਜਾਰੀ ਕੀਤੇ ਚੋਣ ਮਨੋਰਥ ਪੱਤਰ ਵਿੱਚ ਪੰਜਾਬ ਦੇ ਨੰਬਰਦਾਰ ਭਾਈਚਾਰੇ ਨਾਲ ਕੀਤੇ ਵਾਅਦੇ ਵਫਾ ਨਹੀਂ ਕੀਤੇ।ਨੰਬਰਦਾਰ ਆਗੂਆਂ ਨੇ ਕਿਹਾ ਕਿ ਗੁਆਂਢੀ ਸੂਬੇ ਹਰਿਆਣਾ ਵਿੱਚ ਨੰਬਰਦਾਰਾਂ ਨੂੰ ਪੰਜਾਬ ਦੇ ਨੰਬਰਦਾਰਾਂ ਨਾਲੋਂ ਦੁੱਗਣਾ ਮਾਨ ਭੱਤਾ ਦਿੱਤਾ ਜਾ ਰਿਹਾ ਹੈ ਤੇ ਹੋਰ ਸਹੂਲਤਾਂ ਵੀ ਪੰਜਾਬ ਨਾਲੋਂ ਵਧੇਰੇ ਦਿੱਤੀਆਂ ਜਾ ਰਹੀਆਂ ਹਨ।ਨੰਬਰਦਾਰ ਆਗੂਆਂ ਨੇ ਮੰਗ ਕੀਤੀ ਕਿ ਆਪਣੇ ਵਾਅਦੇ ਮੁਤਾਬਕ ਸਰਕਾਰ ਨੰਬਰਦਾਰਾਂ ਦਾ ਮਾਨ ਭੱਤਾ ਪੰਜ ਹਜ਼ਾਰ ਰੁਪਏ ਕੀਤਾ ਜਾਵੇ, ਨੰਬਰਦਾਰੀ ਨੂੰ ਪਿਤਾ ਪੁਰਖੀ ਕੀਤਾ ਜਾਵੇ, ਬੱਸ ਪਾਸ ਜਾਰੀ ਕੀਤੇ ਜਾਣ।ਇਸ ਮੌਕੇ ਨੰਬਰਦਾਰ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਨੇ ਨੰਬਰਦਾਰ ਭਾਈਚਾਰੇ ਦੀਆਂ ਮੰਗਾਂ ਨੂੰ ਪ੍ਰਵਾਨ ਨਾ ਕੀਤਾ ਤਾਂ ਪੰਜਾਬ ਭਰ ਦੇ ਨੰਬਰਦਾਰ 2027 ਦੀਆਂ ਚੋਣਾਂ ਵਿੱਚ ਸਰਕਾਰ ਖਿਲਾਫ ਭੁਗਤਣਗੇ।

## ਖੁੱਡੀਆਂ ਨੇ ਨਿਊ ਅਬੁਲ ਖੁਰਾਣਾ ਮਾਈਨਰ ਦੀ ਮੁੜ ਉਸਾਰੀ ਦਾ ਰੱਖਿਆ ਨੀਂਹ ਪੱਥਰ



**ਲੰਬੀ/ਸ੍ਰੀ ਮੁਕਤਸਰ ਸਾਹਿਬ** (**ਸ਼ਮਿੰਦਰ ਪਾਲ/ਓਮ ਪ੍ਰਕਾਸ਼ ਸੇਖੂ/ਪੂਜਾ**)-ਪੰਜਾਬ ਸਰਕਾਰ ਰਾਜ ਦੇ ਵਸਨੀਕਾਂ ਨੂੰ ਖੇਤੀਬਾੜੀ ਅਤੇ ਸਾਫ ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ।ਇਹ ਪ੍ਰਗਟਾਵਾ ਸ.ਗੁਰਮੀਤ ਸਿੰਘ ਖੁੱਡੀਆ ਖੇਤੀਬਾੜੀ,ਪਸ਼ੂ ਪਾਲਣ ਤੇ ਡੇਅਰੀ ਵਿਕਾਸ ਮੰਤਰੀ ਪੰਜਾਬ ਨੇ ਲੰਬੀ ਹਲਕੇ ਦੇ ਪਿੰਡ ਦਿਉਣ ਖੇੜਾ ਵਿਖੇ ਨਿਊ ਅਬੁਲ ਖੁਰਾਣਾ ਮਾਈਨਰ ਦੀ ਮੁੜ ਉਸਾਰੀ ਦੇ ਕੰਮ ਦਾ ਨੀਂਹ ਪੱਥਰ ਰੱਖਦਿਆਂ ਕੀਤਾ।ਉਹਨਾਂ ਦੱਸਿਆ ਕਿ ਨਿਊ ਅਬੁਲ ਖੁਰਾਣਾ ਮਾਈਨਰ ਦੀ ਮੁੜ ਉਸਾਰੀ ਕਰਨ ਨਾਲ ਲੰਬੀ ਹਲਕੇ ਦੇ ਪਿੰਡ ਡੱਬਵਾਲੀ—ਰਹੂੜਿਆਂਵਾਲੀ, ਤੱਪਾ ਖੇੜਾ ਅਤੇ ਲਾਲ ਬਾਈ ਦੇ 8 ਮੋਘਿਆਂ ਰਾਹੀਂ ਖੇਤਾਂ ਨੂੰ ਸਿੰਚਾਈ ਲਈ ਪੂਰਾ ਪਾਣੀ ਮਿਲੇਗਾ ਅਤੇ ਸਰਕਾਰ ਵਲੋਂ ਇਸ ਮਾਈਨਰ ਤੋਂ ਨਿਕਲਣ ਵਾਲੇ 22 ਕਿਲੋਮੀਟਰ ਖਾਲਿਆਂ ਨੂੰ ਪੱਕਾ ਕਰਨ ਲਈ 4.22 ਕਰੋੜ ਰੁਪਏ ਖਰਚ ਕੀਤੇ ਜਾਣਗੇ।ਉਹਨਾਂ ਅੱਗੇ ਦੱਸਿਆ ਕਿ ਜਿੱਥੇ ਇਸ ਮਾਈਨਰ ਦੀ ਮੁੜ ਉਸਾਰੀ ਕੀਤੀ ਜਾ ਰਹੀ ਹੈ, ਉਥੇ ਹੀ ਪਾਣੀ ਦੀ ਸਮਰੱਥਾ ਵਧਾਉਣ ਲਈ ਇਸ ਨੂੰ ਚੌੜਾ ਤੇ ਡੂੰਘਾ ਵੀ ਕੀਤਾ ਜਾਵੇਗਾ।ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਸਰਕਾਰ ਵਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਾਸ਼ਤਕਾਰਾਂ ਨੂੰ 1500 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਸਬਸਿਡੀ ਦਿੱਤੀ ਜਾਵੇਗੀ। ਇਸ ਤੋਂ ਪਹਿਲਾ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 32 ਕਰੋੜ ਰੁਪਏ ਦੀ ਰਾਸ਼ੀ ਭੇਜੀ ਜਾ ਚੁੱਕੀ ਹੈ।

## ਜ਼ਿਲ੍ਹਾ ਪੱਧਰੀ ਕਿਸਾਨ ਸਿਖ਼ਲਾਈ ਕੈਂਪ ਭਲਕੇ

**ਸ੍ਰੀ ਮੁਕਤਸਰ ਸਾਹਿਬ** (**ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ**)-ਡਾ: ਜਗਸੀਰ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਸ਼੍ਰੀ ਮੁਕਤਸਰ ਸਾਹਿਬ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਸਾਉਣੀ ਦੀਆਂ ਫ਼ਸਲਾਂ ਤੇ ਫ਼ਸਲੀ ਵਿਭਿੰਨਤਾ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ 2 ਮਈ ਨੂੰ ਜ਼ਿਲ੍ਹਾ ਪੱਧਰੀ ਕਿਸਾਨ ਸਿਖ਼ਲਾਈ ਕੈਂਪ ਗਰੀਨ ਸੀ ਰਿਜ਼ੋਰਟ, ਬਠਿੰਡਾ ਰੋਡ ਸ਼੍ਰੀ ਮੁਕਤਸਰ ਸਾਹਿਬ ਵਿਖੇ ਲਗਾਇਆ ਜਾ ਰਿਹਾ ਹੈ।ਇਸ ਕੈਂਪ ਦੀ ਪ੍ਰਧਾਨਗੀ ਸ੍. ਗੁਰਮੀਤ ਸਿੰਘ ਖੁੱਡੀਆਂ ਖੇਤੀਬਾੜੀ ਤੇ ਕਿਸਾਨ ਭਲਾਈ ਅਤੇ ਪਸ਼ੂ ਪਾਲਣ ਤੇ ਮੱਛੀ ਪਾਲਣ ਮੰਤਰੀ, ਪੰਜਾਬ ਅਤੇ ਡਾ: ਬਲਜੀਤ ਕੌਰ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਪੰਜਾਬ ਵੱਲੋਂ ਕੀਤੀ ਜਾਣੀ ਹੈ।ਇਸ ਕੈਂਪ ਦਾ ਉਦਘਾਟਨ ਸ਼੍ਰੀ ਅਮਿਤ ਕੁਮਾਰ ਪੰਚਾਲ ਡਿਪਟੀ ਕਮਿਸ਼ਨਰ ਸ਼੍ਰੀ ਮੁਕਤਸਰ ਸਾਹਿਬ ਕਰਨਗੇ।ਇਹ ਕੈਂਪ ਆਤਮਾ ਸਕੀਮ ਦੇ ਵਿੱਤੀ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਸ ਕੈਂਪ ਵਿੱਚ ਪਹੁੰਚ ਕੇ ਵੱਧ ਤੋਂ ਲਾਭ ਉਠਾਉਣ।

## ਬਿਜਲੀ ਕੱਟਾਂ ਖਿਲਾਫ਼ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ



**ਨਾਭਾ** (**ਵਰਿੰਦਰ ਵਰਮਾ**)

ਪੰਜਾਬ ਵਿੱਚ ਵਧ ਰਹੀ ਗਰਮੀ ਦੌਰਾਨ ਲੱਗ ਰਹੇ ਲੰਮੇ ਬਿਜਲੀ ਕੱਟਾਂ ਖਿਲਾਫ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਖਿਲਾਫ ਮੋਰਚਾ ਖੋਲ੍ਹ ਦਿੱਤਾ ਹੈ, ਜਿਸ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਪਾਰਟੀ ਨੇ ਪੂਰੇ ਪੰਜਾਬ ਵਿੱਚ ਸੂਬਾ ਪੱਧਰੀ ਰੋਸ ਧਰਨੇ ਦੇਣ ਦਾ ਐਲਾਨ ਕੀਤਾ ਗਿਆ ਸੀ।ਇਸ ਲੜੀ ਦੇ ਤਹਿਤ ਹਲਕਾ ਨਾਭਾ ਤੋਂ ਸਾਬਕਾ ਕੌਂਸਲਰ ਤੇ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਖੁਸ਼ਹਾਲ ਬੱਬਲੂ ਖੋਰਾ ਦੀ ਅਗਵਾਈ ਹੇਠ ਵਰਕਰਾ ਨੇ ਐਸਡੀਐਮ ਨਾਭਾ ਏਪੀਐਸ ਸੋਮਲ ਨੂੰ ਮੰਗ ਪੱਤਰ ਦਿੱਤਾ ਗਿਆ। ਮੰਗ ਪੱਤਰ ਦੇਣ ਉਪਰੰਤ ਬੱਬਲੂ ਖੌਰਾ ਨੇ ਕਿਹਾ ਕਿ ਹਲਕਾ ਨਾਭਾ ਵਿਖੇ 7-10 ਘੰਟੇ ਦੇ ਬਿਜਲੀ ਕੱਟ ਲੱਗ ਰਹੇ ਹਨ, ਜਿਸ ਕਾਰਨ ਲੋਕ, ਕਿਸਾਨ ਤੇ ਉਦਯੋਗ ਪ੍ਰੇਸ਼ਾਨ ਹਨ।

ਉਨ੍ਹਾਂ ਸਰਕਾਰ ਦੀ ਬਿਜਲੀ ਪ੍ਰਬੰਧਨ ਵਿੱਚ ਨਾਕਾਮੀ ਅਤੇ ਸਮੇਂ ਸਿਰ ਬਿਜਲੀ ਦੇ ਸਮਝੌਤੇ ਨਾ ਕਰਨ ਨੂੰ ਕੱਟਾਂ ਦਾ ਕਾਰਨ ਦੱਸਿਆ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਤੋਂ ਪੰਜਾਬ ਦਾ ਹਰ ਵਰਗ ਦੁਖੀ ਹੈ।ਇਸ ਪਾਰਟੀ ਨੇ ਪੰਜਾਬ ਦੀ ਜਨਤਾ ਨੂੰ ਲਾਰਿਆਂ ਦੇ ਸਿਵਾਏ ਕੁਝ ਨਹੀਂ ਦਿੱਤਾ।ਉਨ੍ਹਾਂ ਕਿਹਾ ਕਿ ਅਸੀਂ ਇਸ ਅੱਤ ਦੀ ਗਰਮੀ ਦੇ ਦਿਨਾਂ ਵਿੱਚ ਬਿਜਲੀ ਦੇ ਵੱਡੇ-ਵੱਡੇ ਕੱਟਾਂ ਦਾ ਸਾਹਮਣਾ ਕਰ ਰਹੇ ਹਾਂ, ਜਿਸ ਕਾਰਨ ਛੋਟੇ ਬੱਚੇ ਬਜ਼ੁਰਗਾਂ ਤੇ ਔਰਤਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਨਾਲ ਬੱਚਿਆਂ ਦੀ ਪੜ੍ਹਾਈ ਦਾ ਨੁਕਸ਼ਾਨ ਹੋ ਰਿਹਾ ਹੈ, ਕਿਉਂਕਿ ਅੱਜ-ਕੱਲ੍ਹ ਸਾਰੀਆਂ ਪੜ੍ਹਾਈਆਂ ਜ਼ਿਆਦਾਤਰ ਆਨਲਾਈਨ ਹੋ ਰਹੀਆਂ ਹਨ।ਉਨ੍ਹਾਂ ਕਿਹਾ ਕਿ ਕਈ ਵਾਰ ਘਰ ਵਿੱਚ ਕੋਈ ਬਜ਼ੁਰਗ ਮਰੀਜ਼ ਵੀ ਹੁੰਦਾ ਹੈ, ਜਿਸ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਕਿਉਂਕਿ ਜ਼ਿਆਦਾਤਰ ਘਰਾਂ ਵਿੱਚ ਨਾ ਤਾਂ ਜਰਨੇਟਰ ਹੁੰਦੇ ਹਨ ਤੇ ਨਾ ਹੀ ਇਨਵਰਟਰ ਹੁੰਦੇ ਹਨ।ਤਾਪਮਾਨ 45 ਡੀਗਰੀ ਪਾਰ ਕਰ ਜਾਂਦਾ ਹੈ।ਉਨ੍ਹਾਂ ਪ੍ਰਸ਼ਾਸਨ ਤੇ ਸਰਕਾਰ ਨੂੰ ਬੇਨਤੀ ਕੀਤੀ ਕਿ ਹਲਕਾ ਵਾਸੀਆਂ ਨੂੰ ਜੋ ਦਿੱਕਤਾਂ ਆ ਰਹੀਆਂ ਹਨ, ਉਸ ਦਾ ਜਲਦ ਤੋਂ ਜਲਦ ਹੱਲ ਕਰਾਇਆ ਜਾਵੇ।ਜੇਕਰ ਹੱਲ ਜਲਦੀ ਨਾ ਕੱਢਿਆ ਗਿਆ ਤਾਂ ਸੰਘਰਸ਼ ਤੇਜ਼ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਤੇ ਸੂਬਾ ਸਰਕਾਰ ਦੀ ਹੋਵੇਗੀ।

## ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਵਿਧਾਇਕ ਦਹੀਆ ਦੇ ਘਰ ਅੱਗੇ ਪ੍ਰਦਰਸ਼ਨ 3 ਨੂੰ

### ਸਰਕਾਰ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਹੱਕੀ ਮੰਗਾਂ ਪੂਰੀਆਂ ਕਰੇ : ਪ੍ਰਕਾਸ਼ ਕੌਰ

**ਫਿਰੋਜ਼ਪੁਰ** (**ਅਸ਼ੋਕ ਸ਼ਰਮਾ**)-ਆਲ ਪੰਜਾਬ ਆਂਗਨਵਾੜੀ ਮੁਲਾਜ਼ਮ ਯੂਨੀਅਨ ਵੱਲੋਂ 3 ਮਈ ਨੂੰ ਪੰਜਾਬ ਭਰ ਵਿੱਚ ਵਿਧਾਇਕਾਂ ਦੇ ਘਰਾਂ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਸਬੰਧੀ ਜ਼ਿਲ੍ਹਾ ਪ੍ਰਧਾਨ ਸ਼ੀਲਾ ਰਾਣੀ ਤੇ ਬਲਾਕ ਪ੍ਰਧਾਨ ਪ੍ਰਕਾਸ਼ ਕੌਰ ਨੇ ਦੱਸਿਆ ਕਿ ਇਸੇ ਕੜੀ ਤਹਿਤ 3 ਮਈ ਨੂੰ ਐਡਵੋਕੇਟ ਰਜਨੀਸ਼ ਦਹੀਆ ਐੱਮਐੱਲਏ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਘਰ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਰੋਸ ਪ੍ਰਦਰਸ਼ਨ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਦੀ ਅਗਵਾਈ ਹੇਠ ਸੂਬਾ ਕਮੇਟੀ ਵੱਲੋਂ ਉਲੀਕੀ ਗਈ ਸੰਘਰਸ਼ ਦੀ ਰੂਪਰੇਖਾ ਦੇ ਅਧੀਨ ਕੀਤੇ ਜਾ ਰਹੇ ਹਨ। ਆਲ ਪੰਜਾਬ ਆਂਗਨਵਾੜੀ ਮੁਲਾਜ਼ਮ ਯੂਨੀਅਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਵੋਟਾਂ ਵੇਲੇ ਕੀਤੇ ਗਏ ਵਾਅਦੇ ਅਨੁਸਾਰ ਆਂਗਨਵਾੜੀ ਵਰਕਰਾਂ ਹੈਲਪਰਾਂ ਦਾ ਮਾਣ ਭੱਤਾ ਦੁੱਗਣਾ ਕਰੇ, ਆਂਗਨਵਾੜੀ ਕੇਂਦਰਾਂ ਵਿੱਚੋਂ ਖੋਹੇ ਗਏ ਬੱਚੇ ਵਾਪਸ ਆਂਗਨਵਾੜੀਆਂ ਵਿੱਚ ਭੇਜੇ ਜਾਣ, ਆਂਗਨਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ, ਆਂਗਨਵਾੜੀ ਵਰਕਰਾਂ ਨੂੰ ਸਮਾਰਟ ਫੋਨ ਦਿੱਤੇ ਜਾਣ ਜੋ ਪਿਛਲੇ ਸਮੇਂ ਵਿੱਚ ਖਰੀਦੇ ਗਏ ਹਨ, ਪਰ ਆਂਗਨਵਾੜੀ ਵਰਕਰਾਂ ਨੂੰ ਨਹੀਂ ਦਿੱਤੇ ਜਾ ਰਹੇ। ਆਂਗਨਵਾੜੀ ਵਰਕਰਾਂ ਨੂੰ ਮਾਵਾਂ-ਧੀਆਂ ਸਤਿਕਾਰਯੋਗ ਯੋਜਨਾ ਵਿੱਚ ਕੰਮ ਕਰਨ ਬਦਲੇ 200 ਰੁਪਏ ਵਰਕਰ ਤੇ 100 ਰੁਪਏ ਹੈਲਪਰ ਨੂੰ ਦਿੱਤਾ ਜਾਵੇ। ਆਂਗਵਾੜੀ ਵਰਕਰਾਂ ਕੋਲੋਂ ਵਾਧੂ ਕੰਮ ਲੈਣੇ ਬੰਦ ਕੀਤੇ ਜਾਣ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੰਗਾਂ ਨੂੰ ਲੈ ਕੇ ਹਲਕੇ ਦੇ ਵਿਧਾਇਕ ਐਡਵੋਕੇਟ ਰਜਨੀਸ਼ ਦਹੀਆ ਦੇ ਘਰ ਸਾਹਮਣੇ 3 ਮਈ ਨੂੰ ਰੋਸ ਪ੍ਰਦਰਸ਼ਨ ਹੋਵੇਗਾ, ਜਿਸ ਵਿੱਚ ਆਂਗਨਵਾੜੀ ਵਰਕਰਾਂ ਹੈਲਪਰਾਂ ਵੱਡੀ ਗਿਣਤੀ ਵਿੱਚ ਭਾਗ ਲੈਣਗੀਆਂ। ਇਸ ਮੌਕੇ ਪੁਸ਼ਪਿੰਦਰ ਕੌਰ ਹਾਮਦ ਮੀਤ ਪ੍ਰਧਾਨ ਬਲਾਕ ਮਮਦੋਟ, ਪ੍ਰੇਮ ਕੌਰ ਜੋਧਪੁਰ ਵਿੱਤ ਸਕੱਤਰ, ਪਰਮਜੀਤ ਕੌਰ ਸਰਕਲ ਪ੍ਰਧਾਨ ਮਮਦੋਟ-1, ਨੀਰਜਾ ਸਰਕਲ ਪ੍ਰਧਾਨ ਲੱਖੋਕੇ ਬਹਿਰਾਮ ਰਜਿੰਦਰ ਕੌਰ ਸਰਕਲ ਪ੍ਰਧਾਨ ਮਮਦੋਟ-2, ਪਰਮਜੀਤ ਕੌਰ ਸਰਕਲ ਪ੍ਰਧਾਨ ਕੜਮਾ ਸਮੇਤ ਵੱਡੀ ਗਿਣਤੀ ਵਿੱਚ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਹਾਜ਼ਰ ਸਨ।

## ਵਿਦਿਆਰਥੀਆਂ ਨੂੰ ਸਿਹਤਮੰਦ ਖਾਣੇ ਸਬੰਧੀ ਦਿੱਤੀ ਜਾਣਕਾਰੀ



**ਭੀਖੀ** (**ਧਰਮਵੀਰ ਸ਼ਰਮਾ**)-ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਭੀਖੀ ਵਿੱਚ 'ਬਾਲਿਕਾ/ਬਾਲ ਸਿੱਖਿਆ' ਦੇ ਸੰਕਲਪ ਹੇਠ ਕਲਾਸ ਤੀਜੀ ਤੋਂ ਪੰਜਵੀਂ ਤੱਕ ਦੇ ਵਿਦਿਆਰਥੀਆਂ ਲਈ 'ਫੂਡ/ਕੁਕਿੰਗ ਵਿਦਆਊਟ ਫਾਇਰ' ਗਤੀਵਿਧੀ ਦਾ ਸਫਲ ਆਯੋਜਨ ਕੀਤਾ ਗਿਆ।ਇਸ ਗਤੀਵਿਧੀ ਦਾ ਉਦੇਸ਼ ਵਿਦਿਆਰਥੀਆਂ ਵਿੱਚ ਜੀਵਨ ਕੌਸ਼ਲਾਂ, ਸਫ਼ਾਈ ਤੇ ਪੋਸ਼ਣ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਫਰੂਟ ਚਾਟ, ਸੈਂਡਵਿਚ, ਭੇਲ ਪੂਰੀ, ਅੰਕੁਰਿਤ ਸਲਾਦ, ਸਕੈਸ਼, ਸ਼ਿਕੰਜਵੀ ਤੇ ਨਿੰਬੂ ਪਾਣੀ ਵਰਗੇ ਵੱਖ-ਵੱਖ ਪਦਾਰਥ ਬਿਨਾਂ ਅੱਗ ਦੇ ਤਿਆਰ ਕੀਤੇ।ਉਨ੍ਹਾਂ ਨੇ ਟੀਮ ਵਰਕ, ਪ੍ਰਸਤੁਤੀ ਕਲਾ ਤੇ ਸਫ਼ਾਈ ਦੇ ਮਹੱਤਵ ਨੂੰ ਵੀ ਸਿੱਖਿਆ।ਇਸ ਗਤੀਵਿਧੀ ਵਿੱਚ ਸਿਰਫ ਕੁੜੀਆਂ ਨੇ ਹੀ ਨਹੀਂ ਸਗੋਂ ਮੁੰਡਿਆਂ ਨੇ ਵੀ ਵੱਧ ਚੜ ਕੇ ਹਿੱਸਾ ਲਿਆ।ਇਹ ਗਤੀਵਿਧੀ ਕੋਆਰਡੀਨੇਟਰ ਪੂਨਮ ਸ਼ਰਮਾ ਵੱਲੋਂ ਸੁਚਾਰੂ ਢੰਗ ਨਾਲ ਆਯੋਜਤ ਕੀਤੀ ਗਈ।ਸਕੂਲ ਦੇ ਪ੍ਰਿੰਸੀਪਲ ਰਪਿੰਦਰ ਪਟਿਆਲ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਉਹ ਤਿਆਰਸ਼ੁਦਾ ਤੇ ਪੈਕਡ ਫੂਡ ਦੀ ਬਜਾਏ ਘਰੇਲੂ ਤੌਰ 'ਤੇ ਬਣੇ ਕੈਚਅੱਪ, ਸੌਸ ਅਤੇ ਸਨੈਕਸ ਦੀ ਵਰਤੋਂ ਕਰਨ।

## ਅਲੂਮਨੀ ਐਸੋਸੀਏਸ਼ਨ ਵੱਲੋਂ ਡਾਇਰੈਕਟਰ ਡਾ. ਕਸ਼ਮੀਰ ਸਿੰਘ ਨੂੰ ਵਿਦਾਇਗੀ ਪਾਰਟੀ



**ਫ਼ਤਹਿਗੜ੍ਹ ਸਾਹਿਬ** (**ਪ੍ਰਮੋਦ ਭਾਰਦਵਾਜ**)-ਮਾਤਾ ਗੁਜਰੀ ਕਾਲਜ ਦੀ ਅਲੂਮਨੀ ਐਸੋਸੀਏਸ਼ਨ ਵੱਲੋਂ ਕਾਲਜ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ, ਜੋ 30 ਅਪ੍ਰੈਲ ਨੂੰ ਸੇਵਾਮੁਕਤ ਹੋ ਰਹੇ ਹਨ, ਨੂੰ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ।ਅਲੂਮਨੀ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਡਾ. ਕਸ਼ਮੀਰ ਸਿੰਘ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਉਨ੍ਹਾਂ ਦਾ ਪ੍ਰਿੰਸੀਪਲ ਵਜੋਂ ਕਾਰਜਕਾਲ ਬਹੁਤ ਹੀ ਸ਼ਲਾਘਾਯੋਗ ਰਿਹਾ ਹੈ, ਕਿਉਂਕਿ ਉਨ੍ਹਾਂ ਦੀ ਅਣਥੱਕ ਮਿਹਨਤ, ਕਾਬਲੀਅਤ ਅਤੇ ਯੋਗ ਅਗਵਾਈ ਹੇਠ ਕਾਲਜ ਨੇ ਵਿਸ਼ੇਸ਼ ਤੌਰ 'ਤੇ ਨੈਕ ਵੱਲੋਂ ਤੀਜੀ ਵਾਰ 'ਏ' ਗ੍ਰੇਡ ਪ੍ਰਾਪਤ ਕੀਤਾ। ਔਟੋਨੌਮਸ ਦਰਜੇ ਵਿੱਚ 2030 ਤੱਕ ਵਾਧਾ ਹੋਇਆ, ਅੰਤਰ-ਖੇਤਰੀ ਯੁਵਕ ਤੇ ਲੋਕ ਮੇਲਿਆਂ ਵਿੱਚ ਓਵਰਆਲ ਚੈਂਪੀਅਨਸ਼ਿਪ ਟਰਾਫੀ ਜਿੱਤੀ, ਖੇਡਾਂ ਦੇ ਖੇਤਰ ਵਿੱਚ ਅੰਤਰਰਾਸ਼ਟਰੀ ਪੱਧਰ ਤੱਕ ਨਾਮ ਚਮਕਾਇਆ ਆਦਿ ਅਨੇਕਾਂ ਮਾਣਮੱਤੀਆਂ ਪ੍ਰਾਪਤੀਆਂ ਹਾਸਲ ਕੀਤੀਆਂ।

ਅਲੂਮਨੀ ਮੈਂਬਰਾਂ ਵੱਲੋਂ ਮਾਤਾ ਗੁਜਰੀ ਜੀ, ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਦੇ ਚਰਨਾਂ ਵਿੱਚ ਅਰਦਾਸ ਕੀਤੀ ਗਈ ਕਿ ਡਾ. ਕਸ਼ਮੀਰ ਸਿੰਘ ਸੇਵਾਮੁਕਤੀ ਤੋਂ ਬਾਅਦ ਸਿਹਤਯਾਬ ਰਹਿ ਕੇ ਸਮਾਜ ਸੇਵਾ ਵਿੱਚ ਨਿਰੰਤਰ ਯੋਗਦਾਨ ਪਾਉਂਦੇ ਰਹਿਣ।ਮਾਤਾ ਗੁਜਰੀ ਕਾਲਜ ਐਕਸ-ਸਟੂਡੈਂਟ ਐਸੋਸੀਏਸ਼ਨ ਦੇ ਵਰਲਡ ਵਾਈਡ ਪ੍ਰਧਾਨ ਪ੍ਰਿਤਪਾਲ ਸਿੰਘ ਬਾਲੂ ਵੱਲੋਂ ਵਿਦੇਸ਼ਾਂ ਵਿੱਚ ਰਹਿੰਦੇ ਕਾਲਜ ਦੇ ਸਾਬਕਾ ਵਿਦਿਆਰਥੀਆਂ ਵੱਲੋਂ ਵੀ ਪ੍ਰਿੰਸੀਪਲ ਸਾਹਿਬ ਦੀ ਲੰਮੀ ਉਮਰ ਤੇ ਤੰਦਰੁਸਤੀ ਲਈ ਸ਼ੁਭ ਕਾਮਨਾਵਾਂ ਦਿੱਤੀਆਂ ਗਈਆਂ।

ਡਾ. ਕਸ਼ਮੀਰ ਸਿੰਘ ਨੇ ਭਾਵੁਕ ਸ਼ਬਦਾਂ ਵਿੱਚ ਅਲੂਮਨੀ ਐਸੋਸੀਏਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਾਲਜ ਦੇ ਸਾਬਕਾ ਵਿਦਿਆਰਥੀ ਜਿੱਥੇ ਸੰਸਥਾ ਦੇ ਮਜ਼ਬੂਤ ਥੰਮ੍ਹ ਹੁੰਦੇ ਹਨ, ਉਥੇ ਨਾਲ ਹੀ ਉਹ ਮੌਜੂਦਾ ਤੇ ਭਵਿੱਖ ਦੇ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਹੁੰਦੇ ਹਨ

## ਮਨੁੱਖਤਾ ਦੀ ਮਿਸਾਲ : ਸੜਕ ਹਾਦਸੇ ਦੌਰਾਨ ਤੁਰੰਤ ਮਦਦ ਨਾਲ ਬਚੀ ਜ਼ਿੰਦਗੀ

### ਐਡਵੋਕੇਟ ਜੁਨੇਜਾ ਨੇ ਸੜਕ ਦੁਰਘਟਨਾ ਦੇ ਪੀੜਤ ਨੂੰ ਰਜਿੰਦਰਾ ਹਸਪਤਾਲ ਪਹੁੰਚਾਇਆ



**ਪਟਿਆਲਾ** (**ਰਾਜਿੰਦਰ ਸਿੰਘ ਥਿੰਦ**)

ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਮਨੁੱਖਤਾ ਦਾ ਫਰਜ਼ ਨਿਭਾਉਂਦਿਆਂ ਵੀਰਵਾਰ ਸਵੇਰੇ ਦਫ਼ਤਰ ਜਾਂਦੇ ਸਮੇਂ ਰਸਤੇ 'ਚ ਸੜਕ ਦੁਰਘਟਨਾ ਦੇ ਪੀੜਤ ਨੂੰ ਉਨ੍ਹਾਂ ਨੇ ਰਜਿੰਦਰਾ ਹਸਪਤਾਲ ਪਹੁੰਚਾਇਆ।ਇਸ ਤਰ੍ਹਾਂ ਹਰਪਾਲ ਜੁਨੇਜਾ ਨੇ ਮਨੁੱਖਤਾ ਦੀ ਮਿਸਾਲ ਪੇਸ਼ ਕੀਤੀ, ਜਿਸ ਸਦਕਾ ਸੜਕ ਹਾਦਸੇ ਦੌਰਾਨ ਤੁਰੰਤ ਮਦਦ ਨਾਲ ਇੱਕ ਮਨੁੱਖੀ ਜ਼ਿੰਦਗੀ ਬਚ ਗਈ।

ਐਡਵੋਕੇਟ ਹਰਪਾਲ ਜੁਨੇਜਾ ਨੇ ਦੱਸਿਆ ਕਿ ਅੱਜ ਰੋਜ਼ਾਨਾ ਦੀ ਤਰ੍ਹਾਂ ਦਫ਼ਤਰ ਜਾਂਦੇ ਸਮੇਂ ਰਸਤੇ ਵਿੱਚ ਇੱਕ ਸੜਕ ਦੁਰਘਟਨਾ ਵਾਪਰੀ, ਜਿਸ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਘਟਨਾ ਨੂੰ ਦੇਖਦੇ ਹੀ ਤੁਰੰਤ ਮਨੁੱਖਤਾ ਦਾ ਫਰਜ਼ ਨਿਭਾਉਂਦੇ ਹੋਏ ਉਨ੍ਹਾਂ ਨੇ ਆਪਣਾ ਵਾਹਨ ਰੋਕਿਆ ਤੇ ਆਪਣੀ ਟੀਮ ਦੀ ਸਹਾਇਤਾ ਨਾਲ ਜ਼ਖ਼ਮੀ ਵਿਅਕਤੀ ਨੂੰ ਤੁਰੰਤ ਸਰਕਾਰੀ ਰਜਿੰਦਰਾ ਹਸਪਤਾਲ, ਪਟਿਆਲਾ ਵਿਖੇ ਪਹੁੰਚਾ ਕੇ ਇਲਾਜ ਲਈ ਦਾਖਲ ਕਰਵਾਇਆ।ਹਰਪਾਲ ਜੁਨੇਜਾ ਨੇ ਦੱਸਿਆ ਕਿ ਉਹ ਸ਼ਾਮ ਨੂੰ ਮੁੜ ਜ਼ਖ਼ਮੀ ਰਾਮਦੀਨ ਦਾ ਪਤਾ ਲੈਣ ਹਸਪਤਾਲ ਗਏ ਤਾਂ ਦੇਖਿਆ ਕਿ ਡਾਕਟਰਾਂ ਦੀ ਮਿਹਨਤ ਤੇ ਪ੍ਰਮਾਤਮਾ ਦੀ ਕਿਰਪਾ ਸਦਕਾ ਜ਼ਖ਼ਮੀ ਵਿਅਕਤੀ ਹੁਣ ਖਤਰੇ ਤੋਂ ਬਾਹਰ ਹੈ।ਉਨ੍ਹਾਂ ਇਸ ਮੌਕੇ ਸਰਕਾਰੀ ਰਜਿੰਦਰਾ ਹਸਪਤਾਲ ਦੇ ਡਾਕਟਰਾਂ ਤੇ ਸਮੂਹ ਸਟਾਫ ਦਾ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਵੱਲੋਂ ਸਮੇਂ ਸਿਰ ਇਲਾਜ ਤੇ ਪੂਰਾ ਸਹਿਯੋਗ ਪ੍ਰਦਾਨ ਕੀਤਾ ਗਿਆ।ਹਰਪਾਲ ਜੁਨੇਜਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਤੇ ਜਨ-ਹਿੱਤ ਨੂੰ ਧਿਆਨ ਵਿੱਚ ਰੱਖਦੇ ਹੋਏ ਅਨੇਕਾਂ ਲੋਕ-ਪੱਖੀ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ, ਇਸੇ ਕੜੀ ਤਹਿਤ ਫਰਿਸ਼ਤੇ ਸਕੀਮ ਤੇ ਸੜਕ ਸੁਰੱਖਿਆ ਫੋਰਸ ਦਾ ਮੁੱਖ ਉਦੇਸ਼ ਸੜਕ ਹਾਦਸਿਆਂ ਦੌਰਾਨ ਜ਼ਖ਼ਮੀਆਂ ਨੂੰ ਸਮੇਂ ਸਿਰ ਸਹਾਇਤਾ ਪ੍ਰਦਾਨ ਕਰਨਾ ਤੇ ਕੀਮਤੀ ਜਾਨਾਂ ਬਚਾਉਣਾ ਹੈ।ਉਨ੍ਹਾਂ ਕਿਹਾ ਕਿ ਇਹ ਯੋਜਨਾਵਾਂ ਲੋਕਾਂ ਨੂੰ ਪ੍ਰੇਰਿਤ ਕਰਦੀਆਂ ਹਨ ਕਿ ਉਹ ਹਾਦਸਾਗ੍ਰਸਤ ਵਿਅਕਤੀਆਂ ਦੀ ਮਦਦ ਲਈ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਅੱਗੇ ਆਉਣ।

## ਬਾਰਡਰ ਨਾਲ ਲੱਗਦੀਆਂ ਜ਼ਮੀਨਾਂ ਦੇ ਮਾਲਕਾਨਾ ਹੱਕਾਂ ਲਈ ਕਿਸਾਨਾਂ ਨੇ ਖੋਲ੍ਹਿਆ ਮੋਰਚਾ

### ਮੁੱਖ ਮੰਤਰੀ ਦੇ ਨਾਂਅ ਡੀ ਸੀ ਨੂੰ ਸੌਂਪਿਆ ਮੰਗ ਪੱਤਰ



**ਫਿਰੋਜ਼ਪੁਰ** (**ਗੁਰਬਚਨ ਸਿੰਘ**)-ਭਾਰਤੀ ਕਿਸਾਨ ਯੂਨੀਅਨ ਏਕਤਾ (ਸਿੱਧੂਪੁਰ) ਦੇ ਸੂਬਾ ਕਮੇਟੀ ਮੈਂਬਰ ਗੁਰਮੀਤ ਸਿੰਘ ਘੋੜੇਚੱਕ ਦੀ ਅਗਵਾਈ ਹੇਠ ਕਿਸਾਨਾਂ ਦੇ ਇਕ ਵਫਦ ਵੱਲੋਂ ਡਿਪਟੀ ਕਮਿਸ਼ਨਰ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਨੂੰ ਇਕ ਵਿਸ਼ੇਸ਼ ਮੰਗ ਪੱਤਰ ਭੇਜਿਆ ਗਿਆ।ਇਸ ਮੰਗ ਪੱਤਰ ਰਾਹੀਂ ਭਾਰਤ-ਪਾਕਿਸਤਾਨ ਸਰਹੱਦ ਦੇ ਨਾਲ ਲੱਗਦੀਆਂ ਜ਼ਮੀਨਾਂ ਨੂੰ ਵਾਹ ਰਹੇ ਕਾਸ਼ਤਕਾਰ ਕਿਸਾਨਾਂ ਦੀਆਂ ਚਿਰੋਕਣੀ ਲਟਕਦੀਆਂ ਮੰਗਾਂ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।ਕਿਸਾਨ ਆਗੂਆਂ ਨੇ ਦੱਸਿਆ ਕਿ ਇਹ ਜ਼ਮੀਨਾਂ ਦੇਸ਼ ਦੀ ਵੰਡ ਤੋਂ ਬਾਅਦ ਕਿਸਾਨਾਂ ਨੇ ਸਖ਼ਤ ਮਿਹਨਤ ਨਾਲ ਉਪਜਾਊ ਬਣਾਈਆਂ ਸਨ, ਪਰ ਸਾਲ 2007 ਦੀ ਇਕ ਨੀਤੀ ਕਾਰਨ ਇਨ੍ਹਾਂ ਦੇ ਮਾਲਕਾਨਾ ਹੱਕਾਂ 'ਤੇ ਤਲਵਾਰ ਲਟਕ ਗਈ ਹੈ।ਕਿਸਾਨਾਂ ਨੇ ਮੰਗ ਕੀਤੀ ਕਿ ਉਨ੍ਹਾਂ ਦੇ ਕਾਨੂੰਨੀ ਹੱਕ ਬਹਾਲ ਕੀਤੇ ਜਾਣ ਤੇ ਰੁਕਿਆ ਹੋਇਆ ਮੁਆਵਜ਼ਾ ਤੁਰੰਤ ਜਾਰੀ ਕੀਤਾ ਜਾਵੇ।ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਰਾਹੀਂ ਸਰਕਾਰ ਨੂੰ ਚਿਤਾਵਨੀ ਦਿੱਤੀ ਗਈ ਕਿ ਜੇਕਰ ਸਰਹੱਦੀ ਕਿਸਾਨਾਂ ਦੀਆਂ ਜ਼ਮੀਨਾਂ ਦੇ ਮਾਲਕਾਨਾ ਹੱਕਾਂ ਦਾ ਮਸਲਾ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਬਲਜਿੰਦਰ ਸਿੰਘ ਬਰਾੜ ਬਲਾਕ ਪ੍ਰਧਾਨ ਲੱਖੋ ਕੇ ਬਹਿਰਾਮ, ਅਮਰਜੀਤ ਸਿੰਘ ਬਲਾਕ ਮੀਤ ਪ੍ਰਧਾਨ ਲੱਖੋ ਕੇ ਬਹਿਰਾਮ, ਹੀਰਾ ਸਿੰਘ ਸੀਨੀਅਰ ਆਗੂ ਤਾਰੇ ਵਾਲਾ, ਸੁਰਜੀਤ ਸਿੰਘ ਟਾਹਲੀ ਵਾਲਾ ਤੇ ਯਾਦਵਿੰਦਰ ਸਿੰਘ ਯਾਦੂ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਮੌਜੂਦ ਸਨ।

## ਕਿਰਤੀ ਲਾਭਪਾਤਰੀਆਂ ਦੀਆਂ ਸਮੱਸਿਆਵਾਂ ਦਾ ਤੁਰੰਤ ਕੀਤਾ ਜਾਵੇ ਹੱਲ : ਕਟਾਰੀਆ



**ਮਾਨਸਾ/ਬੁਢਲਾਡਾ** (**ਆਤਮਾ ਸਿੰਘ ਪਮਾਰ/ਅਸ਼ੋਕ ਲਾਕੜਾ**)-ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਨੌਜਵਾਨ ਸਭਾ ਨੇ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਆ ਰਹੀਆਂ ਦਿੱਕਤਾਂ ਪ੍ਰਤੀ ਚਿੰਤਾ ਜਤਾਉਂਦਿਆਂ ਸਰਕਾਰ ਤੋਂ ਤੁਰੰਤ ਹੱਲ ਦੀ ਮੰਗ ਕੀਤੀ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਭਾ ਦੇ ਪ੍ਰਧਾਨ ਸੋਨੂੰ ਸਿੰਘ ਕਟਾਰੀਆ ਤੇ ਸਕੱਤਰ ਜਸਵੀਰ ਸਿੰਘ ਨੇ ਕਿਹਾ ਕਿ ਕਿਰਤੀਆਂ ਨੂੰ ਆਪਣੇ ਹੱਕ ਪ੍ਰਾਪਤ ਕਰਨ ਲਈ ਲਗਾਤਾਰ ਔਕੜਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਦੱਸਿਆ ਕਿ ਜਦੋਂ ਲਾਭਪਾਤਰੀ ਵੱਖ-ਵੱਖ ਯੋਜਨਾਵਾਂ ਲਈ ਫਾਰਮ ਭਰਦੇ ਹਨ ਤਾਂ ਤਕਨੀਕੀ ਖਾਮੀਆਂ ਤੇ ਪ੍ਰਕਿਰਿਆਵਾਂ ਦੀ ਜਟਿਲਤਾ ਕਾਰਨ ਉਨ੍ਹਾਂ ਨੂੰ ਵਾਰ-ਵਾਰ ਸੇਵਾ ਕੇਂਦਰਾਂ ਤੇ ਕਿਰਤ ਵਿਭਾਗ ਦੇ ਦਫਤਰਾਂ ਦੇ ਚੱਕਰ ਲਾਉਣੇ ਪੈਂਦੇ ਹਨ।ਇਸ ਨਾਲ ਉਨ੍ਹਾਂ ਦਾ ਸਮਾਂ ਤੇ ਸੰਸਾਧਨ ਦੋਵੇਂ ਬਰਬਾਦ ਹੁੰਦੇ ਹਨ।ਸਭਾ ਦੇ ਆਗੂਆਂ ਨੇ ਕਿਹਾ ਕਿ ਕਈ ਵਾਰ ਕਾਰਵਾਈ ਦੌਰਾਨ ਲੱਗਣ ਵਾਲੇ ਇਤਰਾਜ਼ ਤੇ ਪ੍ਰਕਿਰਿਆ ਦੀ ਧੀਮੀ ਗਤੀ ਕਾਰਨ ਲਾਭਪਾਤਰੀਆਂ ਨੂੰ ਬੇਵਜ੍ਹਾ ਉਡੀਕ ਕਰਨੀ ਪੈਂਦੀ ਹੈ।ਇਸ ਸਥਿਤੀ ਨੂੰ ਸੁਧਾਰਨ ਲਈ ਪ੍ਰਣਾਲੀ 'ਚ ਪਾਰਦਰਸ਼ਤਾ ਤੇ ਜ਼ਿੰਮੇਵਾਰੀ ਨੂੰ ਮਜ਼ਬੂਤ ਕੀਤਾ ਜਾਣਾ ਲਾਜ਼ਮੀ ਹੈ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਆਨਲਾਈਨ ਸਿਸਟਮ ਨੂੰ ਸੁਚਾਰੂ ਬਣਾਇਆ ਜਾਵੇ ਤੇ ਲਾਭਪਾਤਰੀਆਂ ਦੇ ਕੰਮ ਨਿਰਧਾਰਤ ਸਮੇਂ ਅੰਦਰ ਨਿਪਟਾਏ ਜਾਣ, ਤਾਂ ਜੋ ਕਿਰਤੀਆਂ ਨੂੰ ਹੋ ਰਹੀ ਅਸੁਵਿਧਾ ਤੋਂ ਰਾਹਤ ਮਿਲ ਸਕੇ।

## ਭਗਵਾਨ ਦਾਸ ਗੁਪਤਾ ਨੇ ਜ਼ਿਲ੍ਹਾ ਅਟਾਰਨੀ ਵਜੋਂ ਸੰਭਾਲਿਆ ਅਹੁਦਾ



**ਮਾਲੇਰਕੋਟਲਾ** (**ਅਸਗਰ ਪਰਿਹਾਰ**)-ਨਵ-ਨਿਯੁਕਤ ਜ਼ਿਲ੍ਹਾ ਅਟਾਰਨੀ (ਪ੍ਰੋਸੀਕਿਊਸ਼ਨ) ਭਗਵਾਨ ਦਾਸ ਗੁਪਤਾ ਨੇ ਡਿਸਟ੍ਰਿਕਟ ਕੋਰਟ ਕੰਪਲੈਕਸ ਮਾਲੇਰਕੋਟਲਾ ਵਿਖੇ ਪਹਿਲੇ ਜ਼ਿਲ੍ਹਾ ਅਟਾਰਨੀ ਵਜੋਂ ਆਪਣਾ ਕਾਰਜਭਾਰ ਸੰਭਾਲ ਲਿਆ ਹੈ।ਉਨ੍ਹਾਂ ਦਫ਼ਤਰ ਵਿੱਚ ਹਾਜ਼ਰੀ ਲਗਾ ਕੇ ਸਬੰਧਤ ਅਧਿਕਾਰੀਆਂ, ਸਟਾਫ ਮੈਂਬਰਜ਼ ਨਾਲ ਮੁਲਾਕਾਤ ਕਰਕੇ ਦਫ਼ਤਰੀ ਕੰਮਕਾਜ ਬਾਰੇ ਜਾਣਕਾਰੀ ਹਾਸਲ ਕੀਤੀ।ਕਾਰਜਭਾਰ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਗਵਾਨ ਦਾਸ ਗੁਪਤਾ ਨੇ ਕਿਹਾ ਕਿ ਪੈਂਡਿੰਗ ਅਦਾਲਤੀ ਮਾਮਲਿਆਂ ਵਿੱਚ ਪ੍ਰੋਸੀਕਿਊਸ਼ਨ ਦੀ ਕਾਰਵਾਈ ਨੂੰ ਤੇਜ਼ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ, ਤਾਂ ਜੋ ਪੱਖਕਾਰਾਂ ਨੂੰ ਸਮੇਂ ਸਿਰ ਇਨਸਾਫ ਮਿਲ ਸਕੇ।ਉਨ੍ਹਾਂ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਨੇ ਅਪਰਾਧ ਕੀਤੇ ਹਨ, ਉਨ੍ਹਾਂ ਖ਼ਿਲਾਫ਼ ਕਾਨੂੰਨ ਅਨੁਸਾਰ ਬਣਦੀ ਸਖ਼ਤ ਸਜ਼ਾ ਦੀ ਮੰਗ ਕੀਤੀ ਜਾਵੇਗੀ ਤੇ ਕਾਨੂੰਨ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਵੇਗਾ।ਇਸ ਮੌਕੇ ਡਿਪਟੀ ਜ਼ਿਲ੍ਹਾ ਅਟਾਰਨੀ ਰਵਿੰਦਰਪਾਲ ਕੌਰ ਧਾਲੀਵਾਲ, ਸਹਾਇਕ ਜ਼ਿਲ੍ਹਾ ਅਟਾਰਨੀ ਹਰਕਮਲਪੀਤ ਸਿੰਘ, ਸਹਾਇਕ ਜ਼ਿਲ੍ਹਾ ਅਟਾਰਨੀ ਗੁਰਪ੍ਰੀਤ ਸਿੰਘ ਮੰਡੇਰ, ਅਦਾਲਤ ਦੇ ਹੋਰ ਅਧਿਕਾਰੀਆਂ ਤੇ ਸਟਾਫ ਮੈਂਬਰਜ਼ ਵੱਲੋਂ ਨਵ-ਨਿਯੁਕਤ ਜ਼ਿਲ੍ਹਾ ਅਟਾਰਨੀ ਭਗਵਾਨ ਦਾਸ ਗੁਪਤਾ ਨੂੰ ਮੁਬਾਰਕਬਾਦ ਦਿੰਦੇ ਹੋਏ ਉਨ੍ਹਾਂ ਦਾ ਤਹਿ ਦਿਲੋਂ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਦੀ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।

## ਅਕਾਲੀ ਦਲ ਵੱਲੋਂ ਬਿਜਲੀ ਕੱਟਾਂ ਖਿਲਾਫ ਤਹਿਸੀਲ ਕੰਪਲੈਕਸ ਅੱਗੇ ਧਰਨਾ



**ਸਮਾਣਾ** (**ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ**)-ਪੰਜਾਬ ਵਿੱਚ ਲਗਾਤਾਰ ਲੱਗ ਰਹੇ ਅਣ-ਐਲਾਨੇ ਬਿਜਲੀ ਕੱਟਾਂ ਤੇ ਸੂਬਾ ਸਰਕਾਰ ਦੀਆਂ ਕਥਿਤ ਨਾਕਾਮੀਆਂ ਵਿਰੁੱਧ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਵਰਕਰਾਂ ਵੱਲੋਂ ਸਮਾਣਾ ਤਹਿਸੀਲ ਕੰਪਲੈਕਸ ਦੇ ਬਾਹਰ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਅਕਾਲੀ ਵਰਕਰਾਂ ਨੇ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਤੇ ਮੰਗ ਕੀਤੀ ਕਿ ਸੂਬੇ ਵਿੱਚ ਬਿਜਲੀ ਦੀ ਸਪਲਾਈ ਤੁਰੰਤ ਨਿਰਵਿਘਨ ਕੀਤੀ ਜਾਵੇ।

?ਧਰਨੇ ਨੂੰ ਸੰਬੋਧਨ ਕਰਦਿਆਂ ਕੁਲਦੀਪ ਸਿੰਘ ਨੱਸੂਪੁਰ ਤੇ ਅਮਰਜੀਤ ਸਿੰਘ ਟੋਡਰਪੁਰ (ਸਾਬਕਾ ਚੇਅਰਮੈਨ, ਮਾਰਕੀਟ ਕਮੇਟੀ ਸਮਾਣਾ, ਜਥੇਦਾਰ ਅਮਰਜੀਤ ਸਿੰਘ ਪੰਜਰਥ ਤੇ ਜਗਮੀਤ ਸਿੰਘ ਹਰਿਆਊ) ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣ ਵਿੱਚ ਪੂਰੀ ਤਰ੍ਹਾਂ ਅਸਫ਼ਲ ਰਹੀ ਹੈ।ਉਨ੍ਹਾਂ ਕਿਹਾ ਕਿ ਲੰਬੇ-ਲੰਬੇ ਬਿਜਲੀ ਕੱਟਾਂ ਕਾਰਨ ਜਿੱਥੇ ਆਮ ਜਨਤਾ ਤ੍ਰਾਹੀ-ਤ੍ਰਾਹੀ ਕਰ ਰਹੀ ਹੈ, ਉੱਥੇ ਹੀ ਕਿਸਾਨਾਂ ਤੇ ਵਪਾਰੀਆਂ ਦਾ ਵੀ ਭਾਰੀ ਨੁਕਸਾਨ ਹੋ ਰਿਹਾ ਹੈ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ?ਸੂਬੇ ਵਿੱਚ 24 ਘੰਟੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ। ?ਇਸ ਰੋਸ ਪ੍ਰਦਰਸ਼ਨ ਵਿੱਚ ਸਾਬਕਾ ਕੌਂਸਲਰ ਅਮਰਜੀਤ ਸਿੰਘ ਗੁਰਾਇਆ ਤੇ ਸੀਨੀਅਰ ਅਕਾਲੀ ਆਗੂ ਨਿਸ਼ਾਨ ਸਿੰਘ ਸੰਧੂ ਸਮੇਤ ਕਈ ਸੀਨੀਅਰ ਆਗੂਆਂ ਤੇ ਵਰਕਰਾਂ ਨੇ ਸ਼ਿਰਕਤ ਕੀਤੀ।ਬੁਲਾਰਿਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਹੀ ਬਿਜਲੀ ਦੀ ਸਥਿਤੀ ਨਾ ਸੁਧਾਰੀ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ?ਇਸ ਮੌਕੇ ਸੈਂਕੜੇ ਦੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਸਥਾਨਕ ਲੋਕ ਹਾਜ਼ਰ ਸਨ, ਜਿਨ੍ਹਾਂ ਨੇ ਸਰਕਾਰ ਨੂੰ ਸੁੱਤੀ ਨੀਂਦ ਤੋਂ ਜਗਾਉਣ ਲਈ ਜ਼ੋਰਦਾਰ ਪ੍ਰਦਰਸ਼ਨ ਕੀਤਾ।

## ਮ੍ਰਿਤਕ ਕਿਸਾਨ ਦੇ ਪਰਵਾਰ ਨੂੰ 2 ਲੱਖ ਦੀ ਸਹਾਇਤਾ



**ਮਾਛੀਵਾੜਾ ਸਾਹਿਬ** (**ਸ਼ੈਂਕੀ ਸ਼ਰਮਾ, ਜਗਦੀਸ਼ ਰਾਏ**)-ਲੰਘੀ 20 ਅਪ੍ਰੈਲ ਨੂੰ ਪਿੰਡ ਸਲਾਨਾ ਬੇਟ ਵਿਖੇ ਖੇਤਾਂ ਵਿੱਚ ਕਣਕ ਨੂੰ ਲੱਗੀ ਅੱਗ ਬੁਝਾਉਣ ਸਮੇਂ ਹਾਰਟ ਅਟੈਕ ਨਾਲ ਮ੍ਰਿਤਕ ਕਿਸਾਨ ਮਨਦੀਪ ਸਿੰਘ ਦੇ ਪਰਵਾਰ ਨੂੰ ਪ੍ਰਸ਼ਾਸਨ ਵੱਲੋਂ ਆਰਥਿਕ ਸਹਾਇਤਾ ਦਿੱਤੀ ਗਈ। ਬੁੱਧਵਾਰ ਪਿੰਡ ਸਲਾਨਾ ਬੇਟ ਵਿਖੇ ਮ੍ਰਿਤਕ ਕਿਸਾਨ ਮਨਦੀਪ ਸਿੰਘ ਦੇ ਘਰ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਲਈ ਪ੍ਰਸ਼ਾਸਨ ਵੱਲੋਂ ਨਾਇਬ ਤਹਿਸੀਲਦਾਰ ਰਾਜੇਸ਼ ਅਹੂਜਾ ਪੁੱਜੇ। ਉਨ੍ਹਾਂ ਡਿਪਟੀ ਕਮਿਸ਼ਨਰ ਵੱਲੋਂ ਜਾਰੀ ਕੀਤੀ 2 ਲੱਖ ਰੁਪਏ ਦੀ ਆਰਥਿਕ ਸਹਾਇਤਾ ਦਾ ਚੈੱਕ ਪਰਵਾਰ ਨੂੰ ਸੌਂਪਿਆ। ਉਨ੍ਹਾਂ ਕਿਹਾ ਕਿ ਪਰਵਾਰ ਨੂੰ ਮ੍ਰਿਤਕ ਮਨਦੀਪ ਸਿੰਘ ਦੀ ਮੌਤ ਨਾਲ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਪਰ ਪ੍ਰਸ਼ਾਸਨ ਵੱਲੋਂ ਇਹ ਆਰਥਿਕ ਸਹਾਇਤਾ ਦੇ ਕੇ ਦੁੱਖ ਵੰਡਾਉਣ ਦੀ ਕੋਸ਼ਿਸ਼ ਕੀਤੀ ਹੈ। ਇਸ ਮੌਕੇ ਚੇਅਰਮੈਨ ਲਖਵਿੰਦਰ ਸਿੰਘ ਲਾਲੀ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਸੂਬਾ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਭੱਟੀਆਂ, ਕੁਲਵਿੰਦਰ ਸਿੰਘ, ਕਰਮਜੀਤ ਸਿੰਘ, ਸੁਖਵਿੰਦਰ ਸਿੰਘ, ਜਸਦੇਵ ਸਿੰਘ, ਅਮਨਦੀਪ ਸਿੰਘ, ਸਮਸ਼ੇਰ ਸਿੰਘ, ਮੁਖਤਿਆਰ ਸਿੰਘ, ਡਾ. ਨਵਦੀਪ ਸਿੰਘ ਹਾਜ਼ਰ ਸਨ।

## ਪੰਜਾਬੀ ਯੂਨੀਵਰਸਿਟੀ ਦੇ ਵੀਸੀ ਦੀ ਨਿਯੁਕਤੀ ਮੁੜ ਵਿਵਾਦਾਂ 'ਚ, ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ



**ਪਟਿਆਲਾ** (**ਰਾਜਿੰਦਰ ਸਿੰਘ ਥਿੰਦ**)-ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਦੀ ਨਿਯੁਕਤੀ ਇਕ ਵਾਰ ਮੁੜ ਵਿਵਾਦਾਂ 'ਚ ਘਿਰ ਗਈ ਹੈ।ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਯੂਨੀਵਰਸਿਟੀ ਦੇ ਮੌਜੂਦਾ ਵੀਸੀ ਦੀ ਨਿਯੁਕਤੀ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਸੰਬੰਧਤ ਧਿਰਾਂ ਨੂੰ ਨੋਟਿਸ ਜਾਰੀ ਕਰਕੇ ਜਵਾਬ ਤਲਬ ਕੀਤਾ ਹੈ।ਡਾ. ਵਰਿੰਦਰ ਕੁਮਾਰ ਕੌਸ਼ਿਕ ਦੀ ਪਟੀਸ਼ਨ 'ਚ ਦੋਸ਼ ਲਾਇਆ ਗਿਆ ਹੈ ਕਿ 19 ਮਈ 2025 ਨੂੰ ਕੀਤੀ ਗਈ ਵੀਸੀ ਦੀ ਨਿਯੁਕਤੀ ਯੂਜੀਸੀ ਦੇ ਨਿਯਮਾਂ ਦੀ ਉਲੰਘਣਾ ਹੈ।ਪਟੀਸ਼ਨਰ ਦੇ ਵਕੀਲ ਬਰਜਿੰਦਰ ਸਿੰਘ ਨੇ ਅਦਾਲਤ 'ਚ ਦਲੀਲ ਦਿੱਤੀ ਕਿ ਜਿਸ ਵਿਅਕਤੀ ਨੂੰ ਵਾਈਸ ਚਾਂਸਲਰ ਨਿਯੁਕਤ ਕੀਤਾ ਗਿਆ ਹੈ, ਉਸ ਨੇ ਨਾ ਤਾਂ ਇਸ ਅਹੁਦੇ ਲਈ ਅਰਜ਼ੀ ਦਿੱਤੀ ਸੀ ਤੇ ਨਾ ਹੀ ਉਹ ਸਰਚ-ਕਮ-ਸਿਲੈਕਸ਼ਨ ਕਮੇਟੀ ਸਾਹਮਣੇ ਇੰਟਰਵਿਊ ਲਈ ਪੇਸ਼ ਹੋਇਆ।ਦੋਸ਼ ਹੈ ਕਿ ਸਬੰਧਤ ਵਿਅਕਤੀ ਕੋਲ ਯੂਨੀਵਰਸਿਟੀ 'ਚ ਪ੍ਰੋਫੈਸਰ ਵਜੋਂ ਲੋੜੀਂਦਾ 10 ਸਾਲਾਂ ਦਾ ਤਜਰਬਾ ਨਹੀਂ ਹੈ।ਪਟੀਸ਼ਨ 'ਚ ਰਿਕਾਰਡ ਨਾਲ ਕਥਿਤ ਤੌਰ 'ਤੇ ਛੇੜਛਾੜ ਕਰਨ ਤੇ ਗ਼ੈਰ-ਕਾਨੂੰਨੀ ਢੰਗ ਨਾਲ ਨਿਯੁਕਤੀ ਕਰਨ ਦੇ ਦੋਸ਼ ਹੇਠ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਗਈ ਹੈ।ਮੰਗ ਕੀਤੀ ਕਿ ਸਰਚ ਕਮੇਟੀ ਵੱਲੋਂ ਪਹਿਲਾਂ ਸੁਝਾਏ ਗਏ ਤਿੰਨ ਮੈਂਬਰੀ ਪੈਨਲ ਦੇ ਆਧਾਰ 'ਤੇ ਹੀ ਨਵੀਂ ਨਿਯੁਕਤੀ ਕੀਤੀ ਜਾਵੇ।ਮਾਮਲੇ ਦੀ ਸੁਣਵਾਈ ਕਰਦਿਆਂ ਜਸਟਿਸ ਨਮਿਤ ਕੁਮਾਰ ਨੇ ਪੰਜਾਬ ਸਰਕਾਰ ਦੇ ਨੁਮਾਇੰਦੇ ਵੱਲੋਂ ਨੋਟਿਸ ਸਵੀਕਾਰ ਕੀਤੇ ਜਾਣ ਤੋਂ ਬਾਅਦ ਅਗਲੀ ਸੁਣਵਾਈ 26 ਮਈ 2026 ਲਈ ਤੈਅ ਕੀਤੀ ਹੈ।

## ਯੱਗ ਦਾ ਉਦੇਸ਼ ਡੀ ਐੱਮ ਕਾਲਜ ਮੈਨੇਜਿੰਗ ਕਮੇਟੀ ਦੀ ਸੋਚ ਸ਼ੁੱਧ ਕਰਨਾ : ਨਿਰੰਜਨ ਸਿੰਘ

- ਸਿਵਲ ਸੁਸਾਇਟੀ ਨੇ ਡੀ ਐੱਮ ਕਾਲਜ ਗੇਟ ਅੱਗੇ ਕਰਵਾਇਆ ਹਵਨ-ਯੱਗ
- ਕਾਲਜ ਦਾ ਸ਼ਤਾਬਦੀ ਸਮਾਗਮ ਧੂਮਧਾਮ ਨਾਲ ਮਨਾਇਆ ਜਾਵੇਗਾ : ਸਿੱਧੂ



**ਮੋਗਾ** (**ਇਕਬਾਲ ਸਿੰਘ ਖਹਿਰਾ**)

ਸਿਵਲ ਸੁਸਾਇਟੀ ਮੋਗਾ ਵੱਲੋਂ ਡੀ ਐੱਮ ਕਾਲਜ ਮੈਨੇਜਿੰਗ ਕਮੇਟੀ ਅਧੀਨ ਚਲਦੀਆਂ ਸਿੱਖਿਆ ਸੰਸਥਾਵਾਂ ਨੂੰ ਬਚਾਉਣ ਦਾ ਉਪਰਾਲਾ ਬਹੁਤ ਹੀ ਸਲਾਹੁਣਯੋਗ ਹੈ ਤੇ ਉਨ੍ਹਾਂ ਵੱਲੋਂ ਕਾਲਜ ਦੇ ਗੇਟ ਅੱਗੇ ਹਵਨ-ਯੱਗ ਕਰਵਾ ਕੇ ਸਮਾਜ ਤੇ ਮੈਨੇਜਿੰਗ ਕਮੇਟੀ ਨੂੰ ਇੱਕ ਵਧੀਆ ਸੁਨੇਹਾ ਦਿੱਤਾ ਹੈ।ਇਸ ਹਵਨ-ਯੱਗ ਦੀਆਂ ਆਹੂਤੀਆਂ ਨਾਲ ਵਾਤਾਵਰਨ ਵਿੱਚ ਸ਼ੁੱਧਤਾ ਦਾ ਅਹਿਸਾਸ ਹੋ ਰਿਹਾ ਹੈ ਤੇ ਮੇਰੀ ਇਹ ਕਾਮਨਾ ਹੈ ਕਿ ਇਸ ਸ਼ੁੱਧਤਾ ਨਾਲ ਇਨ੍ਹਾਂ ਸਿੱਖਿਆ ਸੰਸਥਾਵਾਂ 'ਤੇ ਕਾਬਜ਼ ਮੈਨੇਜਿੰਗ ਕਮੇਟੀ ਅਹੁਦੇਦਾਰਾਂ ਦੇ ਮਨਾਂ ਵਿੱਚ ਵੀ ਸ਼ੁੱਧਤਾ ਆਵੇ ਤੇ ਉਹ ਮਿਲ ਬੈਠ ਕੇ ਆਪਸੀ ਝਗੜੇ ਨਿਬੇੜ ਲੈਣ ਤੇ ਸਾਨੂੰ ਇਸ ਵਿੱਚ ਦਖ਼ਲ ਦੇਣ ਦੀ ਲੋੜ ਨਾ ਪਵੇ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਈ ਡੀ ਦੇ ਸਾਬਕਾ ਡਿਪਟੀ ਡਾਇਰੈਕਟਰ ਨਿਰੰਜਨ ਸਿੰਘ ਨੇ ਹਵਨ-ਯੱਗ ਦੀ ਸਮਾਪਤੀ ਮੌਕੇ ਆਪਣੇ ਸੰਬੋਧਨ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਇਹ ਝਗੜਾ ਸਿਰਫ ਅਹੁਦੇਦਾਰਾਂ ਦੇ ਨਿੱਜੀ ਮੁਫ਼ਾਦਾਂ ਨੂੰ ਲੈ ਕੇ ਹੈ, ਜੋ ਇੱਕ ਕਮਰੇ ਵਿੱਚ ਬੈਠ ਕੇ ਨਿਪਟਾਇਆ ਜਾ ਸਕਦਾ ਹੈ।ਅਦਾਲਤਾਂ ਵਿੱਚ ਅਜਿਹੇ ਝਗੜੇ ਦਹਾਕਿਆਂ ਤੱਕ ਚਲਦੇ ਰਹਿੰਦੇ ਹਨ, ਜਿਸ ਨਾਲ ਇਨ੍ਹਾਂ ਸੰਸਥਾਵਾਂ ਦਾ ਨੁਕਸਾਨ ਹੋਣਾ ਤੈਅ ਹੈ।ਇਸ ਮੌਕੇ ਡੀ ਐੱਮ ਕਾਲਜ ਦੇ ਸਾਬਕਾ ਵਿਦਿਆਰਥੀ ਸਾਬਕਾ ਆਈ ਏ ਐੱਸ ਕੁਲਬੀਰ ਸਿੰਘ ਸਿੱਧੂ ਕਮਿਸ਼ਨਰ ਫਿਰੋਜ਼ਪੁਰ ਡਵੀਜ਼ਨ ਨੇ ਕਾਲਜ ਦੀ ਸਥਾਪਨਾ ਦੇ 100 ਸਾਲ ਪੂਰੇ ਹੋਣ 'ਤੇ ਵਧਾਈ ਦਿੰਦਿਆਂ ਕਿਹਾ ਕਿ ਪੁਰਾਣੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਸ਼ਤਾਬਦੀ ਸਮਾਗਮ ਧੂਮ ਧਾਮ ਨਾਲ ਮਨਾਇਆ ਜਾਵੇਗਾ। ਉਨ੍ਹਾਂ ਰਾਏ ਬਹਾਦਰ ਮਥੁਰਾ ਦਾਸ ਸਮੇਤ ਉਨ੍ਹਾਂ ਸ਼ਖ਼ਸੀਅਤਾਂ ਨੂੰ ਵੀ ਯਾਦ ਕੀਤਾ, ਜਿਨ੍ਹਾਂ ਦੇ ਉੱਦਮ ਤੇ ਦਾਨ ਨਾਲ ਇਹ ਸੰਸਥਾਵਾਂ ਹੋਂਦ ਵਿੱਚ ਆਈਆਂ।ਉਨ੍ਹਾਂ ਪ੍ਰਸ਼ਾਸਨ ਨੂੰ ਇਸ ਵਿੱਚ ਦਖ਼ਲਅੰਦਾਜ਼ੀ ਕਰਨ ਤੇ ਐਡਮਨਿਸਟ੍ਰੇਟਰ ਲਗਾਉਣ ਦੀ ਮੰਗ ਕੀਤੀ।ਇਸ ਮੌਕੇ 97 ਸਾਲਾ ਸਾਬਕਾ ਵਿਦਿਆਰਥੀ ਜੋਧ ਸਿੰਘ, ਅਜੇ ਗੋਰਾ ਸੂਦ, ਲੇਖਕ ਗੁਰਮੇਲ ਬੌਡੇ, ਪਰਮਪਾਲ ਸਿੰਘ ਤਖਤੂਪੁਰਾ, ਗੀਤਾ ਆਰੀਆ ਨੇ ਵੀ ਆਪਣੇ ਸੰਬੋਧਨ ਵਿੱਚ ਮੋਗੇ ਦੀਆਂ ਇਨ੍ਹਾਂ ਸਿੱਖਿਆ ਸੰਸਥਾਵਾਂ ਨੂੰ ਬਚਾਉਣ ਲਈ ਅੱਗੇ ਆਉਣ ਲਈ ਕਿਹਾ।ਇਸ ਮੌਕੇ ਆਰੀਆ ਸਮਾਜੀ ਜਗਦੀਸ਼ ਅੱਗਰਵਾਲ, ਦੇਵ ਪ੍ਰਿਆ ਤਿਆਗੀ, ਗੀਤਾ ਆਰੀਆ, ਸਮਨ ਮਲਹੋਤਰਾ, ਵਿਜੇ ਸੂਦ ਨੇ ਜੱਜਮਾਨ ਬਣ ਕੇ ਹਵਨ ਯੱਗ ਵਿੱਚ ਆਹੂਤੀਆਂ ਪਾਈਆਂ ਤੇ ਪੰਡਿਤ ਦਿਵਾਂਕਰ ਭਾਰਤੀ ਨੇ ਪਵਿੱਤਰ ਮੰਤਰਾਂ ਦਾ ਜਾਪਣ ਕੀਤਾ।ਸਮਾਗਮ ਦੀ ਸਮਾਪਤੀ ਮੌਕੇ ਡਾ. ਕੁਲਦੀਪ ਸਿੰਘ ਗਿੱਲ ਨੇ ਬਾਹਰੋਂ ਆਏ ਹੋਏ ਮਹਿਮਾਨਾਂ, ਆਰੀਆ ਸਮਾਜੀਆਂ ਤੇ ਮੋਗਾ ਸ਼ਹਿਰ ਦੇ ਸੁਹਿਰਦ ਲੋਕਾਂ ਦਾ ਹਵਨ-ਯੱਗ ਵਿੱਚ ਹਿੱਸਾ ਲੈਣ ਲਈ ਉਚੇਚਾ ਧੰਨਵਾਦ ਕੀਤਾ।ਇਸ ਮੌਕੇ ਉਕਤ ਤੋਂ ਇਲਾਵਾ ਸਮੂਹ ਸਿਵਲ ਸੁਸਾਇਟੀ ਮੈਂਬਰ, ਸ੍ਰੀ ਕੇ ਐੱਲ ਗਰਗ, ਗੁਰਦੇਵ ਸਿੰਘ ਦੌਧਰ, ਗਿਆਨ ਸਿੰਘ, ਜਸ ਢਿੱਲੋਂ, ਸਰਬਜੀਤ ਕੌਰ ਮਾਹਲਾ, ਸੁਰਿੰਦਰ ਬਾਵਾ, ਗੈਰੀ ਪਟਵਾਰੀ, ਤਰਸੇਮ ਸਿੰਘ ਸਮੇਤ ਸ਼ਹਿਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

## 'ਏਕ ਸ਼ਾਮ ਰਾਧਾ ਰਾਣੀ ਦੇ ਨਾਮ' ਭਲਕੇ

ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ) ਸ੍ਰੀ ਸੰਤ ਕੁਟੀਆ ਸ਼ਿਵ ਮੰਦਰ ਮਹੇਸ਼ ਨਗਰ ਦੇ ਪ੍ਰਧਾਨ ਮੋਹਣ ਲਾਲ ਗੁਪਤਾ ਤੇ ਟਰੱਸਟੀਆਂ, ਵਿਜੈ ਮਿੱਤਲ, ਰਾਜੀਵ ਗੁਪਤਾ, ਰਾਜੇਸ਼ ਸਿੰਗਲਾ ਸ਼ੈਂਟੀ, ਤਰਸੇਮ ਲਾਲ ਨੇ ਦੱਸਿਆ ਕਿ ਸਵਾਮੀ ਵਿਵੇਕਾਨੰਦ ਦੇ ਆਸ਼ੀਰਵਾਦ ਤੇ ਸਵਾਮੀ ਸੱਤਿਆਨੰਦ ਜੀ ਮਹਾਰਾਜ ਦੀ ਅਗਵਾਈ ਹੇਠ 2 ਮਈ ਨੂੰ ਸ੍ਰੀ ਸੰਤ ਕੁੱਟੀਆ ਮਹੇਸ਼ ਨਗਰ ਧੂਰੀ ਵਿਖੇ ਕਰਾਈ ਜਾ ਰਹੀ ਹੈ।

ਸਮਾਗਮ 'ਚ ਪੂਜਾ ਸਖੀ ਆਪਣੇ ਸੁੰਦਰ-ਸੁੰਦਰ ਭਜਨਾਂ ਰਾਹੀਂ ਸ਼ਰਧਾਲੂਆਂ ਨੂੰ ਨਿਹਾਲ ਕਰਨਗੇ।ਉਨ੍ਹਾਂ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ 'ਚ ਪਹੁੰਚਣ ਦੀ ਅਪੀਲ ਕੀਤੀ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

**ਖੁਲ੍ਹੀ ਨਿਵਿਦਾ ਸੂਚਨਾ ਪੱਤਰ ਨੰ.-** OP-07-GSU-FZR-2026-27 **ਤਾਰੀਕ** 29.04.2026

ਉਪ ਮੁੱਖ ਇੰਜੀਨੀਅਰ/ਜੀ.ਐਸ.ਯੂ., ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 22.05.2026 ਸਮਾਂ 11.30 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਨਿਵਿਦਾਕਰਤਾ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਜਗ੍ਹਾ ''ਨਿਵਿਦਾ ਸੁਰੱਖਿਆ ਘੋਸ਼ਣਾ ਪੱਤਰ'' ਤੈਅ ਫਾਰਮੈਟ ਵਿਚ ਨਿਵਿਦਾ ਦੇ ਨਾਲ ਈ-ਪੋਰਟਲ 'ਤੇ ਨਥੀ ਕਰੇਗਾ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਨਿਵਿਦਾ ਪ੍ਰਣਾਲੀ |
|---|---|---|
| ਖੁਲ੍ਹੀ ਨਿਵਿਦਾ | ਗਤੀ ਸ਼ਕਤੀ ਯੂਨਿਟ | ਦੋ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਨਿਵਿਦਾ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 29.04.2026 | 08.05.2026 | 22.05.2026 / 11:30 Hrs |

| ਲ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| I | OP-07-GSU-FZR-2026-27 Date: 22.05.2026 | ਅੰਮ੍ਰਿਤ ਭਾਰਤ ਸਟੇਸ਼ਨ ਸਕੀਮ (ABSS) ਦੇ ਤਹਿਤ ਫਿਰੋਜ਼ਪੁਰ ਮੰਡਲ ਦੇ PGW (03 ਨੰਬਰ), FZR (03 ਨੰਬਰ), HSX (01 ਨੰਬਰ), KKP (02 ਨੰਬਰ) ਰੇਲਵੇ ਸਟੇਸ਼ਨਾਂ ਅਤੇ ਜੰਮੂ ਮੰਡਲ ਦੇ MCTM (03 ਨੰਬਰ) BDGM (02 ਨੰਬਰ) ਅਤੇ PTK (02 ਨੰਬਰ) ਰੇਲਵੇ ਸਟੇਸ਼ਨਾਂ ਤੇ ਕੁਲ 16 ਲਿਫਟਾਂ ਦੀ ਉਸਾਰੀ ਨਾਲ ਸਬੰਧਿਤ ਸਿਵਿਲ ਕੰਮ; ਅਤੇ ਫਿਰੋਜ਼ਪੁਰ ਮੰਡਲ ਦੇ PGW (04 ਨੰਬਰ)FZR (04 ਨੰਬਰ) (04 ਨੰਬਰ) ਰੇਲਵੇ ਸਟੇਸ਼ਨਾਂ ਅਤੇ ਜੰਮੂ ਮੰਡਲ ਦੇ MCTM (04 ਨੰਬਰ) ਰੇਲਵੇ ਸਟੇਸ਼ਨ ਉਤੇ ਕੁਲ 12 ਅਸਕੇਲੇਟਰਾਂ ਦੀ ਉਸਾਰੀ ਨਾਲ ਸਬੰਧਿਤ ਸਿਵਿਲ ਕੰਮ। |

| ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਸਮਾਪਨ ਦੀ ਅਵਧੀ | ਆਫਰ ਦੀ ਵੈਲੇਡਿਟੀ |
|---|---|---|---|
| 107514054.22/- | 2150300.00/- | 90 ਦਿਨ | 10 ਮਹੀਨੇ |

**ਨੋਟ :** 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

1443/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਜੇਜੋਂ-ਫਗਵਾੜਾ ਰੇਲ ਸੰਪਰਕ ਸ਼ੁਰੂ ਹੋਣ ਨਾਲ ਲੋਕਾਂ ਦੀ ਚਿਰੋਕਣੀ ਮੰਗ ਹੋਈ ਪੂਰੀ : ਡਾ. ਇਸ਼ਾਂਕ ਕੁਮਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ , ਓ ਪੀ ਰਾਣਾ)**- ਵਿਧਾਨ ਸਭਾ ਹਲਕਾ ਚੱਬੇਵਾਲ ਤੋਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਜੇਜੋਂ-ਫਗਵਾੜਾ ਰੇਲ ਸੇਵਾ ਦੀ ਸ਼ੁਰੂਆਤ ਮੌਕੇ ਕਿਹਾ ਕਿ ਇਹ ਰੇਲ ਸੰਪਰਕ ਸ਼ੁਰੂ ਹੋਣ ਨਾਲ ਨਾ ਸਿਰਫ਼ ਲੋਕਾਂ ਦੀ ਚਿਰੋਕਲੀ ਮੰਗ ਪੂਰੀ ਹੋਈ ਹੈ ਸਗੋਂ ਇਸ ਨਾਲ ਕੰਢੀ ਤੋਂ ਇਲਾਵਾ ਹਿਮਾਚਲ ਪ੍ਰਦੇਸ਼ ਦੇ ਵਸਨੀਕਾਂ ਨੂੰ ਵੀ ਸੁਖਾਲੀ ਆਵਾਜਾਈ ਦੀ ਵੱਡੀ ਸਹੂਲਤ ਮਿਲੇਗੀ। ਜੇਜੋਂ ਰੇਲਵੇ ਸਟੇਸ਼ਨ ਤੋਂ ਬੀਤੇ ਦਿਨ ਫਗਵਾੜਾ ਲਈ ਰੇਲ ਨੂੰ ਝੰਡੀ ਦੇ ਕੇ ਰਵਾਨਾ ਕਰਦਿਆਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਕੰਢੀ ਖੇਤਰ ਨੂੰ ਪੰਜਾਬ ਦੇ ਵੱਖ-ਵੱਖ ਕੋਨਿਆਂ ਨਾਲ ਜੋੜਨ ਵਾਲਾ ਇਹ ਮੁੱਖ ਰੇਲ ਸੰਪਰਕ ਪਿਛਲੇ ਕਈ ਸਾਲਾਂ ਤੋਂ ਬੰਦ ਪਿਆ ਸੀ ਜਿਸ ਨਾਲ ਲੋਕ ਰੇਲ ਆਵਾਜਾਈ ਦੀ ਸਹੂਲਤ ਤੋਂ ਵਾਂਝੇ ਹੋ ਗਏ ਸਨ। ਉਨ੍ਹਾਂ ਕਿਹਾ ਕਿ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਪਹਿਲਾਂ ਲੋਕ ਸਭਾ ਅਤੇ ਫਿਰ ਨਿੱਜੀ ਤੌਰ 'ਤੇ ਕੇਂਦਰੀ ਰੇਲ ਮੰਤਰੀ ਕੋਲ ਇਹ ਜਨਤਕ ਮੁੱਦਾ ਰੱਖਿਆ ਜਿਸ ਉਪਰੰਤ ਹੁਣ ਇਹ ਰੇਲ ਸੇਵਾ ਸ਼ੁਰੂ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਜੇਜੋਂ ਵਪਾਰਕ ਗਤੀਵਿਧੀਆਂ ਦਾ ਧੁਰਾ ਰਿਹਾ ਹੈ ਜਿਸ ਕਰਕੇ



ਦੋਆਬਾ ਖੇਤਰ ਵਿਚ ਇਸ ਖਿੱਤੇ ਦੀ ਵਿਲੱਖਣ ਮਹੱਤਤਾ ਹੈ।ਉਨ੍ਹਾਂ ਕਿਹਾ ਕਿ ਰੇਲ ਸੇਵਾ ਸ਼ੁਰੂ ਹੋਣ ਨਾਲ ਜੇਜੋਂ ਤੋਂ ਨਵਾਂਸ਼ਹਿਰ ਵਾਇਆ ਸੈਲਾ-ਗੜ੍ਹਸ਼ੰਕਰ ਅਤੇ ਨਵਾਂਸ਼ਹਿਰ ਤੋਂ ਫਗਵਾੜਾ ਤੱਕ ਦੀ ਆਵਾਜਾਈ ਬੇਹੱਦ ਸੁਖਾਲੀ ਹੋ ਜਾਵੇਗੀ।ਡਾ. ਇਸ਼ਾਂਕ ਕੁਮਾਰ ਨੇ ਦੱਸਿਆ ਕਿ ਸ਼ੁਰੂਆਤ ਦੌਰਾਨ ਇਹ ਰੇਲ ਸੇਵਾ ਵੀਰਵਾਰ ਅਤੇ ਐਤਵਾਰ ਨੂੰ ਛੱਡ ਕੇ ਹਫ਼ਤੇ ਵਿਚ ਪੰਜ ਦਿਨ ਚੱਲੇਗੀ ਜਿਹੜੀ ਕਿ ਸਵੇਰੇ 10:20 ਵਜੇ ਫਗਵਾੜਾ ਤੋਂ ਚੱਲ ਕੇ ਦੁਪਹਿਰ 1:20 ਵਜੇ ਜੇਜੋਂ ਦੋਆਬਾ ਪਹੁੰਚੇਗੀ ਅਤੇ ਦੁਪਹਿਰ 1:45 ਵਜੇ ਜੇਜੋਂ ਦੋਆਬਾ ਤੋਂ ਚੱਲ ਕੇ ਸ਼ਾਮ 5:00 ਵਜੇ ਫਗਵਾੜਾ ਪਹੁੰਚੇਗੀ। ਜ਼ਿਕਰਯੋਗ ਹੈ ਕਿ ਇਹ ਰੇਲ ਜੇਜੋਂ ਤੋਂ ਚੱਲ ਕੇ ਮਹਿੰਗਰੋਵਾਲ, ਸੈਲਾ ਖੁਰਦ, ਬਡੇਸਰੋਂ, ਸਤਨੌਰ, ਗੜ੍ਹਸ਼ੰਕਰ, ਨਵਾਂਸ਼ਹਿਰ, ਰਾਹੋਂ, ਨਵਾਂਸ਼ਹਿਰ, ਕਰੀਹਾ, ਖਟਕੜ ਕਲਾਂ, ਬੰਗਾ, ਮੱਲ੍ਹਪੋਤਾ, ਮੰਢਾਲੀ, ਕੁਲਥਮ ਸਟੇਸ਼ਨਾਂ 'ਤੇ ਰੁਕਦੀ ਹੋਈ ਫਗਵਾੜਾ ਸਟੇਸ਼ਨ ਪਹੁੰਚੇਗੀ। ਇਸ ਮੌਕੇ 'ਤੇ ਸਰਪੰਚ ਪ੍ਰਵੀਨ ਸੋਨੀ,ਪੰਚ ਰੇਨੂੰ ਬਾਲਾ, ਪੰਚ ਪਿੰਕੀ, ਸੰਜੀਵ ਕੁਮਾਰ, ਅਸ਼ਵਨੀ ਖੰਨਾ, ਬਾਮ ਦੇਵ ਸ਼ਰਮਾ, ਦਿਲਬਾਗ ਮੁਹੰਮਦ, ਤਾਹਿਰ ਹੁਸੈਨ, ਮਮਤਾ ਢਿਲੋਂ, ਰਾਮ ਕੁਮਾਰ ਹਰਜੀਆਣਾ, ਸਰਪੰਚ ਪਾਲਾ, ਰਸ਼ਪਾਲ ਸਿੰਘ ਪਾਲੀ, ਅਸ਼ੋਕ ਕੁਮਾਰ, ਸਰਪੰਚ ਰੁਪਿੰਦਰ ਸਿੰਘ, ਐੱਸ ਐੱਮ ਸੀ ਚੇਅਰਮੈਨ ਮੈਡਮ ਗਿਰਜ਼ਾ ਆਦਿ ਵੀ ਮੌਜੂਦ ਸਨ।

## ਲੜਕੀ ਦੀ ਭੇਦਭਰੀ ਹਾਲਤ 'ਚ ਹੋਈ ਮੌਤ ਬੁਝਾਰਤ ਬਣੀ



**ਕਾਲਾ ਸੰਘਿਆ (ਮਨਜੀਤ ਮਾਨ)**- ਬੀਤੇ ਕੁਝ ਮਹੀਨੇ ਪਹਿਲਾਂ ਥਾਣਾ ਗੜ੍ਹਾ ਦੇ ਅਧੀਨ ਪੈਂਦੇ ਏਰੀਏ ਵਿੱਚ ਸਾਨੀਆ ਗਿਲ ਜਿਸ ਦੀ ਫੰਦੇ ਨਾਲ ਲਟਕਦੇ ਹੋਏ ਭੇਦਭਰੀ ਹਾਲਤ ਵਿੱਚ ਮੌਤ ਹੋ ਗਈ ਸੀ, ਜਿਸ ਦੀ ਉਸ ਦੇ ਪਿਤਾ ਮਲਕੀਤ ਸਿੰਘ ਤੇ ਉਸ ਦੇ ਪਰਵਾਰ ਵੱਲੋਂ ਕਿਸੇ ਸਾਜਿਸ਼ ਦੀ ਅਸ਼ੰਕਾ ਜਾਹਿਰ ਕੀਤੀ ਗਈ ਸੀ ਜਿਸ ਦੀ ਸ਼ਿਕਾਇਤ ਪੁਲਿਸ ਕਮਿਸ਼ਨਰ ਜਲੰਧਰ ਨੂੰ ਦਿੱਤੀ ਗਈ ਜੋ ਥਾਣਾ ਗੜ੍ਹਾ ਨੂੰ ਮਾਰਕ ਕੀਤੀ ਗਈ ਸੀ! ਪਰ ਅੱਜ ਤੱਕ ਉਸ ਉੱਪਰ ਕੋਈ ਕਾਰਵਾਈ ਨਾ ਹੋਣ ਕਰਕੇ ਪੀੜ੍ਹਤ ਪਰਿਵਾਰ ਦਰ ਦਰ ਦੀਆਂ ਠੋਕਰਾਂ ਖਾਣ ਲਈ ਮਜ਼ਬੂਰ ਹੋ ਰਿਹਾ ਹੈ। ਪੀੜ੍ਹਤ ਪਰਵਾਰ ਦੇ ਨਾਲ ਅੱਜ ਜਰਨਲਿਸਟ ਪ੍ਰੈੱਸ ਕਲੱਬ ਦਾ ਇੱਕ ਵਫਦ ਸੂਬਾ ਪ੍ਰਧਾਨ ਮਨਜੀਤ ਮਾਨ ਦੀ ਅਗਵਾਈ ਹੇਠ ਪੁਲਿਸ ਕਮਿਸ਼ਨਰ ਮੈਡਮ ਧਨਪ੍ਰੀਤ ਕੌਰ ਨੂੰ ਮਿਲਿਆ ਅਤੇ ਵਫ਼ਦ ਨੂੰ ਸਾਰੇ ਹਾਲਾਤ ਤੋਂ ਜਾਣੂ ਕਰਵਾਇਆ ਗਿਆ! ਪੁਲਿਸ ਕਮਿਸ਼ਨਰ ਜਲੰਧਰ ਨੇ ਇਸ ਉੱਪਰ ਜਲਦੀ ਠੋਸ ਕਾਰਵਾਈ ਕਰਨ ਦਾ ਭਰੋਸਾ ਦਿੱਤਾ। ਜਰਨਲਿਸਟ ਪ੍ਰੈਸ ਕਲੱਬ ਦੇ ਸੂਬਾ ਪ੍ਰਧਾਨ ਮਨਜੀਤ ਮਾਨ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਕਿ ਜੋ ਕੁਝ ਮਹੀਨੇ ਪਹਿਲਾਂ ਸਾਨੀਆ ਗਿੱਲ ਦੇ ਪਰਿਵਾਰ ਵੱਲੋਂ ਸ਼ਿਕਾਇਤ ਕੀਤੀ ਗਈ ਸੀ ਉਸ ਬਾਰੇ ਵਿਸਥਾਰ ਵਿੱਚ ਗੱਲਬਾਤ ਕੀਤੀ ਗਈ।

ਸੂਬਾ ਪ੍ਰਧਾਨ ਮਨਜੀਤ ਮਾਨ ਨੇ ਪੁਲਸ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੀੜ੍ਹਤ ਪਰਵਾਰ ਨੂੰ ਜਲਦੀ ਇਨਸਾਫ ਨਾ ਮਿਲਿਆ ਤਾਂ ਜਰਨਲਿਸਟ ਪ੍ਰੈਸ ਕਲੱਬ ਰਜਿ. ਪੰਜਾਬ ਲੋਕ ਹਿੱਤੂ ਜਥੇਬੰਦੀਆਂ ਨੂੰ ਨਾਲ ਲੈਕੇ ਵੱਡਾ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗੀ ਇਸ ਮੌਕੇ ਪੱਤਰਕਾਰ ਭਾਈਚਾਰਾ ਹਾਜ਼ਰ ਸੀ।

## ਗੋਇਲ ਵੱਲੋਂ ਹੜ੍ਹ ਸੁਰੱਖਿਆ ਕਾਰਜਾਂ ਦਾ ਜਾਇਜ਼ਾ

**ਲੋਹੀਆਂ ਖਾਸ, ਨਵਾਂਸ਼ਹਿਰ (ਯੋਗੇਸ਼ਵਰ, ਰੀਨਾ ਸ਼ਰਮਾ, ਮਨੋਜ ਲਾਡੀ)**- ਪੰਜਾਬ ਦੇ ਜਲ ਸਰੋਤ, ਖਣਨ ਤੇ ਭੂ-ਵਿਗਿਆਨ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਸੂਬੇ 'ਚ ਹੜ੍ਹ ਰੋਕਥਾਮ ਕਾਰਜਾਂ ਦੀ ਸਮੀਖਿਆ ਦੇ ਲਗਾਤਾਰ ਦੂਜੇ ਦਿਨ ਜ਼ਿਲ੍ਹਾ ਜਲੰਧਰ ਵਿੱਚ ਸਤਲੁਜ ਦਰਿਆ ਦੇ ਕੰਢੇ ਸਥਿਤ ਗਿੱਦੜਪਿੰਡੀ ਅਤੇ ਮੰਡਾਲਾ ਛੰਨਾ ਪਿੰਡਾਂ ਵਿਖੇ ਹੜ੍ਹ ਸੁਰੱਖਿਆ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਹੜ੍ਹ ਵਰਗੇ ਹਾਲਾਤ ਦੌਰਾਨ ਜਾਨ-ਮਾਲ ਦੀ ਸੁਰੱਖਿਆ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਦੁਹਰਾਈ। ਡਰੇਨੇਜ ਅਤੇ ਸਿੰਚਾਈ ਵਿਭਾਗ ਦੇ ਅਧਿਕਾਰੀਆਂ ਨਾਲ ਹੜ੍ਹ ਰੋਕਥਾਮ ਕਾਰਜਾਂ ਵਾਲੀ ਥਾਂ ਪਹੁੰਚੇ ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੇ ਹੜ੍ਹਾਂ ਦੌਰਾਨ ਦੋਵੇਂ ਪਿੰਡਾਂ ਨੂੰ ਜ਼ਮੀਨ ਦੇ ਕਟਾਅ ਦਾ ਸਾਹਮਣਾ ਕਰਨਾ ਪਿਆ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਉਣ ਵਾਲੇ ਮਾਨਸੂਨ ਸੀਜ਼ਨ ਦੌਰਾਨ ਅਜਿਹੀਆਂ ਘਟਨਾਵਾਂ ਨੂੰ ਮੁੜ ਹੋਣ ਤੋਂ ਰੋਕਣ ਲਈ ਇਨ੍ਹਾਂ ਕਮਜ਼ੋਰ ਥਾਵਾਂ ਦੇ ਮਜ਼ਬੂਤੀਕਰਨ ਦੇ ਕੰਮ ਤੇਜ਼ੀ ਨਾਲ ਕੀਤੇ ਜਾ ਰਹੇ ਹਨ।ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਦੇ ਦਰਿਆਵਾਂ 'ਚ ਕੁੱਲ 132 ਸੰਵੇਦਨਸ਼ੀਲ ਥਾਵਾਂ ਦੀ ਪਛਾਣ ਕੀਤੀ ਗਈ ਹੈ ਅਤੇ ਸਾਰੀਆਂ ਥਾਵਾਂ ਨੂੰ ਜੰਗੀ ਪੱਧਰ 'ਤੇ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗਿੱਦੜਪਿੰਡੀ ਬੰਨ੍ਹ ਦੀ ਚੌੜਾਈ ਨੂੰ 6-7 ਫੁੱਟ ਤੋਂ ਵਧਾ ਕੇ 22 ਫੁੱਟ ਕਰ ਦਿੱਤਾ ਗਿਆ ਹੈ, ਜਦਕਿ ਮੰਡਾਲਾ ਛੰਨਾ ਅਤੇ ਗਿੱਦੜਪਿੰਡੀ ਵਿਖੇ



ਮਜ਼ਬੂਤੀਕਰਨ ਦੇ ਕੰਮਾਂ 'ਤੇ 16 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸਾਰੇ ਪ੍ਰਾਜੈਕਟ ਮਾਨਸੂਨ ਤੋਂ ਪਹਿਲਾਂ ਮੁਕੰਮਲ ਹੋ ਜਾਣਗੇ।ਆਪਣੇ ਦੌਰੇ ਦੌਰਾਨ ਗੋਇਲ ਨੇ ਗਿੱਦੜਪਿੰਡੀ ਰੇਲਵੇ ਪੁਲ ਦੇ ਹੇਠਾਂ ਚੱਲ ਰਹੇ ਗਾਰ ਕੱਢਣ ਦੇ ਕੰਮ ਦਾ ਨਿਰੀਖਣ ਕੀਤਾ ਅਤੇ ਅਧਿਕਾਰੀਆਂ ਨੂੰ ਭਾਰੀ ਬਾਰਸ਼ ਦੌਰਾਨ ਦਰਿਆ ਦੇ ਪਾਣੀ ਦੇ ਵਹਾਅ ਨੂੰ ਸੁਚਾਰੂ ਬਣਾਉਣ ਲਈ ਚੈਨਲ ਦੀ ਪੂਰੀ ਤਰ੍ਹਾਂ ਸਫਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

## ਗੁਰੂ ਨਾਨਕ ਦੇਵ 'ਵਰਸਿਟੀ ਕਾਲਜ 'ਚ ਮਜ਼ਦੂਰ ਦਿਵਸ 'ਤੇ ਵਿਸ਼ੇਸ਼ ਸਮਾਗਮ

**ਜਲੰਧਰ, (ਕਮਲਜੀਤ ਥਾਬਲਕੇ)**- ਯੂਨੀਵਰਸਿਟੀ ਕਾਲਜ, ਲਾਡੋਵਾਲੀ ਰੋਡ ਵਿਖੇ ਮਜ਼ਦੂਰ ਦਿਵਸ ਦੇ ਮੌਕੇ 'ਤੇ ਇਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਕਾਲਜ ਦੇ



ਓਐਸਡੀ ਡਾ. ਨਵਜੋਤ ਵੱਲੋਂ ਕੀਤੀ ਗਈ, ਜਿਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਮਜ਼ਦੂਰ ਵਰਗ ਦੀ ਮਹੱਤਤਾ ਅਤੇ ਸਮਾਜ ਵਿੱਚ ਉਨ੍ਹਾਂ ਦੇ ਯੋਗਦਾਨ 'ਤੇ ਵਿਸਥਾਰ ਪੂਰਵਕ ਵਿਚਾਰ ਪ੍ਰਗਟ ਕੀਤੇ।ਡਾ. ਨਵਜੋਤ ਨੇ ਕਿਹਾ ਕਿ ਮਜ਼ਦੂਰ ਸਮਾਜ ਦੀ ਰੀੜ ਦੀ ਹੱਡੀ ਹੁੰਦੇ ਹਨ ਤੇ ਦੇਸ਼ ਦੀ ਤਰੱਕੀ ਵਿੱਚ ਉਨ੍ਹਾਂ ਦਾ ਅਹਿਮ ਯੋਗਦਾਨ ਹੁੰਦਾ ਹੈ।ਮੁੱਖ ਮਹਿਮਾਨ ਵਜੋਂ ਪਹੁੰਚੇ ਕੈਨੇਡਾ (ਸਰੀ) ਵਿਖੇ ਪੰਜਾਬ ਭਵਨ ਦੇ ਸੰਸਥਾਪਕ ਸ੍ਰੀ ਸੁੱਖੀ ਬਾਠ ਨੇ ਮਜ਼ਦੂਰ ਦਿਵਸ ਦੀ ਮਹੱਤਤਾ 'ਤੇ ਚਰਚਾ ਕਰਦੇ ਹੋਏ ਕਿਹਾ ਕਿ ਹਰ ਵਰਗ ਨੂੰ ਸਭ ਤੋਂ ਪਹਿਲਾਂ ਮਜ਼ਦੂਰਾਂ ਪ੍ਰਤੀ ਇਨਸਾਨੀਅਤ ਦੀ ਭਾਵਨਾ ਰੱਖਣੀ ਚਾਹੀਦੀ ਹੈ। ਆਪਣੇ ਜੀਵਨ ਅਨੁਭਵ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਜੀਵਨ ਵਿਚ ਸਫਲ ਅਤੇ ਸੁਖੀ ਹੋਣ ਲਈ ਇਨਸਾਨੀਅਤ, ਮਿਹਨਤੀ, ਅਨੁਸ਼ਾਸਨੀ ਅਤੇ ਸਾਕਾਰਾਤਮਕ ਸੋਚ ਦਾ ਧਾਰਨੀ ਹੋਣਾ ਬਹੁਤ ਜਰੂਰੀ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਉਹ ਹਰ ਕਿਸਮ ਦੀ ਮਿਹਨਤ ਨੂੰ ਸਨਮਾਨ ਦੇਣ ਅਤੇ ਸਮਾਜ ਵਿੱਚ ਸਮਾਨਤਾ ਅਤੇ ਇਨਸਾਫ਼ ਲਈ ਅੱਗੇ ਆਉਣ। ਅੰਤ ਵਿਚ ਡਾ. ਨਵਜੋਤ ਨੇ ਮੁੱਖ ਮਹਿਮਾਨ ਸੁੱਖੀ ਬਾਠ ਅਤੇ ਅੰਮ੍ਰਿਤ ਜੀ ਦਾ ਧੰਨਵਾਦ ਕੀਤਾ।ਸਮਾਗਮ ਦੌਰਾਨ ਹੋਰ ਡਾ. ਅਸ਼ੀਸ਼ ਅਰੋੜਾ, ਡਾ. ਸੰਜੀਵ ਅਰੋੜਾ, ਡਾ. ਲਖਵੀਰ ਸਿੰਘ, ਡਾ. ਸੋਨੀਆ ਕੁੰਦਰਾ, ਡਾ. ਪਰਵਿੰਦਰ ਕੌਰ ਢਿੱਲੋਂ ਅਤੇ ਡਾ. ਨੇਹਾ ਕਾਲੜਾ ਅਤੇ ਕਾਲਜ ਦਾ ਸਮੂਹ ਸਟਾਫ ਹਾਜ਼ਰ ਰਿਹਾ।

## 'ਸੰਵਿਧਾਨ ਕਾਰਨ ਹੀ ਹਰ ਵਰਗ ਨੂੰ ਸਮਾਨਤਾ ਦੇ ਅਧਿਕਾਰ ਮਿਲੇ'

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਨੂੰ ਸਮਰਪਿਤ ਬੜੀ ਸ਼ਰਧਾ ਪੂਰਵਕ ਅਤੇ ਉਤਸ਼ਾਹ ਨਾਲ ਸ਼ਹੀਦ ਕਰਤਾਰ ਸਿੰਘ ਸਰਾਭਾ ਵੈਲਫੇਅਰ ਸੋਸਾਇਟੀ ਦੇ



ਪ੍ਰਧਾਨ ਉਪਕਾਰ ਸਿੰਘ ਬਾਵਾ ਦੀ ਅਗਵਾਈ ਵਿੱਚ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਅੱਜ ਝੰਜ ਘਰ ਉੜਮੁੜ ਵਿਖੇ ਇੱਕ ਵਿਸ਼ਾਲ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਭਾਜਪਾ ਸਾਬਕਾ ਕੈਬਨਟ ਮੰਤਰੀ ਵਿਜੇ ਸਾਂਪਲਾ, ਸ਼ਿਵ ਸੈਨਾ ਪੰਜਾਬ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ, ਅਵਾਧਸ ਪੰਜਾਬ ਦੇ ਚੇਅਰਮੈਨ ਗਗਨ ਭੱਟੀ, ਜਵਾਹਰ ਖੁਰਾਨਾ, ਰਿਟਾ: ਡਿਪਟੀ ਡਾਇਰੈਕਟਰ ਡਾਕਟਰ ਕੇਵਲ ਸਿੰਘ ਕਾਜਲ, ਸਮਾਜ ਸੇਵੀ ਪ੍ਰਿੰਸ ਜੋਲੀ, ਬਲਕਾਰ ਸਿੰਘ ਭੋਲਾ, ਭਾਜਪਾ ਮੰਡਲ ਪ੍ਰਧਾਨ ਚਰਨਜੀਤ ਸਿੰਘ ਅਤੇ ਦੇਵ ਸ਼ਰਮਾ, ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ।ਸਮਾਰੋਹ 'ਚ ਸ਼ਾਮਿਲ ਅਮਿਤ ਧਨੋਆ, ਹਰਜਿੰਦਰ ਪਾਲ ਸਿੰਘ, ਮਨਦੀਪ ਸਿੰਘ, ਰੋਕੀ ਕੋਟਲੀ, ਜਰਨੈਲ ਸਿੰਘ, ਜਤਿੰਦਰ ਪਾਲ ਸਿੰਘ, ਅੰਸ਼ਪ੍ਰੀਤ ਸਿੰਘ, ਅਵਿਨਾਸ਼ ਪੰਡਿਤ, ਰਮਨ ਕੁਮਾਰ, ਨਿਸ਼ਾਨ ਸਿੰਘ, ਪਾਰਸ ਸਿੰਘ, ਸੁਖਦੀਪ ਸਿੰਘ, ਚਰਨਜੀਤ ਸਿੰਘ, ਪੰਜਾਬ ਪ੍ਰਸਿੱਧ ਐਸਟਰੋਲੋਜਰ ਸ਼ਿਵਮ ਵੈਦ ਜ਼ਿਲ੍ਹਾ ਚੇਅਰਮੈਨ ਵਿਕਾਸ ਜਸਰਾ ਤੋਂ ਇਲਾਵਾ ਹੋਰ ਸੰਸਥਾਵਾਂ ਦੇ ਆਗੂਆਂ ਨੇ ਬਾਬਾ ਸਾਹਿਬ ਦੇ ਜਨਮ ਦਿਵਸ ਦੀਆਂ ਸਾਰਿਆਂ ਨੂੰ ਵਧਾਈਆਂ ਦਿੱਤੀਆਂ।ਸਮਾਰੋਹ 'ਚ ਸ਼ਾਮਿਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਵਿਜੇ ਸਾਂਪਲਾ ਨੇ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਵੱਲੋਂ ਲਿਖੇ ਗਏ ਸੰਵਿਧਾਨ ਕਾਰਨ ਹੀ ਅੱਜ ਭਾਰਤ ਦੇ ਹਰ ਵਰਗ ਨੂੰ ਬਰਾਬਰ ਸਮਾਨਤਾ ਦੇ ਅਧਿਕਾਰ ਮਿਲੇ ਹਨ।

## ਕੰਗ ਵੱਲੋਂ ਵੱਖ-ਵੱਖ ਪਿੰਡਾਂ 'ਚ ਵਿਕਾਸ ਕਾਰਜਾਂ ਦਾ ਉਦਘਾਟਨ

**ਨਵਾਂਸ਼ਹਿਰ (ਮਨੋਜ ਲਾਡੀ)**- ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਮਲਵਿੰਦਰ ਸਿੰਘ ਕੰਗ ਨੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਵੱਖ-ਵੱਖ ਪਿੰਡਾਂ ਵਿੱਚ ਐਮਪੀ ਲੈਡ ਫੰਡ ਤਹਿਤ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੌਕੇ ਤੇ ਉਨ੍ਹਾਂ ਨਾਲ ਹਲਕਾ ਨਵਾਂਸ਼ਹਿਰ ਦੇ ਇੰਚਾਰਜ ਤੇ ਪੰਜਾਬ ਰਾਜ ਉਦਯੋਗਿਕ ਸਿਖਲਾਈ ਬੋਰਡ ਦੇ ਡਿਪਟੀ ਚੇਅਰਮੈਨ ਸ੍ਰੀ ਲਲਿਤ ਮੋਹਨ ਪਾਠਕ ਵੀ ਸਨ। ਮਲਵਿੰਦਰ ਸਿੰਘ ਕੰਗ ਵੱਲੋਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪਿੰਡ ਸਜਾਵਲਪੁਰ ਵਿਖੇ ਓਪਨ ਜਿਮ, ਪਿੰਡ ਜੇਠੂ ਮਜਾਰਾ ਤੇ ਦਿਲਾਵਰਪੁਰ ਵਿਖੇ ਸਟ੍ਰੀਟ ਤੇ ਡ੍ਰੇਨ ਕਾਰਜਾਂ, ਪਿੰਡ ਨੰਗਲ ਜੱਟਾ ਵਿਖੇ ਸ਼ਮਸ਼ਾਨਘਾਟ, ਪਿੰਡ ਉੜਾਪੜ ਵਿਖੇ ਫੁੱਟਬਾਲ ਗਰਾਊਂਡ, ਪਿੰਡ ਦੁਰਗਾਪੁਰ ਵਿਖੇ ਰੀਟੇਨਿੰਗ ਵਾਲ ਫਾਰ ਵਾਟਰ ਪਾਉਂਡ ਅਤੇ ਵਾਰਡ ਨੰਬਰ 1 ਵਿੱਚ ਕਮਿਊਨਿਟੀ ਹਾਲ ਦੇ ਮੁਕੰਮਲ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਲ 33 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਦੋ ਸਾਲਾਂ ਵਿੱਚ ਜਿੰਨ੍ਹਾਂ ਪਿੰਡਾਂ ਵਿੱਚ ਗ੍ਰਾਂਟ ਦਿੱਤੀ ਸੀ ਉਨ੍ਹਾਂ ਦੇ ਪਿੰਡਾਂ ਵਿੱਚ ਕੀਤੀਆਂ ਗਈਆਂ ਉਸਾਰੀਆਂ ਨੂੰ ਲੋਕ ਅਰਪਨ ਕੀਤਾ ਗਿਆ ਹੈ।

## ਸਰਕਾਰ ਮਜ਼ਦੂਰ ਦਿਵਸ ਮੌਕੇ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲ ਕਰੇ : ਆਗੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਜ਼ਿਲਾ ਹੁਸ਼ਿਆਰਪੁਰ ਦੀ ਇੱਕ ਹੰਗਾਮੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੰਜੀਵ ਧੂਤ ਅਤੇ ਜ਼ਿਲ੍ਹਾ ਜਨਰਲ ਸਕੱਤਰ ਤਿਲਕ ਰਾਜ ਦੀ ਅਗਵਾਈ ਹੇਠ ਹੋਈ ,ਜਿਸ ਵਿੱਚ ਸੂਬਾ ਪ੍ਰਧਾਨ ਜਸਬੀਰ ਤਲਵਾੜਾ, ਸੂਬਾ ਵਿੱਤ ਸਕੱਤਰ ਵਰਿੰਦਰ ਵਿੱਕੀ, ਪ੍ਰਿਤਪਾਲ ਚੌਟਾਲਾ ਅਤੇ ਆਈਟੀ ਵਿੰਗ



ਇੰਚਾਰਜ ਸੱਤ ਪ੍ਰਕਾਸ਼ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਉਕਤ ਆਗੂਆਂ ਨੇ ਸਰਕਾਰ ਤੋਂ ਨਵੰਬਰ 2022 ਵਿੱਚ ਕੀਤੇ ਪੁਰਾਣੀ ਪੈਨਸ਼ਨ ਬਹਾਲੀ ਦੇ ਨੋਟੀਫਿਕੇਸ਼ਨ ਨੂੰ ਜ਼ਮੀਨੀ ਪੱਧਰ ਤੇ ਲਾਗੂ ਕਰਨ ਦੀ ਪੁਰਜ਼ੋਰ ਮੰਗ ਕੀਤੀ। ਪੰਜਾਬ ਦੇ 2 ਲੱਖ ਤੋਂ ਵੱਧ ਮੁਲਾਜ਼ਮ ਲਗਾਤਾਰ ਆਪਣੀ ਸਰਕਾਰੀ ਨੌਕਰੀ ਦੌਰਾਨ ਸਟੇਟ ਦੇ ਵੱਖ ਵੱਖ ਮਹਿਕਮਿਆਂ ਦਾ ਦਾ ਸਾਰਾ ਹੀ ਕੰਮ ਬੜੀ ਲਗਨ ਤੇ ਮਿਹਨਤ ਨਾਲ ਦਿਨ ਇੱਕ ਕਰਕੇ ਕਰ ਰਹੇ ਹਨ ਅਤੇ ਸਾਰੇ ਹੀ ਮਹਿਕਮਿਆਂ ਨੂੰ ਸੁਚਾਰੂ ਢੰਗ ਨਾਲ ਚਲਾ ਰਹੇ ਹਨ। ਸਰਕਾਰ ਨੂੰ ਇਹਨਾਂ ਕਿਰਤੀਆਂ ਦੀ ਸਾਰ ਲੈ ਕੇ ਪੁਰਾਣੀ ਪੈਨਸ਼ਨ ਪਹਿਲੀ ਮਈ ਮਜ਼ਦੂਰ ਦਿਵਸ ਨੂੰ ਹੀ ਪੂਰਨ ਰੂਪ ਵਿੱਚ ਲਾਗੂ ਕਰਕੇ ਲੋਕ ਹਿਤੈਸ਼ੀ ਸਰਕਾਰ ਹੋਣ ਦਾ ਸਬੂਤ ਪੇਸ਼ ਕਰਨਾ ਚਾਹੀਦਾ ਹੈ।ਇਸ ਮੌਕੇ ਤੇ ਜਸਵੀਰ ਬੋਦਲ, ਉਮੇਸ਼ ਕੁਮਾਰ, ਗੁਰ ਇਕਬਾਲ ਬੋਦਲ, ਰਜਤ ਮਹਾਜਨ ,ਪ੍ਰਿੰਸ ਗੜਦੀਵਾਲ, ਚਮਨ ਲਾਲ, ਮਨਮੋਹਨ ਸਿੰਘ, ਅਸ਼ੋਕ ਕੁਮਾਰ, ਜਸਵਿੰਦਰ ਪਾਲ ਸਿੰਘ, ਵਿਪਿਨ ਕੁਮਾਰ, ਸਤਪਾਲ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।

## ਸੂਫ਼ੀ ਸ਼ਾਇਰ ਅਲਮਸਤ ਦੇਸਰਪੁਰੀ ਦੀ ਬਰਸੀ ਮਨਾਈ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਪ੍ਰਸਿੱਧ ਸੂਫ਼ੀ ਸ਼ਾਇਰ ਮਰਹੂਮ ਉਸਤਾਦ ਅਲਮਸਤ ਦੇਸਰਪੁਰੀ ਦੀ ਚੌਥੀ ਬਰਸੀ ਉਨ੍ਹਾਂ ਦੇ ਪਿੰਡ ਦੇਸਰਪੁਰ ਜ਼ਿਲ੍ਹਾ ਜਲੰਧਰ ਵਿਖੇ ਸ਼ਰਧਾ ਨਾਲ ਮਨਾਈ ਗਈ। ਇਸ ਮੌਕੇ ਦਰਬਾਰ ਦੇ ਗੱਦੀ ਨਸ਼ੀਨ ਸਾਈਂ ਸੋਨੂੰ ਦੇਸਰਪੁਰੀ, ਸਰਪੰਚ ਪਰਮਜੀਤ ਸਿੰਘ, ਅਸ਼ੋਕ ਕੁਮਾਰ, ਸੂਫ਼ੀ ਸ਼ਾਇਰ ਸਤੀਸ਼ ਦਰਦੀ ਵਲੋਂ ਸਮੂਹਿਕ ਤੌਰ ਉੱਤੇ ਅਲਮਸਤ ਹੁਰਾਂ ਦੀ ਮਜ਼ਾਰ ਉੱਤੇ ਚਾਦਰ ਚੜ੍ਹਾਈ ਗਈ ਅਤੇ ਚਿਰਾਗ ਰੌਸ਼ਨ ਕੀਤੇ ਗਏ। ਜ਼ਿਕਰਯੋਗ ਹੈ ਕਿ ਮੱਧ ਪੂਰਬ ਤਣਾਅ ਕਾਰਨ ਅਲਮਸਤ ਹੁਰਾਂ ਦੇ ਵੱਡੇ ਫਰਜ਼ੰਦ ਸਾਗਰ ਦੇਸਰਪੁਰੀ, ਜੋ ਇਸ ਸਮੇਂ



ਵਿਦੇਸ਼ ਵਿਚ ਹਨ ਅਤੇ ਬਰਸੀ ਸਮਾਗਮਾਂ ਦੇ ਸੂਤਰਧਾਰ ਹਨ, ਇਸ ਮੌਕੇ ਸ਼ਿਰਕਤ ਨਹੀਂ ਕਰ ਸਕੇ। ਜਿਸ ਕਾਰਨ ਇਸ ਵਾਰ ਬਰਸੀ ਸਮਾਗਮ ਮੌਕੇ ਸਟੇਜ ਨਹੀਂ ਲਗਾਈ ਗਈ ਅਤੇ ਸਾਦੇ ਢੰਗ ਨਾਲ ਹੀ ਇਹ ਸਮਾਗਮ ਕਰਵਾਇਆ ਗਿਆ। ਇਸ ਮੌਕੇ ਹਾਜ਼ਰ ਪਤਵੰਤਿਆਂ ਨੇ ਅਲਮਸਤ ਹੁਰਾਂ ਦੇ ਜੀਵਨ ਅਤੇ ਗੀਤਕਾਰੀ ਸਫ਼ਰ ਉੱਤੇ ਚਾਨਣਾ ਪਾਇਆ ਅਤੇ ਉਨ੍ਹਾਂ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਵੱਖ-ਵੱਖ ਸੂਫ਼ੀ ਦਰਬਾਰਾਂ ਤੋਂ ਸੂਫ਼ੀ ਫ਼ਕੀਰਾਂ ਨੇ ਵੀ ਇਸ ਮੌਕੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਬਾਬਾ ਰੋਡੇ ਸ਼ਾਹ ਦਰਬਾਰ, ਜੱਲੋਵਾਲ (ਕਾਲਾ ਸੰਘਿਆਂ) ਤੋਂ ਸਾਈਂ ਕੁਲਵਿੰਦਰ ਸ਼ਾਹ, ਜਗਤਾਰ ਪਰਵਾਨਾ ਸਭਿਆਚਾਰਕ ਮੰਚ ਅਠੌਲਾ ਤੋਂ ਸਾਈਂ ਬਲਬੀਰ ਸ਼ਾਹ ਆਦਿ ਪ੍ਰਮੁੱਖ ਸਨ।



## ਜਨਗਣਨਾ-2027 ਲਈ ਪਹਿਲੇ ਗੇੜ ਦੀ ਤਿੰਨ ਰੋਜ਼ਾ ਟ੍ਰੇਨਿੰਗ ਸੰਪੰਨ

**ਫਗਵਾੜਾ (ਡਾ ਰਮਨ)**- ਫਗਵਾੜਾ ਮਿਉਂਸਿਪਲ ਕਾਰਪੋਰੇਸ਼ਨ ਦੇ ਅਧੀਨ ਪਹਿਲੇ ਗੇੜ ਦੀ ਗਿਣਤੀਕਾਰ ਅਤੇ ਸੁਪਰਵਾਈਜ਼ਰ ਦੀ ਤਿੰਨ ਰੋਜਾ ਟਰੇਨਿੰਗ ਕਮਿਸ਼ਨਰ ਸ਼ਿਖਾ ਭਗਤ ਤੇ ਅਸਿਸਟੈਂਟ ਕਮਿਸ਼ਨਰ ਅਨੀਸ਼ ਬਾਂਸਲ ਤੇ ਬਲਵਿੰਦਰ ਸਿੰਘ, ਟਾਊਨ ਪਲੈਨਰ, ਮਿਉਂਸੀਪਲ ਕਾਰਪੋਰੇਸ਼ਨ ਦੀ ਯੋਗ ਅਗਵਾਈ ਹੇਠ ਫਗਵਾੜਾ ਦੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਫਗਵਾੜਾ ਵਿਖੇ ਲਗਾਈ ਗਈ। ਇਸ ਵਿੱਚ ਫੀਲਡ ਟ੍ਰੇਨਰ ਸਰਦਾਰ ਸੰਤੋਖ ਸਿੰਘ, ਗੁਰਧਿਆਨ ਕੁਮਾਰ, ਰਵਿੰਦਰ ਕੁਮਾਰ ਤੇ ਪ੍ਰੇਮ ਲਾਲ ਵੱਲੋਂ ਵਿਸਤਾਰ ਸਹਿਤ ਜਨਗਣਨਾ 2027 ਵਿੱਚ ਭਾਰਤ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਐੱਚ ਐੱਲ ਓ. ਐਪ ਵਿਚ ਕਿਸ ਤਰ੍ਹਾਂ ਗਣਨਾ ਕਰਨੀ ਹੈ ਬਾਰੇ ਦੱਸਿਆ ਗਿਆ ਇਸ ਵਿੱਚ 30 ਅਪ੍ਰੈਲ ਤੋਂ 14 ਮਈ ਤੱਕ ਸੈਲਫ ਇਨੂਮਰੇਸ਼ਨ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ। ਪਹਿਲੇ ਪੜਾਅ ਵਿੱਚ ਹਾਊਸ ਲਿਸਟਿੰਗ ਦਾ ਕੰਮ ਮਿਤੀ 15 ਮਈ ਤੋਂ ਲੈ ਕੇ 13 ਜੂਨ ਤੱਕ ਕੀਤਾ ਜਾਵੇਗਾ ਜਿਸ ਵਿਚ ਗਿਣਤੀਕਾਰ ਘਰ-ਘਰ ਜਾ ਕੇ ਜਾਣਕਾਰੀ ਇਕੱਠੀ ਕਰਨਗੇ।

## ਸ੍ਰੀ ਗੁਰੂ ਅਮਰਦਾਸ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ

**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸੇਵਾ ਦੇ ਪੁੰਜ ਤੀਜੇ ਪਾਤਿਸ਼ਾਹ ਧੰਨ ਧੰਨ





ਸ੍ਰੀ ਗੁਰੂ ਅਮਰਦਾਸ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ।

ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਅਮਰੀਕ ਸਿੰਘ ਦੇ ਪੰਥਕ ਢਾਡੀ ਜੱਥੇ ਨੇ ਤੀਜੇ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਮਹਾਰਾਜ ਦਾ ਜੀਵਨ ਬ੍ਰਿਤਾਂਤ, 12 ਸਾਲ ਧੰਨ ਧੰਨ ਸ੍ਰੀ ਗੁਰੂ ਅੰਗਦ ਦੇਵ ਜੀ ਮਹਾਰਾਜ ਦੀ ਸੇਵਾ ਕਰਨ ਅਤੇ ਸ੍ਰੀ ਗੋਇੰਦਵਾਲ ਸਾਹਿਬ ਵਿਖੇ 84 ਪੌੜੀਆਂ ਵਾਲੀ ਬਾਉਲੀ ਸਾਹਿਬ ਬਣਾਉਣ ਦਾ ਪੂਰਾ ਪ੍ਰਸੰਗ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸਰਵਣ ਕਰਾਇਆ । ਸ਼੍ਰੋਮਣੀ ਪ੍ਰਚਾਰਕ ਭਾਈ ਸੰਦੀਪ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਨੇ ਆਪਣੇ ਪ੍ਰਵਚਨਾ ਰਾਹੀਂ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਮਹਾਰਾਜ ਦੁਆਰਾ ਉਚਾਰਨ ਕੀਤੀ ਧੁੱਰ ਕੀ ਬਾਣੀ ਦੇ 17 ਰਾਗਾਂ ਵਿੱਚ 907 ਸ਼ਬਦ ਜੋ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਵਿੱਚ ਬਿਰਾਜਮਾਨ ਹਨ, ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ।

## ਸ਼੍ਰੋਮਣੀ ਅਕਾਲੀ ਦਲ ਮੁਲਾਜ਼ਮਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ : ਤਲਵਾੜ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਮੁਲਾਜ਼ਮਾਂ ਤੇ ਮਿਹਨਤਕਸ਼ ਵਰਗ ਦੇ ਹੱਕਾਂ ਦੀ ਰਾਖੀ ਕਰਦਾ ਆਇਆ ਹੈ। ਇਹ ਗੱਲ ਹਲਕਾ ਇੰਚਾਰਜ ਸੰਜੀਵ ਤਲਵਾੜ ਨੇ 'ਮਿਡ-ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ' ਦੇ ਵਫ਼ਦ ਨਾਲ ਮੁਲਾਕਾਤ ਦੌਰਾਨ ਕਹੀ।ਉਨ੍ਹਾਂ ਕਿਹਾ, ਮਿਡ-ਡੇ-ਮੀਲ ਵਰਕਰਾਂ ਦੀ ਲੜਾਈ ਸਿਰਫ਼ ਉਨ੍ਹਾਂ ਦੀ ਨਹੀਂ, ਸਗੋਂ ਸਾਡੀ ਸਾਂਝੀ ਲੜਾਈ ਹੈ। ਅਸੀਂ ਇਸ ਨੂੰ ਆਪਣੀ ਲੜਾਈ ਸਮਝ ਕੇ ਪੂਰੀ ਤਾਕਤ ਨਾਲ ਲੜਾਂਗੇ। ਯੂਨੀਅਨ ਦੇ ਵਫ਼ਦ ਵੱਲੋਂ ਆਪਣੀਆਂ ਮੰਗਾਂ ਸਬੰਧੀ ਇੱਕ ਮੰਗ ਪੱਤਰ ਸੌਂਪਿਆ ਗਿਆ। ਵਰਕਰਾਂ ਨੇ ਆਪਣੇ ਸਾਹਮਣੇ ਆ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਵਰਕਰਾਂ ਦੀਆਂ ਸਮੱਸਿਆਵਾਂ ਸੁਣਨ ਤੋਂ ਬਾਅਦ ਸੰਜੀਵ ਤਲਵਾੜ ਨੇ ਭਰੋਸਾ ਦਿਵਾਇਆ ਕਿ ਸ਼੍ਰੋਮਣੀ ਅਕਾਲੀ ਦਲ ਅੱਗੇ ਵੀ ਮੁਲਾਜ਼ਮਾਂ ਅਤੇ ਮਿਹਨਤਕਸ਼ ਵਰਗ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਰਹੇਗਾ।ਵਰਕਰਾਂ ਵੱਲੋਂ ਦਿੱਤੇ 11 ਨੁਕਾਤੀ ਮੰਗ ਪੱਤਰ ਵਿੱਚ ਮੁੱਖ ਮੰਗਾਂ ਵਿੱਚ ਇਹ ਸ਼ਾਮਲ ਹਨ ਕਿ ਜਦ ਤੱਕ ਵਰਕਰਾਂ ਨੂੰ ਪੱਕਾ ਨਹੀਂ ਕੀਤਾ ਜਾਂਦਾ, ਉਨ੍ਹਾਂ ਦੀ ਮਹੀਨਾਵਾਰ ਤਨਖਾਹ 3,000 ਰੁਪਏ ਤੋਂ ਵਧਾ ਕੇ 18,000 ਰੁਪਏ ਕੀਤੀ ਜਾਵੇ। ਇਸ ਤੋਂ ਇਲਾਵਾ, ਵਰਕਰਾਂ ਲਈ ਜੀ ਪੀ ਐਫ/ਸੀਪੀਐਫ ਕਟੌਤੀ ਸ਼ੁਰੂ ਕੀਤੀ ਜਾਵੇ ਅਤੇ ਉਨ੍ਹਾਂ ਲਈ ਜੀਵਨ ਤੇ ਸਿਹਤ ਬੀਮਾ ਯਕੀਨੀ ਬਣਾਇਆ ਜਾਵੇ।ਸੰਜੀਵ ਤਲਵਾੜ ਐਲਾਨ ਕੀਤਾ ਕਿ ਜਲਦ ਹੀ ਮਿਡ-ਡੇ-ਮੀਲ ਵਰਕਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਕਰਵਾਈ ਜਾਵੇਗੀ, ਜਿਸ ਵਿੱਚ ਇਨ੍ਹਾਂ ਸਾਰੀਆਂ ਮੰਗਾਂ 'ਤੇ ਪਾਰਟੀ ਦਾ ਸਟੈਂਡ ਸਪਸ਼ਟ ਕੀਤਾ ਜਾਵੇਗਾ।

## ਸੁਤੰਤਰਤਾ ਸੰਗਰਾਮੀਆਂ ਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ 11,000 ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾ ਰਹੀ : ਮੋਹਿੰਦਰ ਭਗਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੁਤੰਤਰਤਾ ਸੰਗਰਾਮੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਸੰਬੰਧੀ ਆਜ਼ਾਦੀ ਘੁਲਾਟੀਆ, ਰੱਖਿਆ ਸੇਵਾਵਾਂ ਭਲਾਈ ਅਤੇ ਬਾਗਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਪੰਜਾਬ ਦੇ ਸੁਤੰਤਰਤਾ ਸੰਗਰਾਮੀਆਂ, ਉਨ੍ਹਾਂ ਦੀਆਂ ਵਿਧਵਾਵਾਂ, ਅਣਵਿਆਹੀਆਂ ਅਤੇ ਬੇਰੋਜ਼ਗਾਰ ਧੀਆਂ ਤੇ ਅਣਵਿਆਹੇ ਬੇਰੋਜ਼ਗਾਰ ਪੁੱਤਰਾਂ ਨੂੰ 11,000 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾ ਰਹੀ ਹੈ।ਮੰਤਰੀ ਨੇ ਕਿਹਾ ਕਿ ਸੁਤੰਤਰਤਾ ਸੰਗਰਾਮੀਆਂ ਨੇ ਦੇਸ਼ ਦੀ ਆਜ਼ਾਦੀ ਲਈ ਮਹਾਨ ਯੋਗਦਾਨ ਦਿੱਤੇ ਹਨ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਸਦਾ ਯਾਦ ਰੱਖੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਉਨ੍ਹਾਂ ਦੇ ਸਨਮਾਨ ਅਤੇ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ।

## ਤਿੰਨ ਵਿਦਿਆਰਥਣਾਂ ਨੇ ਸਕਾਲਰਸ਼ਿਪ ਪ੍ਰੀਖਿਆ 'ਚ ਮਾਰੀ ਬਾਜ਼ੀ

**ਮਾਹਿਲਪੁਰ (ਸ਼ਫ਼ਰੀ)**- ਸਰਕਾਰੀ ਹਾਈ ਸਕੂਲ ਟੂਟੋਮਜਾਰਾ ਦੀਆਂ ਤਿੰਨ ਵਿਦਿਆਰਥਣਾਂ ਹਰਮਨ, ਤਨਵੀਰ ਕੌਰ, ਸਿਮਰਪ੍ਰੀਤ ਨੇ ਨੈਸ਼ਨਲ ਮੀਨਜ਼ -ਕਮ- ਮੈਰਿਟ ਸਕਾਲਰਸ਼ਿਪ ਪ੍ਰੀਖਿਆ 2025 ਵਿੱਚ ਮੈਰਿਟ ਪ੍ਰਾਪਤ ਕੀਤੀ ਹੈ। ਸਕੂਲ ਦੇ ਹੈਡਮਾਸਟਰ ਬਲਬੀਰ ਸਿੰਘ ਅਤੇ ਸਟਾਫ ਮੈਂਬਰਾਂ ਵਲੋਂ ਇਹਨਾਂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ। ਸਕੂਲ ਦੇ ਹੈਡਮਾਸਟਰ ਬਲਬੀਰ ਸਿੰਘ ਨੇ ਜਾਣਕਾਰੀ ਦਿੱਤੀ ਕਿ ਇਹ ਪ੍ਰੀਖਿਆ ਹਰ ਸਾਲ ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ



(ਐਸ.ਸੀ.ਈ.ਆਰ.ਟੀ ਪੰਜਾਬ) ਵੱਲੋਂ ਲਈ ਜਾਂਦੀ ਹੈ। ਪੂਰੇ ਪੰਜਾਬ ਵਿੱਚ ਕੁੱਲ 2210 ਬੱਚਿਆਂ ਦੀ ਚੋਣ ਕੀਤੀ ਜਾਂਦੀ ਹੈ। ਅੱਠਵੀਂ ਜਮਾਤ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੀ ਇਹ ਪ੍ਰੀਖਿਆ ਲਈ ਜਾਂਦੀ ਹੈ। ਇਹਨਾਂ ਵਿਦਿਆਰਥਣਾਂ ਨੂੰ ਨੌਵੀਂ ਜਮਾਤ ਤੋਂ ਲੈ ਕੇ ਬਾਰਵੀਂ ਜਮਾਤ ਤੱਕ 12000 ਰੁਪਏ ਸਲਾਨਾ ਦੇ ਹਿਸਾਬ ਨਾਲ਼ ਚਾਰ ਸਾਲ ਤੱਕ ਕੁੱਲ 48000/- ਦਾ ਸਕਾਲਰਸ਼ਿਪ ਮਿਲੇਗਾ। ਇਸ ਮੌਕੇ ਵਿਦਿਆਰਥਣਾਂ ਦੇ ਮਾਪੇ, ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ, ਗ੍ਰਾਮ ਪੰਚਾਇਤ ਟੂਟੋਮਜਾਰਾ ਦੇ ਸਰਪੰਚ ਨਛੱਤਰ ਸਿੰਘ ,ਬਲਜੀਤ ਸਿੰਘ ਮੈਂਬਰ ਪੰਚਾਇਤ, ਸਕੂਲ ਦੇ ਸਟਾਫ ਮੈਂਬਰ ਪੂਨਮ ਬੇਦੀ, ਵਰਿੰਦਰ ਕੌਰ, ਰੇਨੂੰ ਬਾਲਾ, ਅਮਰੀਕ ਸਿੰਘ, ਵਨੀਤਾ ਜੱਸਲ ,ਕੁਲਦੀਪ ਸਿੰਘ, ਅਨੀਤਾ ਰਾਣੀ, ਕੁਲਵਿੰਦਰ ਕੌਰ, ਪ੍ਰਵੀਨ ਕੌਰ, ਮਨਦੀਪ ਕੌਰ ਹਾਜ਼ਰ ਸਨ।

## ਮੁੱਖ ਮੰਤਰੀ ਸਿਹਤ ਬੀਮਾ ਕਾਰਡ ਜ਼ਰੀਏ ਕਈ ਨਿੱਜੀ ਹਸਪਤਾਲਾਂ 'ਚ ਮੁਫ਼ਤ ਇਲਾਜ ਉਪਲੱਬਧ

**ਮੋਹਾਲੀ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਤੇ ਨਿੱਜੀ ਹਸਪਤਾਲਾਂ ਵਿਚ ਮੁੱਖ ਮੰਤਰੀ ਸਿਹਤ ਬੀਮਾ ਕਾਰਡ ਜ਼ਰੀਏ ਮੁਫ਼ਤ ਡਾਕਟਰੀ ਇਲਾਜ ਕਰਵਾਇਆ ਜਾ ਸਕਦਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਲੋਕਾਂ ਨੂੰ 10 ਲੱਖ ਰੁਪਏ ਦੇ ਮੁਫ਼ਤ ਸਿਹਤ ਬੀਮੇ ਦੀ ਸਹੂਲਤ ਦਿਤੀ ਗਈ ਹੈ, ਜਿਸ ਤਹਿਤ ਰੋਜ਼ਾਨਾ ਭਾਰੀ ਗਿਣਤੀ ਵਿਚ ਮੁੱਖ ਮੰਤਰੀ ਸਿਹਤ ਬੀਮਾ ਕਾਰਡ ਬਣਾਏ ਜਾ ਰਹੇ ਹਨ। ਉਨ੍ਹਾਂ ਦਸਿਆ ਕਿ ਕਾਰਡ ਧਾਰਕ ਵੱਖ-ਵੱਖ ਸਰਕਾਰੀ ਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿਚ ਮੁਫ਼ਤ ਡਾਕਟਰੀ ਇਲਾਜ ਕਰਵਾ ਸਕਦੇ ਹਨ। ਹਸਪਤਾਲ ਵਿਚ ਇਲਾਜ ਲਈ ਦਾਖ਼ਲ ਹੋਣ ਦੌਰਾਨ ਉਨ੍ਹਾਂ ਦੇ ਟੈਸਟ ਵੀ ਮੁਫ਼ਤ ਕੀਤੇ ਜਾ ਰਹੇ ਹਨ ਅਤੇ ਦਵਾਈਆਂ ਵੀ ਮੁਫ਼ਤ ਦਿਤੀਆਂ ਜਾ ਰਹੀਆਂ ਹਨ।ਜ਼ਿਲ੍ਹੇ ਦੇ ਸੂਚੀਬੱਧ ਨਿੱਜੀ ਹਸਪਤਾਲਾਂ ਦੀ ਸੂਚੀ ਇਸ ਪ੍ਰਕਾਰ ਹੈ : ਜੇ.ਪੀ.ਆਈ ਹਸਪਤਾਲ ਮੋਹਾਲੀ, ਗ੍ਰੇਸ਼ੀਅਨ ਹਸਪਤਾਲ ਮੋਹਾਲੀ , ਕੌਸ਼ਲ ਹਸਪਤਾਲ ਖਰੜ, ਅਮਰ ਹਸਪਤਾਲ ਮੋਹਾਲੀ, ਕੰਬੋਜ ਮਲਟੀਸਪੈਸ਼ਲਿਟੀ ਹਸਪਤਾਲ ਖਰੜ, ਇੰਡਸ ਇੰਟਰਨੈਸ਼ਨਲ ਹਸਪਤਾਲ ਡੇਰਾਬੱਸੀ, ਐਮਕੇਅਰ ਹਸਪਤਾਲ ਜ਼ੀਰਕਪੁਰ , ਇੰਡਸ ਸੁਪਰਸਪੈਸ਼ਲਿਟੀ ਹਸਪਤਾਲ ਮੋਹਾਲੀ, ਸੁਖਮਨੀ ਮਲਟੀਸਪੈਸ਼ਲਿਟੀ ਹਸਪਤਾਲ ਡੇਰਾਬੱਸੀ, ਬਹਿਗਲ ਹਸਪਤਾਲ ਮੋਹਾਲੀ, ਇੰਡਸ ਹਸਪਤਾਲ ਮੋਹਾਲੀ, ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਹਸਪਤਾਲ ਸੋਹਾਣਾ, ਚੌਧਰੀ ਹਸਪਤਾਲ ਕੁਰਾਲੀ, ਜੇ ਪੀ ਹਸਪਤਾਲ ਜ਼ੀਰਕਪੁਰ, ਏਸ ਹਾਰਟ ਇੰਸਟੀਚਿਊਟ ਮੋਹਾਲੀ, ਚੀਮਾ ਮੈਡੀਕਲ ਕੰਪਲੈਕਸ ਮੋਹਾਲੀ, ਐਡੀਸਨ ਹਸਪਤਾਲ ਮੋਹਾਲੀ, ਮਾਈ ਹਸਪਤਾਲ ਮੋਹਾਲੀ, ਵੈਲਮੈਡ ਟਰਾਈਸਿਟੀ ਹਸਪਤਾਲ ਕੁਰਾਲੀ, ਸੇਜ ਮੈਡੀਸਨ ਖਰੜ, ਰੇਡੀਅੰਸ ਹਸਪਤਾਲ ਖਰੜ,ਕੁਰੇਸ਼ੀਆ ਮਲਟੀਸਪੈਸ਼ਲਿਟੀ ਹਸਪਤਾਲ ਜ਼ੀਰਕਪੁਰ, ਧੂਪਰ ਹਸਪਤਾਲ ਜ਼ੀਰਕਪੁਰ, ਹੋਲੀ ਬੇਸਿਲ ਮੈਡੀਕਲੀਨਿਕ ਖਰੜ, ਗੋਲਡਨ ਹਸਪਤਾਲ ਢਕੋਲੀ, ਪੰਜਾਬ ਇੰਸਟੀਚਿਊਟ ਆਫ਼ ਲਿਵਰ ਅਤੇ ਬਿਲਰੀ ਸਾਇੰਸਜ਼ ਮੋਹਾਲੀ, ਹੈਲਥਮੈਕਸ ਸੁਪਰਸਪੈਸ਼ਲਿਟੀ ਹਸਪਤਾਲ ਖਰੜ, ਕਲੀਅਰਮੈਡੀ ਬਾਹਰਾ ਮਲਟੀਸਪੈਸ਼ਲਿਟੀ ਹਸਪਤਾਲ ਕੁਰਾਲੀ, ਅਲਫ਼ਾ ਚੰਡੀਗੜ੍ਹ ਹਸਪਤਾਲ ਘੜੂੰਆਂ। ਇਸ ਤੋਂ ਇਲਾਵਾ ਮੋਹਾਲੀ, ਖਰੜ, ਕੁਰਾਲੀ, ਡੇਰਾਬੱਸੀ, ਬਨੂੜ, ਲਾਲੜੂ, ਢਕੋਲੀ ਦੇ ਸਰਕਾਰੀ ਹਸਪਤਾਲਾਂ ਵਿਚ ਵੀ ਮੁਫ਼ਤ ਇਲਾਜ ਮਿਲ ਰਿਹਾ ਹੈ।

## ਸੀਚੇਵਾਲ ਨੇ ਬੁੱਢੇ ਦਰਿਆ 'ਚ ਹੋਏ ਸੁਧਾਰਾਂ ਬਾਰੇ ਦੱਸਿਆ

**ਲੋਹੀਆਂ ਖਾਸ,(ਯੋਗੇਸ਼ਵਰ, ਰੀਨਾ ਸ਼ਰਮਾ)**- ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਹਲਕਾ ਵਿਧਾਇਕ ਲੁਧਿਆਣਾ ਪੂਰਬੀ ਦਲਜੀਤ ਸਿੰਘ ਭੋਲਾ ਗਰੇਵਾਲ, ਵਿਧਾਇਕ ਲੁਧਿਆਣਾ ਕੇਂਦਰੀ ਅਸ਼ੋਕ ਪਰਾਸ਼ਰ ਪੱਪੀ



ਅਤੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਸੀਚੇਵਾਲ ਪਹੁੰਚ ਕੇ ਨਿਰਮਲ ਕੁਟੀਆ ਵਿੱਚ ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਪੰਜਾਬ ਦੇ ਦਰਿਆਈ ਪਾਣੀ ਦੇ ਪ੍ਰਦੂਸ਼ਣ ਖ਼ਾਸ ਕਰਕੇ ਬੁੱਢੇ ਦਰਿਆ ਦੇ ਪ੍ਰਦੂਸ਼ਣ ਨੂੰ ਮੁਕੰਮਲ ਤੌਰ 'ਤੇ ਖ਼ਤਮ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ।ਬੁੱਢੇ ਦਰਿਆ ਦੀ ਦੋ ਸਾਲਾਂ ਤੋਂ ਕਾਰ ਸੇਵਾ ਕਰਵਾ ਰਹੇ ਰਾਜ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਨਿਰਮਲ ਕੁਟੀਆ ਪਹੁੰਚੇ ਆਗੂਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਾਤਾਵਰਣ ਦੀ ਸ਼ੁੱਧਤਾ ਬਰਕਰਾਰ ਰੱਖਣ ਲਈ ਪ੍ਰਸ਼ਾਸਨ ਨਾਲ ਮਿਲ ਕੇ ਹੋਰ ਸਰਗਰਮ ਉਪਰਾਲੇ ਕੀਤੇ ਜਾਣਗੇ।ਸੰਤ ਸੀਚੇਵਾਲ ਨੇ ਸਬੰਧਿਤ ਵਿਧਾਇਕਾਂ ਅਤੇ ਮੇਅਰ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬੁੱਢੇ ਦਰਿਆ ਵਿੱਚ ਜਿਹੜੇ ਸੁਧਾਰ ਹੋਏ ਹਨ, ਉਨ੍ਹਾਂ ਵਿੱਚ ਪਹਿਲੇ ਨੰਬਰ 'ਤੇ ਪੇਂਡੂ ਖੇਤਰ ਦੀਆਂ 79 ਡੇਅਰੀਆਂ ਦਾ ਗੋਹਾ ਦਰਿਆ ਵਿੱਚ ਸੁੱਟਣ ਤੋਂ ਬੰਦ ਕੀਤਾ ਗਿਆ ਹੈ। ਤਾਜਪੁਰ ਤੇ ਹੈਬੋਵਾਲ ਦੀਆਂ ਡੇਅਰੀਆਂ ਨੇੜੇ ਆਰਜ਼ੀ ਸੀਚੇਵਾਲ ਮਾਡਲ ਸਥਾਪਿਤ ਕਰਕੇ ਸੀ ਬੀ ਜੀ ਪਲਾਂਟ ਵਿੱਚ ਵੇਸਟ ਦਾ ਸੁਚਾਰੂ ਪ੍ਰਬੰਧ ਕੀਤਾ ਗਿਆ ਹੈ। ਸ਼ਹਿਰ ਦੀਆਂ ਤਿੰਨ ਕਲੋਨੀਆਂ ਦਾ ਗੰਦਾ ਪਾਣੀ ਮੁੱਖ ਸੀਵਰ ਦੀ ਪਾਈਪ ਲਾਈਨ ਨਾਲ ਜੋੜਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਚੜ੍ਹਦੇ ਪਾਸੇ ਦੇ 8 ਪਿੰਡ ਅਤੇ ਲਹਿੰਦੇ ਪਾਸੇ ਦੇ ਤਿੰਨ ਪਿੰਡਾਂ ਦਾ ਪਾਣੀ ਦਰਿਆ ਵਿੱਚ ਜਾਣ ਤੋਂ ਰੋਕਿਆ ਗਿਆ ਸੀ। ਉਨ੍ਹਾਂ ਕਿਹਾ ਕਿ ਪਾਣੀ ਦੀ ਗੁਣਵੱਤਾ ਲਈ ਹੋਰ ਉਪਰਾਲੇ ਕੀਤੇ ਜਾਣਗੇ।

## ਬਿਜਲੀ ਸੰਕਟ ਨੂੰ ਲੈ ਕੇ ਸੰਧੂ ਦੀ ਅਗਵਾਈ ਹੇਠ ਰੋਸ ਪ੍ਰਦਰਸ਼ਨ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਵਿੱਚ ਪੈ ਰਹੀ ਗਰਮੀ ਦੇ ਵਿਚਕਾਰ ਬਿਜਲੀ ਦੇ ਲੰਬੇ ਕੱਟਾਂ ਨੇ ਆਮ ਜਨਤਾ ਦਾ ਜਿਉਣਾ ਮੁਹਾਲ ਕਰ ਦਿੱਤਾ ਹੈ। ਇਸ ਗੰਭੀਰ ਮੁੱਦੇ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ



ਵੱਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੂਰੇ ਪੰਜਾਬ ਵਿੱਚ ਸੂਬਾ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤੇ ਗਏ। ਹੁਸ਼ਿਆਰਪੁਰ ਦੇ ਵਿਧਾਨ ਸਭਾ ਹਲਕਾ ਚੱਬੇਵਾਲ ਵਿਖੇ ਹਲਕਾ ਇੰਚਾਰਜ ਹਰਮਿੰਦਰ ਸਿੰਘ ਸੰਧੂ ਦੀ ਅਗਵਾਈ ਹੇਠ ਸੈਂਕੜੇ ਆਗੂਆਂ ਅਤੇ ਵਰਕਰਾਂ ਵੱਲੋਂ ਸਰਕਾਰ ਖ਼ਿਲਾਫ ਰੋਸ ਮਾਰਚ ਤੇ ਮੁੱਖ ਮੰਤਰੀ ਦਾ ਪੁਤਲਾ ਫੂਕ ਕੇ ਪ੍ਰਦਰਸ਼ਨ ਕੀਤਾ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਨਿਰਮਲ ਸਿੰਘ ਭੀਲੋਵਾਲ, ਸਰਪੰਚ ਗੁਰਚਰਨ ਸਿੰਘ ਮਿੰਟੂ ਚੱਬੇਵਾਲ ਤੋਂ ਇਲਾਵਾ ਪਾਰਟੀ ਦੇ ਸੀਨੀਅਰ ਆਗੂ, ਹਲਕਾ ਇੰਚਾਰਜ ਅਤੇ ਵੱਡੀ ਗਿਣਤੀ ਵਿੱਚ ਵਰਕਰ ਸ਼ਾਮਿਲ ਹੋਏ। ਪ੍ਰਦਰਸ਼ਨਕਾਰੀਆਂ ਨੇ ਹੱਥਾਂ ਵਿੱਚ ਪਾਰਟੀ ਦੇ ਝੰਡੇ ਅਤੇ ਸਰਕਾਰ ਵਿਰੋਧੀ ਨਾਅਰਿਆਂ ਵਾਲੀਆਂ ਤਖ਼ਤੀਆਂ ਨਾਲ ਨਾਅਰੇਬਾਜ਼ੀ ਕੀਤੀ।

## ਸਰਕਾਰੀ ਮਿਡਲ ਸਕੂਲ 'ਚ ਕਲਾਸਰੂਮ ਤੇ ਸਾਇੰਸ ਲੈਬ ਦਾ ਉਦਘਾਟਨ

**ਖਰੜ (ਹਰਨਾਮ ਸਿੰਘ ਡੱਲਾ)**- ਪੰਜਾਬ ਸਿੱਖਿਆ ਕ੍ਰਾਂਤੀ ਦੇ ਤਹਿਤ ਸਰਕਾਰੀ ਮਿਡਲ ਸਕੂਲ, ਤੋਗਾਂ ਵਿਖੇ ਐੱਮ ਐੱਲ ਏ ਅਨਮੋਲ ਗਗਨ ਮਾਨ ਦੇ ਨੁਮਾਇੰਦੇ ਦੇ ਤੌਰ 'ਤੇ ਸ. ਹਰਮੀਤ ਸਿੰਘ ਛਿੱਬਰ ਤੇ ਹਾਕਮ ਸਿੰਘ ਵੱਲੋਂ ਸਕੂਲ ਵਿੱਚ ਨਵੇਂ ਬਣੇ ਆਧੁਨਿਕ ਕਲਾਸ ਰੂਮ ਅਤੇ ਸਾਇੰਸ ਲੈਬ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਸ. ਹਰਮੀਤ ਸਿੰਘ ਨੇ ਪੰਜਾਬ ਸਰਕਾਰ ਦੇ ਕੰਮਾਂ ਦੀ ਸ਼ਲਾਘਾ ਕੀਤੀ ਅਤੇ ਦੱਸਿਆ ਕਿ ਪੰਜਾਬ ਸੂਬਾ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੂਰੇ ਦੇਸ਼ ਵਿੱਚ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਬਣਿਆ ਹੈ ਅਤੇ ਪੰਜਾਬ ਸਰਕਾਰ ਸਿੱਖਿਆ ਅਤੇ ਸਿਹਤ ਸਹੂਲਤਾਂ ਉੱਤੇ ਵਿਸ਼ੇਸ਼ ਧਿਆਨ ਦੇ ਰਹੀ ਹੈ। ਉਹਨਾਂ ਨੇ



ਇਕੱਠ ਨੂੰ ਸੰਬੋਧਨ ਕਰਦੇ ਕਿਹਾ ਕਿ ਪੰਜਾਬ ਦਾ ਹਰ ਵਾਸੀ ਮੁੱਖ ਮੰਤਰੀ ਸਿਹਤ ਕਾਰਡ ਬਣਾਵੇ ਅਤੇ ਇਸ ਯੋਜਨਾ ਦਾ ਪੂਰਾ ਲਾਭ ਲਵੇ।ਇਸ ਮੌਕੇ ਸ. ਹਾਕਮ ਸਿੰਘ ਨੇ ਸਕੂਲ ਦੀ ਨਵੀਂ ਬਣੀ ਇਮਾਰਤ ਦੀ ਪ੍ਰਸ਼ੰਸਾ ਕੀਤੀ ਅਤੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਸ਼ਲਾਘਾਯੋਗ ਕੰਮਾਂ 'ਤੇ ਵੀ ਚਾਨਣਾ ਪਾਇਆ। ਉਹਨਾਂ ਨੇ ਅਧਿਆਪਕਾਂ ਅਤੇ ਬੱਚਿਆਂ ਨੂੰ ਵੱਧ ਤੋਂ ਵੱਧ ਨਵੀਂ ਤਕਨਾਲੋਜੀ ਦੀ ਵਰਤੋਂ ਕਰਨ ਬਾਰੇ ਵੀ ਪ੍ਰੇਰਿਤ ਕੀਤਾ।

## ਕੀਰਤਪੁਰ ਸਾਹਿਬ ਦੇ 400 ਸਾਲਾ ਸਥਾਪਨਾ ਸ਼ਤਾਬਦੀ ਸਮਾਗਮਾਂ 'ਚ ਸੰਗਤ ਨੇ ਭਰੀ ਹਾਜ਼ਰੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੁਆਰਾ ਵਸਾਈ ਨਗਰੀ ਸ੍ਰੀ ਕੀਰਤਪੁਰ ਸਾਹਿਬ ਦੇ 400 ਸਾਲਾ ਸਥਾਪਨਾ ਦਿਵਸ ਦੀ ਸ਼ਤਾਬਦੀ ਦੇ ਆਰੰਭ ਹੋਏ ਸਮਾਗਮਾਂ 'ਚ ਦੂਜੇ ਦਿਨ ਵੀ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀ ਭਰੀ। ਸੰਗਤਾਂ ਨੇ ਸ੍ਰੀ ਕੀਰਤਪੁਰ ਸਾਹਿਬ ਵਿਖੇ ਸਥਿਤ ਗੁਰਦੁਆਰਾ ਸ਼ੀਸ਼ ਮਹਿਲ ਸਾਹਿਬ, ਗੁਰਦੁਆਰਾ ਬਿਬਾਣਗੜ੍ਹ ਸਾਹਿਬ, ਗੁਰਦੁਆਰਾ ਪਤਾਲਪੁਰੀ ਸਾਹਿਬ ਤੇ ਗੁਰਦੁਆਰਾ ਬਾਬਾ ਗੁਰਦਿੱਤਾ ਸਮੇਤ ਹੋਰ ਵੱਖ-ਵੱਖ ਅਸਥਾਨਾਂ 'ਤੇ ਨਤਮਸਤਕ ਹੋ ਕੇ ਗੁਰੂ ਘਰ ਪ੍ਰਤੀ ਸ਼ਰਧਾ ਪ੍ਰਗਟਾਈ। ਸਮਾਗਮ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਬਕਾ ਹਜ਼ੂਰੀ ਰਾਗੀ ਭਾਈ ਜਸਵੰਤ ਸਿੰਘ, ਹਜ਼ੂਰੀ ਰਾਗੀ ਭਾਈ ਸਤਿੰਦਰਬੀਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਢਾਡੀ ਭਾਈ ਜਸਬੀਰ ਸਿੰਘ ਵਲਟੋਹਾ, ਭਾਈ ਜਗਦੀਸ਼ ਸਿੰਘ ਵਡਾਲਾ, ਭਾਈ ਗੁਰਭੇਜ ਸਿੰਘ ਚਵਿੰਡਾ, ਭਾਈ ਦਲਜੀਤ ਸਿੰਘ ਵਿਛੋਆ, ਭਾਈ ਸਤਪਾਲ ਸਿੰਘ ਐਮਏ ਤੇ ਭਾਈ ਹਰਨਰੈਣ ਸਿੰਘ ਲਹਿਰੀ, ਕਵੀਸ਼ਰ ਭਾਈ ਸਤਨਾਮ ਸਿੰਘ ਬੱਲੋਵਾਲੀ, ਭਾਈ ਲਖਵਿੰਦਰ ਸਿੰਘ ਦਰਦੀ, ਭਾਈ ਸੁੱਚਾ ਸਿੰਘ ਡੇਰਾ ਪਠਾਨਾਂ, ਭਾਈ ਮਲਕੀਤ ਸਿੰਘ





ਵਰਪਾਲ, ਭਾਈ ਮੱਸਾ ਸਿੰਘ ਸਭਰਾ ਤੇ ਭਾਈ ਜਗਦੀਪ ਸਿੰਘ ਵੜੈਚ ਨੇ ਸੰਗਤਾਂ ਨੂੰ ਗੁਰ-ਇਤਿਹਾਸ ਨਾਲ ਜੋੜਿਆ। ਧਰਮ ਪ੍ਰਚਾਰ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਨੇ ਕਥਾ-ਵਿਚਾਰਾਂ ਕਰਦਿਆਂ ਸ੍ਰੀ ਕੀਰਤਪੁਰ ਸਾਹਿਬ ਦੇ ਇਤਿਹਾਸ ਦੀ ਸਾਂਝ ਪਾਈ। ਇਸੇ ਦੌਰਾਨ ਗੁਰਦੁਆਰਾ ਸ੍ਰੀ ਸ਼ੀਸ਼ ਮਹਿਲ ਸਾਹਿਬ ਵਿਖੇ ਮੁੱਖ ਪੰਡਾਲ 'ਚ ਬੀਤੀ ਰਾਤ ਰੈਣ ਸਬਾਈ ਕੀਰਤਨ ਦਰਬਾਰ ਕਰਵਾਇਆ ਗਿਆ, ਜਿਸ ਵਿਚ ਅਖੰਡ ਕੀਰਤਨੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ। ਇਸ ਮੌਕੇ ਪੁੱਜੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਅਤੇ ਸੰਗਤਾਂ ਨੂੰ ਸ਼ਤਾਬਦੀ ਸਮਾਗਮਾਂ ਵਿਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਸ਼੍ਰੋਮਣੀ ਕਮੇਟੀ ਤੋਂ ਇਲਾਵਾ ਵੱਖ-ਵੱਖ ਸੰਪ੍ਰਦਾਵਾਂ ਵੱਲੋਂ ਸੰਗਤਾਂ ਲਈ ਵਿਸ਼ੇਸ਼ 'ਤੇ ਲੰਗਰ ਲਗਾਏ ਗਏ ਸਨ। ਇਸ ਮੌਕੇ ਦਲ ਬਾਬਾ ਬਿਧੀਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਬਾਬਾ ਗੁਰਦੇਵ ਸਿੰਘ ਤਰਨਾ ਦਲ ਸ਼ਹੀਦੀ ਬਾਗ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਨਿਹਾਲ ਸਿੰਘ ਦਲ ਬਾਬਾ ਬਿਧੀਚੰਦ, ਬਾਬਾ ਜਰਨੈਲ ਸਿੰਘ, ਅੰਤ੍ਰਿੰਗ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਗੁਰਮੀਤ ਸਿੰਘ ਬੂਹ, ਭਾਈ ਅਜੈਬ ਸਿੰਘ ਅਭਿਆਸੀ, ਸ. ਰਾਮ ਸਿੰਘ ਮੁੰਬਈ ਸਮੇਤ ਸੰਗਤਾਂ ਮੌਜੂਦ ਸਨ।

## ਇਨੋਸੈਂਟ ਹਾਰਟਸ ਸਕੂਲ 'ਚ ਇਨਵੈਸਟਿਚਰ ਸੈਰੇਮਨੀ ਕਰਵਾਈ

**ਜਲੰਧਰ (ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਸਕੂਲ ਨੇ ਆਪਣੇ ਪੰਜਾਂ ਕੈਂਪਸ—ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਨੂਰਪੁਰ ਰੋਡ ਅਤੇ ਕਪੂਰਥਲਾ ਰੋਡ ਵਿੱਚ ਚੁਣੀ ਗਈ ਸਟੂਡੈਂਟ ਕੌਂਸਲ ਲਈ ਇਨਵੈਸਟਿਚਰ



ਸੈਰੇਮਨੀ ਦਾ ਸਫਲ ਆਯੋਜਨ ਕੀਤਾ। ਇਸ ਸਮਾਰੋਹ ਰਾਹੀਂ ਵਿਦਿਆਰਥੀਆਂ ਵਿੱਚ ਨੇਤ੍ਰਿਤਵ, ਜ਼ਿੰਮੇਵਾਰੀ ਅਤੇ ਵਚਨਬੱਧਤਾ ਦੀ ਭਾਵਨਾ ਨੂੰ ਪ੍ਰੋਤਸਾਹਿਤ ਕੀਤਾ ਗਿਆ। ਇਹ ਪ੍ਰੋਗਰਾਮ ਅਕਾਦਮਿਕ ਸੈਸ਼ਨ 2026-27 ਲਈ ਵਿਦਿਆਰਥੀ ਕੌਂਸਲ ਦੇ ਅਧਿਕਾਰਿਕ ਗਠਨ ਦਾ ਪ੍ਰਤੀਕ ਬਣਿਆ। ਪ੍ਰੋਗਰਾਮ ਦੀ ਸ਼ੁਰੂਆਤ ਹਰ ਕੈਂਪਸ ਵਿੱਚ ਸਕੂਲ ਪ੍ਰਸ਼ਾਸਨ ਵੱਲੋਂ ਸੁਆਗਤ ਅਤੇ ਪ੍ਰੇਰਨਾਦਾਇਕ ਸੰਬੋਧਨ ਨਾਲ ਹੋਈ, ਜਿਸ ਵਿੱਚ ਅਨੁਸ਼ਾਸਨ, ਸਮਰਪਣ ਅਤੇ ਆਦਰਸ਼ ਨੇਤ੍ਰਿਤਵ ਦੇ ਮਹੱਤਵ ਉੱਤੇ ਰੋਸ਼ਨੀ ਪਾਈ ਗਈ। ਨਵੇਂ ਚੁਣੇ ਗਏ ਕੌਂਸਲ ਮੈਂਬਰ ਗਰਵ ਨਾਲ ਆਪਣੀਆਂ ਜ਼ਿੰਮੇਵਾਰੀਆਂ ਸੰਭਾਲਣ ਲਈ ਅੱਗੇ ਆਏ। ਗ੍ਰੀਨ ਮਾਡਲ ਟਾਊਨ ਕੈਂਪਸ ਵਿੱਚ ਹਾਰਦਿਕ (ਕਲਾਸ 12) ਨੂੰ ਹੈਡ ਬੁਆਇ ਅਤੇ ਸ਼੍ਰੇਆ (ਕਲਾਸ 12) ਨੂੰ ਹੈਡ ਗਰਲ ਨਿਯੁਕਤ ਕੀਤਾ ਗਿਆ, ਜਦਕਿ ਗਰਵਿਤ (ਕਲਾਸ 10) ਅਤੇ ਸਾਵੀ (ਕਲਾਸ 10) ਨੂੰ ਕ੍ਰਮਵਾਰ ਵਾਈਸ ਹੈਡ ਬੁਆਇ ਅਤੇ ਵਾਈਸ ਹੈਡ ਗਰਲ ਬਣਾਇਆ ਗਿਆ।ਲੋਹਾਰਾਂ ਕੈਂਪਸ ਵਿੱਚ ਪਿਊਸ਼ ਭਗਤ (ਕਲਾਸ 12) ਅਤੇ ਤਨੀਸ਼ਾ ਕੱਕੜ (ਕਲਾਸ 12) ਨੂੰ ਹੈਡ ਬੁਆਇ ਅਤੇ ਹੈਡ ਗਰਲ ਦੀ ਜ਼ਿੰਮੇਵਾਰੀ ਸੌਂਪੀ ਗਈ, ਜਦਕਿ ਗੁਰਨੂਰ (ਕਲਾਸ 10) ਅਤੇ ਪ੍ਰਭਲੀਨ (ਕਲਾਸ 10) ਨੂੰ ਵਾਈਸ ਹੈਡ ਬੁਆਇ ਅਤੇ ਵਾਈਸ ਹੈਡ ਗਰਲ ਚੁਣਿਆ ਗਿਆ।ਕੈਂਟ-ਜੰਡਿਆਲਾ ਰੋਡ ਕੈਂਪਸ ਵਿੱਚ ਸਾਰਥਕ (ਕਲਾਸ 10) ਅਤੇ ਅਵਨਪ੍ਰੀਤ ਕੌਰ (ਕਲਾਸ 10) ਨੇ ਹੈਡ ਬੁਆਇ ਅਤੇ ਹੈਡ ਗਰਲ ਵਜੋਂ ਪਦਭਾਰ ਸੰਭਾਲਿਆ, ਜਦਕਿ ਸੈਯਮ (ਕਲਾਸ 10) ਅਤੇ ਕਾਸ਼ਵੀ ਅਗਰਵਾਲ (ਕਲਾਸ 10) ਨੂੰ ਵਾਈਸ ਹੈਡ ਬੁਆਇ ਅਤੇ ਵਾਈਸ ਹੈਡ ਗਰਲ ਨਿਯੁਕਤ ਕੀਤਾ ਗਿਆ।ਨੂਰਪੁਰ ਰੋਡ ਕੈਂਪਸ ਵਿੱਚ ਰੁਦਰਾਖਸ਼ (ਕਲਾਸ 12) ਅਤੇ ਅਕਸ਼ਿਤਾ (ਕਲਾਸ 12) ਨੂੰ ਹੈਡ ਬੁਆਇ ਅਤੇ ਹੈਡ ਗਰਲ ਬਣਾਇਆ ਗਿਆ, ਜਦਕਿ ਹਰਿਨੂਰ ਸਿੰਘ (ਕਲਾਸ 10) ਅਤੇ ਹਰਸ਼ਿਤਾ (ਕਲਾਸ 10) ਨੇ ਵਾਈਸ ਹੈਡ ਬੁਆਇ ਅਤੇ ਵਾਈਸ ਹੈਡ ਗਰਲ ਵਜੋਂ ਜ਼ਿੰਮੇਵਾਰੀ ਸੰਭਾਲੀ।ਕਪੂਰਥਲਾ ਰੋਡ ਕੈਂਪਸ ਵਿੱਚ ਹਰਮਨਪ੍ਰੀਤ ਸਿੰਘ (ਕਲਾਸ 10) ਅਤੇ ਕਾਸ਼ਿਸ਼ (ਕਲਾਸ 10) ਨੂੰ ਹੈਡ ਬੁਆਇ ਅਤੇ ਹੈਡ ਗਰਲ ਘੋਸ਼ਿਤ ਕੀਤਾ ਗਿਆ, ਜਦਕਿ ਅਗਮ ਸਿੰਘ (ਕਲਾਸ 10) ਅਤੇ ਅੰਕਿਤਾ ਸੰਡਲ (ਕਲਾਸ 10) ਨੂੰ ਵਾਈਸ ਹੈਡ ਬੁਆਇ ਅਤੇ ਵਾਈਸ ਹੈਡ ਗਰਲ ਨਿਯੁਕਤ ਕੀਤਾ ਗਿਆ।

## ਬਿਜਲੀ ਕੱਟਾਂ ਖ਼ਿਲਾਫ਼ ਰੋਸ ਪ੍ਰਦਰਸ਼ਨ

**ਫਿਲੌਰ (ਨਿਰਮਲ)**- ਸ਼੍ਰੋਮਣੀ ਅਕਾਲੀ ਦਲ ਵੱਲੋਂ ਫਿਲੌਰ ਦੇ ਐੱਸ ਡੀ ਐੱਮ ਦਫਤਰ ਅੱਗੇ ਵਧ ਰਹੇ ਬਿਜਲੀ ਕੱਟਾਂ ਅਤੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਬਲਦੇਵ ਸਿੰਘ ਖਹਿਰਾ ਨੇ ਕਿਹਾ ਕਿ ਪੰਜਾਬ ਬਿਜਲੀ ਕੱਟਾਂ ਨਾਲ ਸਭ ਤੋਂ ਵੱਧ ਪ੍ਰਭਾਵਿਤ ਸੂਬਾ ਬਣ ਗਿਆ ਹੈ।ਬਲਦੇਵ ਸਿੰਘ ਖਹਿਰਾ ਨੇ ਦੱਸਿਆ ਕਿ ਵੱਧ ਰਹੀ ਗਰਮੀ ਦੇ ਮੌਸਮ ਵਿੱਚ ਲਗਾਤਾਰ ਲੱਗ ਰਹੇ ਬਿਜਲੀ ਕੱਟਾਂ ਨੇ



ਆਮ ਲੋਕਾਂ ਦੀ ਜ਼ਿੰਦਗੀ ਬਹੁਤ ਮੁਸ਼ਕਿਲ ਬਣਾ ਦਿੱਤੀ ਹੈ। ਕਿਸਾਨਾਂ, ਵਪਾਰੀਆਂ ਅਤੇ ਘਰੇਲੂ ਖਪਤਕਾਰਾਂ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਮੌਕੇ ਤੇ ਪਾਰਟੀ ਵੱਲੋਂ ਸਰਕਾਰ ਤੋਂ ਮੰਗ ਕੀਤੀ ਗਈ ਕਿ ਤੁਰੰਤ ਬਿਜਲੀ ਸਪਲਾਈ ਨੂੰ ਸੁਚੱਜਾ ਬਣਾਇਆ ਜਾਵ। ਰੋਸ ਪ੍ਰਦਰਸ਼ਨ ਦੌਰਾਨ ਐੱਸ ਡੀ ਐੱਮ ਨੂੰ ਇੱਕ ਮੰਗ ਪੱਤਰ ਵੀ ਸੌਂਪਿਆ ਗਿਆ, ਜਿਸ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨ ਦੀ ਮੰਗ ਕੀਤੀ ਗਈ।ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਸੀਨੀਅਰ ਅਕਾਲੀ ਆਗੂ ਮੌਜੂਦ ਸਨ।

# ਡਿਪਟੀ ਕਮਿਸ਼ਨਰ ਨੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

**ਦਸੂਹਾ (ਕਰਨੈਲ ਮਾਂਗਟ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦਸੂਹਾ ਸਬ-ਡਵੀਜ਼ਨ ਵਿਚ ਚੱਲ ਰਹੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਤੇ ਭਲਾਈ ਸਕੀਮਾਂ ਦੀ ਮੌਜੂਦਾ ਸਥਿਤੀ ਦਾ ਜਾਇਜ਼ਾ ਲੈਂਦਿਆਂ ਸੰਬੰਧਤ ਅਧਿਕਾਰੀਆਂ ਨੂੰ ਚੱਲ ਰਹੇ ਵਿਕਾਸ ਕਾਰਜਾਂ ਲਈ ਨਿਰਧਾਰਤ ਸਮੇਂ ਵਿਚ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਸਥਾਨਕ ਮਾਰਕੀਟ ਕਮੇਟੀ ਦਫ਼ਤਰ ਵਿਖੇ ਸਬੰਧਤ ਐੱਸ ਡੀ ਐੱਮਜ਼ ਤੇ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਸਬ-ਡਵੀਜ਼ਨ ਵਿਚ ਚੱਲ ਰਹੀ ਕਣਕ ਦੀ ਖਰੀਦ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਮਿੱਥੇ ਸਮੇਂ ਵਿਚ ਖਰੀਦ ਹੋ ਜਾਣ ਤੋਂ ਬਾਅਦ ਅਦਾਇਗੀਆਂ ਵੀ ਨਿਰਧਾਰਤ ਸਮੇਂ ਵਿਚ ਯਕੀਨੀ ਬਣਾਈਆਂ ਜਾਣ। ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਦੇ ਅਧਿਕਾਰੀਆਂ ਨੇ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ ਜ਼ਿਲ੍ਹੇ ਵਿਚ ਖਰੀਦ ਪ੍ਰਕਿਰਿਆ ਸੁਚੱਜੇ ਢੰਗ ਨਾਲ ਜਾਰੀ ਹੈ ਅਤੇ ਹੁਣ ਤੱਕ ਸਵਾ ਦੋ ਲੱਖ ਮੀਟ੍ਰਿਕ ਟਨ ਦੇ ਕਰੀਬ ਕਣਕ ਦੀ ਮੰਡੀਆਂ ਵਿਚ ਆਮਦ ਹੋ ਚੁੱਕੀ ਹੈ, ਜਿਸ ਵਿਚੋਂ 2.20 ਲੱਖ ਮੀਟ੍ਰਿਕ ਟਨ ਤੋਂ ਵੱਧ ਕਣਕ ਦੀ ਖਰੀਦ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਨਾਲੋਂ-ਨਾਲ ਅਦਾਇਗੀਆਂ ਕੀਤੀ ਜਾ ਰਹੀਆਂ ਹਨ ਅਤੇ ਕੁੱਲ ਖਰੀਦ ਦੀ 99 ਫੀਸਦੀ ਦੇ ਕਰੀਬ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿਚੋਂ ਕਣਕ ਦੀ ਲਿਫਟਿੰਗ ਵੀ ਸੁਚੱਜੇ ਢੰਗ ਨਾਲ ਜਾਰੀ ਹੈ। ਡਿਪਟੀ ਕਮਿਸ਼ਨਰ ਨੇ ਪੰਜਾਬ ਸਿਹਤ ਸਿਸਟਮ ਕਾਰਪੋਰੇਸ਼ਨ ਨਾਲ ਸਬੰਧਤ ਕਾਰਜਾਂ ਦੀ ਪ੍ਰਗਤੀ ਬਾਰੇ ਜਾਣਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਬ-ਡਵੀਜ਼ਨ ਦਸੂਹਾ ਦੇ ਸਿਵਲ ਹਸਪਤਾਲ ਵਿਖੇ ਬਣ ਰਹੇ ਦਵਾਈਆਂ ਦੇ ਵੇਅਰਹਾਊਸ ਦੀ ਉਸਾਰੀ ਦਾ ਕੰਮ ਜਲਦ ਤੋਂ ਜਲਦ ਨੇਪਰੇ ਚਾੜ੍ਹਿਆ ਜਾਵੇ। ਅਧਿਕਾਰੀਆਂ ਨੇ ਦੱਸਿਆ ਕਿ ਦਸੂਹਾ ਵੇਅਰਹਾਊਸ ਆਉਂਦੇ ਦੋ-ਤਿੰਨ ਮਹੀਨਿਆਂ ਤੱਕ ਤਿਆਰ ਹੋ ਜਾਵੇਗਾ। ਡਿਪਟੀ ਕਮਿਸ਼ਨਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣ ਰਹੇ ਹੈਲਥ ਕਾਰਡਾਂ ਬਾਰੇ ਜਾਣਕਾਰੀ ਹਾਸਲ ਕਰਦਿਆਂ ਕਿਹਾ ਕਿ ਸਬ-ਡਵੀਜ਼ਨ ਵਿਚ ਇਹ ਕਾਰਡ ਬਣਾਉਣ ਦੀ ਰਫ਼ਤਾਰ ਨੂੰ ਹੋਰ ਤੇਜ਼ ਕੀਤਾ ਜਾਵੇ ਤਾਂ ਜੋ ਸਿਹਤ ਸੇਵਾਵਾਂ ਦਾ ਲਾਭ ਹਰ ਨਾਗਰਿਕ ਨੂੰ ਮਿਲ ਸਕੇ।



# ਨੌਜਵਾਨਾਂ ਦਾ ਰੁਖ ਖੇਡ ਮੈਦਾਨਾਂ ਵੱਲ ਲਿਆਉਣ 'ਚ ਸਫਲ ਹੋਈ ਸਰਕਾਰ : ਬੈਂਸ

**ਨੰਗਲ (ਹਰਭਜਨ ਸਿੰਘ ਢਿੱਲੋਂ)** ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਕੀਤੇ ਜਾ ਰਹੇ ਉਪਰਾਲੇ ਸਫਲ ਸਾਬਤ ਹੋ ਰਹੇ ਹਨ। ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡ ਮੈਦਾਨਾਂ ਨਾਲ ਜੋੜਨ ਦਾ ਟੀਚਾ ਨਿਰਧਾਰਤ ਕੀਤਾ ਸੀ, ਜਿਸ ਵਿੱਚ ਵੱਡੀ ਕਾਮਯਾਬੀ ਮਿਲੀ ਹੈ। ਉਨ੍ਹਾਂ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਹੀ ਨਹੀਂ, ਸਗੋਂ ਅਨੁਸ਼ਾਸਨ ਅਤੇ ਟੀਮ ਏਕਤਾਂ ਨੂੰ ਵੀ ਮਜ਼ਬੂਤ ਕਰਦੀਆਂ ਹਨ।ਉਨ੍ਹਾਂ ਦੱਸਿਆ ਕਿ ਅਨੰਦਪੁਰ ਸਾਹਿਬ ਪ੍ਰੀਮੀਅਰ ਲੀਗ ਵਿੱਚ ਹਰ ਰੋਜ਼ ਹਜ਼ਾਰਾਂ ਖਿਡਾਰੀ ਉਤਸ਼ਾਹ ਨਾਲ ਹਿੱਸਾ ਲੈ ਰਹੇ ਹਨ। ਬੀ ਬੀ ਐੱਮ ਬੀ ਕ੍ਰਿਕਟ ਗਰਾਂਊਡ ਵਿਖੇ ਨਾਨਗਰਾਂ ਇਲੈਵਨ ਵਿਰੁੱਧ ਪੀ ਜੀ ਕਿੰਗਜ਼ ਨੰਗਲ, ਖੇੜਾ ਕਿੰਗਜ਼ ਵਿਰੁੱਧ ਬ੍ਰਹਮਪੁਰ ਰੌਇਲ ਫਾਰਮੇਸ, ਛੋਟੇਵਾਲ ਵਾਰਿਅਰਜ਼ ਵਿਰੁੱਧ ਅਜੌਲੀ ਪੈਂਥਰਜ਼, ਪ੍ਰੀਲਿਅਮ ਨੰਬਰ 4 ਦੇ ਜੇਤੂ ਵਿਰੁੱਧ ਨੰਗਲ ਰਾਜਨਗਰ ਰੌਇਲਜ਼, ਸਵਾਮੀਪੁਰ ਕਿੰਗਜ਼ ਵਿਰੁੱਧ ਨੰਗਲ ਸਟ੍ਰਾਈਬਰਜ਼, ਕਿੰਗਜ਼ ਐਕਸਆਈ ਪੱਟੀ ਵਿਰੁੱਧ ਬ੍ਰਹਮਪੁਰ ਕਿੰਗਜ਼, ਬੇਲਾ ਧਿਆਨੀ ਲੋਅਰ ਕਿੰਗਜ਼ ਵਿਰੁੱਧ ਤਾਸ਼ਨ ਟਾਈਟਨਜ਼, ਤਲਵਾੜਾ ਇਲੈਵਨ ਵਿਰੁੱਧ ਸੁਖਸਾਲ ਮਹਾਦੇਵ ਸਪੋਰਟਸ ਕਲੱਬ, ਸਿੰਘਪੁਰ ਵਾਰਿਅਰਜ਼ ਵਿਰੁੱਧ ਪ੍ਰੀਲਿਅਮ ਨੰਬਰ 1 ਦੇ ਜੇਤੂ, ਰੋਇਲ ਚੈਲੇਂਜਰਸ ਭਨਾਮ ਵਿਰੁੱਧ ਜੌਹਲ ਕਿੰਗਜ਼, ਰਾਏਪੁਰ ਅਵੈਂਜਰਸ ਵਿਰੁੱਧ ਮੈਦਾਮਾਜਰਾ 11 ਦੇ ਮੁਕਾਬਲੇ ਕਰਵਾਏ ਗਏ। ਇਸੇ ਤਰਾਂ ਚਰਨ ਗੰਗਾ ਸਟੈਡੀਅਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਜਾਰਾ ਰਿਵੇਂਜਰਜ਼ ਵਿਰੁੱਧ ਗੰਗੂਵਾਲ ਕਿੰਗਜ਼, ਖਮੇਰਾ ਬੰਡਰਜ਼ ਵਿਰੁੱਧ ਥਲੂਹ ਟਾਈਟਨ, ਅਗੰਮਪੁਰ ਈਗਲਜ਼ ਵਿਰੁੱਧ ਏਪੀਐਸ ਮਜਾਰਾ ਕਿੰਗਜ਼, ਪ੍ਰੀਲਿਅਮ ਨੰਬਰ 7 ਦੇ ਜੇਤੂ ਵਿਰੁੱਧ ਮਟੌਰ ਪੈਂਥਰਜ਼, ਪ੍ਰੀਲਿਅਮ ਨੰਬਰ 19 ਦੇ ਜੇਤੂ ਵਿਰੁੱਧ ਪ੍ਰੀਲਿਅਮ ਨੰਬਰ 17 ਦੇ ਜੇਤੂ, ਮਜਾਰਾ ਕਿੰਗਜ਼ ਵਿਰੁੱਧ ਪ੍ਰੀਲਿਅਮ ਨੰਬਰ 15 ਦੇ ਜੇਤੂ, ਪ੍ਰੀਲਿਅਮ ਨੰਬਰ 12 ਦੇ ਜੇਤੂ ਵਿਰੁੱਧ ਪ੍ਰੀਲਿਅਮ ਨੰਬਰ 13 ਦੇ ਜੇਤੂ, ਪ੍ਰੀਲਿਅਮ ਨੰਬਰ 14 ਦੇ ਜੇਤੂ ਵਿਰੁੱਧ ਪ੍ਰੀਲਿਅਮ ਨੰਬਰ 20 ਦੇ ਜੇਤੂ, ਖਾਲਸਾ ਵਾਰਿਅਰਜ਼ ਕਾਲਿੱਤਰਾਂ ਵਿਰੁੱਧ ਦੋਨਾਲ ਕਿੰਗਜ਼ ਦੇ ਮੁਕਾਬਲੇ ਹੋਏ। ਕਾਹੀਵਾਲ ਗਰਾਂਊਡ ਵਿਖੇ ਲਖੇੜ ਧਨੇਰਾ ਸਟ੍ਰਾਈਕਰ ਵਿਰੁੱਧ ਤਾਜਪੁਰ ਇਲੇਵਨ, ਨਮੋਹ ਲਾਇਅਨਜ਼ ਵਿਰੁੱਧ ਹਰੀਪੁਰ ਕਿੰਗਜ਼, ਗਲੇਡੀਏਟਰ ਮੀਆਂਪੁਰ ਐਕਸਆਈ ਵਿਰੁੱਧ ਕਾਹੀਵਾਲ ਟਾਈਗਰਜ਼, ਮੱਸੇਵਾਲ ਵਾਰੀਅਰਜ਼ ਵਿਰੁੱਧ ਭਾਲੋਵਾਲ ਵਾਰਿਅਰਜ਼, ਸ਼ਹੀਦ ਉਧਮ ਸਿੰਘ ਸਪੋਰਟਸ ਕਲੱਬ ਦੈਹਣੀ ਵਿਰੁੱਧ ਪ੍ਰੀਲਿਅਮ ਨੰਬਰ 2 ਦੇ ਜੇਤੂ, ਨੱਕੀਆਂ ਸੁਪਰ ਕਿੰਗਜ਼ ਵਿਰੁੱਧ ਕੀਰਤਪੁਰ ਵਾਰਿਅਰਜ਼ ਦੇ ਮੁਕਾਬਲੇ ਕਰਵਾਏ ਗਏ।



# ਗੰਨੇ ਦੀ ਸਬਸਿਡੀ ਸਰਕਾਰ ਖਾਤਿਆਂ 'ਚ ਪਾਵੇ : ਚੌਹਾਨ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਦੋਆਬਾ ਕਿਸਾਨ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਜੰਗਵੀਰ ਸਿੰਘ ਚੋਹਾਨ ਨੇ ਇਕ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਗੰਨੇ ਦੀ ਬਕਾਇਆ ਰਾਸ਼ੀ ਜੋ ਸਰਕਾਰ ਵੱਲ ਬਕਾਇਆ ਹੈ ਗੰਨੇ ਦੀ ਪਿੜਾਈ ਦਾ ਸੀਜ਼ਨ 2025-2026 ਸਮਾਪਤ ਹੋ ਗਿਆ ਚਾਰ ਮਹੀਨੇ ਬੀਤ ਜਾਣ ਦੇ ਬਾਵਜੂਦ ਵੀ ਪੰਜਾਬ ਸਰਕਾਰ ਵੱਲੋਂ ਕੀਤੇ ਹੋਏ ਵਾਅਦੇ ਮੁਤਾਬਕ ਜੋ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ 68 ਰੁਪਏ 50 ਪੈਸੇ ਕਿਸਾਨਾਂ ਦੇ ਖਾਤਿਆਂ ਦੇ ਵਿੱਚ ਸਬਸਿਡੀ ਦੇ ਰੂਪ ਵਿੱਚ ਸਿੱਧੇ ਪਾਏ ਜਾਣਗੇ ਉਹ ਰਾਸ਼ੀ ਕਰੀਬ 250 ਕਰੋੜ ਰੁਪਏ ਬਣਦੀ ਹੈ ਪੰਜਾਬ ਦੀਆਂ ਛੇ ਪ੍ਰਾਈਵੇਟ ਮਿਲਾਂ ਵਿੱਚ ਕਿਸਾਨਾਂ ਨੇ ਆਪਣੇ ਗੰਨੇ ਨੂੰ ਸਪਲਾਈ ਕੀਤਾ ਸੀ। ਸਰਕਾਰ ਨੇ ਚੁੱਪੀ ਧਾਰੀ ਹੋਈ ਹੈ ਪੰਜਾਬ ਵਿੱਚ ਗੰਨੇ ਹੇਠ ਰਕਬਾ ਦਿਨੋ ਦਿਨ ਘੱਟ ਰਿਹਾ ਹੈ ਹੈ ਪਿਛਲੇ ਸੀਜ਼ਨ ਦੌਰਾਨ ਵੀ ਖੰਡ ਮਿੱਲਾਂ ਵਿੱਚ ਗੰਨੇ ਦੀ ਕਾਫੀ ਘਾਟ ਆਈ ਜੇਕਰ ਸਰਕਾਰ ਨੇ ਕਿਸਾਨਾਂ ਦੀ ਬਾਹ ਨਾ ਫੜੀ ਸਮੇਂ ਸਿਰ 68 ਰੁਪਏ 50 ਪੈਸੇ ਦੀ ਅਦਾਇਗੀ ਨਾ ਕੀਤੀ ਤੇ ਅਗਲੇ ਸੀਜ਼ਨ ਵਿੱਚ ਵੀ ਜਿਹੜੇ ਕਿਸਾਨ ਗੰਨੇ ਦੀ ਫਸਲ ਤੋਂ ਮੂੰਹ ਮੋੜਨਗੇ। ਚੌਹਾਨ ਨੇ ਕਿਹਾ ਕਿ ਸਹਾਇਕ ਕਮਿਸ਼ਨਰ ਹੁਸ਼ਿਆਰਪੁਰ ਨੂੰ ਮੰਗ ਪੱਤਰ ਦੇਣ ਤੇ ਕੋਈ ਵੀ ਹੱਲ ਨਹੀਂ ਨਿਕਲਿਆ ਨਾਲ ਹੀ ਉਹਨਾਂ ਕਿਹਾ ਕਿ ਮੁੱਖ ਖੇਤੀਵਾੜੀ ਸਕੱਤਰ ਅਰਸ਼ਪ੍ਰੀਤ ਸਿੰਘ ਬਿੰਦ ਨਾਲ ਫ਼ੋਨ ਤੇ ਗੱਲਬਾਤ ਕੀਤੀ ਤੇ ਉਹਨਾਂ ਭਰੋਸਾ ਦਿਵਾਇਆ ਸੀ ਪਰੰਤੂ ,ਕਿਸਾਨਾਂ ਦੇ ਬੋਝੇ ਖਾਲੀ ਹਨ। ਚੋਹਾਨ ਨੇ ਕਿਹਾ ਕਿ ਜੇਕਰ ਸਰਕਾਰ ਨੇ ਗੰਨੇ ਦੀ ਸਬਸਿਡੀ ਦੇ ਬਕਾਏ ਪੈਸੇ ਨਾ ਪਾਏ ਤਾਂ ਨੈਸ਼ਨਲ ਹਾਈਵੇ ਜਾਮ ਕਰਨ ਲਈ ਮਜਬੂਰ ਹੋਵਾਂਗੇ।



# ਸੇਵਾਮੁਕਤ ਪੁਲਸ ਅਧਿਕਾਰੀਆਂ ਦਾ ਵਿਦਾਇਗੀ ਸਮਾਰੋਹ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੁਲਿਸ ਲਾਈਨ ਜਲੰਧਰ ਵਿਖੇ ਕਮਿਸ਼ਨਰੇਟ ਪੁਲਿਸ ਜਲੰਧਰ ਵੱਲੋਂ 17 ਸੇਵਾਮੁਕਤ ਪੁਲਿਸ ਅਧਿਕਾਰੀਆਂ ਦੇ ਸਨਮਾਨ ਵਿੱਚ ਵਿਸ਼ੇਸ਼ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਹ ਅਧਿਕਾਰੀ ਕਮਿਸ਼ਨਰੇਟ ਪੁਲਿਸ ਜਲੰਧਰ ਦੇ ਵਿੱਚ ਲੰਬੇ ਸਮੇਂ ਤੱਕ ਸਮਰਪਿਤ ਸੇਵਾ ਨਿਭਾਉਣ ਤੋਂ ਬਾਅਦ ਸੇਵਾਮੁਕਤ ਹੋਏ ਹਨ। ਇਸ ਵਿਦਾਇਗੀ ਸਮਾਰੋਹ ਦੇ ਮੌਕੇ ਕਮਿਸ਼ਨਰ ਪੁਲਿਸ ਜਲੰਧਰ ਧਨਪ੍ਰੀਤ ਕੌਰ, ਸੁਖਵਿੰਦਰ ਸਿੰਘ ਤੇ ਏ ਸੀ ਪੀ ਹੈਡਕੁਆਰਟਰ ਕਰਨੈਲ ਸਿੰਘ ਵੱਲੋਂ ਸੇਵਾਮੁਕਤ ਅਧਿਕਾਰੀਆਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਉਨ੍ਹਾਂ ਦੀ ਪੁਲਿਸ ਵਿਭਾਗ ਪ੍ਰਤੀ ਇਮਾਨਦਾਰ ਸੇਵਾ, ਅਨੁਸ਼ਾਸਨ ਅਤੇ ਜ਼ਿੰਮੇਵਾਰੀ ਨਾਲ ਨਿਭਾਈ ਗਈ ਡਿਊਟੀ ਲਈ ਸ਼ੁਕਰਾਨਾ ਅਦਾ ਕੀਤਾ। ਇਸ ਦੌਰਾਨ ਕਮਿਸ਼ਨਰੇਟ ਪੁਲਿਸ ਜਲੰਧਰ ਦੇ ਅਧਿਕਾਰੀਆਂ ਵੱਲੋਂ ਆਪਣੇ ਵਿਚਾਰ ਸਾਂਝੇ ਕੀਤੇ, ਜਿਨ੍ਹਾਂ ਵਿੱਚ ਸੇਵਾਮੁਕਤ ਅਧਿਕਾਰੀਆਂ ਦੀ ਲੰਬੀ ਸੇਵਾ, ਸਮਰਪਣ ਅਤੇ ਵਿਭਾਗ ਪ੍ਰਤੀ ਦਿੱਤੇ ਮਹੱਤਵਪੂਰਨ ਯੋਗਦਾਨ ਦੀ ਪ੍ਰਸ਼ੰਸਾ ਕੀਤੀ ਗਈ। ਇਹਨਾਂ ਸੇਵਾ ਮੁਕਤ ਅਧਿਕਾਰੀਆਂ ਦੇ ਵਿੱਚ 2 ਇੰਸਪੈਕਟਰ, 3 ਸਬ-ਇੰਸਪੈਕਟਰ ਅਤੇ 12 ਸਹਾਇਕ ਸਬ-ਇੰਸਪੈਕਟਰ ਰੈਂਕ ਦੇ ਅਧਿਕਾਰੀ ਹਨ, ਇਹਨਾਂ ਅਧਿਕਾਰੀਆਂ ਨੇ ਕਮਿਸ਼ਨਰੇਟ ਜਲੰਧਰ ਪੁਲਿਸ ਦੇ ਵੱਖ-ਵੱਖ ਪੁਲਿਸ ਸਟੇਸ਼ਨਾਂ, ਯੂਨਿਟਾਂ ਅਤੇ ਸ਼ਾਖਾਵਾਂ ਵਿੱਚ ਆਪਣੀਆਂ ਡਿਊਟੀਆਂ ਨਿਸ਼ਠਾ, ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਨਿਭਾਈ ਹੈ, ਜਿਸ ਲਈ ਕਮਿਸ਼ਨਰੇਟ ਜਲੰਧਰ ਪੁਲਿਸ ਉਨ੍ਹਾਂ ਦਾ ਦਿਲੋਂ ਧੰਨਵਾਦੀ ਹੈ। ਸਮਾਗਮ ਦੌਰਾਨ ਸੇਵਾਮੁਕਤ ਅਧਿਕਾਰੀਆਂ ਦੇ ਪਰਵਾਰਕ ਮੈਂਬਰ ਵੀ ਮੌਜੂਦ ਰਹੇ।



# ਡੇਂਗੂ ਰੋਕਥਾਮ ਮੁਹਿੰਮ ਦਾ ਨਿਰੀਖਣ

**ਮੋਹਾਲੀ, ਜ਼ੀਰਕਪੁਰ (ਗੁਰਜੀਤ ਬਿੱਲਾ, ਵਿਨੈ ਕੁਮਾਰ ਜੈਨ)**- ਜ਼ਿਲ੍ਹਾ ਵਾਸੀਆਂ ਨੂੰ ਡੇਂਗੂ ਬੁਖ਼ਾਰ ਤੋਂ ਬਚਾਉਣ ਲਈ ਜ਼ਿਲ੍ਹਾ ਸਿਹਤ ਵਿਭਾਗ ਨੇ ਡੇਂਗੂ ਰੋਕਥਾਮ ਮੁਹਿੰਮ ਸ਼ੁਰੂ ਕਰ ਦਿਤੀ ਹੈ। ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਦੀ ਅਗਵਾਈ ਹੇਠ ਸਿਹਤ ਕਾਮਿਆਂ ਦੀਆਂ ਟੀਮਾਂ 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਕੰਟੇਨਰ ਸਰਵੇ ਕਰ ਰਹੀਆਂ ਹਨ। ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਅਗਵਾਈ ਹੇਠ ਜ਼ਿਲ੍ਹੇ ਵਿਚ ਚੈਕਿੰਗ ਮੁਹਿੰਮ ਚਲਾਈ ਗਈ। ਡਾ. ਜੈਨ ਨੇ ਖ਼ੁਦ ਢਕੋਲੀ ਵਿਖੇ ਗੁਰੂ ਨਾਨਕ ਕਾਲੋਨੀ ਤੇ ਗੁਰੂ ਨਾਨਕ ਇਨਕਲੇਵ ਵਿਖੇ ਡੇਂਗੂ ਰੋਕਥਾਮ ਮੁਹਿੰਮ ਦਾ ਨਿਰੀਖਣ ਕੀਤਾ ਅਤੇ ਜ਼ਰੂਰੀ ਹਦਾਇਤਾਂ ਦਿਤੀਆਂ। ਇਸ ਮੌਕੇ ਗੱਲਬਾਤ ਕਰਦਿਆਂ ਸਿਵਲ ਸਰਜਨ ਨੇ ਆਖਿਆ ਕਿ ਡੇਂਗੂ ਜਿਹੇ ਮਾਰੂ ਬੁਖ਼ਾਰ ਤੋਂ ਬਚਾਅ ਲਈ ਸਾਰਿਆਂ ਨੂੰ ਜਾਗਰੂਕ ਹੋਣ ਅਤੇ ਸਾਵਧਾਨੀਆਂ ਵਰਤਣ ਦੀ ਲੋੜ ਹੈ। ਕਿਸੇ ਵੀ ਥਾਂ 'ਤੇ ਪਾਣੀ ਜਮ੍ਹਾਂ ਨਾ ਹੋਣ ਦਿਤਾ ਜਾਵੇ ਤਾਕਿ ਡੇਂਗੂ ਬੁਖ਼ਾਰ ਲਈ ਜ਼ਿੰਮੇਵਾਰ ਮੱਛਰ ਪੈਦਾ ਨਾ ਹੋ ਸਕੇ। ਉਨ੍ਹਾਂ ਡੇਂਗੂ ਦੀ ਰੋਕਥਾਮ ਲਈ ਜ਼ਿਲ੍ਹਾ ਵਾਸੀਆਂ ਨੂੰ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਲੋਕਾਂ ਦੀ ਮਦਦ ਨਾਲ ਹੀ ਜ਼ਿਲ੍ਹੇ ਨੂੰ ਡੇਂਗੂ ਮੁਕਤ ਬਣਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਸਿਹਤ ਵਿਭਾਗ ਡੇਂਗੂ ਦੀ ਰੋਕਥਾਮ ਲਈ ਲਈ ਅਪਣੀ ਪੂਰੀ ਵਾਹ ਲਾਉਂਦਾ ਹੈ ਪਰ ਲੋਕਾਂ ਨੂੰ ਵੀ ਇਸ ਮੁਹਿੰਮ ਵਿਚ ਵਿਭਾਗ ਦਾ ਸਾਥ ਦੇਣ ਦੀ ਲੋੜ ਹੈ। ਕਿਸੇ ਤਰ੍ਹਾਂ ਦੀ ਜਾਣਕਾਰੀ ਲਈ ਸਿਹਤ ਵਿਭਾਗ ਦੇ ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ।



# ਪਾਵਰਕਾਮ ਠੇਕਾ ਕਾਮਿਆਂ ਨੇ ਵਿੱਤ ਮੰਤਰੀ ਦਾ ਪੁਤਲਾ ਫੂਕਿਆ

**ਅੱਡਾ ਸਰਾਂ/ ਟਾਂਡਾ ਉੜਮੁੜ (ਜਸਵੀਰ ਕਾਜਲ, ਉਂਕਾਰ ਸਿੰਘ)**- ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਪੰਜਾਬ ਦੇ ਵੱਲੋਂ ਆਊਟ ਸੋਰਸਡ ਠੇਕਾ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਿਲ ਕਰਨ, ਘੱਟੋ ਘੱਟ ਗੁਜ਼ਾਰੇ ਯੋਗ ਤਨਖਾਹ ਲਾਗੂ ਕਰਨ, ਬਿਜਲੀ ਦਾ ਕਰੰਟ ਲੱਗਣ ਕਾਰਨ ਝੁਲਸ ਗਏ ਕਾਮਿਆਂ ਅਤੇ ਮੌਤ ਦੇ ਮੂੰਹ ਪਏ ਕਾਮਿਆਂ ਦੇ ਵਾਰਸਾਂ ਨੂੰ ਪੱਕੀ ਨੌਕਰੀ ਪੱਕੀ ਪੈਨਸ਼ਨ ਦੀ ਗਰੰਟੀ ਕਰਨ ਤੇ ਨਿੱਜੀਕਰਨ ਦੀ ਨੀਤੀ ਨੂੰ ਰੱਦ ਕਰਵਾਉਣ ਦੇ ਲਈ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ । ਟਾਂਡਾ ਵਿਚ ਰੋਸ ਜ਼ਾਹਰ ਕਰਦਿਆਂ ਪਰਮਿੰਦਰਪਾਲ, ਜਸਪ੍ਰੀਤ ਸਿੰਘ, ਰਮਨਦੀਪ ਸਿੰਘ, ਗੁਰਦੀਪ ਸਿੰਘ, ਹਰਜੋਤ ਸਿੰਘ, ਰਾਜਵੀਰ ਸਿੰਘ, ਗੁਰਵਿੰਦਰ ਸਿੰਘ, ਰਮਿੰਦਰ ਸਿੰਘ ਕਰਦਿਆਂ ਆਖਿਆ ਕਿ ਪ੍ਰਧਾਨ ਤਰਲੋਚਨ ਰੱਤੂ, ਜਰਨਲ ਸਕੱਤਰਪਰਮਿੰਦਰ ਸਿੰਘ ਦੀ ਅਗਵਾਈ ਵਿਚ ਪਿਛਲੇ ਦਿਨੇ 16 ਦਿਨ ਲਗਾਤਾਰ ਹੜਤਾਲ ਕਰ ਬਿਜਲੀ ਮੰਤਰੀ ਸਮੇਤ ਅਮਨ ਅਰੋੜਾ ਅਤੇ ਪਾਵਰਕਾਮ ਦੇ ਮੁੱਖ ਦਫਤਰ ਅੱਗੇ ਲਗਾਤਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਜਿਸ ਦੇ ਸਿੱਟੇ ਵਜੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਬਿਜਲੀ ਮੰਤਰੀ ਨਾਲ ਬੈਠਕ ਹੋਈ ਜਿਸ ਵਿੱਚ 30 ਅਪ੍ਰੈਲ ਨੂੰ ਮੀਟਿੰਗ ਕਰ ਮੰਗਾਂ ਨੂੰ ਹੱਲ ਕਰਨ ਦਾ ਭਰੋਸਾ ਦਵਾਇਆ ਗਿਆ ਸੀ। ਜਦੋਂ ਕਿ ਆਪਣੇ 16 ਦਿਨ ਦਾ ਧਰਨਾ ਜਥੇਬੰਦੀ ਵੱਲੋਂ ਮੁਲਤਵੀ ਕਰ ਦਿੱਤਾ ਗਿਆ ਸੀ। ਪਰ ਸਰਕਾਰ ਵੱਲੋਂ 30 ਅਪ੍ਰੈਲ ਦੀ ਮੀਟਿੰਗ ਮੁਲਤਵੀ ਕਰ ਦਿੱਤੀ ਗਈ ਅਤੇ ਮੰਗਾਂ ਦਾ ਨਿਪਟਾਰਾ ਨਹੀਂ ਕੀਤਾ ਗਿਆ। ਬਿਜਲੀ ਸਪਲਾਈ ਨੂੰ ਬਹਾਲ ਰੱਖਦਿਆਂ ਲਗਾਤਾਰ ਬਿਜਲੀ ਦੀ ਲਪੇਟ ਵਿੱਚ ਆ ਕੇ ਕਾਮਿਆਂ ਦੀਆਂ ਕੀਮਤੀ ਜਾਨਾਂ ਜਾ ਰਹੀਆਂ ਹਨ ਅਤੇ ਕਈ ਕਾਮੇ ਅਪੰਗ ਹੋ ਰਹੇ ਹਨ ਜਥੇਬੰਦੀ ਵੱਲੋਂ ਮੰਗ ਕੀਤੀ ਗਈ ਕਿ ਸੁਰੱਖਿਆ ਲਈ ਪੁਖਤਾ ਪ੍ਰਬੰਧ ਕੀਤੇ ਜਾਣ ਅਤੇ ਸਮੂਹ ਆਊਟ ਸੋਰਸਡ ਠੇਕਾ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਿਲ ਕੀਤਾ ਜਾਵ। ਜਥੇਬੰਦੀ ਵੱਲੋਂ ਮੁਕੰਮਲ ਹੜਤਾਲ ਸ਼ੁਰੂ ਕਰ ਪੰਜਾਬ ਭਰ ਦੇ ਵਿੱਤ ਮੰਤਰੀ ਸਮੇਤ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਗਏ ਅਤੇ ਉਦੋਂ ਤੱਕ ਸੰਘਰਸ਼ ਜਾਰੀ ਰੱਖਣ ਦਾ ਫੈਸਲਾ ਕੀਤਾ ਜਦੋਂ ਤੱਕ ਮੰਗਾਂ ਦਾ ਨਿਪਟਾਰਾ ਨਹੀਂ ਹੁੰਦਾ। ਅੱਜ 1 ਮਈ ਨੂੰ ਮਈ ਦਿਵਸ ਮੌਕੇ ਵਿੱਤ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦਾ ਫੈਸਲਾ ਕੀਤਾ।



# ਅਨੰਦਪੁਰ ਸਾਹਿਬ ਪ੍ਰੀਮੀਅਰ ਲੀਗ ਲਈ ਖਿਡਾਰੀਆਂ 'ਚ ਭਾਰੀ ਉਤਸ਼ਾਹ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਰਾਜ ਦੀਆਂ ਸਭ ਤੋਂ ਵੱਡੀਆਂ ਕ੍ਰਿਕਟ ਲੀਗਾਂ ਵਿੱਚੋਂ ਇੱਕ ਅਨੰਦਪੁਰ ਸਾਹਿਬ ਪ੍ਰੀਮੀਅਰ ਲੀਗ ਲਈ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਹਰ ਰੋਜ਼ ਵੱਖ-ਵੱਖ ਖੇਡ ਮੈਦਾਨਾਂ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਖਿਡਾਰੀ ਅਤੇ ਦਰਸ਼ਕ ਪਹੁੰਚ ਰਹੇ ਹਨ, ਜਿਸ ਨਾਲ ਖੇਡ ਮੈਦਾਨ ਰੌਣਕਾਂ ਨਾਲ ਭਰ ਗਏ ਹਨ। ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਦੇ ਮੰਤਵ ਨਾਲ ਸ਼ੁਰੂ ਕੀਤੀ ਗਈ ਇਸ ਲੀਗ ਨੇ ਇਲਾਕੇ ਵਿੱਚ ਖੇਡਾਂ ਦਾ ਨਵਾਂ ਮਾਹੌਲ ਤਿਆਰ ਕਰ ਦਿੱਤਾ ਹੈ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਨਾਲ ਜੋੜਨ ਲਈ ਕੀਤੇ ਜਾ ਰਹੇ ਯਤਨਾਂ ਨੂੰ ਵੱਡੀ ਸਫਲਤਾ ਮਿਲ ਰਹੀ ਹੈ। ਉਨ੍ਹਾਂ ਦੱਸਿਆ ਕਿ ਬੀ.ਬੀ.ਐਮ.ਬੀ ਕ੍ਰਿਕਟ ਮੈਦਾਨ ਵਿੱਚ ਪੱਟੀ ਪੈਂਥਰਜ਼ ਵਿਰੁੱਧ ਨੰਗਲ ਕਿੰਗਜ਼, ਮੋਜੋਵਾਲ ਮਾਰਵਲਜ਼ ਵਿਰੁੱਧ ਮਾਨਕਪੁਰ ਕਿੰਗਜ਼, ਨੰਗਲ ਸੁਪਰ ਕਿੰਗਜ਼ ਵਿਰੁੱਧ ਪਲਾਸੀ ਪੈਂਥਰਜ਼, ਕੁਲਗਰਾਂ 11 ਵਿਰੁੱਧ ਭਨੂਪਲੀ ਵਾਰਿਅਰਜ਼, ਬਿਭੌਰ 11 ਵਿਰੁੱਧ ਜਵਾਹਰ ਮਾਰਕੀਟ 11, ਨਯਾ ਨੰਗਲ ਇਲਾਈਟ ਵਿਰੁੱਧ ਬਾਸ ਬਲਾਸਟਰਜ਼, ਭੱਲੜੀ ਪੈਂਥਰਜ਼ ਵਿਰੁੱਧ ਪ੍ਰੀਲੀਅਮ ਜੇਤੂ ਟੀਮਾਂ ਤੇ ਹੋਰ ਕਈ ਰੋਮਾਂਚਕ ਮੁਕਾਬਲੇ ਕਰਵਾਏ ਗਏ। ਚਰਨ ਗੰਗਾ ਸਟੇਡੀਅਮ ਸ੍ਰੀ ਅਨੰਦਪੁਰ ਸਾਹਿਬ ਵਿੱਚ ਵੀ ਕਿੰਗਜ਼ 11 ਬਾਸੋਵਾਲ ਵਿਰੁੱਧ ਏ.ਪੀ.ਐਸ. ਚੋਬਰ ਟਾਈਟਨਸ, ਲੋਧੀਪੁਰ 11 ਵਿਰੁੱਧ ਰਾਮਪੁਰ 11, ਸਜਮੌਰ ਕਿੰਗਜ਼ ਵਿਰੁੱਧ ਕਿੰਗਜ਼ XI ਮਟੌਰ, ਏ ਪੀ ਐਸ ਯੋਧੇ ਵਿਰੁੱਧ ਮਹਿਰੌਲੀ ਗੱਭਰੂ 11, ਸੂਰੇਵਾਲ 11 ਵਿਰੁੱਧ ਜਿੰਦਵੜੀ ਵਾਰੀਅਰਜ਼ ਸਮੇਤ ਕਈ ਟੀਮਾਂ ਦੇ ਮੁਕਾਬਲੇ ਹੋਏ। ਕਾਹੀਵਾਲ ਮੈਦਾਨ ਵਿੱਚ ਵੀ ਕਈ ਟੀਮਾਂ ਦਰਮਿਆਨ ਮੁਕਾਬਲੇ ਕਰਵਾਏ ਗਏ। ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਬਰੇਵ ਹਾਰਟ ਵਾਰੀਅਰਜ਼ ਜਿੰਦਵੜੀ, ਘਨਾਰੂ ਰੋਇਲਸ, ਬਾਸੋਵਾਲ ਕਲੋਨੀ ਪੈਂਥਰਸ, ਮੀਢਵਾ ਕਿੰਗਜ਼, ਕਿੰਗਜ਼ 11 ਸੂਰੇਵਾਲ, ਥਲੂਹ ਵਾਰੀਅਰਜ਼, ਗਰਾ ਪੈਂਥਰਸ, ਏਪੀਐਸ ਕਿੰਗਜ਼ 11, ਸੂਰੇਵਾਲ ਅੱਪਰ ਵਾਰੀਅਰਜ਼, ਕਿੰਗਜ਼ 11 ਬਾਸੋਵਾਲ, ਰਾਮਪੁਰ 11, ਕਿੰਗਜ਼ 11 ਮਟੌਰ ਅਤੇ ਮਹਿਰੌਲੀ ਗੱਭਰੂ ਦੀਆਂ ਟੀਮਾਂ ਨੇ ਜਿੱਤ ਦਰਜ ਕੀਤੀ ਹੈ। ਸਾਰੀਆਂ ਟੀਮਾਂ ਨੂੰ ਜਰਸੀਆਂ ਅਤੇ ਵਿਸ਼ੇਸ਼ ਕ੍ਰਿਕਟ ਕਿੱਟਾਂ ਵੀ ਦਿੱਤੀਆਂ ਗਈਆਂ ਹਨ। ਇਸ ਮੌਕੇ ਕਮਿੱਕਰ ਸਿੰਘ ਡਾਢੀ, ਗੁਰਪ੍ਰੀਤ ਸਿੰਘ ਅਰੋੜਾ, ਦੀਪਕ ਆਂਗਰਾ, ਤਰਲੋਚਨ ਸਿੰਘ ਲੋਚੀ, ਅਭੀਜੀਤ ਸਿੰਘ, ਧਰਮ ਸਿੰਘ ਰਾਣਾ, ਸੁਖਵਿੰਦਰ ਸਿੰਘ ਬਾਸੋਵਾਲ, ਹਰਪ੍ਰੀਤ ਸਿੰਘ, ਗੋਲਡੀ ਗੱਜਪੁਰ, ਸਾਹਿਲ, ਸੁਮਿਤ ਭਾਰਤਵਾਜ, ਨਿਤਿਨ, ਮਨਿੰਦਰ ਕੈਫ, ਦਲਜੀਤ ਸਿੰਘ, ਰਾਮਪਾਲ ਚੌਧਰੀ, ਦਿਲਬਾਗ, ਕੇਸਰ ਸੰਧੂ ਆਦਿ ਹਾਜ਼ਰ ਸਨ।



# ਲਾਇਬ੍ਰੇਰੀ ਦਾ ਉਦਘਾਟਨ ਅੱਜ

**ਲੋਹੀਆਂ ਖਾਸ (ਰੀਨਾ ਸ਼ਰਮਾ, ਯੋਗੇਸ਼ਵਰ)** : ਗੁਰੂ ਨਾਨਕ ਮੋਦੀਖਾਨਾ ਚੈਰੀਟੇਬਲ ਟਰੱਸਟ ਲੋਹੀਆਂ ਖ਼ਾਸ, ਗੁ: ਸਿੱਖ ਸੈਂਟਰ ਆਫ਼ ਸਿਆਟਲ ਅਤੇ ਸੋਚ ਸੈਂਟਰ ਸਿਆਟਲ ਅਮਰੀਕਾ ਵੱਲੋਂ ਲੋਹੀਆਂ ਇਲਾਕੇ ਵਿੱਚ ਮੈਡੀਕਲ ਸੇਵਾਵਾਂ ਦੇ ਖੇਤਰ 'ਚ ਇੱਕ ਕਦਮ ਹੋਰ ਅੱਗੇ ਵਧਾਉਂਦਿਆਂ 'ਲਾਈਫ਼ ਕੇਅਰ ਫਾਊਂਡੇਸ਼ਨ' (ਡੇਰਾ ਬੱਸੀ) ਦੇ ਸਹਿਯੋਗ ਨਾਲ ਸ਼ਹਿਰ ਵਿੱਚ 'ਗੁਰੂ ਨਾਨਕ ਮੋਦੀਖਾਨਾ ਚੈਰੀਟੇਬਲ ਲੈਬੋਟਰੀ' ਦੇ ਨਾਮ ਹੇਠ ਕੁਲੈਕਸ਼ਨ ਸੈਂਟਰ ਖੋਲ੍ਹਿਆ ਜਾ ਰਿਹਾ ਹੈ ਜਿੱਥੇ ਕਿ ਰੋਜ਼ਾਨਾ 'ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ' ਸੈਂਪਲ ਲਏ ਜਾਣਗੇ ਤੇ ਸਾਰੇ ਟੈਸਟਾਂ ਦੀ ਫੀਸ ਮਮੂਲੀ ਹੋਵੇਗੀ। ਸਤਿੰਦਰ ਸਿੰਘ ਖ਼ਾਲਸਾ, ਦਵਿੰਦਰ ਸਿੰਘ ਬਿੱਲਾ, ਅਮਰਜੀਤ ਸਿੰਘ ਅਹੂਜਾ, ਸੁਖਵਿੰਦਰ ਸਿੰਘ ਸੈਂਹਬੀ, ਮਾ: ਪਰਮਿੰਦਰ ਸਿੰਘ, ਅਮਨਦੀਪ ਸਿੰਘ ਦੇਵਗੁਣ ਅਤੇ ਈਸ਼ਵਰ ਸਿੰਘ ਕੰਗ ਨੇ ਦੱਸਿਆ ਕਿ ਸੰਗਮ ਹਸਪਤਾਲ ਦੇ ਸਾਹਮਣੇ ਮਸੀਤ ਵਾਲੀ ਗਲੀ 'ਚ ਜੈਨੇਂਦਰ ਪ੍ਰਾਸ਼ਰ ਗੋਲਡੀ ਦੇ ਮਕਾਨ ਵਿੱਚ ਲੈਬ: ਸ਼ੁਰੂਆਤ ਮੌਕੇ ਭਾਵ 1 ਮਈ ਦਿਨ ਸ਼ੁਕਰਵਾਰ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਇੱਕ ਵਿਸ਼ੇਸ਼ ਕੈਂਪ ਦੌਰਾਨ ਗੁਰਦਿਆਂ ਦੇ ਪੰਜ ਟੈਸਟ, ਯੂਰਿਕ ਐਸਿਡ ਅਤੇ ਸ਼ੂਗਰ ਦਾ ਟੈਸਟ ਮੁਫ਼ਤ ਹੋਵੇਗਾ। ਲੈਬ: ਦੇ ਉਦਘਾਟਨ ਲਈ ਸਮਾਜ ਸੇਵੀ ਸਤੀਸ਼ (ਐੱਨ ਜੀ ਓ ਵਰਕਰ) ਉਚੇਚੇ ਤੌਰ ਪਹੁੰਚ ਰਹੇ ਹਨ। ਇਸੇ ਦਿਨ 'ਯੂਥ ਵੈਲਫੇਅਰ ਕਲੱਬ' ਦੇ ਸਹਿਯੋਗ ਨਾਲ 'ਸ਼ਹੀਦ ਭਗਤ ਸਿੰਘ ਲਾਇਬ੍ਰੇਰੀ' ਵੀ ਸਥਾਪਿਤ ਕੀਤੀ ਜਾ ਰਹੀ ਹੈ ਜਿਸ ਦਾ ਉਦਘਾਟਨ ਚੰਡੀਗੜ੍ਹ ਯੂਨੀਵਰਸਿਟੀ ਦੇ ਸਹਾਇਕ ਪ੍ਰੋਫੈਸਰ ਪੰਡਿਤ ਰਾਓ ਧਰੇਨੇਵਰ ਕਰਨਗੇ। ਜ਼ਿਕਰਯੋਗ ਹੈ ਕਿ ਜੈਨੇਂਦਰ ਪ੍ਰਾਸ਼ਰ ਗੋਲਡੀ (ਨੌਰਵੇ) ਤੇ ਗਗਨਦੀਪ ਸ਼ਰਮਾਂ (ਕਨੇਡਾ) ਵੱਲੋਂ ਮੁਕੰਮਲ ਪ੍ਰੋਜੈਕਟ ਵਿੱਚ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ।




# ਕਾਨਵੋਕੇਸ਼ਨ ਸੈਰੇਮਨੀ 'ਚ ਡਾ. ਓਸ਼ੋ ਤੇ ਡਾ. ਈਸ਼ ਅਰੋੜਾ ਨੂੰ ਮਿਲੀਆਂ ਡਿਗਰੀਆਂ



**ਫਗਵਾੜਾ (ਡਾ. ਰਮਨ)**- ਅਖਿਲ ਭਾਰਤੀ ਆਯੁਰਵਿਗਿਆਨ ਸੰਸਥਾਨ (ਏਮਸ) ਰਿਸ਼ਿਕੇਸ਼ 'ਚ ਵਿਖੇ ਹੋਏ ਕੋਨਵੋਕੇਸ਼ਨ ਸੈਰੇਮਨੀ ਦਾ ਆਯੋਜਨ ਦੌਰਾਨ ਫਗਵਾੜਾ ਦੇ ਦੋ ਹੋਣਹਾਰ ਮੈਡੀਕਲ ਵਿਦਿਆਰਥੀਆਂ ਡਾ. ਓਸ਼ੋ ਤੇ ਡਾ. ਈਸ਼ ਅਰੋੜਾ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਪੁੱਤਰਾਂ ਦੀ ਇਸ ਪ੍ਰਾਪਤੀ ਦੇ ਗਵਾਹ ਬਣੇ ਡਾ. ਚਿਮਨ ਅਰੋੜਾ (ਐਮ.ਡੀ., ਦਿੱਲੀ ਚਿਲਡਰਨ ਹਸਪਤਾਲ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਗਮ ਦੇ ਮੁੱਖ ਮਹਿਮਾਨ ਭਾਰਤ ਦੇ ਉਪ ਰਾਸ਼ਟਰਪਤੀ ਸੀ. ਪੀ. ਰਾਧਾਕ੍ਰਿਸ਼ਣਨ ਸਨ, ਜਦਕਿ ਉੱਤਰਾਖੰਡ ਦੇ ਰਾਜਪਾਲ ਗੁਰਮੀਤ ਸਿੰਘ, ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਅਤੇ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਰਾਜ ਮੰਤਰੀ ਅਨੁਪ੍ਰਿਆ ਪਟੇਲ ਸਮੇਤ ਅਨੇਕਾਂ ਹਸਤੀਆਂ ਨੇ ਵੀ ਇਸ ਕੋਨਵੋਕੇਸ਼ਨ ਸੈਰੇਮਨੀ ਦੀ ਸ਼ੋਭਾ ਨੂੰ ਚਾਰ ਚੰਨ ਲਗਾਏ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਸਨਾਤਕ ਅਤੇ ਸਨਾਤਕੋਤਰ ਵਿਦਿਆਰਥੀਆਂ ਨੂੰ ਔਪਚਾਰਕ ਤੌਰ 'ਤੇ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ, ਜੋ ਉਨ੍ਹਾਂ ਦੇ ਮੈਡੀਕਲ ਪੇਸ਼ੇ ਵਿੱਚ ਪ੍ਰਵੇਸ਼ ਦੀ ਮਹੱਤਵਪੂਰਨ ਮੰਜ਼ਿਲ ਹੈ।

ਪਤਵੰਤਿਆਂ ਨੇ ਵਿਦਿਆਰਥੀਆਂ ਨੂੰ ਸ਼ੁਭ ਇੱਛਾਵਾਂ ਦਿੰਦਿਆਂ ਸਮਾਜ ਅਤੇ ਮਨੁੱਖਤਾ ਦੀ ਸੇਵਾ ਲਈ ਸਮਰਪਿਤ ਰਹਿਣ ਦਾ ਸੰਦੇਸ਼ ਵੀ ਦਿੱਤਾ। ਡਾ. ਚਿਮਨ ਅਰੋੜਾ ਨੇ ਦੱਸਿਆ ਕਿ ਡਾ. ਓਸ਼ੋ ਅਤੇ ਡਾ. ਈਸ਼ ਅਰੋੜਾ ਇਸ ਸਮੇਂ ਐਮ.ਐਸ. ਆਫਥਾਲਮੋਲੋਜੀ ਦੀ ਪੜ੍ਹਾਈ ਏਮਸ ਅਤੇ ਪੀ.ਜੀ.ਆਈ. ਵਿੱਚ ਕਰ ਰਹੇ ਹਨ। ਉਨ੍ਹਾਂ ਪੁੱਤਰਾਂ ਨੂੰ ਡਿਗਰੀ ਪ੍ਰਾਪਤ ਹੋਣ 'ਤੇ ਕਿਹਾ ਕਿ ਇਹ ਉਨ੍ਹਾਂ ਦੇ ਪਰਿਵਾਰ ਲਈ ਬਹੁਤ ਮਾਣ ਅਤੇ ਭਾਵੁਕਤਾ ਦਾ ਪਲ ਹੈ।

# ਨੌਜਵਾਨ ਹੈਰੋਇਨ ਸਮੇਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਥਾਣਾ ਸਦਰ ਨਵਾਸ਼ਹਿਰ ਦੀ ਪੁਲਿਸ ਵਲੋ ਇਕ ਨੌਜਵਾਨ ਨੂੰ 2 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ । ਪੁਲਿਸ ਥਾਣਾ ਸਦਰ ਨਵਾਂਸ਼ਹਿਰ ਦੇ ਏ ਐੱਸ ਆਈ ਜਸਵਿੰਦਰ ਪਾਲ ਨੇ ਦੱਸਿਆ ਕਿ ਸਮੇਤ ਪੁਲਿਸ ਪਾਰਟੀ ਗਸ਼ਤ ਦੌਰਾਨ ਨਹਿਰ ਸੂਆ ਦੇ ਨਾਲ- ਨਾਲ ਪਿੰਡ ਹਿਆਲਾ ਤੋ ਹੁੰਦੇ ਹੋਏ ਕਰਿਆਮ ਨੂੰ ਜਾ ਰਹੇ ਸੀ ਤਾਂ ਜਦੋਂ ਪੁਲਿਸ ਪਾਰਟੀ ਪਿੰਡ ਹਿਆਲਾ ਧਾਰਮਿਕ ਜਗ੍ਹਾ ਕੋਲ ਪੁੱਜੀ ਤਾਂ ਸਾਹਮਣੇ ਤੋਂ ਇੱਕ ਨੌਜਵਾਨ ਆਉਂਦਾ ਦਿਖਾਈ ਦਿੱਤਾ ਤਾਂ ਉਸ ਨੇ ਯਕਦਮ ਪੁਲਿਸ ਪਾਰਟੀ ਵੇਖ ਕੇ ਘਬਰਾ ਕੇ ਆਪਣੇ ਪਹਿਨੇ ਹੋਏ ਪਜਾਮੇ ਦੀ ਸੱਜੀ ਜੇਬ ਵਿਚੋਂ ਪਾਰਦਾਰਸ਼ੀ ਮੋਮੀ ਲਿਫਾਫਾ ਵਜਨਦਾਰ ਕੱਢ ਕੇ ਸੜਕੇ ਨਾਲ ਕੱਚੀ ਜਗਾ ਉਤੇ ਸੁੱਟ ਦਿੱਤੀ ਅਤੇ ਤੇਜ ਕੱਦਮੀ ਨਾਲ ਯਕ ਦਮ ਪਿੱਛੇ ਨੂੰ ਮੁੜ ਪਿਆ ਜਿਸ ਨੂੰ ਸ਼ੱਕ ਦੀ ਨਜ਼ਰ ਨਾਲ ਗੱਡੀ ਰੁਕਵਾ ਕੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਨਾਂਅ ਪਤਾ ਪੁੱਛਿਆ ਜਿਸਨੇ ਆਪਣਾ ਨਾਂਅ ਸੈਮੂਅਲ ਕੁਮਾਰ ਉਰਫ ਸੈਮੂ ਪੁੱਤਰ ਅਮਰਜੀਤ ਵਾਸੀ ਪਿੰਡ ਹਿਆਲਾ ਦੱਸਿਆ ਜਿਸ ਵੱਲੋਂ ਸੁੱਟੀ ਮੋਮੀ ਪਾਰਦਰਸ਼ੀ ਲਿਫਾਫੀ ਵਿੱਚੋਂ 2 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਪੁਲਿਸ ਨੇ ਕਥਿਤ ਮੁਲਜ਼ਮ ਦੇ ਖਿਲਾਫ਼ ਐੱਨ ਡੀ ਪੀ ਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

# ਚੇਅਰਮੈਨ ਵੱਲੋਂ ਸਮਾਰਟ ਕਲਾਸ ਰੂਮ ਤੇ ਸਾਇੰਸ ਰੂਮ ਦਾ ਉਦਘਾਟਨ

**ਕਪੂਰਥਲਾ (ਮਨਜੀਤ ਮਾਨ)**- ਜ਼ਿਲ੍ਹਾ ਕਪੂਰਥਲਾ ਦੇ ਇਤਿਹਾਸਕ ਕਸਬਾ ਕਾਲਾ ਸੰਘਿਆਂ ਦੇ ਸਰਕਾਰੀ ਹਾਈ ਸਕੂਲ ਲੜਕੀਆਂ ਦੇ ਸਮਾਰਟ ਕਲਾਸ ਰੂਮ ਤੇ ਆਧੁਨਿਕ ਸਾਇੰਸ ਲੈਬ ਦਾ ਉਦਘਾਟਨ ਸਕੂਲ ਮੁੱਖ ਅਧਿਆਪਕਾ ਰਵਿੰਦਰ ਕੌਰ ਦੀ ਰਹਿਨੁਮਾਈ ਹੇਠ ਮੁੱਖ ਮਹਿਮਾਨ ਵਜੋਂ ਪਹੁੰਚੇ ਜਗਜੀਤ ਸਿੰਘ ਬਿੱਟੂ ਚੇਅਰਮੈਨ ਮਾਰਕੀਟ ਕਮੇਟੀ ਕਪੂਰਥਲਾ, ਗ਼ਦਰੀ ਬਾਬਾ ਹਰਨਾਮ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ, ਬਲਵਿੰਦਰ ਕੌਰ ਜ਼ਿਲ੍ਹਾ ਪ੍ਰਧਾਨ ਵੂਮੈਨ ਸੈਲ ਕਪੂਰਥਲਾ, ਹਰਪ੍ਰੀਤ ਕੌਰ ਕਪੂਰ ਸੀਨੀਅਰ ਆਗੂ ਆਮ ਆਦਮੀ ਪਾਰਟੀ, ਮਾਸਟਰ ਵਿਪਨ ਜੋਸ਼ੀ ਤੇ ਸਮੂਹ ਸਕੂਲ ਸਟਾਫ਼ ਵੱਲੋਂ ਸਾਂਝੇ ਤੌਰ ਤੇ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਜਗਜੀਤ ਸਿੰਘ ਬਿੱਟੂ ਨੇ ਕਿਹਾ ਕਿ ਸਰਕਾਰ ਬੱਚਿਆਂ ਦੀ ਐਜੂਕੇਸ਼ਨ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਉਪਰਾਲੇ ਕਰ ਰਹੀ ਹੈ ਉਨ੍ਹਾਂ ਕਿਹਾ ਕਿ ਸਰਕਾਰ ਸਰਕਾਰੀ ਸਕੂਲਾਂ ਦੀਆਂ ਬਿਲਡਿੰਗਾ ਨੂੰ ਆਧੁਨਿਕ ਢੰਗ ਨਾਲ ਬਣਾ ਰਹੀ ਹੈ। ਸਕੂਲ ਹੈੱਡ ਮਿਸਟ੍ਰੈਸ ਮੈਡਮ ਰਵਿੰਦਰ ਕੌਰ, ਕਮਲਜੀਤ ਕੌਰ, ਅਨੁਰਾਧਾ ਸ਼ਰਮਾ, ਪੂਜਾ ਜੁਲਕਾ, ਮਨਦੀਪ ਕੌਰ,ਰੇਖਾ ਮਿਨਹਾਸ, ਆਸ਼ੂ ਰਾਣੀ, ਸਰਬਜੀਤ ਕੌਰ, ਸਿਖਾਂ, ਸੋਨੀਆ, ਸਪਨਾ, ਨਿਸ਼ਾ, ਰੰਜਨਾ, ਕਿਰਤਵੀਰ ਕੌਰ ਮਾਸਟਰ ਵਿਪਨ ਜੋਸ਼ੀ, ਰਾਕੇਸ਼, ਕੁਲਦੀਪ ਸਿੰਘ, ਰੇਖਾ ਸੱਭਰਵਾਲ, ਤੋਂ ਇਲਾਵਾ ਹਰਵਿੰਦਰ ਸਿੰਘ ਸੰਘਾ, ਨਰਿੰਦਰ ਸਿੰਘ ਸੰਘਾ, ਜਗਰੂਪ ਸਿੰਘ, ਸੁਨੀਲ, ਸਰਬਨ ਸਿੰਘ ਸੰਘਾ, ਸਤਨਾਮ ਸਿੰਘ ਸੰਘਾ, ਮੁਲਾਜ਼ਮ ਆਗੂ ਸੰਜੀਵ ਕੌਂਡਲ, ਗੁਰਦਾਵਰ ਸਿੰਘ ਜੱਲੋਵਾਲ, ਡਾਕਟਰ ਬਲਕਾਰ ਸਿੰਘ ਲਾਲਕਾ, ਡਾਕਟਰ ਬਲਰਾਮ ਸ਼ਰਮਾ ਉਰਫ਼ ਡਾਕਟਰ ਕਿੰਦੀ,ਵਿਜੇ ਅਰੋੜਾ ਬਲਾਕ ਪ੍ਰਧਾਨ, ਕੁਲਵਿੰਦਰ ਸਿੰਘ ਚਾਹਲ, ਜਸਵੰਤ ਕੌਰ ਬਨਵਾਲੀਪੁਰ, ਹਰਜਿੰਦਰ ਸਿੰਘ ਪੰਚ,ਜੋਗਾ ਸਾਬਕਾ ਪੰਚ, ਗੁਰਮੀਤ ਸਿੰਘ ਡੱਬ ਤੋਂ ਇਲਾਵਾ ਸਮੂਹ ਸਕੂਲ ਸਟਾਫ਼ ਤੇ ਪਿੰਡ ਤੇ ਇਲਾਕੇ ਦੀਆਂ ਨਾਮਵਰ ਸਖਸ਼ੀਅਤਾਂ ਹਾਜਰ ਸਨ।



# ਵਿਦਿਆਰਥੀਆਂ ਨੇ ਪ੍ਰੀਖਿਆਵਾਂ 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ, ਨਤੀਜਾ ਰਿਹਾ ਸੌ ਫ਼ੀਸਦੀ




**ਨਕੋਦਰ (ਰੀਨਾ ਸ਼ਰਮਾ)**- ਆਈ ਸੀ ਐੱਸ ਈ ਤੇ ਆਈ ਐੱਸ ਸੀ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਤੇ ਬਾਰਵੀਂ ਜਮਾਤ ਦੇ ਨਤੀਜਿਆਂ ਵਿੱਚੋ ਇੰਡੋ ਸਵਿਸ ਇੰਟਰਨੈਸ਼ਨਲ ਕਾਨਵੇਂਟ ਸਕੂਲ ਨਕੋਦਰ ਦਾ ਨਤੀਜਾ ਸ਼ਾਨਦਾਰ ਰਿਹਾ। ਪ੍ਰਿੰਸੀਪਲ ਡਾ.ਪੰਕਜ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਬਾਰਵੀਂ ਸਾਇੰਸ ਜਮਾਤ ਵਿੱਚੋਂ ਰਵਨੀਤ ਕੌਰ ਸੰਧੂ ਨੇ ਪਹਿਲਾ, ਪਾਰਥ ਸੰਧੀਰ ਨੇ ਦੂਜਾ ਤੇ ਜਸਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਬਾਰਵੀਂ ਕਾਮਰਸ ਜਮਾਤ ਵਿੱਚੋਂ ਸਮਰਪ੍ਰੀਤ ਸਿੰਘ ਨੇ ਪਹਿਲਾ, ਅਭੀ ਸਹੋਤਾ ਨੇ ਦੂਸਰਾ ਅਤੇ ਇਸ਼ਵਿੰਦਰਜੀਤ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਬਾਰਵੀਂ ਆਰਟਸ (ਹਿਊਮੈਨਟੀਜ਼) ਜਮਾਤ ਵਿੱਚੋਂ ਅਮਨਪ੍ਰੀਤ ਕੌਰ ਨੇ ਪਹਿਲਾ , ਹਰਸ਼ਦੀਪ ਸਿੰਘ ਅਤੇ ਮਨਵੀਰ ਸਿੰਘ ਤੱਖਰ ਨੇ ਦੂਸਰਾ ਅਤੇ ਬਲਰਾਜ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਹੀ ਦਸਵੀਂ ਜਮਾਤ ਵਿੱਚੋਂ ਸਿਮਰਤ ਕੌਰ ਨੇ ਪਹਿਲਾ, ਗੌਰਵਪ੍ਰੀਤ ਸਿੰਘ ਨੇ ਦੂਸਰਾ ਅਤੇ ਗੁਰਮਿਹਰ ਨੇ ਤੀਸਰਾ ਸਥਾਨ ਹਾਸਲ ਕਰਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ। ਇਸ ਮੌਕੇ ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਲਗਾਤਾਰ ਮਿਹਨਤ, ਅਧਿਆਪਕਾਂ ਦੀ ਰਹਿਨੁਮਾਈ ਅਤੇ ਮਾਪਿਆਂ ਦੇ ਸਹਿਯੋਗ ਦਾ ਪ੍ਰਤੀਕ ਹਨ। ਸਕੂਲ ਮੈਨੇਜਮੈਂਟ ਦੇ ਚੇਅਰਮੈਨ ਵਿਪਨ ਸ਼ਰਮਾ, ਚੇਅਰਪਰਸਨ ਜਯੋਤੀ ਸ਼ਰਮਾ ਤੇ ਐੱਮ ਡੀ ਮਿਸਟਰ ਸ਼ਿਵਮ ਸ਼ਰਮਾ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਫ਼ਲਤਾ 'ਤੇ ਮੁਬਾਰਕਬਾਦ ਅਤੇ ਆਸ਼ੀਰਵਾਦ ਦਿੰਦਿਆਂ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ 'ਤੇ ਸਕੂਲ ਮੈਨੇਜਮੈਂਟ ਕਮੇਟੀ ਅਤੇ ਪ੍ਰਿੰਸੀਪਲ ਨੇ ਸਮੂਹ ਸਟਾਫ਼ ਮੈਂਬਰਾਂ ਨੂੰ ਵਧੀਆ ਨਤੀਜਾ ਆਉਣ 'ਤੇ ਸ਼ੁਭਕਾਮਨਾਵਾਂ ਦਿੱਤੀਆਂ।

# ਨੂਰਮਹਿਲ 'ਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਬਿਜਲੀ ਕੱਟ ਵਿਰੁੱਧ ਧਰਨਾ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸ਼੍ਰੋਮਣੀ ਅਕਾਲੀ ਦੱਲ ਦੇ ਸੁਪਰੀਮੋ ਸੁਖਬੀਰ ਸਿੰਘ ਬਾਦਲ ਵਲੋਂ ਪੰਜਾਬ ਵਿੱਚ ਬਿਜਲੀ ਕਟੌਤੀ ਦੇ ਸੰਬੰਧ ਵਿੱਚ ਕਾਲ ਤੇ ਨੂਰਮਹਿਲ ਦੀ ਸਬ ਤਹਿਸੀਲ ਵਿੱਚ ਸੈਂਕੜੇ ਵਰਕਰਾਂ ਨੇ ਪਾਰਟੀ ਦੇ ਕੋਆਰਡੀਨੇਟਰ ਐਡਵੋਕੇਟ ਰਾਜਕਮਲ ਸਿੰਘ ਭੁੱਲਰ ਦੀ ਅਗਵਾਈ ਵਿੱਚ ਧਰਨਾ ਲਗਾਇਆ ਗਿਆ। ਇਸ ਨੂੰ ਸੰਬੋਧਨ ਕਰਦਿਆਂ ਹੋਇਆਂ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਪੰਜਾਬ ਵਿੱਚ ਲੱਗ ਰਹੇ ਬਿਜਲੀ ਦੇ ਕੱਟ ਲੋਕਾਂ ਅਤੇ ਕਿਸਾਨਾਂ ਲਈ ਚਿੰਤਾ ਦਾ ਵਿਸ਼ਾ ਹੈ ਕਿਉਂਕਿ ਕਿਸਾਨਾਂ ਲਈ ਝੋਨੇ ਦੀ ਬਿਜਾਈ ਦਾ ਸੀਜ਼ਨ ਆ ਰਿਹਾ ਹੈ ਅਤੇ ਪਾਣੀ ਦੀ ਕਿੱਲਤ ਕਾਰਨ ਕਿਸਾਨ ਕਾਫੀ ਪ੍ਰੇਸ਼ਾਨ ਹਨ। ਧਰਨੇ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਕੋਆਰਡੀਨੇਟਰ ਹਰਕਮਲ ਸਿੰਘ ਭੁੱਲਰ ਨੇ ਆਖਿਆ ਕਿ ਲੋਕ ਹੁਣ ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਦੇ ਰੂਪ ਵਿੱਚ ਵੇਖਣਾ ਚਾਹੁੰਦੇ ਹਨ। ਇਸ ਮੌਕੇ ਮੇਜਰ ਸਿੰਘ ਔਜਲਾ, ਸਾਧੂ ਸਿੰਘ ਤਲਵਣ, ਪਰਵਿੰਦਰ ਸਿੰਘ ਸ਼ਾਮਪੁਰਾ, ਸੁਖਦੇਵ ਸਿੰਘ ਗਹੀਰ, ਜਸਵੰਤ ਸਿੰਘ, ਗੁਰਪ੍ਰੀਤ ਸਿੰਘ ਭੰਡਾਲ, ਅਤੇ ਆਲੇ ਦੁਆਲੇ ਦੇ ਪਿੰਡਾਂ ਤੋਂ ਵਰਕਰਾਂ ਨੇ ਇਸ ਧਰਨੇ ਵਿੱਚ ਸ਼ਾਮੂਲੀਅਤ ਕੀਤੀ।




# ਡਿਪਟੀ ਕਮਿਸ਼ਨਰ ਨੇ ਆਪਣੀ ਜਾਣਕਾਰੀ ਸਵੈ-ਗਣਨਾ ਪੋਰਟਲ 'ਤੇ ਭਰ ਕੇ ਕੀਤੀ ਸੈਲਫ ਐਨਯੂਮੇਰੇਸ਼ਨ ਦੀ ਸ਼ੁਰੂਆਤ

**ਮੁਹਾਲੀ (ਗੁਰਜੀਤ ਬਿੱਲਾ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਪ੍ਰਿੰਸੀਪਲ ਜਨਗਣਨਾ ਅਧਿਕਾਰੀ, ਕੋਮਲ ਮਿੱਤਲ ਨੇ ਅੱਜ ਜਨਗਣਨਾ ਭਾਰਤ ਦੇ ਤਹਿਤ ਸਵੈ ਗਣਨਾ ਪ੍ਰਕਿਰਿਆ ਦੀ ਸ਼ੁਰੂਆਤ ਕਰਦੇ ਹੋਏ ਆਪਣੇ ਵੇਰਵੇ ਪੋਰਟਲ 'ਤੇ ਦਰਜ ਕਰਵਾਏ। ਇਹ ਡਿਜੀਟਲ ਪ੍ਰਕਿਰਿਆ 30 ਅਪ੍ਰੈਲ ਤੋਂ ਸ਼ੁਰੂ ਹੋ ਚੁੱਕੀ ਹੈ। ਜ਼ਿਲ੍ਹੇ ਦੇ ਨਿਵਾਸੀਆਂ ਨੂੰ ਅਪੀਲ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਵੈ ਗਣਨਾ (ਸੈਲਫ ਐਨਯੂਮੇਰੇਸ਼ਨ) ਪ੍ਰਕਿਰਿਆ ਬਹੁਤ ਹੀ ਆਸਾਨ, ਯੂਜ਼ਰ-ਫ੍ਰੈਂਡਲੀ ਅਤੇ ਸੁਵਿਧਾਜਨਕ ਹੈ। ਨਾਗਰਿਕ se.census.gov.in ਪੋਰਟਲ 'ਤੇ ਲਾਗਇਨ ਕਰਕੇ ਘਰ ਦੇ ਮੁਖੀ ਦਾ ਨਾਮ ਅਤੇ ਮੋਬਾਈਲ ਨੰਬਰ ਦਰਜ ਕਰਨ ਉਪਰੰਤ ਓ ਟੀ ਪੀ ਰਾਹੀਂ ਪ੍ਰਮਾਣਿਤ ਕਰ ਸਕਦੇ ਹਨ। ਇਸ ਤੋਂ ਬਾਅਦ ਜਿਓ-ਲੋਕੇਸ਼ਨ ਦੇ ਨਾਲ ਸਵੈ ਗਣਨਾ ਦੀ ਪ੍ਰਕਿਰਿਆ ਸ਼ੁਰੂ ਹੋ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਪੋਰਟਲ 'ਤੇ ਮੰਗੀ ਜਾਣ ਵਾਲੀ ਜਾਣਕਾਰੀ ਆਮ ਤੌਰ 'ਤੇ ਮੁੱਢਲੀ ਜਿਹੀ ਹੁੰਦੀ ਹੈ, ਜਿਸ ਵਿੱਚ ਮਕਾਨ ਦੀ ਕਿਸਮ (ਕੱਚਾ ਜਾਂ ਪੱਕਾ), ਕਮਰਿਆਂ ਦੀ ਗਿਣਤੀ, ਪਰਿਵਾਰ ਦੇ ਮੈਂਬਰਾਂ ਦੀ ਗਿਣਤੀ, ਮਾਲਕੀ ਦੀ ਸਥਿਤੀ, ਵਿਆਹੁਤਾ ਜੋੜਿਆਂ ਦੀ ਗਿਣਤੀ, ਪੀਣ ਵਾਲਾ ਪਾਣੀ ਅਤੇ ਬਿਜਲੀ ਦੀ ਉਪਲਬਧਤਾ, ਐਲ.ਪੀ.ਜੀ./ਪੀ.ਐਨ.ਜੀ. ਕਨੈਕਸ਼ਨ ਅਤੇ ਰੇਡੀਓ, ਟੈਲੀਵਿਜ਼ਨ, ਮੋਬਾਈਲ/ਸਮਾਰਟਫੋਨ, ਸਾਈਕਲ, ਦੋ-ਪਹੀਆ ਅਤੇ ਚਾਰ-ਪਹੀਆ ਵਾਹਨਾਂ ਵਰਗੀਆਂ ਸਹੂਲਤਾਂ ਸ਼ਾਮਲ ਹਨ।ਸਾਰੀ ਜਾਣਕਾਰੀ ਭਰਨ ਤੋਂ ਬਾਅਦ ਇੱਕ ਸੈਲਫ ਐਨਯੂਮੇਰੇਸ਼ਨ ਆਈ ਡੀ ਜਨਰੇਟ ਹੁੰਦੀ ਹੈ। ਇਸ ਜਾਣਕਾਰੀ ਨੂੰ ਘਰ-ਘਰ ਜਾ ਕੇ ਕੀਤੀ ਜਾਣ ਵਾਲੀ ਗਿਣਤੀ ਦੌਰਾਨ ਗਣਨਾਕਾਰ ਦੇ ਦੌਰੇ ਸਮੇਂ ਅੰਤਿਮ ਪ੍ਰਮਾਣਿਕਤਾ ਤੋਂ ਪਹਿਲਾਂ ਸੋਧਿਆ ਵੀ ਜਾ ਸਕਦਾ ਹੈ।ਡਿਪਟੀ ਕਮਿਸ਼ਨਰ ਨੇ ਨਾਗਰਿਕਾਂ ਨੂੰ ਸਲਾਹ ਦਿੱਤੀ ਕਿ ਉਹ ਗਣਨਾਕਾਰ ਦੀ ਪਛਾਣ ਲਈ ਉਸਦਾ ਸਰਕਾਰੀ/ਜਨਗਣਨਾ ਆਈ.ਡੀ. ਕਾਰਡ ਜ਼ਰੂਰ ਚੈਕ ਕਰਨ। ਉਨ੍ਹਾਂ ਸਪਸ਼ਟ ਕੀਤਾ ਕਿ ਕਿਸੇ ਵੀ ਤਰ੍ਹਾਂ ਦੀ ਨਿੱਜੀ ਆਰਥਿਕ ਜਾਣਕਾਰੀ ਜਿਵੇਂ ਕਿ ਬੈਂਕ ਖਾਤੇ ਜਾਂ ਲੈਣ-ਦੇਣ ਬਾਰੇ ਜਾਣਕਾਰੀ ਨਹੀਂ ਮੰਗੀ ਜਾਵੇਗੀ, ਇਸ ਲਈ ਲੋਕ ਧੋਖਾਧੜੀ ਤੋਂ ਸਾਵਧਾਨ ਰਹਿਣ। ਸਵੈ ਗਣਨਾ ਦੀ ਪ੍ਰਕਿਰਿਆ 30 ਅਪ੍ਰੈਲ ਤੋਂ 14 ਮਈ ਤੱਕ ਜਾਰੀ ਰਹੇਗੀ। ਇਸ ਤੋਂ ਬਾਅਦ 15 ਮਈ ਤੋਂ 13 ਜੂਨ ਤੱਕ ਘਰ-ਘਰ ਜਾ ਕੇ ਜਨਗਣਨਾ ਦਾ ਪਹਿਲਾ ਪੜਾਅ ਸ਼ੁਰੂ ਕੀਤਾ ਜਾਵੇਗਾ।



# ਅਕਾਲੀ ਦਲ ਨੇ ਬਿਜਲੀ ਕੱਟ ਵਿਰੁੱਧ ਡੀ ਸੀ ਦਫ਼ਤਰ ਅੱਗੇ ਦਿੱਤਾ ਧਰਨਾ

**ਮੋਹਾਲੀ (ਗੁਰਜੀਤ ਬਿੱਲਾ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਸੱਦੇ 'ਤੇ ਮੋਹਾਲੀ ਵਿਖੇ ਬਿਜਲੀ ਦੇ ਲੰਬੇ ਅਤੇ ਅਣਮਿੱਥੇ ਕੱਟਾਂ ਵਿਰੁੱਧ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਜ਼ਿਲ੍ਹਾ ਪ੍ਰਧਾਨ ਅਤੇ ਹਲਕਾ ਇੰਚਾਰਜ ਪਰਵਿੰਦਰ ਸਿੰਘ ਸੋਹਾਣਾ ਦੀ ਅਗਵਾਈ ਵਿੱਚ ਸੈਂਕੜੇ ਅਕਾਲੀ ਵਰਕਰਾਂ ਨੇ ਸੈਕਟਰ 76 ਸਥਿਤ ਡੀ.ਸੀ. ਦਫ਼ਤਰ ਸਾਹਮਣੇ ਧਰਨਾ ਦਿੱਤਾ ਤੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰ. ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਜੇਕਰ ਆਉਣ ਵਾਲੇ ਦਿਨਾਂ ਵਿੱਚ ਬਿਜਲੀ ਸਪਲਾਈ ਵਿੱਚ ਸੁਧਾਰ ਨਾ ਹੋਇਆ, ਤਾਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਇਸ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਧਰਨੇ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ, ਸੁਖਵਿੰਦਰ ਸਿੰਘ ਛਿੰਦੀ ਪ੍ਰਧਾਨ ਟ੍ਰਾਂਸਪੋਰਟ ਵਿੰਗ ਪੰਜਾਬ,ਸਰਬਜੀਤ ਸਿੰਘ ਪਾਰਸ, ਹਰਜੀਤ ਸਿੰਘ 31, ਸਤਿੰਦਰ ਸਿੰਘ ਗਿੱਲ, ਸਿਮਰਨਜੀਤ ਸਿੰਘ ਢਿੱਲੋਂ, ਕੈਪਟਨ ਰਮਨਦੀਪ ਸਿੰਘ ਬਾਵਾ, ਕਰਮ ਸਿੰਘ ਬਬਰਾ ,ਸਿਵਇੰਦਰ ਸਿੰਘ ਲੱਖੋਵਾਲ ਮੁਲਾਜ਼ਮ ਆਗੂ, ਬੀਬੀ ਭੁਪਿੰਦਰ ਕੌਰ ਗੋਸਲ (ਪ੍ਰਧਾਨ ਇਸਤਰੀ ਅਕਾਲੀ ਦਲ ਸ਼ਹਿਰੀ), ਬੀਬੀ ਰੁਪਿੰਦਰ ਕੌਰ ਧੜਾਕ (ਪ੍ਰਧਾਨ ਇਸਤਰੀ ਅਕਾਲੀ ਦਲ ਦਿਹਾਤੀ), ਤਰਸੇਮ ਸਿੰਘ ਗੁੰਧੋ ,ਪ੍ਰੀਤਮ ਸਿੰਘ ਨੇ ਸੰਬੋਧਨ ਕੀਤਾ। ਇਸ ਮੌਕੇ ਬੀਬੀ ਸਤਵੰਤ ਕੌਰ ਜੋਹਲ, ਰਾਜਪ੍ਰੀਤ ਕੌਰ, ਬੀਬੀ ਹਰਸਿਮਰਨਜੀਤ ਕੌਰ ਅਤੇ ਤਰਨਪ੍ਰੀਤ ਸਿੰਘ ਧਾਲੀਵਾਲ ਨਰਿੰਦਰ ਸਿੰਘ ਲਾਂਬਾ,ਜਗਤਾਰ ਸਿੰਘ ਕੁੰਭੜਾ, ਬਲਵਿੰਦਰ ਸਿੰਘ ਮੋਟੇਮਾਜਰਾ, ਪਾਲ ਸਿੰਘ ਰੱਤੂ, ਹੈਪੀ ਸਨੇਟਾ,ਗੁਰਮੀਤ ਸਿੰਘ ਬੜਮਾਜਰਾ, ਬਵਨ ਚੌਧਰੀ ਗੋਬਿੰਦਗੜ੍ਹ ਅਵਤਾਰ ਸਿੰਘ ਦਾਊਂ, ਬਲਵਿੰਦਰ ਸਿੰਘ ਲਖਨੌਰ, ਗੁਰਦੀਪ ਸਿੰਘ ਮਨੌਲੀ, ਜਗਤਾਰ ਸਿੰਘ ਧਰਮਗੜ੍ਹ ,ਜਰਨੈਲ ਸਿੰਘ ਬਲੌਂਗੀ ਅਤੇ ਬਿਕਰਮ ਸਿੰਘ ਗੀਗੇ ਮਾਜਰਾ ਸਾਰੇ ਸਰਕਲ ਪ੍ਰਧਾਨ ਹਰਪਾਲ ਸਿੰਘ ਬਠਲਾਣਾ (ਸਰਪੰਚ), ਬਹਾਦਰ ਸਿੰਘ ਨਾਨੂੰ ਮਾਜਰਾ (ਸਾਬਕਾ ਸਰਪੰਚ), ਨਿਰਮਲ ਸਿੰਘ (ਸਾਬਕਾ ਸਰਪੰਚ), ਸੋਹਣ ਸਿੰਘ ਚੱਪੜਚਿੜੀ (ਸਾਬਕਾ ਸਰਪੰਚ), ਗੁਰਮੀਤ ਸਿੰਘ ਨੰਬਰਦਾਰ ਰਾਏਪੁਰ, ਗੁਰਵਿੰਦਰ ਸਿੰਘ ਨੰਬਰਦਾਰ ਕੈਲੋਂ, ਕਰਮਜੀਤ ਸਿੰਘ ਨੰਬਰਦਾਰ ਅਤੇ ਹਰਵਿੰਦਰ ਸਿੰਘ ਨੰਬਰਦਾਰ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।



# ਮਜ਼ਦੂਰ ਦਿਵਸ ਮੌਕੇ ਸਫਾਈ ਸੇਵਕਾਂ ਦਾ ਕੀਤਾ ਧੰਨਵਾਦ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਟਾਂਡਾ ਉੜਮੁੜ ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜਪੁਰ ਵਿੱਚ ਮਜ਼ਦੂਰ ਦਿਵਸ ਦੇ ਮੌਕੇ ਤੇ ਸਫਾਈ ਸੇਵਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਹੇਠ ਸਕੂਲ ਦੇ ਸਮੂਹ ਵਿਦਿਆਰਥੀਆਂ ਅਤੇ ਮੈਨੇਜਮੈਂਟ ਨੇ ਮਿਲ ਕੇ ਦਰਜਾ ਚਾਰ ਸੇਵਾਦਾਰਾਂ ਦਾ ਉਹਨਾਂ ਦੀਆਂ ਸਕੂਲ ਅਤੇ ਵਿਦਿਆਰਥੀਆਂ ਪ੍ਰਤੀ ਦਿੱਤੀਆਂ ਸੇਵਾਵਾਂ ਲਈ ਧੰਨਵਾਦ ਕੀਤਾ ਅਤੇ ਉਨ੍ਹਾਂ ਸਭ ਨੂੰ ਤੋਹਫੇ ਦੇ ਕੇ ਸਨਮਾਨਿਤ ਕੀਤਾ। ਵਿਦਿਆਰਥੀਆਂ ਨੇ ਮਜ਼ਦੂਰ ਦਿਵਸ ਦੇ ਮੌਕੇ ਸੇਵਾਦਾਰਾਂ ਦਾ ਧੰਨਵਾਦ ਕਰਨ ਦੇ ਲਈ ਆਪਣੇ ਮਨ ਦੇ ਭਾਵ ਕਵਿਤਾ ਰੂਪ ਵਿੱਚ ਪ੍ਰਗਟ ਕੀਤੇ ਅਤੇ ਕੁਝ ਇੱਕ ਨੇ ਭਾਸ਼ਣ ਦੇ ਜਰੀਏ ਆਪਣੇ ਮਨ ਦੇ ਭਾਵਾਂ ਨੂੰ ਸਮੂਹ ਸਰੋਤਿਆਂ ਦੇ ਅੱਗੇ ਰੱਖਿਆ। ਇਸ ਤੋਂ ਇਲਾਵਾ ਹੋਰ ਗਤੀਵਿਧੀਆਂ ਵਿੱਚ ਮਜ਼ਦੂਰ ਦਿਵਸ ਤੇ ਵਿਸ਼ੇ ਨੂੰ ਲੈ ਕੇ ਲੇਖ ਰਚਨਾ ਅਤੇ ਪੋਸਟਰ ਮੇਕਿੰਗ ਗਤੀਵਿਧੀਆਂ ਵੀ ਕਰਵਾਈਆਂ ਗਈਆਂ।

## ਭਾਜਪਾ ਬੁੱਧੀਜੀਵੀ ਸੈੱਲ ਵੱਲੋਂ ਪੰਜਾਬ ਦੇ ਮੁੱਦਿਆਂ 'ਤੇ ਚਰਚਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਭਾਜਪਾ ਬੁੱਧੀਜੀਵੀ ਸੈੱਲ ਪੰਜਾਬ ਵੱਲੋਂ ਸੂਬੇ ਭਰ ਵਿੱਚ ਜ਼ਿਲ੍ਹਾ-ਵਾਰ ਬੈਠਕਾਂ ਦੀ ਲੜੀ ਦੀ ਸ਼ੁਰੂਆਤ ਕਰਦੇ ਹੋਏ ਐੱਮ ਪੀ ਸੀਟ ਫਰੀਦਕੋਟ ਦੀ ਪਹਿਲੀ ਮਹੱਤਵਪੂਰਨ ਬੈਠਕ ਬਾਘਾ ਪੁਰਾਣਾ ਦੇ ਮੁਦਕੀ ਰੋਡ ਸਥਿਤ ਬੱਤਰਾ ਸਵੀਟਸ 'ਚ ਕੀਤੀ ਗਈ।ਇਹ ਬੈਠਕ ਸ਼ਾਮ 7 ਵਜੇ ਤੋਂ 9 ਵਜੇ ਤੱਕ ਚੱਲੀ, ਜਿਸ ਵਿੱਚ ਬੁੱਧੀਜੀਵੀ ਵਰਗ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।ਬੈਠਕ ਦੀ ਅਗਵਾਈ ਪੀ.ਕੇ.ਐੱਸ. ਭਾਰਦਵਾਜ, ਐੱਮ ਪੀ ਸੀਟ ਫਰੀਦਕੋਟ ਦੇ ਸੰਯੋਜਕ ਅਜੈ ਕੁਮਾਰ ਗੁਪਤਾ ਪੋਪੀ, ਜ਼ਿਲ੍ਹਾ ਸੰਯੋਜਕ ਵਿਜੇ ਅਮ੍ਰਿਤਪਾਲ ਜਿੰਦਲ, ਦੇਵਿੰਦਰ ਬਾਂਸਲ ਤੇ ਐਡਵੋਕੇਟ ਅਮਿਤ ਮਿੱਤਲ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ।ਸ਼ੁਰੂਆਤ ਮੈਂਬਰਾਂ ਦੀ ਜਾਣ-ਪਛਾਣ ਨਾਲ ਹੋਈ, ਜਿਸ ਤੋਂ ਬਾਅਦ ਹਾਜ਼ਰ ਮੈਂਬਰਾਂ ਨੇ ਪੰਜਾਬ ਦੇ ਗੰਭੀਰ ਮਸਲਿਆਂ 'ਤੇ ਆਪਣੇ ਵਿਚਾਰ ਰੱਖੇ।ਬੈਠਕ ਦੌਰਾਨ ਪੰਜਾਬ ਵਿੱਚ ਮਜ਼ਬੂਤ ਤੇ ਦੂਰਦਰਸ਼ੀ ਲੀਡਰਸ਼ਿਪ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ।ਬੁਲਾਰਿਆਂ ਨੇ ਮੁੱਖ ਸਮੱਸਿਆਵਾਂ ਵਜੋਂ ਨੌਜਵਾਨਾਂ ਵਿੱਚ ਵਧਦਾ ਨਸ਼ਾ, ਬੇਰੁਜ਼ਗਾਰੀ, ਖੇਤੀ 'ਤੇ ਆਤਮ ਨਿਰਭਰਤਾ (ਖਾਸ ਕਰਕੇ ਧਾਨ), ਪਾਣੀ ਦੀ ਕਮੀ ਤੇ ਭੂ-ਜਲ ਪੱਧਰ ਵਿੱਚ ਗਿਰਾਵਟ ਨੂੰ ਉਭਾਰਿਆ ਗਿਆ।ਇਸ ਦੇ ਨਾਲ ਹੀ ਉਦਯੋਗਿਕ ਤੇ ਆਰਥਿਕ ਪੱਛੜਾਪਣ 'ਤੇ ਵੀ ਚਿੰਤਾ ਜਤਾਈ ਗਈ।ਅੰਤ ਵਿੱਚ ਫੈਸਲਾ ਲਿਆ ਗਿਆ ਕਿ ਭਾਜਪਾ ਦੀਆਂ ਨੀਤੀਆਂ ਬਾਰੇ ਜਾਗਰੂਕਤਾ ਵਧਾਈ ਜਾਵੇਗੀ, ਜ਼ਮੀਨੀ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਤੇ ਇਸ ਤਰ੍ਹਾਂ ਦੀਆਂ ਬੈਠਕਾਂ ਨੂੰ ਹੋਰ ਜ਼ਿਲ੍ਹਿਆਂ ਵਿੱਚ ਵੀ ਜਾਰੀ ਰੱਖਿਆ ਜਾਵੇਗਾ।ਬੈਠਕ ਵਿੱਚ ਰਾਕੇਸ਼ ਕਟਾਰੀਆ, ਲਖਵਿੰਦਰ ਕੁਮਾਰ, ਸੁਖਦਰਸ਼ਨ ਸਿੰਗਲਾ, ਕੇਵਲ ਕ੍ਰਿਸ਼ਨ ਬਾਂਸਲ, ਬਾਲ ਕ੍ਰਿਸ਼ਨ ਬਾਲੀ, ਦਵਵਿੰਦਰ ਬਾਂਸਲ (ਬੱਲੂ), ਭੂਸ਼ਣ ਕੁਮਾਰ ਗੋਇਲ, ਨਵਦੀਪ ਗੋਯਲ, ਪ੍ਰਦੀਪ ਗੋਇਲ, ਪ੍ਰੇਮ ਪਾਲ ਗਰਗ, ਰਾਜੇਸ਼ ਗਰਗ, ਜਿਤੇਂਦਰ ਵਰਮਾ, ਸੁਖਜੀਵਨ ਬਾਂਸਲ, ਵਿਸ਼ਾਲ ਗਰਗ, ਗੌਤਮ ਬਾਂਸਲ, ਰਾਕੇਸ਼ ਬਾਂਸਲ (ਰਿੰਪੀ), ਮਿਲਨ ਗਰਗ, ਟੀਟੂ ਗਰਗ, ਰਤਨ ਜਿੰਦਲ, ਯੋਗੇਸ਼ ਗੋਇਲ, ਵਿਜੇ ਬਾਂਸਲ ਤੇ ਸੁਸ਼ੀਲ ਮਿੱਤਲ ਸਮੇਤ ਹੋਰ ਮੈਂਬਰ ਹਾਜ਼ਰ ਰਹੇ।

## ਇਲਾਜ ਦੇ ਨਾਲ ਮਰੀਜ਼ ਨੂੰ ਡਾਕਟਰ ਦਾ ਦਿਲਾਸਾ ਜ਼ਰੂਰੀ : ਐੱਮ ਡੀ ਸੰਧੂ



**ਸਮਰਾਲਾ (ਸੁਰਜੀਤ ਸਿੰਘ)**-ਨਾਮਧਾਰੀ ਸੰਪਰਦਾਇ ਵੱਲੋਂ ਸੰਚਾਲਿਤ ਸਿਹਤ ਸੇਵਾਵਾਂ ਵਿੱਚ ਵੱਡਾ ਯੋਗਦਾਨ ਪਾ ਰਹੇ ਇਲਾਕੇ ਦੇ ਸਤਿਗੁਰੂ ਪਰਤਾਪ ਸਿੰਘ (ਐੱਸ ਪੀ ਐੱਸ) ਹਸਪਤਾਲ ਵਿੱਚ ਸੰਵਾਦ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਹਸਪਤਾਲ ਦੇ ਮਾਹਰ ਡਾਕਟਰਾਂ ਨੇ ਭਾਗ ਲਿਆ।ਪ੍ਰੋਗਰਾਮ ਵਿੱਚ ਉਚੇਚੇ ਤੌਰ 'ਤੇ ਪੁੱਜੇ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਜੈ ਸਿੰਘ ਸੰਧੂ ਨੇ ਹਸਪਤਾਲ ਦੇ ਡਾਕਟਰਾਂ ਤੇ ਸਟਾਫ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਮਰੀਜ਼ਾਂ ਦਾ ਇਲਾਜ ਕਰਨਾ ਹਸਪਤਾਲ ਦਾ ਮੁਢਲਾ ਫਰਜ਼ ਹੈ, ਪਰ ਇਲਾਜ ਦੇ ਨਾਲ ਨਾਲ ਮਰੀਜ਼ ਨੂੰ ਡਾਕਟਰ ਦੀ ਹਲੀਮੀ ਤੇ ਦਿਲਾਸੇ ਦੀ ਬਹੁਤ ਜ਼ਿਆਦਾ ਲੋੜ ਹੁੰਦੀ ਹੈ।ਉਨ੍ਹਾਂ ਕਿਹਾ ਕਿ ਮਾਨਵਤਾ ਦੀ ਸੇਵਾ ਇੱਕ ਮਹਾਨ ਕਾਰਜ ਹੈ।ਉਨ੍ਹਾਂ ਹਸਪਤਾਲ ਸਟਾਫ ਨੂੰ ਨਸੀਹਤ ਦਿੰਦਿਆਂ ਕਿਹਾ ਕਿ ਉਹ ਤਨਦੇਹੀ ਨਾਲ ਮਰੀਜ਼ਾਂ ਦੀ ਸੇਵਾ ਕਰਨ।ਹਸਪਤਾਲ ਦੇ ਸੀ ਈ ਓ ਯੋਗਿੰਦਰ ਨਾਥ ਅਵਧਿਆ ਨੇ ਇਸ ਮੌਕੇ ਹਸਪਤਾਲ ਦੀਆਂ ਉਪਲਬਧੀਆਂ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ।ਇਸ ਮੌਕੇ ਜੈ ਸਿੰਘ ਸੰਧੂ ਨੇ ਵਧੀਆ ਸੇਵਾਵਾਂ ਦੇਣ ਵਾਲੇ ਡਾਕਟਰਾਂ ਤੇ ਸਟਾਫ, ਜਿਨ੍ਹਾਂ ਵਿੱਚ ਡਾ. ਆਰ ਐੱਸ ਭਾਟੀਆ, ਡਾ. ਦਪਿੰਦਰ ਸਿੰਘ, ਡਾ. ਵਰਮਾ, ਡਾ. ਰਵਨਿੰਦਰ ਕੂਕਾ, ਡਾ. ਕਲੇਰ, ਡਾ. ਵਿਨੇ, ਡਾ. ਤੂਰ, ਡਾ. ਚੰਚਲ ਗੇਰਾ, ਡਾ. ਹਰਮਨ, ਡਾ. ਚੇਤੰਨ, ਡਾ. ਕਵਿਤਾ, ਡਾ. ਉਰਵਸ਼ੀ, ਡਾ. ਬਖਸ਼ੀਸ਼, ਡਾ. ਅਮਨਦੀਪ ਬਿੰਦ, ਡਾ. ਗਰਗ, ਅਮਿਤ, ਲਖਬੀਰ ਸਿੰਘ ਬੱਦੋਵਾਲ, ਪੂਰਨ ਸਿੰਘ, ਰਾਗਿਨੀ ਤੇ ਵੱਖ ਵੱਖ ਵਿਭਾਗਾਂ ਦੇ ਸਟਾਫ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਡਾ. ਜੀ ਐੱਲ ਅਵਸਥੀ ਤੇ ਮੈਡੀਕਲ ਸੁਪਰਡੈਂਟ ਮਨਦੀਪ ਕੌਰ ਮੌਜੂਦ ਸਨ।

## ਹੋਲੀ ਹਾਰਟ ਸਕੂਲ 'ਚ ਬੱਚਿਆਂ ਨੂੰ ਗਰਮੀ ਤੋਂ ਬਚਣ ਦੇ ਦੱਸੇ ਤਰੀਕੇ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਬੱਚਿਆਂ ਨੂੰ ਗਰਮੀ ਦੇ ਕਹਿਰ ਤੋਂ ਬਚਣ ਲਈ ਵੱਖ-ਵੱਖ ਤਰੀਕਿਆਂ ਬਾਰੇ ਦੱਸਿਆ ਗਿਆ। ਇਸ ਮੌਕੇ ਚੇਅਰਮੈਨ ਸ਼੍ਰੀ ਸੁਭਾਸ਼ ਪਲਤਾ ਨੇ ਸਕੂਲ ਵਿੱਚ ਪਹੁੰਚ ਕੇ ਕਈ ਐਡਵਾਈਜ਼ਰੀਆਂ ਜਾਰੀ ਕੀਤੀਆਂ। ਉਨ੍ਹਾਂ ਨੇ ਕਿਹਾ ਕਿ ਬੱਚੇ ਇਸ ਗਰਮੀ ਪ੍ਰਤੀ ਸਭ ਤੋਂ ਵੱਧ ਸੰਵੇਦਨਸ਼ੀਲ ਹੁੰਦੇ ਨੇ ਅਤੇ ਉਨ੍ਹਾਂ ਵੱਲੋਂ ਕਈ ਅਹਿਮ ਨੁਕਤੇ ਵਰਤਣ ਲਈ ਕਿਹਾ ਗਿਆ। ਉਨ੍ਹਾਂ ਵੱਲੋਂ ਅਧਿਆਪਕਾਂ ਤੇ ਮਾਪਿਆਂ ਨੂੰ ਕਈ ਚੀਜ਼ਾਂ ਵਰਤਣ ਲਈ ਕਹੀਆਂ ਗਈਆਂ, ਜਿਸ ਨਾਲ ਬੱਚਿਆਂ ਨੂੰ ਗਰਮੀ ਤੋਂ ਆਸਾਨੀ ਨਾਲ ਬਚਾਇਆ ਜਾ ਸਕੇ। ਸਭ ਤੋਂ ਪਹਿਲਾਂ ਉਨ੍ਹਾਂ ਨੇ ਬੱਚਿਆਂ ਨੂੰ ਹਾਈਡਰੇਸ਼ਨ ਬਾਰੇ ਸਮਝਾਇਆ ਤੇ ਬੱਚਿਆਂ ਨੂੰ ਵਾਰ-ਵਾਰ ਪਾਣੀ ਪੀਣ ਤੇ ਨਾਲ ਦੀ ਨਾਲ ਹੀ ਅਧਿਆਪਕਾਂ ਨੂੰ ਵਾਰ-ਵਾਰ ਪਾਣੀ ਪਿਲਾਉਣ ਲਈ ਕਿਹਾ। ਇਸ ਨਾਲ ਹੀ ਸਕੂਲ ਦੇ ਡਾਇਰੈਕਟਰ ਸ਼ਰੇਆ ਪਲਤਾ ਵੱਲੋਂ ਵੀ ਬੱਚਿਆਂ ਨੂੰ ਗਰਮੀ ਲੱਗਣ ਦੇ ਲੱਛਣਾਂ ਬਾਰੇ ਦੱਸਿਆ ਗਿਆ। ਉਨ੍ਹਾਂ ਦੱਸਿਆ ਕਿ ਜੇਕਰ ਬੱਚੇ ਨੂੰ ਚੱਕਰ ਆਉਣ ਬਹੁਤ ਜਿਆਦਾ ਪਸੀਨਾ ਆਉਣਾ ਜਾਂ ਬਿਲਕੁਲ ਨਾ ਆਉਣਾ ਸਿਰਦਾਰ ਤੇ ਜਾਂ ਉਲਟੀ ਵਰਗੇ ਲੱਛਣ ਦਿਖਾਈ ਦੇਣ ਤਾਂ ਤੁਰੰਤ ਡਾਕਟਰੀ ਸਹਾਇਤਾ ਲਓ ਤੇ ਵੱਧ ਤੋਂ ਵੱਧ ਪਾਣੀ ਪੀ ਕੇ ਆਪਣੇ ਆਪ ਨੂੰ ਡੀਹਾਈਡਰੇਸ਼ਨ ਕਰੋ। ਇਸ ਦੇ ਨਾਲ ਹੀ ਸਕੂਲ ਦੇ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਬੱਚਿਆਂ ਨੂੰ ਤਲੇ ਹੋਏ ਤੇ ਭਾਰੀ ਭੋਜਨ ਤੋਂ ਪ੍ਰਹੇਜ਼ ਕਰਨ ਲਈ ਕਿਹਾ ਅਤੇ ਉਨ੍ਹਾਂ ਨੂੰ ਵੱਧ ਤੋਂ ਵੱਧ ਫਲ ਜਿਵੇਂ ਤਰਬੂਜ਼ ਤੇ ਖੀਰਾ ਖਾਣ ਲਈ ਕਿਹਾ। ਇਸ ਸਮੇਂ ਸਕੂਲ ਦੀ ਪੂਰੀ ਮੈਨੇਜਮੈਂਟ ਕਮੇਟੀ ਵੱਲੋਂ ਸਕੂਲ ਵਿੱਚ ਕਈ ਐਮਰਜੈਂਸੀ ਵਿੱਚ ਵਰਤੋਂ ਆਉਣ ਵਾਲੀਆਂ ਚੀਜ਼ਾਂ ਪ੍ਰੋਵਾਈਡ ਕੀਤੀਆਂ ਗਈਆਂ ਤੇ ਬੱਚਿਆਂ ਦਾ ਪੂਰਾ ਧਿਆਨ ਰੱਖਣ ਲਈ ਕਿਹਾ ਗਿਆ।

## ਗੋਲਡਨ ਲਾਈਨ ਕਲੱਬ ਵੱਲੋਂ ਅੱਖਾਂ ਦਾ ਮੁਫਤ ਚੈੱਕਅੱਪ ਕੈਂਪ



**ਸਰਹਿੰਦ ਮੰਡੀ (ਪ੍ਰਮੋਦ ਭਾਰਦਵਾਜ)**-ਗੋਲਡਨ ਲਾਈਨ ਕਲੱਬ ਤੇ ਆਸ਼ੀਰਵਾਦ ਕਲੱਬ ਖੰਨਾ ਵੱਲੋਂ ਆਮ ਖ਼ਾਸ ਬਾਗ ਸਰਹਿੰਦ ਵਿਖੇ ਅੱਖਾਂ ਦਾ ਮੁਫਤ ਚੈੱਕਅਪ ਕੈਂਪ ਲਗਾਇਆ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਰਸ਼ਮੀ ਬਿੰਬਰਾ ਤੇ ਗੋਪਾਲ ਬਿੰਬਰਾ ਨੇ ਦੱਸਿਆ ਕਿ ਕੈਂਪ ਵਿੱਚ 175 ਮਰੀਜ਼ਾਂ ਦਾ ਫ੍ਰੀ ਅੱਖਾਂ ਦਾ ਚੈੱਕਅਪ ਕਰਕੇ ਉਨ੍ਹਾਂ ਨੂੰ ਮੁਫਤ ਐਨਕਾਂ ਤੇ ਦਵਾਈਆਂ ਦਿੱਤੀਆਂ ਗਈਆਂ।ਪ੍ਰੋਜੈਕਟ ਇੰਚਾਰਜ ਰੀਆ ਸੂਦ ਤੇ ਨਿੱਕੂ ਸ਼ਰਮਾ ਨੇ ਕਿਹਾ ਕਿ ਜ਼ਰੂਰਤਮੰਦਾਂ ਦੀ ਸੇਵਾ ਤੋਂ ਵਧ ਕੇ ਹੋਰ ਕੋਈ ਸੇਵਾ ਨਹੀਂ ਹੈ, ਜੋ ਸੰਸਥਾ ਅਜਿਹੇ ਕੰਮ ਕਰਦੀ ਹੈ, ਉਹ ਪੁੰਨ ਦੀ ਭਾਗੀ ਹੈ।ਕਲੱਬ ਵੱਲੋਂ ਸਮੇਂ ਸਮੇਂ 'ਤੇ ਸਮਾਜ ਭਲਾਈ ਦੇ ਕੈਂਪ ਲਗਾਏ ਜਾਂਦੇ ਹਨ ਤਾਂ ਕਿ ਲੋਕਾਂ ਨੂੰ ਮੁੱਢਲੀਆਂ ਸਹੂਲਤਾਂ ਮਿਲਦੀਆਂ ਰਹਿਣ।ਇਸ ਮੌਕੇ ਸ਼ਮਾ ਵਸ਼ਿਸ਼ਟ, ਅਨੁਰਾਧਾ ਗਰਗ, ਨੀਲਮ ਬਿੰਬਰਾ, ਲਲਿਤਾ, ਰਾਧਾ, ਵੀਨਾ, ਵਰਸ਼ਾ, ਸ਼ਿਖਾ, ਤਰੁਣ ਬਿੰਬਰਾ, ਡਾ. ਆਸ਼ੀਸ਼, ਡਾ. ਰਜਨੀਸ਼, ਡਾ. ਦਿਨੇਸ਼, ਡਾ. ਹਤਿੰਦਰ ਤੇ ਉਨ੍ਹਾਂ ਦੀ ਟੀਮ ਹਾਜ਼ਰ ਸੀ।

## ਕੰਮ ਦਿਹਾੜੀ ਦਾ ਸਮਾਂ 12 ਘੰਟੇ ਕਰਨ ਖਿਲਾਫ ਸਮੁੱਚੇ ਕਿਰਤੀ ਲਾਮਬੰਦ ਹੋਣ : ਜਗਸੀਰ ਰਾਇਕੇ



**ਬੁਢਲਾਡਾ (ਅਸ਼ੋਕ ਲਾਕੜਾ)**-ਇਥੇ ਉਸਾਰੀ ਮਿਸਤਰੀ ਤੇ ਮਜ਼ਦੂਰ ਯੂਨੀਅਨ ਦੀ ਮੀਟਿੰਗ ਇੱਕ ਮਈ ਮਜ਼ਦੂਰ ਦਿਵਸ ਮਨਾਉਣ ਤੇ ਉਸਾਰੀ ਕਾਮਿਆਂ ਦੀਆਂ ਮੰਗਾਂ ਸਬੰਧੀ ਹੋਈ।ਇਸ ਮੌਕੇ ਏਟਕ ਆਗੂ ਜਗਸੀਰ ਸਿੰਘ ਰਾਏਕੇ, ਐੱਫਸੀਆਈ ਪੱਲੇਦਾਰ ਯੂਨੀਅਨ ਦੇ ਭੋਲਾ ਸਿੰਘ ਤੇ ਉਸਾਰੀ ਮਿਸਤਰੀ ਤੇ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪਰਕਾਸ਼ ਸਿੰਘ ਨੇ ਮਜ਼ਦੂਰਾਂ ਦੇ ਇਸ ਕੁਰਬਾਨੀਆਂ ਭਰੇ ਇਤਿਹਾਸ ਨੂੰ ਜਾਣੂ ਕਰਵਾਉਂਦਿਆਂ ਕਿਹਾ ਕਿ ਅੱਠ ਘੰਟੇ ਦਿਹਾੜੀ ਟਾਈਮ ਤੇ ਮਜ਼ਦੂਰਾਂ ਦੇ ਹੱਕਾਂ ਨੂੰ ਹਾਸਲ ਕਰਨ ਲਈ ਅਨੇਕਾਂ ਜੁਝਾਰੂ ਸੂਰਬੀਰਾਂ ਨੇ ਅਨੇਕਾਂ ਤਸੀਹੇ ਝੱਲੇ ਤੇ ਫਾਂਸੀਆਂ ਦੇ ਰੱਸੇ ਚੁੰਮੇ, ਜਿਨ੍ਹਾਂ ਕਰਕੇ ਅਸੀਂ ਆਪਣੇ ਅਧਿਕਾਰਾਂ ਨੂੰ ਹਾਸਲ ਕਰਨ ਲਈ ਅਨੇਕਾਂ ਸਕੀਮਾਂ ਤੇ ਕਨੂੰਨਾਂ ਦਾ ਸਹਾਰਾ ਲੈਂਦੇ ਆ ਰਹੇ ਹਾਂ, ਪ੍ਰੰਤੂ ਅੱਜ ਦੀਆਂ ਸਰਮਾਏਦਾਰ ਪੱਖੀ ਸਰਕਾਰਾਂ ਫਿਰ ਇਤਿਹਾਸ ਨੂੰ ਸਾਮਰਾਜੀ ਤਾਕਤਾਂ ਦੇ ਇਸ਼ਾਰਿਆਂ 'ਤੇ ਕਿਰਤ ਕਨੂੰਨਾਂ ਨੂੰ ਤੋੜ ਕੇ ਨਵੇਂ ਲੇਬਰ ਕੋਡ ਲਾਗੂ ਕਰਨ ਜਾ ਰਹੀਆਂ ਹਨ। ਉਨ੍ਹਾਂ ਸਾਰੀਆਂ ਮਜ਼ਦੂਰ, ਮੁਲਾਜ਼ਮ, ਪੈਨਸ਼ਨਰ ਤੇ ਹੋਰ ਇੰਨਸਾਫ ਪਸੰਦ ਜਥੇਬੰਦੀਆਂ ਨੂੰ ਮੋਦੀ ਸਰਕਾਰ ਵੱਲੋਂ ਕੰਮ ਦਿਹਾੜੀ ਸਮੇਂ ਵਿੱਚ 8 ਘੰਟਿਆਂ ਤੋਂ 12 ਘੰਟੇ ਕਰਨ ਦੀ ਨਿਖੇਧੀ ਕਰਦਿਆਂ ਮਈ ਦਿਵਸ ਇੱਕ ਪਲੇਟਫਾਰਮ 'ਤੇ ਦਾਣਾ ਮੰਡੀ ਨੇੜੇ ਗੋਲ ਚੱਕਰ ਮੌਲੀ ਰਾਮ ਜੀ ਦੇ ਸ਼ੈੱਡ ਥੱਲੇ ਠੀਕ 10.30 ਵਜੇ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਦੱਸਿਆ ਕਿ ਇਸ ਮੌਕੇ ਆਗੂਆਂ ਵੱਲੋਂ ਲੋਕ ਮਾਰੂ ਨੀਤੀਆਂ ਵਿਰੁੱਧ ਰੋਸ ਪ੍ਰਗਟ ਕੀਤਾ ਜਾਵੇਗਾ ਤੇ ਮਈ ਦਿਹਾੜੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ।

## ਨਵੀਂ ਖੇਤੀ ਮਸ਼ੀਨਰੀ ਲਈ ਅਰਜ਼ੀਆਂ ਦੀ ਮੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ ਫ਼ਸਲੀ ਵਿਭਿੰਨਤਾ ਤੇ ਨਵੀਂ ਖੇਤੀ ਮਸ਼ੀਨਰੀ ਨੂੰ ਉਤਸ਼ਾਹਤ ਕਰਨ ਲਈ ਸੀ.ਡੀ.ਪੀ. ਤੇ ਸਮੈਮ ਸਕੀਮ ਸਾਲ 2026-27 ਦੌਰਾਨ ਖੇਤੀ ਮਸ਼ੀਨਰੀ ਸਬਸਿਡੀ 'ਤੇ ਦੇਣ ਲਈ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਹੈ। ਇਹ ਜਾਣਕਾਰੀ ਦਿੰਦਿਆਂ ਮੁੱਖ ਖੇਤੀਬੜੀ ਅਫ਼ਸਰ ਡਾ. ਬਲਵਿੰਦਰ ਸਿੰਘ ਨੇ ਦੱਸਿਆ ਕਿ ਇਸ ਸਕੀਮ ਤਹਿਤ ਵਿਅਕਤੀਗਤ ਕਿਸਾਨ ਤੇ ਕਸਟਮ ਹਾਈਰਿੰਗ ਸੈਂਟਰ ਸੀ.ਡੀ.ਪੀ. ਸਕੀਮ ਹੇਠ ਫ਼ਸਲੀ ਵਿਭਿੰਨਤਾ ਲਈ ਮਸ਼ੀਨਾਂ ਨੂਮੈਟਿਕ ਪਲਾਂਟਰ, ਸੂਗਰਕੇਨ ਹਰਵੇਸਟਰ, ਮੇਜ਼ ਸ਼ੈਲਰ, ਹਾਈ ਕਲੀਰੈਂਸ ਬੂਮ ਸਪਰੇਅਰ, ਮੈਨੂਅਲਪਾਵਰ ਸਪਰੇਅਰ, ਸ਼ੂਗਰਕੇਨ ਪਲਾਂਟਰ, ਗਰਾਊਂਡਨਟ ਡਿੱਗਰ, ਕਾਟਨ ਪਲਕਰ ਤੇ ਮਲਟੀ ਕਰਾਪ ਥਰੈਸ਼ਰ ਤੇ ਪੋਰਟਲ ਦੀ ਸੂਚੀ 'ਚ ਦਰਜ ਮਸ਼ੀਨਾਂ ਲਈ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ। ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਸਕੀਮਾਂ ਦਾ ਲਾਭ ਲੈਣ ਆਪਣੀ ਅਰਜ਼ੀ ਪੋਰਟਲ 'ਤੇ ਆਨਲਾਈਨ 12 ਮਈ 2026 ਤੱਕ ਦੇ ਸਕਦੇ ਹਨ।

ਜੇਕਰ ਫਾਈਲ ਅਪਲਾਈ ਸਬੰਧੀ ਕੋਈ ਸਮੱਸਿਆਂ ਆਉਂਦੀ ਹੈ ਤਾਂ ਕਿਸਾਨ ਆਪਣੇ ਸਬੰਧਤ ਬਲਾਕ ਖੇਤੀਬਾੜੀ ਦਫ਼ਤਰ ਤੇ ਵਧੇਰੇ ਜਾਣਕਾਰੀ ਲਈ ਦਫ਼ਤਰ ਮੁੱਖ ਖੇਤੀਬਾੜੀ ਅਫ਼ਸਰ ਫਿਰੋਜ਼ਪੁਰ ਵਿਖੇ ਸੰਪਰਕ ਕਰ ਸਕਦੇ ਹਨ।

# ਪਾਣੀ ਦੀ ਨਿਕਾਸੀ ਨੂੰ ਲੈ ਕੇ ਦੋ ਪੱਤੀਆਂ 'ਚ ਟਕਰਾਅ ਦਾ ਮਾਮਲਾ ਸੁਲਝਿਆ



**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਨਾਲ ਦੇ ਪਿੰਡ ਛਾਜਲੀ ਵਿਖੇ ਪੰਜਾਬ ਸਰਕਾਰ ਦੇ ਖਜ਼ਾਨਾ ਮੰਤਰੀ ਤੇ ਵਿਧਾਨ ਸਭਾ ਹਲਕਾ ਦਿੜ੍ਹਬਾ ਦੇ ਹਰਪਾਲ ਸਿੰਘ ਚੀਮਾ ਵੱਲੋਂ ਸਟੇਡੀਅਮ, ਵਾਟਰ ਵਰਕਸ ਤੇ ਪਾਰਕ ਲਈ ਵੱਡੀ ਗ੍ਰਾਂਟ ਦਿੱਤੀ ਗਈ ਹੈ।ਜਦੋਂ ਕੰਮ ਸ਼ੁਰੂ ਹੋਇਆ ਤਾਂ ਪਾਣੀ ਦੀ ਨਿਕਾਸੀ ਲਈ ਪਿੰਡ ਦੀਆਂ ਦੋ ਪੱਤੀਆਂ ਰੋਝਾਂ ਪੱਤੀ ਤੇ ਸਮਰਾਓ ਪੱਤੀ ਦਾ ਆਪਸ ਵਿੱਚ ਟਕਰਾਅ ਹੋ ਗਿਆ ਤੇ ਝਗੜਾ ਇਨਾ ਵਧ ਗਿਆ ਕਿ ਕਰੋਟ ਕਚਹਿਰੀ ਤੱਕ ਪਹੁੰਚ ਗਿਆ, ਪਰ ਪਿੰਡ ਦੇ ਕੁਝ ਸੂਝਵਾਨ ਬੰਦਿਆਂ ਨੇ ਵਿੱਚ ਵਿਚਾਲੇ ਹੋ ਕੇ ਇੱਕ ਲਿਖਤੀ ਸਮਝੌਤਾ ਕਰਾ ਦਿੱਤਾ।ਸਮਝੌਤੇ ਦੀ ਲਿਖਤ ਵਿੱਚ ਲਿਖਿਆ ਗਿਆ ਕਿ ਪਾਣੀ ਦੀ ਨਿਕਾਸੀ ਦਾ ਨਾਲਾ ਸਟੇਡੀਅਮ ਦੀ ਦੀਵਾਰ ਨਾਲ ਬਾਹਰ ਸਮਰਾਓ ਪੱਤੀ ਦੇ ਵਿਚਕਾਰ ਦੀ ਕੱਢਿਆ ਜਾਵੇਗਾ ਅਤੇ ਸੜਕ ਦੇ ਕੋਲ ਦੀ ਜਾਵੇਗਾ।ਜੋ ਪਾਣੀ ਸਮਰਾਓ ਪੱਤੀ ਦਾ ਹੈ, ਉਹ ਨਾਲਾ ਛੱਪੜ ਵਾਲੇ ਪਾਸੇ ਤੋਂ ਪੈਲੇਸ ਵਾਲੇ ਪਾਸੇ ਦੀ ਕੱਢਿਆ ਜਾਵੇਗਾ।ਪੁਸ਼ਵਿੰਦਰ ਸਿੰਘ ਦੇ ਘਰ ਦੇ ਕੋਲੋਂ ਰਸਤਾ ਬਣਾ ਕੇ ਪਾਣੀ ਦਾ ਨਿਕਾਸ ਕੀਤਾ ਜਾਵੇਗਾ।ਸਟੇਡੀਅਮ ਤੋਂ ਅੱਗੇ 110 ਫੁੱਟ ਥਾਂ ਵਾਟਰ ਵਰਕਸ ਨੂੰ ਦਿੱਤੀ ਜਾਵੇਗੀ।ਇਸ ਤੋਂ ਬਿਨਾਂ ਬਚਦੀ ਸ਼ਾਮਲਾਟ ਸਮਰਾਓ ਪੱਤੀ ਸਾਂਝੇ ਤੌਰ 'ਤੇ ਵਰਤੇਗੀ ਅਤੇ ਸ਼ਾਮਲਾਟ ਦੀ ਸਥਿਤੀ ਪਹਿਲਾਂ ਵਾਲੀ ਹੀ ਰਹੇਗੀ।ਜਿਸ ਸ਼ਾਮਲਾਟ ਵਿੱਚ ਭਰਤ ਪਾਉਣੀ ਹੈ, ਉਹ ਸਮਰਾਓ ਪੱਤੀ ਦੇ ਘਰ-ਘਰ ਦਾ ਟਰੈਕਟਰ ਲਾ ਕੇ ਪਾਉਣੀ ਹੈ ਤੇ ਗ੍ਰਾਮ ਪੰਚਾਇਤ ਪੂਰੀ ਮੱਦਦ ਕਰੇਗੀ।ਗੁਰੂਘਰ ਦੀ ਜ਼ਮੀਨ ਵਿੱਚ ਕੋਈ ਵੀ ਧਿਰ ਦਖਲਅੰਦਾਜ਼ੀ ਨਹੀਂ ਕਰੇਗੀ।ਪੈਲੇਸ ਦੀ ਕੰਧ ਤੱਕ ਸ਼ਾਮਲਾਟ ਪੰਚਾਇਤ ਰੋਝਾਂ ਪੱਤੀ ਦੇ ਸਾਂਝੇ ਕੰਮਾਂ ਲਈ ਵਰਤੇਗੀ।ਸ਼ਮਸ਼ਾਨਘਾਟ ਦੇ ਕੋਲ ਦੀ ਪਾਣੀ ਦੀ ਨਿਕਾਸੀ ਕਰਕੇ ਨਾਲ ਤਿੰਨ ਕਰਮਾਂ ਦਾ ਰਸਤਾ ਲਾਇਆ ਗਿਆ ਹੈ।ਪੈਲੇਸ ਕੋਲ ਜੋ ਛੱਪੜ ਹੈ ਉਸ ਨੂੰ ਸਾਫ਼ ਸੁਥਰਾ ਅਤੇ ਪਹਿਲਾਂ ਦੀ ਤਰ੍ਹਾਂ ਰਕਬੇ ਵਿੱਚ ਰੱਖਿਆ ਜਾਵੇਗਾ।ਪੁਸ਼ਵਿੰਦਰ ਸਿੰਘ ਦੇ ਘਰ ਸਾਹਮਣੇ ਜੋ ਥਾਂ ਹੈ, ਉਸ ਵਿੱਚ ਪਾਰਕ ਬਣਾਇਆ ਜਾਵੇਗਾ।ਜੋ ਪਰਜਾਪਤਾਂ (ਘੁਮਾਰ) ਦੇ ਘਰ ਕੋਲ ਦੀ ਥਾਂ ਉੱਪਰ ਦੀਵਾਰ ਬਣਾ ਕੇ ਰਸਤਾ ਬੰਦ ਕੀਤਾ ਜਾਵੇਗਾ, ਜੋ ਕਾਨੂੰਨੀ ਕਾਰਵਾਈ ਕੀਤੀ ਗਈ ਸੀ, ਉਹ ਵਾਪਸ ਲਈ ਜਾਵੇਗੀ।ਇਸ ਮੌਕੇ ਗੁਰਬਿਆਸ ਸਿੰਘ ਸਰਪੰਚ ਗ੍ਰਾਮ ਪੰਚਾਇਤ ਛਾਜਲੀ, ਬਿਕਰਮਜੀਤ ਸਿੰਘ ਵਿੱਕੀ, ਬਲਜੀਤ ਸਿੰਘ ਪੰਚ ਸਮਰਾਓ ਪੱਤੀ, ਸਮਸ਼ੇਰ ਸਿੰਘ ਨੰਬਰਦਾਰ, ਬਲਵੰਤ ਸਿੰਘ, ਗਗਨ ਸਿੰਘ ਅੰਤਰ ਸਿੰਘ ਸਮਰਾਓ ਸਾਬਕਾ ਪੰਚ, ਗੁਰਦੀਪ ਸਿੰਘ ਚੌਧਰੀ, ਹਰਵਿੰਦਰ ਸਿੰਘ, ਜਗਸੀਰ ਸਿੰਘ, ਗੁਰਪ੍ਰੀਤ ਸਿੰਘ, ਹਰਮਨ ਸਿੰਘ, ਸੁਖਜਿੰਦਰ ਸਿੰਘ, ਗੁਰਮੇਲ ਸਿੰਘ, ਗੋਰਾ ਸਿੰਘ, ਗੁਰਸ਼ਰਨ ਸਿੰਘ ਆਦਿ ਹਾਜ਼ਰ ਸਨ।

# ਪੰਜਾਬ ਪੈਨਸ਼ਨਰਜ਼ ਐਸੋਸੀਏਸ਼ਨ ਦੀ ਸੂਬਾ ਪੱਧਰੀ ਚੋਣ

**ਭਜਨ ਸਿੰਘ ਗਿੱਲ ਸੂਬਾ ਪ੍ਰਧਾਨ, ਸੁਰਿੰਦਰ ਰਾਮ ਕੁੱਸਾ ਸੂਬਾ ਜਨਰਲ ਸਕੱਤਰ ਤੇ ਨਰਿੰਦਰ ਪਾਲ ਭਗਤਾ ਬਣੇ ਸੂਬਾ ਵਿੱਤ ਸਕੱਤਰ**



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ (ਰਜਿ) ਪੰਜਾਬ ਦੀ ਸੂਬਾ ਪੱਧਰੀ ਚੋਣ ਬਹਾਦਰ ਸਿੰਘ ਹੁਸ਼ਿਆਰਪੁਰ ਤੇ ਗੁਰਦੇਵ ਸਿੰਘ ਕਿਰਤੀ ਮੋਗਾ ਦੀ ਦੇਖ-ਰੇਖ ਵਿੱਚ ਦੇਸ਼ ਭਗਤ ਯਾਦਗਰ ਹਾਲ ਵਿੱਚ ਹੋਈ।ਚੋਣ ਇਜਲਾਸ ਦੇ ਸ਼ੁਰੂ ਵਿੱਚ ਪਿਛਲੇ ਸਮੇਂ ਸਦੀਵੀ ਵਿਛੋੜਾ ਦੇ ਗਏ ਪੈਨਸ਼ਨਰ ਮੁਲਾਜ਼ਮ ਆਗੂਆਂ ਨੂੰ ਭਾਵ-ਭਿੰਨੀ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਤੋਂ ਬਾਅਦ ਸੁਰਿੰਦਰ ਰਾਮ ਕੁੱਸਾ ਨੇ ਪਿਛਲੇ ਤਿੰਨ ਸਾਲ ਦੀ ਰਿਪੋਰਟ ਪੜ੍ਹੀ ਤੇ ਉਸ ਤੇ ਵੱਖ ਵੱਖ ਜ਼ਿਲ੍ਹਾ ਆਗੂਆਂ ਗੁਰਦੀਪ ਸਿੰਘ ਕਪੂਰਥਲਾ, ਹਰਦੇਵ ਸਿੰਘ ਜਵੰਧਾ ਪੂਰੀ, ਹਰਚੰਦ ਸਿੰਘ ਪੰਜੋਲੀ, ਸੁਖਮੰਦਰ ਸਿੰਘ ਮੋਗਾ, ਬੂਟਾ ਸਿੰਘ ਫਾਜ਼ਿਲਕਾ, ਰਤਨ ਚੰਦ ਪਠਾਨਕੋਟ, ਬਾਬੂ ਰਾਮ ਟਿੰਨਾ ਮੁਕਤਸਰ, ਜਸਵੰਤ ਸਿੰਘ ਜਗਰਾਉਂ, ਇੰਦਰਜੀਤ ਸਿੰਘ ਖੀਵਾ, ਸੁਭਾਸ਼ ਚੰਦਰ ਸ਼ਰਮਾਂ ਪ੍ਰਧਾਨ ਫਰੀਦਕੋਟ, ਹਰਜੀਤ ਸਿੰਘ ਤਰਖਾਣ ਮਾਜਰਾ ਪ੍ਰਧਾਨ ਫਤਹਿਗੜ੍ਹ ਸਾਹਿਬ, ਐਡਵੋਕੇਟ ਦਲਜੀਤ ਸਿੰਘ ਸਹੋਤਾ, ਅਜੀਤ ਸਿੰਘ ਸੋਢੀ, ਅਸ਼ੋਕ ਕੁਮਾਰ ਗਿੱਦੜਬਾਹਾ, ਰਣਜੀਤ ਸਿੰਘ ਪ੍ਰਧਾਨ ਮੁਕਤਸਰ, ਸੁੱਚਾ ਸਿੰਘ ਪ੍ਰਧਾਨ ਕਪੂਰਥਲਾ, ਦਰਸ਼ਨ ਸਿੰਘ ਉਟਾਲ, ਚਮਕੌਰ ਸਿੰਘ ਸਰਾਂ, ਬਹਾਦਰ ਸਿੰਘ ਸੰਪਾਦਕ ਮੁਲਾਜ਼ਮ ਕੇਂਦਰ, ਹਰਭਜਨ ਸਿੰਘ ਅਜਨੋਹਾ ਹੁਸ਼ਿਆਰਪੁਰ, ਆਤਮਤੇਜ਼ ਸ਼ਰਮਾ ਭਗਤਾ ਭਾਈ ਨੇ ਇਸ ਰਿਪੋਰਟ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ। ਭਜਨ ਸਿੰਘ ਗਿੱਲ ਨੇ ਆਏ ਹੋਏ ਡੈਲੀਗੇਟਾਂ ਨੂੰ ਜੀ ਆਇਆਂ ਕਹਿੰਦਿਆਂ ਰਿਪੋਰਟ ਸਬੰਧੀ ਆਏ ਸੁਝਾਵਾਂ, ਘਾਟਾਂ ਵਾਧਾ ਬਾਰੇ ਵਿਚਾਰ ਰੱਖੇ। ਅੰਤ ਵਿੱਚ ਪ੍ਰਧਾਨ ਜੀ ਨੇ ਸੂਬਾ ਕਾਰਜਕਰਨੀ ਨੂੰ ਭੰਗ ਕਰਨ ਦਾ ਐਲਾਨ ਕੀਤਾ।ਚੋਣ ਇਜਲਾਸ ਲਈ ਨਿਯੁਕਤ ਪਰਜਾਈਡਿੰਗ ਅਫਸਰਾਂ ਬਹਾਦਰ ਸਿੰਘ ਤੇ ਗੁਰਦੇਵ ਸਿੰਘ ਕਿਰਤੀ ਨੇ ਚੋਣ ਪ੍ਰਕ੍ਰਿਆ ਸ਼ੁਰੂ ਕੀਤੀ।ਹਰਜੀਤ ਸਿੰਘ ਫਤਿਹ ਗੜ੍ਹ ਸਾਹਿਬ ਨੇ ਪ੍ਰਧਾਨ ਲਈ ਭਜਨ ਸਿੰਘ ਗਿੱਲ ਤੇ ਜਨਰਲ ਸਕੱਤਰ ਲਈ ਸੁਰਿੰਦਰ ਰਾਮ ਕੁੱਸਾ ਨੂੰ 2026 - 2029 ਦੇ ਤਿੰਨ ਸਾਲਾਂ ਲਈ ਦੁਬਾਰਾ ਚੁਣਨ ਲਈ ਨਾਮ ਪੇਸ਼ ਕੀਤੇ, ਅਜੀਤ ਸਿੰਘ ਸੋਢੀ ਤੇ ਸੁੱਚਾ ਸਿੰਘ ਕਪੂਰਥਲਾ, ਸਤਿਨਾਮ ਸਿੰਘ ਰੰਧਾਵਾ ਗੁਰਦਾਸਪੁਰ, ਗੁਰਪ੍ਰਤਾਪ ਸਿੰਘ ਫਿਰੋਜ਼ਪੁਰ ਆਦਿ ਸੂਬਾ ਆਗੂਆਂ ਨੇ ਇਸ ਮਤੇ ਦੀ ਤਾਈਦ ਕੀਤੀ।ਬਹਾਦਰ ਸਿੰਘ ਨੇ ਹਾਜ਼ਰੀਨ ਨੂੰ 10 ਮਿੰਟ ਹੋਰ ਦਿੱਤੇ ਤੇ ਕਿਹਾ ਕਿ ਜੇਕਰ ਹੋਰ ਕੋਈ ਸੂਬਾ ਪ੍ਰਧਾਨ ਸਕੱਤਰ ਲਈ ਨਾਮੀਨੇਸ਼ਨ ਭਰਨਾ ਚਾਹੁੰਦਾ ਹੈ ਤਾਂ ਇਸ ਸਮੇਂ ਵਿੱਚ ਭਰ ਕੇ ਦੇ ਸਕਦੇ ਹਨ, ਪਰ ਸਮੁੱਚੇ ਹਾਊਸ ਨੇ ਭਜਨ ਸਿੰਘ ਗਿੱਲ ਤੇ ਸੁਰਿੰਦਰ ਰਾਮ ਕੁੱਸਾ ਦੀ ਪਿਛਲੇ ਤਿੰਨ ਸਾਲ ਦੀ ਕਾਰਜ ਕੁਸ਼ਲਤਾ ਅਤੇ ਜਥੇਬੰਦਕ ਸੂਝ-ਬੂਝ ਦੀ ਤਾਰੀਫ਼ ਕਰਦਿਆਂ ਇਨ੍ਹਾਂ ਨੂੰ ਅਗਲੇ ਤਿੰਨ ਸਾਲ ਲਈ ਸੂਬਾ ਪ੍ਰਧਾਨ ਤੇ ਸੂਬਾ ਜਨਰਲ ਸਕੱਤਰ ਬਣਾਉਣ 'ਤੇ ਮੋਹਰ ਲਾ ਦਿੱਤੀ।ਭਜਨ ਸਿੰਘ ਗਿੱਲ ਤੇ ਸੁਰਿੰਦਰ ਰਾਮ ਕੁੱਸਾ ਨੇ ਅਗਲੇ ਤਿੰਨ ਸਾਲ ਲਈ ਜਥੇਬੰਦੀ ਦੀ ਜ਼ਿੰਮੇਵਾਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣ ਦਾ ਪ੍ਰਣ ਲਿਆ। ਭਜਨ ਸਿੰਘ ਗਿੱਲ ਨੇ ਸੂਬਾ ਵਿੱਤ ਸਕੱਤਰ ਲਈ ਨਰਿੰਦਰ ਪਾਲ ਭਗਤਾ ਦਾ ਨਾਮ ਪੇਸ਼ ਕੀਤਾ, ਜੋ ਹਾਊਸ ਨੇ ਸਰਬਸੰਮਤੀ ਨਾਲ ਪ੍ਰਵਾਨ ਕਰ ਲਿਆ।ਇਸ ਇਜਲਾਸ ਵਿੱਚ ਭੁਪਿੰਦਰ ਸਿੰਘ, ਪ੍ਰੀਤਮ ਸਿੰਘ ਨਾਗਰਾ, ਜੈ ਦੇਵ ਸੁਰਮਾਂ ਧੂਰੀ, ਅਮਰਜੀਤ ਸਿੰਘ ਮਾਣੂਕੇ, ਜੋਗਿੰਦਰ ਪਾਲ, ਧਰਮਪਾਲ ਆਜ਼ਾਦ, ਮੇਵਾ ਸਿੰਘ ਮਨਜੀਤ ਸਿੰਘ, ਕੇਹਰ ਸਿੰਘ, ਕੁਲਵੰਤ ਸਿੰਘ ਢਿੱਲੋਂ ਫਤਹਿਗੜ੍ਹ, ਜਸਵਿੰਦਰ ਸਿੰਘ ਆਹਲੂਵਾਲੀਆ, ਨਾਹਰ ਸਿੰਘ, ਗੋਬਿੰਦ ਸਿੰਘ, ਰਛਪਾਲ ਸਿੰਘ, ਸੁੱਚਾ ਸਿੰਘ ਸੁਲਤਾਨਪੁਰ ਲੋਧੀ ਹਰਬੰਸ ਲਾਲ, ਮੰਗਲ ਸਿੰਘ ਨਿਰਭੈ ਸਿੰਘ ਦਲਜੀਤ ਸਿੰਘ ਰਾਮਵਰਨ, ਸੁਰਜਾ ਰਾਮ, ਬਚਿੱਤਰ ਸਿੰਘ, ਜਸਵਿੰਦਰ ਸਿੰਘ ਮੁੱਲੋਵਾਲ, ਕੁਲਵੰਤ ਸਿੰਘ, ਬਿੱਕਰ ਸਿੰਘ ਮਾਛੀਕੇ, ਜੋਰਾਵਰ ਸਿੰਘ, ਗੁਰਮੇਜ ਸਿੰਘ ਖੋਟੇ ਸਮੇਤ ਬਹੁਤ ਸਾਰੇ ਆਗੂ ਸਰਗਰਮ ਵਰਕਰ ਸ਼ਾਮਲ ਸਨ।

# ਬਿਜਲੀ ਕੱਟਾਂ ਦੇ ਵਿਰੋਧ 'ਚ ਅਕਾਲੀਆਂ ਵੱਲੋਂ ਧਰਨਾ

**ਸਰਕਾਰ ਨੇ ਬਿਜਲੀ ਖੇਤਰ 'ਚ ਕੋਈ ਕੰਮ ਨਹੀਂ ਕੀਤਾ : ਕਬੀਰ/ਲਾਲਵਾ**



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**

ਸੂਬੇ ਵਿੱਚ ਲਗਾਤਾਰ ਲੱਗ ਰਹੇ ਬਿਜਲੀ ਕੱਟਾਂ ਦੇ ਵਿਰੋਧ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੱਦੇ 'ਤੇ ਅਕਾਲੀ ਵਰਕਰਾਂ ਨੇ ਐੱਸ ਡੀ ਐੱਮ ਪਾਤੜਾਂ ਦੇ ਦਫਤਰ ਸਾਹਮਣੇ ਵਿਸ਼ਾਲ ਰੋਹ ਭਰਪੂਰ ਧਰਨਾ ਦਿੱਤਾ ਗਿਆ।ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਇੰਚਾਰਜ ਬਾਬੂ ਕਬੀਰ ਦਾਸ ਦੀ ਅਗਵਾਈ ਵਿੱਚ ਕੀਤੇ ਗਏ ਰੋਸ ਪ੍ਰਦਰਸ਼ਨ ਦੌਰਾਨ ਅਕਾਲੀ ਵਰਕਰਾਂ ਨੇ ਪੰਜਾਬ ਦੀ ਆਪ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।

ਰੋਸ ਪ੍ਰਦਰਸ਼ਨ ਦੌਰਾਨ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਬਾਬੂ ਕਬੀਰ ਦਾਸ ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਮਹਿੰਦਰ ਸਿੰਘ ਲਾਲਵਾ ਨੇ ਕਿਹਾ ਕਿ ਪੰਜਾਬ ਦੀ ਤਤਕਾਲੀ ਅਕਾਲੀ ਸਰਕਾਰ ਸਮੇਂ ਸੂਬੇ ਨੂੰ ਬਿਜਲੀ ਦੇ ਖੇਤਰ ਵਿੱਚ ਆਤਮ ਨਿਰਭਰ ਬਣਾਉਣ ਲਈ ਵੱਡੇ ਪੱਧਰ ਉੱਤੇ ਕਦਮ ਚੁੱਕੇ ਗਏ, ਪਰ ਬਦਕਿਸਮਤੀ ਦੀ ਗੱਲ ਹੈ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਬਿਜਲੀ ਸਪਲਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਦੇ ਫੋਕੇ ਦਾਅਵੇ ਕਰਦੀ ਨਹੀਂ ਥੱਕਦੀ।ਉਨ੍ਹਾਂ ਦੋਸ਼ ਲਗਾਇਆ ਕਿ ਆਪ ਸਰਕਾਰ ਨੇ ਸਾਢੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਬਿਜਲੀ ਦੇ ਖੇਤਰ ਵਿੱਚ ਕੋਈ ਵੀ ਕੰਮ ਨਹੀਂ ਕੀਤਾ, ਜਿਸ ਕਰਕੇ ਗਰਮੀ ਦੇ ਇਸ ਮੌਸਮ ਦੌਰਾਨ ਸੂਬੇ ਦੇ ਲੋਕਾਂ ਨੂੰ ਬਿਜਲੀ ਦੇ ਭਾਰੀ ਕੱਟਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਪੀਏਡੀਬੀ ਦੇ ਸਾਬਕਾ ਚੇਅਰਮੈਨ ਗੁਰਬਚਨ ਸਿੰਘ ਮੌਲਵੀਵਾਲਾ, ਡਾਕਟਰ ਬਹਾਦਰ ਸਿੰਘ ਘੱਗਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬਚਿੱਤਰ ਸਿੰਘ ਹਰਿਆਊ, ਨਗਰ ਕੌਂਸਲ ਪਾਤੜਾਂ ਦੇ ਸਾਬਕਾ ਪ੍ਰਧਾਨ ਵਿਨੋਦ ਕੁਮਾਰ ਜਿੰਦਲ, ਲਖਵਿੰਦਰ ਸਿੰਘ ਮੌਲਵੀਵਾਲਾ, ਸੁਖਜੀਤ ਸਿੰਘ ਬਕਰਾਹਾ, ਜੋਗਿੰਦਰ ਸਿੰਘ ਸ਼ੇਰਗੜ੍ਹ, ਤੇਜਵੀਰ ਸਿੰਘ ਖਾਂਗ, ਬਲਾਕ ਸੰਮਤੀ ਮੈਂਬਰ ਲਖਵਿੰਦਰ ਸਿੰਘ ਜਲਾਲਪੁਰ, ਨੰਬਰਦਾਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸਿੰਘ ਨਿਆਲ, ਗੋਇਲ ਸਰਕਲ ਪ੍ਰਧਾਨ ਸ਼ਹਿਰੀ ਪਾਤੜਾਂ, ਅਜੈਬ ਸਿੰਘ ਮੱਲ੍ਹੀ ਤੇ ਨਰਿੰਦਰ ਸਿੰਘ ਬਜਾਜ ਆਦਿ ਹਾਜ਼ਰ ਸਨ।

## ਤਰੁਨਪ੍ਰੀਤ ਸੌਂਦ ਵੱਲੋਂ ਦੇਤਵਾਲੀਆ ਨਾਲ ਦੁੱਖ ਦਾ ਪ੍ਰਗਟਾਵਾ



**ਦੋਰਾਹਾ (ਹਰਮਿੰਦਰ ਸੇਠ)**-ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਲੋਕ ਗਾਇਕ ਤੇ ਗੀਤਕਾਰ ਪਾਲੀ ਦੇਤਵਾਲੀਆ ਦੇ ਨੌਜਵਾਨ ਪੁੱਤਰ ਮਨਜੋਤ ਸਿੰਘ (35) ਦੇ ਬੇਵਕਤੀ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਸੌਂਦ ਨੇ ਕਿਹਾ ਕਿ ਪਾਲੀ ਦੇਤਵਾਲੀਆ ਪਿਛਲੇ ਲੰਬੇ ਸਮੇਂ ਤੋਂ ਪੰਜਾਬੀ ਸੱਭਿਆਚਾਰ ਦੀ ਸੇਵਾ ਕਰ ਰਹੇ ਹਨ ਤੇ ਲੋਕਾਂ ਨੂੰ ਆਪਣੇ ਸਿੱਖਿਆਤਮਕ ਗੀਤਾਂ ਜ਼ਰੀਏ ਸਮਾਜਕ ਕੁਰੀਤੀਆਂ ਬਾਰੇ ਸੁਚੇਤ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਪਾਲੀ ਦੇਤਵਾਲੀਆ ਦੇ ਨੌਜਵਾਨ ਪੁੱਤਰ ਦਾ ਬੇਵਕਤੀ ਤੁਰ ਜਾਣ ਨਾਲ ਪਰਿਵਾਰ ਨੂੰ ਨਿੱਜੀ ਘਾਟਾ ਪਿਆ ਹੈ, ਜੋ ਕਦੀ ਵੀ ਪੂਰਾ ਨਹੀਂ ਹੋਣਾ। ਸੌਂਦ ਨੇ ਕਿਹਾ ਕਿ ਉਨ੍ਹਾਂ ਕੋਲ ਕੋਈ ਵੀ ਅਜਿਹਾ ਸ਼ਬਦ ਨਹੀਂ ਹੈ, ਜਿਸ ਨਾਲ ਪਰਵਾਰ ਦਾ ਘਾਟਾ ਪੂਰਿਆ ਜਾ ਸਕੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਨਾਲ ਹਰ ਮੌਕੇ ਖੜੀ ਹੈ।

# ਆਂਗਣਵਾੜੀ ਵਰਕਰਾਂ ਵੱਲੋਂ ਸੀ ਡੀ ਪੀ ਓ ਦਫ਼ਤਰ ਵਿਖੇ ਰੋਸ ਪ੍ਰਦਰਸ਼ਨ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਵੱਲੋਂ ਉਲੀਕੀ ਗਈ ਰੂਪ ਰੇਖਾ ਤਹਿਤ ਮਾਵਾਂ-ਧੀਆਂ ਸਤਿਕਾਰਯੋਗ ਯੋਜਨਾ ਵਿੱਚ ਸਮਾਰਟ ਫੋਨ ਨਾ ਮਿਲਣ ਕਰਨ ਕੰਮ ਨਾ ਕਰਨ ਸੰਬੰਧੀ ਅਤੇ ਮਾਵਾਂ-ਧੀਆਂ ਸਤਿਕਾਰਯੋਗ ਯੋਜਨਾ ਦੀ ਟ੍ਰੇਨਿੰਗ ਨਾ ਲੈਣ ਲਈ ਜ਼ਿਲ੍ਹਾ ਪ੍ਰਧਾਨ ਮਹਿੰਦਰਪਾਲ ਕੌਰ ਪੱਤੋਂ ਦੀ ਅਗਵਾਈ ਵਿੱਚ ਬਲਾਕ ਨਿਹਾਲ ਸਿੰਘ ਵਾਲਾ ਸਮੂਹ ਵਰਕਰਾਂ ਵੱਲੋਂ ਸੀ. ਡੀ. ਪੀ. ਓ. ਦਫ਼ਤਰ ਨਿਹਾਲ ਸਿੰਘ ਵਾਲਾ ਵਿਖੇ ਪੰਜਾਬ ਸਰਕਾਰ ਖਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਮੰਗ ਪੱਤਰ ਦੇ ਕੇ ਮੰਗ ਕੀਤੀ ਗਈ ਕਿ ਵਰਕਰਾਂ ਤੋਂ ਮਾਵਾਂ- ਧੀਆਂ ਸਤਿਕਾਰਯੋਗ ਯੋਜਨਾ ਤਹਿਤ ਕੰਮ ਲੈਣ ਲਈ ਉਨ੍ਹਾਂ ਵਰਕਰਾਂ ਤੋਂ ਮਾਵਾਂ-ਧੀਆਂ ਸਤਿਕਾਰਯੋਗ ਯੋਜਨਾ ਤਹਿਤ ਕੰਮ ਲੈਣ ਲਈ ਉਨ੍ਹਾਂ ਵਰਕਰਾਂ ਲਈ ਖ੍ਰੀਦੇ ਗਏ ਫੋਨ ਤੁਰੰਤ ਵਰਕਰਾਂ ਨੂੰ ਦਿੱਤੇ ਜਾਣ, ਨਾਲ ਹੀ ਪ੍ਰਤੀ ਫਾਰਮ ਵਰਕਰਾਂ ਨੂੰ 200 ਰੁਪਏ ਤੇ ਹੈਲਪਰਾਂ ਨੂੰ 100 ਰੁਪਏ ਦਿੱਤੇ ਜਾਣ। ਜਿੰਨੀ ਦੇਰ ਵਰਕਰਾਂ ਦੀਆਂ ਮੰਗਾਂ ਪੰਜਾਬ ਸਰਕਾਰ ਪੂਰੀਆਂ ਨਹੀਂ ਕਰਦੀ, ਉਨੀ ਦੇਰ ਵਰਕਰਾਂ ਵੱਲੋਂ ਇਸ ਕੰਮ ਦਾ ਬਾਈਕਾਟ ਕੀਤਾ ਜਾਵੇਗਾ। ਇਸ ਮੌਕੇ ਬਲਾਕ ਪ੍ਰਧਾਨ ਕੁਲਵੰਤ ਕੌਰ ਲੁਹਾਰਾ, ਮੀਤ ਬਲਾਕ ਪ੍ਰਧਾਨ ਇੰਦਰਜੀਤ ਕੌਰ, ਸਰਕਲ ਪ੍ਰਧਾਨ ਕਮਲੇਸ਼ ਰਾਣੀ, ਇਕਬਾਲ ਕੌਰ, ਚਰਨਜੀਤ ਕੌਰ, ਸਰਬਜੀਤ ਕੌਰ ਮਾਛੀਕੇ ਆਦਿ ਹਾਜ਼ਰ ਸਨ।

## ਸਫਾ 3 ਦੇ ਬਾਕੀ...

### ਜਬਰ-ਜ਼ਨਾਹ ਪੀੜਤਾ...

ਕਿਹਾ, "ਗੋਦ ਲੈਣ ਲਈ ਬੱਚੇ ਹਨ। ਇਸ ਦੇਸ਼ ਵਿੱਚ ਸਾਡੇ ਕੋਲ ਬਹੁਤ ਹਮਦਰਦੀ ਹੈ... ਸੜਕਾਂ 'ਤੇ ਲਾਵਾਰਸ, ਛੱਡੇ ਹੋਏ ਬੱਚੇ ਹਨ ਅਤੇ ਇੱਥੋਂ ਤੱਕ ਕਿ ਇਸ 'ਤੇ ਮਾਫੀਆ ਵੀ ਹਨ। ਸਾਨੂੰ ਉਨ੍ਹਾਂ ਵੱਲ ਦੇਖਣਾ ਹੋਵੇਗਾ। ਇਹ ਇੱਕ 15 ਸਾਲਾ ਬੱਚੀ ਦੀ ਅਣਚਾਹੀ ਗਰਭ ਅਵਸਥਾ ਹੈ।"

ਕਾਰਵਾਈ ਦੌਰਾਨ ਏਮਜ਼ ਦੇ ਇੱਕ ਡਾਕਟਰ ਨੇ ਅਦਾਲਤ ਨੂੰ ਦੱਸਿਆ ਕਿ ਇਹ ਬੱਚਾ ਬਨਾਮ ਭਰੂਣ ਨਹੀਂ, ਬਲਕਿ ਬੱਚਾ ਬਨਾਮ ਬੱਚਾ ਹੈ। ਏਮਜ਼ ਵੱਲੋਂ ਪੇਸ਼ ਹੋਈ ਐਡੀਸ਼ਨਲ ਸਾਲੀਸਿਟਰ ਜਨਰਲ ਐਸ਼ਵਰਿਆ ਭਾਟੀ ਨੇ ਕਿਊਰੇਟਿਵ ਪਟੀਸ਼ਨ ਦਾ ਜ਼ਿਕਰ ਕਰਦਿਆਂ ਕਿਹਾ ਕਿ ਗਰਭ ਅਵਸਥਾ ਨੂੰ ਖਤਮ ਕਰਨਾ ਸੰਭਵ ਨਹੀਂ ਹੈ।

ਭਾਟੀ ਨੇ ਕਿਹਾ, "ਇਹ ਗੰਭੀਰ ਵਿਕਾਰਾਂ ਵਾਲਾ ਇੱਕ ਜੀਵਤ ਬੱਚਾ ਹੋਵੇਗਾ। ਨਾਬਾਲਗ ਮਾਂ ਨੂੰ ਉਮਰ ਭਰ ਸਿਹਤ ਸੰਬੰਧੀ ਸਮੱਸਿਆਵਾਂ ਹੋਣਗੀਆਂ ਅਤੇ ਉਹ ਦੁਬਾਰਾ ਜਣਨ ਨਹੀਂ ਕਰ ਸਕੇਗੀ... ਇਹ ਬੱਚਾ ਗੋਦ ਦਿੱਤਾ ਜਾ ਸਕਦਾ ਹੈ। ਹੁਣ 30 ਹਫਤੇ ਹੋ ਗਏ ਹਨ। ਇਹ ਹੁਣ ਇੱਕ ਜੀਵਨ ਬਣ ਚੁੱਕਾ ਹੈ। ਭਾਟੀ ਨੇ ਨਾਬਾਲਗ ਅਤੇ ਉਸ ਦੇ ਮਾਪਿਆਂ ਨਾਲ ਕਾਉਂਸਲਿੰਗ ਲਈ ਅਦਾਲਤ ਤੋਂ ਇਜਾਜ਼ਤ ਵੀ ਮੰਗੀ।

ਇਸ ਮੌਕੇ ਜਸਟਿਸ ਬਾਗਚੀ ਨੇ ਕਿਹਾ, "ਤੁਹਾਨੂੰ ਕਿਸ ਨੇ ਰੋਕਿਆ ਹੈ? ਤੁਹਾਡੀ ਪੇਰੇਂਸ ਪੈਟਰੀਏ (ਰਾਸ਼ਟਰ ਦੇ ਮਾਪੇ) ਪਹੁੰਚ ਕੀ ਹੈ? ਆਪਣੇ ਨਾਗਰਿਕ ਨੂੰ ਸਤਿਕਾਰ ਦਿਓ। ਮਾਪਿਆਂ ਨੂੰ ਡੇਟਾ ਦਿਖਾਓ ਅਤੇ ਜੇ ਉਹ ਇਸ ਨੂੰ ਰੱਖਣਾ ਚੁਣਦੇ ਹਨ। ਫਿਰ ਅਜਿਹਾ ਹੀ ਹੋਣ ਦਿਓ।"

ਬੈਂਚ ਨੇ ਕਿਹਾ, "ਇਹ ਏਮਜ਼ ਦਾ ਕੰਮ ਨਹੀਂ ਹੈ ਕਿ ਉਹ ਨਾਗਰਿਕਾਂ ਲਈ ਚੋਣ ਕਰੇ ਅਤੇ ਇਹ ਸਿਰਫ ਡਾਕਟਰੀ ਸੇਵਾ ਪ੍ਰਦਾਨ ਕਰ ਸਕਦਾ ਹੈ, ਪਰ ਜੇ ਉਹ ਸੋਚਦੇ ਹਨ ਕਿ ਮਾਨਸਿਕ ਸਿਹਤ ਖਤਰੇ ਵਿੱਚ ਹੈ ਤਾਂ ਉਹ ਫੈਸਲਾ ਲੈਣਗੇ। ਕਿਰਪਾ ਕਰਕੇ ਆਪਣੀ ਕਿਊਰੇਟਿਵ 'ਤੇ ਜ਼ੋਰ ਨਾ ਦਿਓ। ਕਿਊਰੇਟਿਵ ਮਾਪਿਆਂ ਵੱਲੋਂ ਆ ਸਕਦੀ ਹੈ। ਆਓ ਰਾਜ ਅਤੇ ਇਸ ਦੇ ਨਾਗਰਿਕਾਂ ਵਿਚਕਾਰ ਲੜਾਈ ਨਾ ਬਣਾਈਏ। ਇੱਕ ਮਨੋਵਿਗਿਆਨੀ ਅਤੇ ਕਾਉਂਸਲਰ ਨੂੰ ਲਿਆਓ। ਆਓ ਅਸੀਂ ਉਨ੍ਹਾਂ ਲੋਕਾਂ ਲਈ ਚੋਣ ਨਾ ਕਰੀਏ, ਜੋ ਚੁਣਨ ਦੇ ਸਮਰੱਥ ਹਨ।"

ਸੁਪਰੀਮ ਕੋਰਟ ਨੇ ਕਿਹਾ, "ਗਰਭਪਾਤ ਦਾ ਫੈਸਲਾ ਪੀੜਤ ਅਤੇ ਉਸ ਦੇ ਮਾਪਿਆਂ ਦਾ ਹੋਣਾ ਚਾਹੀਦਾ ਹੈ। ਏਮਜ਼ ਉਨ੍ਹਾਂ ਨੂੰ ਫੈਸਲਾ ਲੈਣ ਵਿੱਚ ਮਦਦ ਕਰ ਸਕਦਾ ਹੈ। ਬੈਂਚ ਨੇ ਕਿਹਾ, "ਬੱਚੀ ਅਤੇ ਉਸ ਦੇ ਮਾਪਿਆਂ ਨੂੰ ਸਭ ਕੁਝ ਸਮਝਾਓ। ਜੇ ਉਸ ਤੋਂ ਬਾਅਦ ਉਹ ਵਿਚਾਰ ਬਦਲਣਾ ਚਾਹੁੰਦੇ ਹਨ ਤਾਂ ਅਸੀਂ ਦੇਖਾਂਗੇ।"

ਇਹ ਦੇਖਦੇ ਹੋਏ ਕਿ ਇੱਕ ਹੋਣ ਵਾਲੀ ਮਾਂ ਦੀ ਪ੍ਰਜਨਨ ਖੁਦਮੁਖਤਿਆਰੀ ਨੂੰ ਸਭ ਤੋਂ ਵੱਧ ਮਹੱਤਵ ਦਿੱਤਾ ਜਾਣਾ ਚਾਹੀਦਾ ਹੈ, ਜਸਟਿਸ ਬੀ ਵੀ ਨਾਗਰਥਨਾ ਅਤੇ ਉੱਜਲ ਭੂਈਆਂ ਦੀ ਬੈਂਚ ਨੇ ਪਿਛਲੇ ਹਫਤੇ 15 ਸਾਲਾ ਕੁੜੀ ਨੂੰ 30 ਹਫਤਿਆਂ ਦੀ ਆਪਣੀ ਗਰਭ ਅਵਸਥਾ ਨੂੰ ਡਾਕਟਰੀ ਤੌਰ 'ਤੇ ਖਤਮ ਕਰਨ ਦੀ ਇਜਾਜ਼ਤ ਦਿੱਤੀ ਸੀ। ਸੁਪਰੀਮ ਕੋਰਟ ਨੇ ਏਮਜ਼ ਵੱਲੋਂ ਦਾਇਰ ਨਜ਼ਰਸਾਨੀ ਪਟੀਸ਼ਨ ਨੂੰ ਵੀ ਖਾਰਜ ਕਰ ਦਿੱਤਾ ਅਤੇ ਕਿਹਾ ਕਿ ਅਣਚਾਹੇ ਗਰਭ ਨੂੰ ਡਾਕਟਰੀ ਤੌਰ 'ਤੇ ਖਤਮ ਕਰਨ ਦੇ ਫੈਸਲੇ ਨੂੰ ਗਰਭ ਅਵਸਥਾ ਦੇ ਵਧੇ ਹੋਏ ਪੜਾਅ ਜਾਂ ਭਰੂਣ ਦੇ ਸਾਧਾਰਨ ਹੋਣ ਦੇ ਆਧਾਰ 'ਤੇ ਰੱਦ ਨਹੀਂ ਕੀਤਾ ਜਾ ਸਕਦਾ। ਬੈਂਚ ਨੇ ਕਿਹਾ ਕਿ ਉਸ ਆਧਾਰ 'ਤੇ ਗਰਭਪਾਤ ਦੀ ਇਜਾਜ਼ਤ ਨਾ ਦੇਣਾ 'ਸਰੀਰਕ ਖੁਦਮੁਖਤਿਆਰੀ ਦੇ ਅਧਿਕਾਰ ਨੂੰ ਬੇਮਾਇਨਾ' ਕਰ ਦੇਵੇਗਾ।

ਕੇਂਦਰ ਨੇ ਇੱਕ ਕਿਊਰੇਟਿਵ ਪਟੀਸ਼ਨ ਵੀ ਦਾਇਰ ਕੀਤੀ ਸੀ, ਜੋ ਕਿ ਨਿਆਂਇਕ ਉਪਾਅ ਦੀ ਮੰਗ ਕਰਨ ਦਾ ਆਖਰੀ ਰਸਤਾ ਹੁੰਦਾ ਹੈ।

ਆਪਣੇ 24 ਅਪਰੈਲ ਦੇ ਹੁਕਮ ਵਿੱਚ ਸੁਪਰੀਮ ਕੋਰਟ ਨੇ ਕਿਹਾ ਸੀ ਕਿ ਇਸ ਮਾਮਲੇ ਵਿੱਚ ਨਾਬਾਲਗ 15 ਸਾਲ ਦੀ ਹੈ ਅਤੇ ਗਰਭ ਅਵਸਥਾ ਅਣਚਾਹੀ ਹੈ। ਗਰਭ ਅਵਸਥਾ ਨੂੰ ਜਾਰੀ ਰੱਖਣਾ ਗਰਭਵਤੀ ਨਾਬਾਲਗ ਦੇ ਹਿੱਤ ਵਿੱਚ ਨਹੀਂ ਹੈ, ਖਾਸ ਤੌਰ 'ਤੇ ਜਦੋਂ ਉਸ ਨੇ ਦੋ ਮੌਕਿਆਂ 'ਤੇ ਆਪਣੀ ਜੀਵਨ ਲੀਲ੍ਹਾ ਖਤਮ ਕਰਨ ਦੀ ਕੋਸ਼ਿਸ਼ ਕੀਤੀ ਹੈ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਿੰਮਤਪੁਰਾ ਦੇ ਵਿਦਿਆਰਥੀ ਨੇ ਸਕਾਲਰਸ਼ਿਪ ਹਾਸਲ ਕੀਤੀ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਰਾਜ ਵਿੱਦਿਅਕ ਤੇ ਸਿਖਲਾਈ ਖੋਜ ਪ੍ਰੀਸ਼ਦ ਪੰਜਾਬ ਵੱਲੋਂ ਨੈਸ਼ਨਲ ਮੀਨਜ ਕੰਮ ਮੈਰਿਟ ਸਕਾਲਰਸ਼ਿਪ ਅਧੀਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਿੰਮਤਪੁਰਾ ਦੇ ਅੱਠਵੀਂ ਜਮਾਤ ਵਿੱਚ ਪੜ੍ਹਦੇ ਵਿਦਿਆਰਥੀ ਕਰਨਵੀਰ ਸਿੰਘ ਪੁੱਤਰ ਹਰਜਿੰਦਰ ਸਿੰਘ ਨੇ ਮੈਰਿਟ ਵਿੱਚ ਆ ਕੇ ਆਪਣੇ ਸਕੂਲ ਪਿੰਡ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ।ਜ਼ਿਕਰਯੋਗ ਹੈ ਕਿ ਇਸ ਵਿਦਿਆਰਥੀ ਨੇ ਅੱਠਵੀਂ ਜਮਾਤ ਦੀ ਬੋਰਡ ਪ੍ਰੀਖਿਆ ਵਿੱਚ ਵੀ 94 % ਅੰਕ ਹਾਸਲ ਕੀਤੇ ਹਨ।ਹੁਣ ਇਸ ਵਿਦਿਆਰਥੀ ਨੂੰ ਅਗਲੇ ਚਾਰ ਸਾਲ ਲਈ 12000 ਸਲਾਨਾ ਵਿਸ਼ੇਸ਼ ਵਜ਼ੀਫ਼ਾ ਮਿਲੇਗਾ। ਸਮੂਹ ਸਟਾਫ ਵੱਲੋਂ ਕਰਨਵੀਰ ਸਿੰਘ ਨੂੰ ਸਵੇਰ ਦੀ ਸਭਾ ਵਿੱਚ ਸਨਮਾਨਤ ਕੀਤਾ ਗਿਆ।ਸਕੂਲ ਮੁਖੀ ਅਮਨਦੀਪ ਸਿੰਘ ਮਾਛੀਕੇ ਨੇ ਕਿਹਾ ਕਿ ਇਸ ਵਿਦਿਆਰਥੀ ਨੂੰ ਹੁਣ ਸਾਲਾਨਾ 12 ਹਜ਼ਾਰ ਰੁਪਏ ਦੇ ਹਿਸਾਬ ਨਾਲ ਕੁੱਲ ਚਾਰ ਸਾਲਾਂ ਵਿੱਚ 48 ਹਜ਼ਾਰ ਰੁਪਏ ਦਾ ਵਜ਼ੀਫਾ ਮਿਲੇਗਾ। ਉਨ੍ਹਾਂ ਕਿਹਾ ਸਕੂਲ ਅਧਿਆਪਕਾਂ ਦੀ ਮਿਹਨਤ ਅਤੇ ਵਿਸ਼ੇਸ਼ ਤਿਆਰੀ ਸਦਕਾ ਵਿਦਿਆਰਥੀ ਨੇ ਇਹ ਮੁਕਾਮ ਹਾਸਲ ਕੀਤਾ ਹੈ।ਇਸ ਪ੍ਰਾਪਤੀ ਕਰਕੇ ਸਮੂਹ ਸਕੂਲ ਸਟਾਫ ਸਕੂਲ ਮੈਨੇਜਮੈਂਟ ਕਮੇਟੀ ਸਮੂਹ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪਿਆਂ ਵਿੱਚ ਖੁਸ਼ੀ ਦੀ ਲਹਿਰ ਹੈ।

## ਸੰਨੀ ਢਿੱਲੋਂ ਨੇ ਨਵ-ਉਸਾਰੀ ਖਾਲਿਆਂ ਦੇ ਰੱਖੇ ਨੀਂਹ ਪੱਥਰ



**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ, ਛੱਤਿਆਣਾ)**-ਪੰਜਾਬ ਸਰਕਾਰ ਰਾਜ ਦੇ ਵਸਨੀਕਾਂ ਨੂੰ ਖੇਤੀਬਾੜੀ ਤੇ ਪੀਣ ਲਈ ਸਾਫ-ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਾਉਣ ਲਈ ਯੋਗ ਉਪਰਾਲੇ ਕਰ ਰਹੀ ਹੈ। ਇਹ ਜਾਣਕਾਰੀ ਹਲਕਾ ਵਿਧਾਇਕ ਗਿੱਦੜਬਾਹਾ ਦੇ ਛੋਟੇ ਭਰਾ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਵਰਕਰ ਸ੍ਰੀ ਸੰਦੀਪ ਸਿੰਘ ਸੰਨੀ ਢਿੱਲੋਂ ਨੇ ਪਿੰਡ ਗੁਰੂਸਰ ਵਿਖੇ ਲਗਭਗ 149 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੇ 21000 ਫੁੱਟ ਨਵੇਂ ਖਾਲ ਦੀ ਉਸਾਰੀ ਦਾ ਨੀਂਹ ਪੱਥਰ ਰੱਖਦਿਆਂ ਦਿੱਤੀ।ਇਸੇ ਤਰ੍ਹਾਂ ਹੀ ਢਿੱਲੋਂ ਨੇ ਪਿੰਡ ਦੂਹੇਵਾਲਾ ਵਿਖੇ ਵੀ ਲਗਭਗ 98 ਲੱਖ ਰੁਪਏ ਦੀ ਲਾਗਤ ਨਾਲ 13700 ਫੁੱਟ ਨਵੇਂ ਖਾਲ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ।

## ਸੰਕਲਪ ਪੋਸਟਰ ਮੇਕਿੰਗ ਮੁਕਾਬਲਾ ਕਰਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜ਼ੀ ਸਕੂਲ ਨੇ ਰਚਨਾਤਮਕਤਾ ਤੇ ਪ੍ਰਤਿਭਾ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਮੁਕਾਬਲੇ ਆਯੋਜਤ ਕੀਤੇ ਜਾਂਦੇ ਹਨ, ਜਿਸ ਦੇ ਚੱਲਦਿਆਂ 6ਵੀਂ-8ਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ 'ਸੰਕਲਪ ਪੋਸਟਰ ਮੇਕਿੰਗ' ਮੁਕਾਬਲਾ ਆਯੋਜਤ ਕੀਤਾ ਗਿਆ, ਜਿੱਥੇ ਵਿਦਿਆਰਥੀਆਂ ਨੇ ਆਕਰਸ਼ਕ ਤੇ ਪ੍ਰਭਾਵਸ਼ਾਲੀ ਪੋਸਟਰਾਂ ਰਾਹੀਂ ਆਪਣੇ ਵਿਚਾਰ ਪੇਸ਼ ਕੀਤੇ।ਵਿਦਿਆਰਥੀਆਂ ਨੇ ਵਾਤਾਵਰਣ, ਸਿੱਖਿਆ, ਸਿਹਤ ਅਤੇ ਸਮਾਜਿਕ ਮੁੱਦਿਆਂ 'ਤੇ ਸੁੰਦਰ ਅਤੇ ਅਰਥਪੂਰਨ ਪੋਸਟਰ ਬਣਾ ਕੇ ਆਪਣੇ ਕਲਾਤਮਕ ਹੁਨਰ ਅਤੇ ਸਮਝ ਦਾ ਪ੍ਰਦਰਸ਼ਨ ਕੀਤਾ।9ਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ 'ਇੰਟਰ-ਹਾਊਸ ਕੋਲਾਜ ਮੇਕਿੰਗ ਮੁਕਾਬਲਾ' ਆਯੋਜਤ ਕੀਤਾ ਗਿਆ।ਮੁਕਾਬਲੇ ਵਿੱਚ ਵੱਖ-ਵੱਖ ਹਾਊਸਾਂ ਦੇ ਵਿਦਿਆਰਥੀਆਂ ਨੇ ਰਚਨਾਤਮਕ ਕੋਲਾਜ ਬਣਾਏ, ਜੋ ਉਨ੍ਹਾਂ ਦੀ ਟੀਮ ਵਰਕ, ਕਲਪਨਾ ਤੇ ਸਮਝ ਦੀ ਡੂੰਘਾਈ ਨੂੰ ਸਪੱਸ਼ਟ ਤੌਰ 'ਤੇ ਦਰਸਾਉਂਦੇ ਸਨ। ਮੁਕਾਬਲੇ ਵਿੱਚ 'ਕੋਲੰਬਸ ਹਾਊਸ' ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਸਕੂਲ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਤੇ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸੇ ਉਤਸ਼ਾਹ ਨਾਲ ਹਿੱਸਾ ਲੈਣ ਲਈ ਉਤਸ਼ਾਹਤ ਕੀਤਾ।

## ਸਾਹਿਤਕਾਰ ਸੁਰਜੀਤ ਸਿੰਘ ਪੰਛੀ ਦਾ ਅਮਰੀਕਾ 'ਚ ਦਿਹਾਂਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸਾਹਿਤਕਾਰ ਸੁਰਜੀਤ ਸਿੰਘ ਪੰਛੀ (90) ਦਾ ਅਮਰੀਕਾ ਦੇ ਸ਼ਹਿਰ ਕੈਲੇਫੋਰਨੀਆ 'ਚ ਦਿਹਾਂਤ ਹੋ ਗਿਆ ਹੈ।ਉਨ੍ਹਾਂ 32 ਦੇ ਕਰੀਬ ਕਿਤਾਬਾਂ ਮਾਂ ਬੋਲੀ ਪੰਜਾਬੀ ਦੀ ਝੋਲੀ ਪਾਈਆਂ ਹਨ।ਉਹ ਹੁਣ ਆਪਣੇ ਛੋਟੇ ਬੇਟੇ ਲਾਲੀ ਅਮਰੀਕਾ ਕੋਲ ਰਹਿ ਰਹੇ ਸਨ।ਉਨ੍ਹਾਂ ਦੇ ਵਿਛੋੜੇ ਦੀ ਖਬਰ ਮਿਲਦਿਆਂ ਹੀ ਇਲਾਕਾ ਮਹਿਲ ਕਲਾਂ ਤੇ ਸਾਹਿਤਕ ਹਲਕਿਆਂ 'ਚ ਸੋਗ ਦੀ ਲਹਿਰ ਦੌੜ ਗਈ ਹੈ।ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਰਜਿ: ਦੇ ਪ੍ਰਧਾਨ ਪਵਨ ਸ਼ਰਮਾ ਹਰਚੰਦਪੁਰੀ ਨੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਸੁਰਜੀਤ ਸਿੰਘ ਪੰਛੀ ਦੇ ਅਚਾਨਕ ਚਲੇ ਜਾਣ ਨਾਲ ਪੰਜਾਬੀ ਸਾਹਿਤ ਨੂੰ ਵੱਡਾ ਘਾਟਾ ਪਿਆ ਹੈ।ਪੰਜਾਬੀ ਸਾਹਿਤ ਸਭਾ, ਪ੍ਰੈੱਸ ਕਲੱਬ ਰਜਿ: ਨੇ ਸਾਹਿਤਕਾਰ ਪੰਛੀ ਦੇ ਦਿਹਾਂਤ ਉਪਰ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪੰਛੀ ਦੇ ਬੇਟੇ ਮਾ. ਰਵਿੰਦਰ ਰਵੀ, ਲਾਲੀ ਅਮਰੀਕਾ ਤੇ ਸਮੂਹ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਹੈ।

## ਕਣਕ ਦੀਆਂ ਬੋਰੀਆਂ ਦੀ ਲਿਫ਼ਟਿੰਗ ਨਾ ਹੋਣ ਕਾਰਨ ਹਾਲਾਤ ਗੰਭੀਰ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਬਿਲਾਸਪੁਰ ਦੀ ਦਾਣਾ ਮੰਡੀ 'ਚ ਕਿਸਾਨਾਂ ਤੇ ਮਜ਼ਦੂਰਾਂ ਨੇ ਦੱਸਿਆ ਕਿ ਪੰਜਾਬ ਦੀਆਂ ਅਨਾਜ ਮੰਡੀਆਂ 'ਚ ਕਣਕ ਦੀਆਂ ਬੋਰੀਆਂ ਦੀ ਲਿਫ਼ਟਿੰਗ ਨਾ ਹੋਣ ਕਾਰਨ ਹਾਲਾਤ ਗੰਭੀਰ ਬਣਦੇ ਜਾ ਰਹੇ ਹਨ।ਮੰਡੀਆਂ 'ਚ ਕਣਕ ਦੇ ਢੇਰ ਲੱਗੇ ਹੋਏ ਹਨ, ਜਿਸ ਨਾਲ ਮਜ਼ਦੂਰਾਂ ਨੂੰ ਕੰਮ ਦੀ ਕਮੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਉਹ ਮੰਡੀਆਂ ਵਿੱਚ ਹੀ ਰੁਲਣ ਲਈ ਮਜਬੂਰ ਹਨ।ਮਜ਼ਦੂਰਾਂ ਨੇ ਦੱਸਿਆ ਕਿ ਕਈ ਦਿਨਾਂ ਤੋਂ ਕਣਕ ਦੀ ਚੁਕਾਈ ਨਹੀਂ ਹੋ ਰਹੀ, ਜਿਸ ਕਾਰਨ ਉਨ੍ਹਾਂ ਦੀ ਰੋਜ਼ੀ-ਰੋਟੀ ਪ੍ਰਭਾਵਤ ਹੋ ਰਹੀ ਹੈ।ਉਨ੍ਹਾਂ ਦਾ ਕਹਿਣਾ ਹੈ ਕਿ ਜੇਕਰ ਜਲਦੀ ਹੀ ਬੋਰੀਆਂ ਦੀ ਲਿਫ਼ਟਿੰਗ ਨਾ ਕੀਤੀ ਗਈ ਤਾਂ ਮੀਂਹ ਪੈਣ ਦੀ ਸਥਿਤੀ ਵਿੱਚ ਕਣਕ ਨੂੰ ਨੁਕਸਾਨ ਹੋ ਸਕਦਾ ਹੈ।ਮਜ਼ਦੂਰਾਂ ਤੇ ਕਿਸਾਨਾਂ ਨੇ ਸਰਕਾਰ ਅਤੇ ਸੰਬੰਧਿਤ ਵਿਭਾਗਾਂ ਤੋਂ ਮੰਗ ਕੀਤੀ ਹੈ ਕਿ ਤੁਰੰਤ ਕਦਮ ਚੁੱਕ ਕੇ ਮੰਡੀਆਂ 'ਚੋਂ ਕਣਕ ਦੀ ਲਿਫ਼ਟਿੰਗ ਕਰਾਈ ਜਾਵੇ, ਤਾਂ ਜੋ ਮਜ਼ਦੂਰਾਂ ਨੂੰ ਕੰਮ ਮਿਲ ਸਕੇ ਅਤੇ ਅਨਾਜ ਦੀ ਸੰਭਾਲ ਵੀ ਢੰਗ ਨਾਲ ਹੋ ਸਕੇ।

## ਬੀ ਡੀ ਪੀ ਓ ਸੁਰਜੀਤ ਸਿੰਘ ਦਾ ਮੁਲਾਜ਼ਮ ਜਥੇਬੰਦੀਆਂ ਵੱਲੋਂ ਸਨਮਾਨ



**ਜ਼ੀਰਾ (ਨਰਿੰਦਰ ਅਨੇਜਾ)**-ਬੀ ਡੀ ਪੀ ਓ ਸੁਰਜੀਤ ਸਿੰਘ ਨੂੰ ਸੇਵਾ ਮੁਕਤੀ 'ਤੇ ਦਫਤਰੀ ਮੁਲਾਜ਼ਮਾਂ ਵੱਲੋਂ ਵਿਦਾਇਗੀ ਪਾਰਟੀ ਦਿੱਤੀ ਗਈ।ਇਸ ਮੌਕੇ ਬਲਾਕ ਵਿਕਾਸ ਪੰਚਾਇਤ ਦਫਤਰ ਜ਼ੀਰਾ ਵਿਖੇ ਮੀਟਿੰਗ ਹਾਲ ਵਿੱਚ ਵਿਦਾਇਗੀ ਪਾਰਟੀ ਸਮਾਗਮ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਬੀਡੀਪੀਓ ਸੁਰਜੀਤ ਸਿੰਘ ਵਿਸ਼ੇਸ਼ ਤੌਰ 'ਤੇ ਪਰਵਾਰ ਸਮੇਤ ਪਹੁੰਚੇ, ਜਿੱਥੇ ਉਨ੍ਹਾਂ ਨੂੰ ਮੁਲਾਜ਼ਮਾਂ ਤੇ ਜਥੇਬੰਦੀਆਂ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਮਾਗਮ ਵਿੱਚ ਪ ਸ ਸ ਫ ਦੇ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ, ਜਗਜੀਤ ਸਿੰਘ ਪ੍ਰਧਾਨ ਪੰਚਾਇਤ ਵਿਕਾਸ ਸਕੱਤਰ ਯੂਨੀਅਨ, ਅਮਨਦੀਪ ਸਿੰਘ, ਮੰਗਲ ਸਿੰਘ ਸੁਪਰਡੈਂਟ, ਅਮਨਦੀਪ ਸਿੰਘ ਧੰਜੂ, ਗੁਰਭੇਜ ਸਿੰਘ ਆਦਿ ਤੋਂ ਇਲਾਵਾ ਵੱਖ ਵੱਖ ਜਥੇਬੰਦੀਆਂ ਦੇ ਆਗੂ ਤੇ ਬਲਾਕ ਦਫ਼ਤਰ ਦੇ ਮੁਲਾਜ਼ਮਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਹਾਜ਼ਰੀਆਂ ਭਰੀਆਂ।

## ਬਲਜਿੰਦਰ ਢਿੱਲੋਂ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ



**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਥਿੰਦ)**-2027 'ਚ ਆ ਰਹੀਆਂ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਸਾਰੀਆਂ ਰਾਜਸੀ ਪਾਰਟੀਆਂ ਵੱਲੋਂ ਲੋਕਾਂ ਨਾਲ ਆਪਣਾ ਸੰਪਰਕ ਬਣਾਉਣਾ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਦੇ ਮੱਦੇਨਜ਼ਰ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ, ਪੰਜਾਬ ਐਗਰੋ ਫੂਡ ਦੇ ਚੇਅਰਮੈਨ ਤੇ ਲੋਕ ਸਭਾ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਨੇ ਆਪਣੀ ਲੋਕ ਸਭਾ ਟੀਮ ਸਮੇਤ ਪਟਿਆਲਾ ਦੇ ਹਲਕਾ ਸਨੌਰ ਵਿੱਚ ਪਿੰਡ ਜੁਲਕਾਂ, ਬਿੰਜਲ ਤੇ ਹੋਰ ਵੱਖ ਪਿੰਡਾਂ ਦੇ ਵਾਸੀਆਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਪੂਰਵਕ ਸੁਣਿਆ ਤੇ ਉਨ੍ਹਾਂ ਨੂੰ ਜਲਦ ਹੱਲ ਕਰਾਉਣ ਲਈ ਲੋਕਾਂ ਨੂੰ ਵਿਸ਼ਵਾਸ ਦੁਆਇਆ। ਢਿੱਲੋਂ ਵੱਲੋਂ ਆਪਣੀ ਟੀਮ ਨਾਲ ਇਲਾਕੇ ਦਾ ਵਿਸਥਾਰਪੂਰਵਕ ਦੌਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਮਦਨ ਮੋਹਨ ਜੁਲਕਾਂ, ਬੰਟੀ ਬਿੰਜਲ, ਗ਼ਜਨ ਸਿੰਘ, ਜਸਵੰਤ ਰਾਏ, ਓਮ ਪ੍ਰਕਾਸ, ਲਖਵਿੰਦਰ ਸਿੰਘ ਸਰਪੰਚ, ਰਜਿੰਦਰ ਸਿੰਘ ਗਿੱਲ, ਮੀਡੀਆ ਸਲਾਹਕਾਰ ਰਜਿੰਦਰ ਸਿੰਘ ਕੋਹਲੀ ਤੋਂ ਇਲਾਵਾ ਹੋਰ ਸਾਥੀ ਨਾਲ ਮੌਜੂਦ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਮਈ ਦਿਵਸ ਮੌਕੇ ਸੱਦੇ ਵਿਸ਼ੇਸ਼ ਅਜਲਾਸ 'ਚ ਮਜ਼ਦੂਰਾਂ ਦੀਆਂ ਮੁੱਖ ਮੰਗਾਂ ਨੂੰ ਹੱਲ ਕੀਤਾ ਜਾਵੇ




ਪਠਾਨਕੋਟ (ਦਵਿੰਦਰ ਸਿੰਘ)- ਪੰਜਾਬ ਦੀ ਮਾਨ ਸਰਕਾਰ ਵੱਲੋਂ ਮਜ਼ਦੂਰ ਜਮਾਤ ਦੇ ਇਤਿਹਾਸਕ ਕੌਮਾਂਤਰੀ ਮਈ ਦਿਵਸ ਮੌਕੇ ਸੱਦਿਆ ਪੰਜਾਬ ਅਸੈਂਬਲੀ ਦਾ ਵਿਸ਼ੇਸ਼ ਇਜਲਾਸ, ਜੇਕਰ ਮਜ਼ਦੂਰਾਂ ਦੀਆਂ ਮੁੱਖ ਮੰਗਾਂ ਨੂੰ ਹੱਲ ਕਰਨ ਲਈ ਕੁਝ ਖਾਸ ਮਤੇ ਪਾਸ ਕਰਾਉਣ ਤੇ ਅਮਲੀ ਰੂਪ ਦੇਣ 'ਤੇ ਹੀ ਕਿਹਾ ਜਾ ਸਕੇਗਾ ਕਿ ਸਪੈਸ਼ਲ ਇਜਲਾਸ ਮਜ਼ਦੂਰ ਦਿਹਾੜੇ ਨੂੰ ਸਮਰਪਤ ਹੋਇਆ। ਪੰਜਾਬ ਸਰਕਾਰ ਦੇ ਮਜ਼ਦੂਰ ਦਿਵਸ ਮੌਕੇ ਸੱਦੇ ਵਿਸ਼ੇਸ਼ ਅਸੈਂਬਲੀ ਇਜਲਾਸ ਸਬੰਧੀ ਸੈਂਟਰ ਆਫ ਟਰੇਡ ਯੂਨੀਅਨਜ਼ (ਸੀ ਟੀ ਯੂ) ਪੰਜਾਬ ਦੇ ਜਨਰਲ ਸਕੱਤਰ ਕਾਮਰੇਡ ਨੱਥਾ ਸਿੰਘ ਢਡਵਾਲ, ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਹਰਿੰਦਰ ਸਿੰਘ ਰੰਧਾਵਾ ਅਤੇ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਸ਼ਿਵ ਕੁਮਾਰ ਨੇ ਸਾਂਝੇ ਪ੍ਰੈਸ ਬਿਆਨ ਵਿੱਚ ਕਿਹਾ ਕਿ ਜੇਕਰ ਦੇਸ਼ ਅੰਦਰ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਜ਼ਦੂਰ ਵਿਰੋਧੀ ਬਣਾਏ ਚਾਰ ਲੇਬਰ ਕੋਡ ਪੰਜਾਬ ਅੰਦਰ ਲਾਗੂ ਨਾ ਕਰਨ ਦਾ ਮਤਾ ਪਾਸ ਕਰਨ, ਬਾਰਾਂ ਘੰਟੇ ਕੰਮ ਲੈਣ ਵਾਲੀ ਨੋਟੀਫਿਕੇਸ਼ਨ ਰੱਦ ਕਰਕੇ ਪੰਜਾਬ ਵਿੱਚ ਲਾਗੂ ਕਰਨ ਤੋਂ ਇਨਕਾਰ ਕਰਦੀ ਹੈ ਅਤੇ ਮਿਨੀਮਮ ਵੇਜ ਵਿੱਚ ਸੋਧ ਕਰਕੇ ਅਨਸਕਿਲਡ ਵਰਕਰ ਲਈ ਘੱਟੋ-ਘੱਟ ਉਜਰਤ ਪ੍ਰਤੀ ਮਹੀਨਾ 26000 ਰੁਪਏ ਨਿਸ਼ਚਿਤ ਕਰਕੇ ਨੋਟੀਫਿਕੇਸ਼ਨ ਕਰਦੀ ਹੈ ਤਾਂ ਕਿਹਾ ਜਾਏਗਾ ਕਿ ਇਜਲਾਸ ਮਜ਼ਦੂਰ ਜਮਾਤ ਨੂੰ ਸਮਰਪਤ ਸੀ।

ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਪਿਛਲੇ ਚਾਰ ਸਾਲ ਦੇ ਅਰਸੇ ਦੌਰਾਨ ਤਾਂ ਟਰੇਡ ਯੂਨੀਅਨਾਂ ਤੇ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਨੂੰ ਵਾਰ ਵਾਰ ਗੱਲਬਾਤ ਲਈ ਸਮੇਂ ਦੇ ਕੇ ਮਜ਼ਦੂਰਾਂ ਦੀਆਂ ਮੁਸ਼ਕਲਾਂ ਸੁਣਨਾ ਵੀ ਜ਼ਰੂਰੀ ਨਹੀਂ ਸਮਝਿਆ। ਨਹੀਂ ਤਾਂ ਇਹ ਸਮਝਿਆ ਜਾਵੇਗਾ ਕਿ ਆਮ ਆਦਮੀ ਪਾਟਰੀ ਦੀ ਸਰਕਾਰ ਵੱਲੋਂ ਸਾਰਾ ਪਖੰਡ ਰਚਿਆ ਜਾ ਰਿਹਾ ਹੈ।ਇਸ ਮੌਕੇ ਉਪਰੋਕਤ ਤੋਂ ਇਲਾਵਾਂ ਸਕੱਤਰ ਸਿੰਘ, ਜਨਕ ਰਾਜ, ਮਨਹਰਨ, ਰਾਮ ਬਿਲਾਸ ਠਾਕੁਰ ਅਤੇ ਹੋਰ ਸਾਥੀ ਹਾਜ਼ਰ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਮੁਹੱਈਆ ਕਰਵਾਉਣ ਦੀ ਸੇਵਾ 20 ਤੱਕ ਰੋਕੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤ ਅਤੇ ਗੁਰਦੁਆਰਾ ਸਾਹਿਬਾਨ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਮੁਹੱਈਆ ਕਰਵਾਉਣ ਦੀ ਸੇਵਾ 20 ਮਈ ਤੀਕ ਰੋਕਣ ਦਾ ਫੈਸਲਾ ਕੀਤਾ ਹੈ। ਪੰਜਾਬ ਸਰਕਾਰ ਵੱਲੋਂ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026" ਪਾਸ ਕਰਨ ਮਗਰੋਂ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪ੍ਰਕਾਸ਼ਨ ਅਤੇ ਸੰਗਤ ਦੀ ਮੰਗ ਅਨੁਸਾਰ ਸਰੂਪ ਦੇਣ ਦੇ ਨਿਯਮਾਂ ਵਿੱਚ ਕੀਤੀ ਜਾ ਰਹੀ ਤਬਦੀਲੀ ਦੇ ਮੱਦੇਨਜ਼ਰ ਇਹ ਨਿਰਣਾ ਲਿਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਬਲੀਕੇਸ਼ਨ ਵਿਭਾਗ, ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਪੂਰੀ ਮਰਿਆਦਾ ਅਤੇ ਸਤਿਕਾਰ ਨਾਲ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ਨ ਕਰਕੇ ਸੰਗਤ ਦੀ ਮੰਗ ਅਨੁਸਾਰ ਦੇਸ਼ ਦੁਨੀਆ ਅੰਦਰ ਗੁਰਦੁਆਰਾ ਸਾਹਿਬਾਨ ਵਿਖੇ ਮੁਹੱਈਆ ਕਰਵਾਏ ਜਾਂਦੇ ਹਨ। ਕਾਹਲਵਾਂ ਨੇ ਦੱਸਿਆ ਕਿ ਭਾਵੇਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਬੰਧੀ ਪਹਿਲਾਂ ਤੋਂ ਹੀ ਮੁਕੰਮਲ ਰਿਕਾਰਡ ਰੱਖਿਆ ਜਾਂਦਾ ਹੈ ਲੇਕਿਨ ਹੁਣ ਇਹ ਕਾਰਜ ਨਵੀਆਂ ਤਰਜੀਹਾਂ ਅਤੇ ਸੇਧਾਂ ਅਨੁਸਾਰ ਕੀਤਾ ਜਾਵੇਗਾ। ਇਸ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਇੱਕ ਨਵੀਂ ਨੀਤੀ ਨੂੰ ਲਾਗੂ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਇਸ ਨਵੀਂ ਨੀਤੀ ਨੂੰ ਲਾਗੂ ਕਰਨ ਤੀਕ ਸੰਗਤ ਨੂੰ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਮੁਹੱਈਆ ਨਹੀਂ ਕਰਵਾਏ ਜਾ ਸਕਣਗੇ। ਇਸ ਲਈ 20 ਮਈ ਤੋਂ ਬਾਅਦ ਹੀ ਸੰਗਤਾਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਾਪਤ ਕਰ ਸਕਣਗੀਆਂ।

# 4 ਕਿੱਲੋ ਹੈਰੋਇਨ ਤੇ ਚਾਰ ਪਿਸਤੌਲਾਂ ਸਮੇਤ ਦੋ ਕਾਬੂ



ਛੇਹਰਟਾ/ਖਾਸਾ, (ਮਨੋਜ ਕੁਮਾਰ, ਸ਼ਸ਼ਪਾਲ ਸਿੰਘ) : ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਸਰਹੱਦ ਪਾਰੋਂ ਚੱਲ ਰਹੇ ਨਸ਼ੀਲੇ ਪਦਾਰਥ ਤੇ ਹਥਿਆਰ ਤਸਕਰੀ ਮਾਡਿਊਲ ਨਾਲ ਸੰਬੰਧਤ ਦੋ ਮੁਲਜ਼ਮਾਂ ਨੂੰ 4.108 ਕਿਲੋਗ੍ਰਾਮ ਹੈਰੋਇਨ ਤੇ ਚਾਰ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫਤਾਰ ਕੀਤਾ ਹੈ। ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਸ ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅਰਸ਼ਦੀਪ ਸਿੰਘ ਉਰਫ਼ ਅਰਸ਼ (21) ਵਾਸੀ ਪਿੰਡ ਲਹੁਕਾ, ਤਰਨ ਤਾਰਨ ਤੇ ਤਰਸੇਮ ਸਿੰਘ ਉਰਫ਼ ਕੈਰੋਂ ਉਰਫ਼ ਪਹਿਲਵਾਨ (31) ਵਾਸੀ ਮੁਹੱਲਾ ਜਸਵੰਤ ਸਿੰਘ ਨਗਰ ਤਰਨ ਤਾਰਨ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿਚ ਦੋ 9 ਐਮ ਐਮ ਗਲੌਕ (ਆਸਟਰੀਆ ਦੇ ਬਣੇ ਹੋਏ) ਅਤੇ ਦੋ .30 ਬੋਰ ਦੇ ਪਿਸਤੌਲ (ਚੀਨ ਦੇ ਬਣੇ ਹੋਏ) ਤੇ ਪੰਜ ਜ਼ਿੰਦਾ ਕਾਰਤੂਸ ਸ਼ਾਮਲ ਹਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਸਥਿਤ ਤਸਕਰਾਂ ਦੇ ਸੰਪਰਕ ਵਿਚ ਸਨ। ਉਨ੍ਹਾਂ ਦੱਸਿਆ ਕਿ ਗ਼ੈਰ-ਕਾਨੂੰਨੀ ਹਥਿਆਰਾਂ ਤੇ ਨਸ਼ੀਲੇ ਪਦਾਰਥਾਂ ਦੀ ਖੇਪ ਡਰੋਨ ਰਾਹੀਂ ਭੇਜੀ ਜਾਂਦੀ ਸੀ ਜਿਸ ਨੂੰ ਬਾਅਦ ਵਿਚ ਉਕਤ ਮੁਲਜ਼ਮਾਂ ਵੱਲੋਂ ਪ੍ਰਾਪਤ ਕਰਕੇ ਅੱਗੇ ਸਪਲਾਈ ਕੀਤਾ ਜਾਂਦਾ ਸੀ। ਕਮਿਸ਼ਨਰ ਆਫ ਪੁਲਸ (ਸੀ ਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਆਪਰੇਸ਼ਨ ਦੌਰਾਨ ਮੁਲਜ਼ਮ ਅਰਸ਼ਦੀਪ ਉਰਫ਼ ਅਰਸ਼ ਨੂੰ 2.6 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਅਗਲੇਰੀ ਕਾਰਵਾਈ ਦੌਰਾਨ ਤੇ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਤੋਂ ਪੁੱਛਗਿੱਛ ਉਪਰੰਤ ਸਹਿ-ਮੁਲਜ਼ਮ ਤਰਸੇਮ ਉਰਫ਼ ਕੈਰੋਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਸ ਦੇ ਕਬਜ਼ੇ ਵਿਚੋਂ 1.5 ਕਿਲੋਗ੍ਰਾਮ ਹੈਰੋਇਨ ਤੇ ਚਾਰ ਪਿਸਤੌਲ ਬਰਾਮਦ ਕੀਤੇ ਗਏ। ਸੀ ਪੀ ਨੇ ਦੱਸਿਆ ਕਿ ਜਾਂਚ ਮੁਤਾਬਕ ਮੁਲਜ਼ਮ ਤਰਸੇਮ ਉਰਫ਼ ਕੈਰੋਂ ਵਿਰੁੱਧ ਐਨਡੀਪੀਐਸ ਐਕਟ, ਆਰਮਜ਼ ਐਕਟ, ਜੇਲ੍ਹ ਐਕਟ ਤੇ ਇਰਾਦਾ ਕਤਲ ਤਹਿਤ 16 ਅਪਰਾਧਕ ਮਾਮਲੇ ਦਰਜ ਹਨ ਅਤੇ ਉਹ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ਼ ਕ੍ਰਿਸ਼ਨ ਜੰਡਿਆਲਾ ਜੋ ਇਸ ਸਮੇਂ ਵਿਦੇਸ਼ ਵਿੱਚ ਰਹਿ ਰਿਹਾ ਹੈ, ਦਾ ਸਾਥੀ ਹੈ।

ਇਹ ਵੀ ਖ਼ੁਲਾਸਾ ਹੋਇਆ ਹੈ ਕਿ ਗੈਂਗਸਟਰ ਗੁਰਪ੍ਰੀਤ ਉਰਫ਼ ਕ੍ਰਿਸ਼ਨ ਜੰਡਿਆਲਾ ਨੇ ਤਰਸੇਮ ਨੂੰ ਜਾਅਲੀ ਪਾਸਪੋਰਟ ਬਣਵਾਉਣ ਤੇ ਉਸ ਨੂੰ ਵਿਦੇਸ਼ ਭੇਜਣ ਦਾ ਲਾਲਚ ਦੇ ਕੇ ਆਪਣੇ ਲਈ ਕੰਮ ਕਰਨ ਲਈ ਕਿਹਾ ਸੀ। ਇਸ ਸਬੰਧੀ ਮਾਮਲਾ ਅੰਮ੍ਰਿਤਸਰ ਦੇ ਥਾਣਾ ਛਾਉਣੀ ਵਿਚ ਦਰਜ ਕਰ ਲਿਆ ਗਿਆ ਹੈ।

## ਸ੍ਰੀ ਸਾਈ ਕਾਲਜ ਆਫ ਐਜੂਕੇਸ਼ਨ ਦੇ ਬੀ ਐਡ ਦੇ ਨਤੀਜੇ ਸ਼ਾਨਦਾਰ



ਪਠਾਨਕੋਟ (ਦਵਿੰਦਰ ਸਿੰਘ) ਸ੍ਰੀ ਸਾਈ ਕਾਲਜ ਆਫ ਐਜੂਕੇਸ਼ਨ ਬਧਾਨੀ ਪਠਾਨਕੋਟ ਦੇ ਬੀ.ਐਡ ਪਹਿਲੇ ਸਮੈਸਟਰ ਦੇ ਨਤੀਜੇ ਸ਼ਾਨਦਾਰ ਰਹੇ। ਪ੍ਰਿੰਸੀਪਲ ਡਾ. ਨਵਦੀਪ ਸਾਂਵਲ ਨੇ ਦੱਸਿਆ ਕਿ ਅਮਿਤਾ ਦੇਵੀ ਨੇ ਪਹਿਲਾ, ਜਾਨਵੀ ਨੇ ਦੂਜਾ ਅਤੇ ਨੇਹਾ ਰਾਣਾ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ, ਕਾਲਜ ਦੇ ਸਾਰੇ ਬੀ.ਐਡ ਵਿਦਿਆਰਥੀਆਂ ਨੇ 85% ਅੰਕ ਪ੍ਰਾਪਤ ਕਰਕੇ ਕਾਲਜ ਅਤੇ ਆਪਣੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਮੌਕੇ ਗਰੁੱਪ ਦੇ ਚੇਅਰਮੈਨ ਐਸ. ਕੇ. ਪੁੰਜ, ਐਮ.ਡੀ. ਤ੍ਰਿਪਤਾ ਪੁੰਜ ਅਤੇ ਸੀ.ਐਮ.ਡੀ. ਕਨਵਰ ਤੁਸ਼ਾਰ ਪੁੰਜ ਨੇ ਵਿਦਿਆਰਥੀਆਂ, ਪ੍ਰਿੰਸੀਪਲ ਅਤੇ ਸਟਾਫ ਨੂੰ ਵਧਾਈ ਦਿੱਤੀ। ਇਸ ਮੌਕੇ ਡਾਇਰੈਕਟਰ ਰਣਜੀਤ ਸਿੰਘ, ਪ੍ਰਿੰਸੀਪਲ ਡਾ. ਨਵਦੀਪ ਸਾਂਵਲ, ਹੈਡ ਆਫ ਡਿਪਾਰਟਮੈਂਟ ਜਸਵੰਤ ਕੌਰ ਅਤੇ ਹੋਰ ਸਟਾਫ ਮੈਂਬਰ ਮੌਜੂਦ ਸਨ।

## ਕੀਰਤਨ 3 ਨੂੰ



ਛੇਹਰਟਾ, (ਮਨੋਜ ਕੁਮਾਰ)-ਮਾਂ ਚਿੰਤਪੂਰਨੀ ਸੇਵਕ ਸਭਾ ਵੱਲੋਂ ਹਰ ਮਹੀਨੇ ਕਰਵਾਇਆ ਜਾਣ ਵਾਲਾ ਕੀਰਤਨ 3 ਮਈ ਨੂੰ ਸ਼ਾਮ 6 ਵਜੇ ਤੋਂ 8 ਵਜੇ ਤਕ ਨਮਕ ਮੰਡੀ ਚਿੰਤਪੂਰਨੀ ਮੰਦਰ ਵਿਖੇ ਪ੍ਰਸਿੱਧ ਗਾਇਕ ਮੰਡਲੀ ਨਵਲ ਵਰਮਾ ਵੱਲੋਂ ਕਰਵਾਇਆ ਜਾ ਰਿਹਾ ਹੈ। ਗਾਇਕ ਨਵਲ ਵਰਮਾ ਨੇ ਦੱਸਿਆ ਕਿ ਕੀਰਤਨ ਦੌਰਾਨ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਦੇ ਅਹੁਦੇਦਾਰ ਹਾਜ਼ਰੀ ਭਰਨਗੇ। ਆਰਤੀ ਰਾਤ 8 ਵਜੇ ਹੋਵੇਗੀ, ਜਿਸ ਤੋਂ ਬਾਅਦ ਕੰਜਕ ਪੂਜਨ ਹੋਵੇਗਾ ਤੇ ਪ੍ਰਸ਼ਾਦ ਵੰਡਿਆ ਜਾਵੇਗਾ।

## ਸ੍ਰੀ ਗੁਰੂ ਅਮਰਦਾਸ ਜੀ ਦਾ ਪ੍ਰਕਾਸ਼ ਗੁਰਪੁਰਬ ਮਨਾਇਆ



ਝਬਾਲ (ਹਰਜਿੰਦਰ ਸਿੰਘ ਸੋਨੀ)-ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ ਗੁਰੂ ਅਮਰਦਾਸ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਬੱਚਿਆਂ ਵੱਲੋਂ ਹਰ-ਜਸ ਕੀਰਤਨ ਗਾਇਨ ਕੀਤਾ ਗਿਆ ਉਪਰੰਤ ਸਕੂਲ ਦੇ ਧਾਰਮਿਕ ਅਧਿਆਪਕ ਹਰਪਾਲ ਸਿੰਘ ਵੱਲੋਂ ਗੁਰੂ ਸਾਹਿਬ ਦੀ ਜੀਵਨੀ ਅਤੇ ਉਹਨਾਂ ਦੀਆਂ ਸਿੱਖਿਆਵਾਂ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਸਕੂਲ ਦੀ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਦੱਸੇ ਹੋਏ ਮਾਰਗ 'ਤੇ ਚੱਲ ਕੇ ਆਪਣਾ ਜੀਵਨ ਸਫ਼ਲ ਕਰਨ ਦੇ ਲਈ ਪ੍ਰੇਰਿਤ ਕੀਤਾ।

## ਸਾਲਾਨਾ ਧਾਰਮਿਕ ਸਮਾਗਮ 4 ਨੂੰ



**ਮਜੀਠਾ/ਕੱਥੂ ਨੰਗਲ (ਸੋਇਮ ਆਨੰਦ/ਪ੍ਰੀਤਮ ਸਿੰਘ)**-ਬਾਬਾ ਜਵਾਲਾ ਸਿੰਘ ਜੀ ਹਰਖੋਵਾਲ ਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਤ ਧਾਰਮਿਕ ਸਮਾਗਮ ਗੁਰਦੁਆਰਾ ਸੰਤਸਰ ਬੇਗੋਵਾਲ, ਕੋਟਲਾ ਪੀਤੂ ਵਿਖੇ ਮੁੱਖ ਸੇਵਾਦਾਰ ਸੰਤ ਬਾਬਾ ਕਰਨੈਲ ਸਿੰਘ, ਸੇਵਾਦਾਰ ਬਾਬਾ ਸਤਨਾਮ ਸਿੰਘ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਚਾਰ ਮਈ ਨੂੰ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਸੰਤ ਮਹਾਂਪੁਰਸ਼ ਬਾਬਾ ਕਰਨੈਲ ਸਿੰਘ ਨੇ ਕਿਹਾ ਕਿ ਪੰਥੇ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰੀ ਅਤੇ ਕਥਾਵਾਚਕ ਜਥੇ ਸੰਗਤਾਂ ਨੂੰ ਗੁਰਇਤਿਹਾਸ ਨਾਲ ਅਤੇ ਸੰਤ ਬਾਬਾ ਜਵਾਲਾ ਸਿੰਘ ਦੀ ਜੀਵਨੀ 'ਤੇ ਚਾਨਣਾ ਪਾਉਣਗੇ। ਇਸ ਮੌਕੇ ਮੁੱਖ ਸੇਵਾਦਾਰ ਸੰਤ ਬਾਬਾ ਕਰਨੈਲ ਸਿੰਘ, ਸੇਵਾਦਾਰ ਬਾਬਾ ਸਤਨਾਮ ਸਿੰਘ, ਪ੍ਰਗਟ ਸਿੰਘ ਚੋਗਾਵਾਂ, ਸਤਵੰਤ ਸਿੰਘ ਸੰਧੂ, ਸਰਪੰਚ ਲਖਵਿੰਦਰ ਸਿੰਘ, ਜਸਵੰਤ ਸਿੰਘ ਪੰਨੂੰ, ਗੁਲਵੰਤ ਸਿੰਘ ਸੰਧੂ, ਸਰਦੂਲ ਸਿੰਘ ਹਵੇਲੀਆਂ, ਅਵਤਾਰ ਸਿੰਘ ਤਰਗੜ੍ਹ, ਸੁਖਵਿੰਦਰ ਸਿੰਘ ਬਿੱਟੂ, ਕੁਲਦੀਪ ਸਿੰਘ, ਗੋਰਾ ਅਠਵਾਲ, ਰਵਿੰਦਰ ਸਿੰਘ ਵਿੰਦਾ , ਗੁਰਨਾਮ ਸਿੰਘ, ਜਗਮੇਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੇਵਾਦਾਰ ਹਾਜ਼ਰ ਸਨ।

## ਕਟਾਰੂ ਚੱਕ ਨੇ ਨਵੇਂ ਕਮਿਊਨਿਟੀ ਹਾਲ ਦਾ ਰੱਖਿਆ ਨੀਂਹ ਪੱਥਰ



**ਪਠਾਨਕੋਟ (ਦਵਿੰਦਰ ਸਿੰਘ)**- ਪਠਾਨਕੋਟ ਜ਼ਿਲ੍ਹੇ ਦੇ ਪਿੰਡ ਜੰਗਲ ਵਿੱਚ ਇਕ ਮਹੱਤਵਪੂਰਨ ਵਿਕਾਸੀ ਪ੍ਰੋਜੈਕਟ ਤਹਿਤ ਕਮਿਊਨਿਟੀ ਹਾਲ ਦਾ ਉਦਘਾਟਨ ਕੀਤਾ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂ ਚੱਕ ਸ਼ਾਮਲ ਹੋਏ। ਇਸ ਮੌਕੇ ਕਟਾਰੂ ਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਹਰ ਪਿੰਡ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡ ਜੰਗਲ ਦੇ ਵਿਖੇ ਜਿਹੜਾ ਨਵੇਂ ਕਮਿਊਨਿਟੀ ਹਾਲ ਦਾ ਉਦਘਾਟਨ ਕੀਤਾ ਗਿਆ ਹੈ ਇਹ ਪਿੰਡ ਸ਼ਹੀਦ ਗੁਰਬਚਨ ਸਿੰਘ ਸਲਾਰੀਆ ਦੀ ਅਦੁੱਤੀ ਯਾਦ ਨੂੰ ਸਮਰਪਤ ਹੈ। ਇਸ ਤੋਂ ਇਲਾਵਾ ਸ਼ਹੀਦ ਦੇਸਰਾਜ ਜਿਨ੍ਹਾਂ ਨੇ ਦੀਨਾਨਗਰ ਵਿੱਚ ਸ਼ਹਾਦਤ ਦਾ ਜਾਮ ਪੀਤਾ । ਉਨ੍ਹਾਂ ਕਿਹਾ ਇਹ ਇਕੱਲਾ 8 ਲੱਖ ਨਹੀਂ ਬਲਕਿ ਜਿੰਨਾ ਵੀ ਪਿੰਡ ਦੇ ਲੋਕ ਚਾਹੁੰਣਗੇ 15-20 ਲੱਖ ਰੁਪਏ ਦੀ ਲਾਗਤ ਨਾਲ ਸ਼ਾਨਦਾਰ ਕਮਿਊਨਿਟੀ ਹਾਲ ਦਾ ਨਿਰਮਾਣ ਕਰਕੇ ਇਹ ਕਮਿਊਨਿਟੀ ਹਾਲ ਲੋਕਾਂ ਨੂੰ ਸਮਰਪਤ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਵਨ ਕੁਮਾਰ ਫੌਜੀ ਚੇਅਰਮੈਨ ਬਲਾਕ ਸੰਮਤੀ ਘਰੋਟਾ, ਸਰਪੰਚ ਭਵਾਨੀ ਰਜਨੀਸ਼, ਰਾਜਪਾਲ ਮਾੜੀ,ਸਤਬੀਰ ਸਿੰਘ, ਮਾਸਟਰ ਤੇਜਾ, ਸਰਪੰਚ ਇੰਦਰਜੀਤ ਭੰਡਾਰੀ, ਮੈਂਬਰ ਬਲਜੀਤ ਸਿੰਘ, ਸੁਨਿਤਾ ਦੇਵੀ, ਸੁਨੀਤਾ, ਸਵਾਤੰਤ ਰਾਏ, ਗੌਰਬ, ਰੀਟਾ ਸੋਨੀ, ਸਤਿਨਾਮ ਸਿੰਘ, ਬਲਵਿੰਦਰ ਸਿੰਘ, ਹਰਬੰਸ ਲਾਲ, ਰੋਸ਼ਨ ਲਾਲ, ਵਿਸ਼ਵਾਮਿੱਤਰ, ਜੋਗਿੰਦਰ ਪਾਲ, ਤਰਲੋਕ ਚੰਦ, ਲੀਲਾ ਦੇਵੀ, ਸ਼ਿਵਾਨੀ, ਚਾਂਦ ਰਾਣੀ, ਸਰਜੀਵਨ (ਸਰਪੰਚ ਸ਼ਨੀ) ਅਤੇ ਪਰਮਜੀਤ ਕੌਰ ਆਦਿ ਸ਼ਾਮਲ ਸਨ।

## ਦੋ ਕਰਮਚਾਰੀ ਨਿੱਘੀ ਵਿਦਾਇਗੀ ਪਾਰਟੀ ਨਾਲ ਸਨਮਾਨਤ




**ਧਾਰੀਵਾਲ (ਮਨਦੀਪ ਵਿੱਕੀ)**-ਡਿਪਟੀ ਕਮਿਸ਼ਨਰ ਦਫ਼ਤਰ ਗੁਰਦਾਸਪੁਰ ਤੋਂ ਆਪਣੀ 31 ਸਾਲਾਂ ਦੀ ਲੰਬੀ ਸੇਵਾ ਉਪਰੰਤ ਡਿਪਟੀ ਕਮਿਸ਼ਨਰ ਦੇ ਡਰਾਈਵਰ ਗੁਰਨਾਮ ਸਿੰਘ ਅਤੇ 40 ਸਾਲਾਂ ਦੀ ਸੇਵਾ ਪੂਰੀ ਕਰਨ ਉਪਰੰਤ ਸੀਨੀਅਰ ਸਹਾਇਕ ਚਰਨ ਦਾਸ ਨੂੰ ਸੇਵਾ ਮੁਕਤੀ ਮੌਕੇ ਨਿੱਘੀ ਵਿਦਾਇਗੀ ਪਾਰਟੀ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਡਿਪਟੀ ਕਮਿਸ਼ਨਰ ਆਦਿੱਤਿਆ ਉੱਪਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਚਰਨ ਦਾਸ ਅਤੇ ਗੁਰਨਾਮ ਸਿੰਘ ਨੇ ਆਪਣੇ ਸੇਵਾ ਕਾਲ ਦੌਰਾਨ ਵਿਭਾਗ ਨੂੰ ਬਹੁਤ ਹੀ ਇਮਾਨਦਾਰੀ ਅਤੇ ਲਗਨ ਨਾਲ ਸੇਵਾਵਾਂ ਪ੍ਰਦਾਨ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਦੋਨਾਂ ਕਰਮਚਾਰੀਆਂ ਨੇ 30 ਅਪ੍ਰੈਲ ਨੂੰ ਆਪਣੀ ਸਰਕਾਰੀ ਸੇਵਾ ਤੋਂ ਸਨਮਾਨ ਨਾਲ ਸੇਵਾ ਮੁਕਤੀ ਪ੍ਰਾਪਤ ਕੀਤੀ ਹੈ।ਉਨ੍ਹਾਂ ਹੋਰ ਕਿਹਾ ਕਿ ਦੋਨਾਂ ਕਰਮਚਾਰੀਆਂ ਨੇ ਕਦੇ ਵੀ ਸ਼ਿਕਾਇਤ ਦਾ ਮੌਕਾ ਨਹੀਂ ਦਿੱਤਾ ਅਤੇ ਹਮੇਸ਼ਾ ਆਪਣੀਆਂ ਨਿੱਜੀ ਜ਼ਿੰਮੇਵਾਰੀਆਂ ਤੋਂ ਉਪਰ ਉੱਠ ਕੇ ਦਫ਼ਤਰੀ ਕੰਮ ਨੂੰ ਤਰਜੀਹ ਦਿੱਤੀ।ਇਸ ਮੌਕੇ ਦਫ਼ਤਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਦੋਨਾਂ ਸੇਵਾ ਮੁਕਤ ਕਰਮਚਾਰੀਆਂ ਨੂੰ ਸ਼ਾਨਦਾਰ ਵਿਦਾਇਗੀ ਪਾਰਟੀ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਉਨ੍ਹਾਂ ਦੇ ਸੁਖਮਈ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ।

## ਓਹਾਇਓ ਦੇ ਸਿਨਸਿਨਾਟੀ ਤੇ ਮੇਸਨ ਸ਼ਹਿਰਾਂ ਨੇ ਅਪ੍ਰੈਲ ਸਿੱਖ ਜਾਗਰੂਕਤਾ ਮਹੀਨਾ ਐਲਾਨਿਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਅਮਰੀਕਾ ਦੇ ਓਹਾਇਓ ਸੂਬੇ ਵਿੱਚ ਸਿੱਖ ਭਾਈਚਾਰੇ ਲਈ ਇੱਕ ਬੇਹੱਦ ਇਤਿਹਾਸਕ ਪਲ ਉਦੋਂ ਆਇਆ ਜਦੋਂ ਸਿਨਸਿਨਾਟੀ ਅਤੇ ਨਾਲ ਲੱਗਦੇ ਸ਼ਹਿਰ ਮੇਸਨ ਦੀਆਂ ਨਗਰ ਕੌਂਸਲਾਂ ਨੇ ਅਧਿਕਾਰਤ ਤੌਰ 'ਤੇ ਅਪ੍ਰੈਲ ਮਹੀਨੇ ਨੂੰ ਹੁਣ ਸਿੱਖ ਜਾਗਰੂਕਤਾ ਅਤੇ ਧੰਨਵਾਦ ਮਹੀਨਾ (ਸਿੱਖ ਅਵੇਅਰਨੇਸ ਅਤੇ ਐਪਰੀਸੀਏਸ਼ਨ ਮੰਥ) ਵਜੋਂ ਮਨਾਉਣ ਦਾ ਐਲਾਨ ਕੀਤਾ ਹੈ। ਇਹ ਐਲਾਨਨਾਮੇ ਪਿਛਲੀ ਇੱਕ ਸਦੀ ਤੋਂ ਅਮਰੀਕਾ ਵੱਸਦੇ ਸਿੱਖਾਂ ਵੱਲੋਂ ਖੇਤਰ ਦੇ ਸਮਾਜਿਕ, ਸੱਭਿਆਚਾਰਕ ਅਤੇ ਆਰਥਿਕ ਵਿਕਾਸ ਵਿੱਚ ਪਾਏ ਗਏ ਵਡਮੁੱਲੇ ਯੋਗਦਾਨ ਨੂੰ ਅਧਿਕਾਰਤ ਮਾਨਤਾ ਦਿੰਦੇ ਹਨ।ਇਸ ਮੌਕੇ ਸਥਾਨਕ ਆਗੂਆਂ ਅਤੇ ਪਰਵਾਰਾਂ ਸਮੇਤ ਭਾਈਚਾਰੇ ਦੇ ਮੈਂਬਰਾਂ ਨੇ ਦੋਵਾਂ ਸ਼ਹਿਰਾਂ ਦੇ ਸਿਟੀ ਹਾਲਾਂ ਵਿੱਚ ਇਕੱਠੇ ਹੋ ਕੇ ਸਿਨਸਿਨਾਟੀ ਦੇ ਮੇਅਰ ਆਫ਼ਤਾਬ ਪੁਰੇਵਾਲ ਅਤੇ ਮੇਸਨ ਦੇ ਮੇਅਰ ਜੋਸ਼ ਸਟਾਇਰਕੁਲਾ ਵੱਲੋਂ ਜਾਰੀ ਕੀਤੇ ਗਏ ਸਰਕਾਰੀ ਐਲਾਨਨਾਮੇ (ਪ੍ਰੋਕਲੇਮੇਸ਼ਨ) ਪ੍ਰਾਪਤ ਕੀਤੇ। ਮੇਅਰ ਪੁਰੇਵਾਲ, ਜੋ ਖੁਦ ਸਿੱਖ ਪਰਵਾਰ ਨਾਲ ਸਬੰਧ ਰੱਖਦੇ ਹਨ, ਵੱਲੋਂ ਦਿੱਤੀ ਗਈ ਇਸ ਮਾਨਤਾ ਦਾ ਸਿੱਖ ਭਾਈਚਾਰੇ ਵਿੱਚ ਵਿਸ਼ੇਸ਼ ਮਹੱਤਵ ਹੈ। ਇਸ ਮੌਕੇ ਕਮਿਊਨਿਟੀ ਐਡਵੋਕੇਟ ਸਮੀਪ ਸਿੰਘ ਗੁਮਟਾਲਾ ਨੇ ਕਿਹਾ, ਸਾਡੇ ਖੇਤਰ ਲਈ ਇਹ ਇੱਕ ਬਹੁਤ ਵੱਡਾ ਪਲ ਹੈ। ਇਹ ਐਲਾਨਨਾਮੇ ਜਿੱਥੇ ਅਮਰੀਕਾ ਵਿੱਚ ਸਿੱਖਾਂ ਦੇ 125 ਸਾਲਾਂ ਦੇ ਸ਼ਾਨਦਾਰ ਇਤਿਹਾਸ ਨੂੰ ਸਲਾਮ ਕਰਦੇ ਹਨ, ਉੱਥੇ ਹੀ ਭਵਿੱਖ ਦੀਆਂ ਪੀੜ੍ਹੀਆਂ ਲਈ ਇੱਕ ਵਧੇਰੇ ਸਾਂਝੀਵਾਲਤਾ ਅਤੇ ਮਜ਼ਬੂਤ ਸਮਾਜ ਦੀ ਨੀਂਹ ਵੀ ਰੱਖਦੇ ਹਨ।ਸਿੱਖ ਕੋਲੀਸ਼ਨ ਦੀ ਕਮਿਊਨਿਟੀ ਡਿਵੈਲਪਮੈਂਟ ਡਾਇਰੈਕਟਰ ਅਤੇ ਸਿਨਸਿਨਾਟੀ ਦੀ ਵਸਨੀਕ ਅਸੀਸ ਕੌਰ ਨੇ ਦੱਸਿਆ, ਇਹ ਐਲਾਨਨਾਮਾ ਇੱਕ ਜਨਤਕ ਐਲਾਨ ਹੈ ਕਿ ਸਿੱਖ ਭਾਈਚਾਰੇ ਨੂੰ ਅਮਰੀਕੀ ਸਮਾਜ ਵਿੱਚ ਦੇਖਿਆ, ਸਤਿਕਾਰਿਆ ਅਤੇ ਅਪਣਾਇਆ ਜਾ ਰਿਹਾ ਹੈ। ਖੇਤਰ ਵਿੱਚ ਸਥਿਤ ਤਿੰਨ ਪ੍ਰਮੁੱਖ ਗੁਰਦੁਆਰਾ ਸਾਹਿਬਾਨ ਭਾਈਚਾਰੇ ਦੇ ਮਜ਼ਬੂਤ ਕੇਂਦਰ ਵਜੋਂ ਕੰਮ ਕਰ ਰਹੇ ਹਨ, ਜਿੱਥੇ ਸਿੱਖ ਡਾਕਟਰੀ, ਇੰਜਨੀਅਰਿੰਗ, ਕਾਰੋਬਾਰ ਅਤੇ ਜਨਤਕ ਸੇਵਾਵਾਂ ਵਿੱਚ ਆਪਣਾ ਯੋਗਦਾਨ ਪਾ ਰਹੇ ਹਨ।

## ਲੋਕ ਭਲਾਈ ਮੰਚ ਪੰਜਾਬ ਵੱਲੋਂ ਮਈ ਦਿਹਾੜਾ ਮਨਾਉਣ ਦਾ ਐਲਾਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਲੋਕ ਭਲਾਈ ਮੰਚ ਪੰਜਾਬ ਵੱਲੋਂ ਕੌਮਾਂਤਰੀ ਮਜ਼ਦੂਰ ਦਿਵਸ ਪਹਿਲੀ ਮਈ ਨੂੰ ਜੰਞਘਰ, ਲਾਗੇ ਗੁਰਦੁਆਰਾ ਸਾਹਿਬ ਤੇ ਸਰਕਾਰੀ ਸਕੂਲ ਮੇਨ ਬਾਜ਼ਾਰ ਗੁਰੂ ਨਾਨਕਪੁਰਾ ਵਿਖੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।ਇਸ ਸਬੰਧੀ ਮੰਚ ਦੇ ਆਗੂ ਬਹੁਤ ਮਿਹਨਤ ਨਾਲ ਤਿਆਰੀ ਕਰ ਰਹੇ ਹਨ।

ਜਾਣਕਾਰੀ ਦਿੰਦਿਆਂ ਬਲਬੀਰ ਸਿੰਘ ਝਾਮਕਾ ਸੂਬਾਈ ਪ੍ਰਧਾਨ ਨੇ ਦੱਸਿਆ ਕਿ ਪ੍ਰੋਗਰਾਮ ਸ਼ੁਰੂ ਹੋਣ ਦਾ ਸਮਾਂ ਸਵੇਰੇ ਦਸ ਵਜੇ ਦਾ ਹੈ।ਬੁਲਾਰੇ ਮਜ਼ਦੂਰ ਇਤਿਹਾਸ, ਮਜ਼ਦੂਰ ਹੱਕਾਂ, ਅੱਜ ਦੇ ਹਾਲਾਤ ਤੇ ਸਾਡੇ ਕਰਨ ਵਾਲੇ ਕੰਮਾਂ ਆਦਿ ਬਾਰੇ ਆਪਣੇ ਵਿਚਾਰ ਪੇਸ਼ ਕਰਨਗੇ।ਸਮਾਜ ਸੇਵਾ ਵਿਚ ਆਪਣਾ ਯੋਗਦਾਨ ਪਾ ਰਹੇ ਕੁਝ ਸਾਥੀਆਂ ਨੂੰ ਮੰਚ ਵੱਲੋਂ ਸਨਮਾਨਿਤ ਵੀ ਕੀਤਾ ਜਾਵੇਗਾ।

# ਤਰਨ ਤਾਰਨ ਜ਼ਿਲ੍ਹੇ 'ਚ ਸਵੈ-ਗਣਨਾ ਦੀ ਹੋਈ ਸ਼ੁਰੂਆਤ



ਪੱਟੀ (ਬਲਦੇਵ ਸਿੰਘ ਸੰਧੂ)- ਜਨਗਣਨਾ-2027 ਦੇ ਪਹਿਲੇ ਪੜਾਅ ਤਹਿਤ ਵੀਰਵਾਰ ਤਰਨ ਤਾਰਨ ਜ਼ਿਲ੍ਹੇ ਵਿਚ ਸਵੈ-ਗਣਨਾ ਪ੍ਰਕਿਰਿਆ ਸ਼ੁਰੂ ਹੋ ਗਈ। ਜ਼ਿਲ੍ਹੇ ਦੇ ਪਹਿਲੇ ਨਾਗਰਿਕ ਅਤੇ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸਜ਼ ਅਫ਼ਸਰ ਤਰਨ ਤਾਰਨ ਰਾਹੁਲ ਨੇ ਖੁਦ ਐਸ.ਈ ਪੋਰਟਲ 'ਤੇ ਆਪਣੇ ਵੇਰਵੇ ਭਰ ਕੇ ਜ਼ਿਲ੍ਹੇ ਵਿਚ ਰਸਮੀ ਤੌਰ 'ਤੇ ਸਵੈ-ਗਣਨਾ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ। ਇਸ ਦੌਰਾਨ ਐਸ.ਐਸ.ਪੀ ਸੁਰੇਂਦਰ ਲਾਂਬਾ ਵੱਲੋਂ ਵੀ ਪੋਰਟਲ 'ਤੇ ਆਪਣੇ ਵੇਰਵੇ ਦਰਜ ਕੀਤੇ ਗਏ।ਡਿਪਟੀ ਕਮਿਸ਼ਨਰ ਰਾਹੁਲ ਨੇ ਇਸ ਮੌਕੇ ਦੱਸਿਆ ਕਿ ਆਨਲਾਈਨ ਸਵੈ-ਗਣਨਾ ਐਸ.ਈ ਪੋਰਟਲ ਉੱਤੇ 30 ਅਪ੍ਰੈਲ ਤੋਂ 14 ਮਈ ਤੱਕ ਕੀਤੀ ਜਾ ਸਕਦੀ ਹੈ। ਸਵੈ-ਗਣਨਾ ਇਕ ਅਜਿਹੀ ਸਹੂਲਤ ਹੈ, ਜਿਸ ਰਾਹੀਂ ਜ਼ਿਲ੍ਹਾ ਵਾਸੀ ਖ਼ੁਦ ਹੀ ਆਪਣੀ ਜਾਣਕਾਰੀ ਸਰਕਾਰੀ ਪੋਰਟਲ 'ਤੇ ਦਰਜ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਦੇ ਲਈ ਨਾਗਰਿਕਾਂ ਨੂੰ ਸਰਕਾਰ ਦੇ ਅਧਿਕਾਰਤ ਜਨਗਣਨਾ ਪੋਰਟਲ (se.census.gov.in) 'ਤੇ ਜਾਣਾ ਹੋਵੇਗਾ। ਆਪਣੇ ਮੋਬਾਈਲ ਨੰਬਰ ਅਤੇ ਬੇਸਿਕ ਜਾਣਕਾਰੀ ਦੀ ਵਰਤੋਂ ਕਰਕੇ ਪੋਰਟਲ 'ਤੇ ਲਾਗਇਨ ਕਰਨਾ ਹੋਵੇਗਾ। ਇਸ ਤੋਂ ਬਾਅਦ ਪੋਰਟਲ 'ਤੇ ਮੰਗੇ ਗਏ ਵੇਰਵੇ ਦਰਜ ਕਰਨੇ ਹੋਣਗੇ। ਜਿਵੇਂ ਹੀ ਸਫ਼ਲਤਾਪੂਰਵਕ ਫਾਰਮ ਸਬਮਿਟ ਹੋਵੇਗਾ ਤਾਂ ਪੋਰਟਲ ਨਾਗਰਿਕ ਨੂੰ ਇਕ ਸੈਲਫ-ਐਨੂਮਰੇਸ਼ਨ ਆਈ.ਡੀ (ਐਸ.ਈ.ਆਈ.ਡੀ) ਜਨਰੇਟ ਕਰਕੇ ਦੇਵੇਗਾ। ਜਦੋਂ ਜਨਗਣਨਾ ਮੁਲਾਜ਼ਮ ਘਰ ਆਵੇਗਾ ਤਾਂ ਨਾਗਰਿਕ ਨੂੰ ਸਿਰਫ਼ ਇਹ ਆਈ.ਡੀ. ਦਿਖਾਉਣੀ ਹੋਵੇਗੀ। ਇਸ ਨਾਲ ਜਾਣਕਾਰੀ ਦੀ ਤਸਦੀਕ ਹੋ ਜਾਵੇਗੀ ਅਤੇ ਦੁਬਾਰਾ ਫਾਰਮ ਭਰਨ ਦੀ ਲੋੜ ਨਹੀਂ ਪਵੇਗੀ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਸਵੈ-ਗਣਨਾ ਵਿਚ ਵਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਜਨਗਣਨਾ ਵਿਭਾਗ ਦਾ ਪੋਰਟਲ 14 ਮਈ ਤੱਕ ਖੁੱਲ੍ਹਾ ਰਹੇਗਾ। ਇਸ ਤੋਂ ਬਾਅਦ ਗਿਣਤੀਕਾਰਾਂ ਵੱਲੋਂ 15 ਮਈ ਤੋਂ 13 ਜੂਨ ਤੱਕ ਫੀਲਡ ਸਰਵੇ ਸ਼ੁਰੂ ਕੀਤਾ ਜਾਵੇਗਾ, ਜਿਸ ਦੌਰਾਨ ਗਿਣਤੀਕਾਰ ਘਰ-ਘਰ ਜਾ ਕੇ ਡਾਟਾ ਇੰਦਰਾਜ ਕਰਨਗੇ।ਉਨ੍ਹਾਂ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਰਾਸ਼ਟਰੀ ਮਹੱਤਵ ਦੇ ਇਸ ਕਾਰਜ ਵਿਚ ਸਰਕਾਰ ਅਤੇ ਪ੍ਰਸ਼ਾਸਨ ਨੂੰ ਆਪਣਾ ਸਹਿਯੋਗ ਦੇਣ ਅਤੇ ਸਹੀ ਅਤੇ ਸਪੱਸ਼ਟ ਜਾਣਕਾਰੀ ਮੁਹੱਈਆ ਕਰਵਾਉਣ।ਐਸ.ਐਸ.ਪੀ ਸੁਰੇਂਦਰ ਲਾਂਬਾ ਨੇ ਇਸ ਦੌਰਾਨ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਜਨਗਣਨਾ ਸੰਬੰਧੀ ਜਦੋਂ ਗਿਣਤੀਕਾਰ ਸਰਵੇ ਕਰਨ ਲਈ ਉਨ੍ਹਾਂ ਦੇ ਘਰ ਆਉਣ ਤਾਂ ਸੁਰੱਖਿਆ ਦੇ ਮੱਦੇਨਜ਼ਰ ਉਹ ਉਨ੍ਹਾਂ ਦੇ ਆਈ.ਡੀ ਕਾਰਡ 'ਤੇ ਲੱਗੇ ਕਿਊ.ਆਰ ਕੋਡ ਨੂੰ ਸਕੈਨ ਕਰਕੇ ਉਨ੍ਹਾਂ ਦੇ ਅਸਲੀ ਹੋਣ ਬਾਰੇ ਜ਼ਰੂਰ ਪ੍ਰਮਾਣਿਤ ਕਰ ਲੈਣ।

## ਪ੍ਰਤਾਪ ਵਰਲਡ ਸਕੂਲ ਦੇ ਵਿਦਿਆਰਥੀਆਂ ਵਿਸ਼ਵ ਟੀਕਾਕਰਨ ਹ.ਫ਼ਤਾ ਮਨਾਇਆ



ਪਠਾਨਕੋਟ (ਦਵਿੰਦਰ ਸਿੰਘ)- ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵਿੱਚ ਵਿਸ਼ਵ ਟੀਕਾਕਰਨ ਹ਼ਫ਼ਤਾ ਬਹੁਤ ਉਤਸ਼ਾਹ ਅਤੇ ਜਾਗਰੂਕਤਾ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਟੀਕਾਕਰਨ ਅਤੇ ਜਨਤਕ ਸਿਹਤ ਦੇ ਮਹੱਤਵ ਬਾਰੇ ਜਾਗਰੂਕ ਕਰਨ ਲਈ ਕਈ ਸਿੱਖਿਆਤਮਕ ਅਤੇ ਰਚਨਾਤਮਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਬੜੇ ਚਾਅ ਨਾਲ ਭਾਗ ਲਿਆ ਅਤੇ ਪੋਸਟਰ ਬਣਾਉਣ, ਕਵਿਜ਼, ਰੰਗੋਲੀ ਅਤੇ ਹੋਰ ਇੰਟਰਐਕਟਿਵ ਗਤੀਵਿਧੀਆਂ ਰਾਹੀਂ ਆਪਣੀ ਰਚਨਾਤਮਕਤਾ ਅਤੇ ਜਾਗਰੂਕਤਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਡਾ. ਪ੍ਰੇਰਨਾ ਸਹਿਗਲ ਨੇ ਸਕੂਲ ਦਾ ਦੌਰਾ ਕੀਤਾ ਅਤੇ ਸਮੇਂ ਸਿਰ ਟੀਕਾਕਰਨ ਦੇ ਮਹੱਤਵ 'ਤੇ ਵਿਅਖਿਆਨ ਦਿੱਤਾ। ਕਾਰਜਕ੍ਰਮ ਦਾ ਸਮਾਪਨ ਸ਼ਪਥ ਗ੍ਰਹਿਣ ਸਮਾਰੋਹ ਨਾਲ ਹੋਇਆ, ਜਿਸ ਵਿੱਚ ਵਿਦਿਆਰਥੀਆਂ ਨੇ ਟੀਕਾਕਰਨ ਬਾਰੇ ਜਾਗਰੂਕਤਾ ਫੈਲਾਉਣ ਅਤੇ ਸਿਹਤਮੰਦ ਭਵਿੱਖ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਦਾ ਸੰਕਲਪ ਲਿਆ।ਇਸ ਮੌਕੇ ਸਕੂਲ ਦੇ ਡਾਇਰੈਕਟਰ ਸਨੀ ਮਹਾਜਨ ਨੇ ਕਿਹਾ ਕਿ ਟੀਕਾਕਰਨ ਬਾਰੇ ਜਾਗਰੂਕਤਾ ਸਿਰਫ਼ ਸਿਹਤ ਦਾ ਵਿਸ਼ਾ ਨਹੀਂ, ਸਗੋਂ ਜ਼ਿੰਦਗੀਆਂ ਬਚਾਉਣ ਵਾਲਾ ਸੁਨੇਹਾ ਹੈ। ਸਕੂਲ ਦੀ ਪ੍ਰਿੰਸੀਪਲ ਸੁਭਰਾ ਰਾਣੀ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿਦਿਆਰਥੀਆਂ ਨੂੰ ਹਕੀਕੀ ਜੀਵਨ ਦੇ ਮਸਲਿਆਂ ਨਾਲ ਜੋੜਦੀਆਂ ਹਨ।

## ਬੀ ਐੱਸ ਸੀ ਨਰਸਿੰਗ ਨਤੀਜਿਆਂ 'ਚ ਆਨੰਦ ਕਾਲਜ ਦੇ ਵਿਦਿਆਰਥੀਆਂ ਕੀਤਾ ਟਾਪ



ਮਜੀਠਾ (ਸੋਇਮ ਆਨੰਦ) ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਵੱਲੋਂ ਬੀ.ਐੱਸ.ਸੀ. ਨਰਸਿੰਗ ਸਮੈਸਟਰ ਦੂਜੇ ਦੇ ਨਤੀਜੇ ਘੋਸ਼ਿਤ ਕੀਤੇ ਗਏ ਹਨ, ਜਿਨ੍ਹਾਂ ਵਿੱਚ ਆਨੰਦ ਕਾਲਜ ਆਫ ਨਰਸਿੰਗ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਯੂਨੀਵਰਸਿਟੀ ਵਿੱਚ ਮਾਣਯੋਗ ਸਥਾਨ ਹਾਸਲ ਕੀਤੇ ਹਨ। ਜਿਸ ਵਿਚ ਨਿਤਿਮਾ ਨੇ (9.68) ਸੀਜੀਪੀਏ ਨਾਲ ਪਹਿਲਾ, ਪਲਕਪ੍ਰੀਤ ਕੌਰ ਨੇ (9.29) ਸੀਜੀਪੀਏ ਨਾਲ ਦੂਜਾ ਅਤੇ ਪਲਕਦੀਪ ਵੜੈਚ ਨੇ (8.90) ਸੀਜੀਪੀਏ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਵਿਸ਼ੇਸ਼ ਤੌਰ 'ਤੇ ਨਿਤਿਮਾ ਅਤੇ ਪਲਕਪ੍ਰੀਤ ਕੌਰ ਨੇ ਯੂਨੀਵਰਸਿਟੀ ਵਿੱਚ ਟਾਪ ਕਰਕੇ ਕਾਲਜ ਦਾ ਨਾਮ ਰੋਸ਼ਨ ਕੀਤਾ ਹੈ। ਕਾਲਜ ਦੇ ਚੇਅਰਮੈਨ ਡਾ. ਐੱਮ. ਐੱਮ. ਆਨੰਦ, ਵਾਇਸ ਚੇਅਰਮੈਨ ਡਾ. ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਆ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ, ਵਾਇਸ ਪ੍ਰਿੰਸੀਪਲ ਰਮਨਦੀਪ ਕੌਰ ਸੋਹਲ ਅਤੇ ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਨੇ ਇਸ ਉਪਲਬਧੀ 'ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਕਾਲਜ ਹਮੇਸ਼ਾ ਹੀ ਉੱਚ ਮਿਆਰੀ ਸਿੱਖਿਆ ਦੇਣ ਲਈ ਵਚਨਬੱਧ ਹੈ।

ਇਸ ਮੌਕੇ ਮੈਡਮ ਪ੍ਰੋਫੈਸਰ ਮਨਵਿੰਦਰ ਕੌਰ, ਸਾਕਸ਼ੀ ਸ਼ਰਮਾ, ਭਾਵਨਾ ਸ਼ਰਮਾ, ਪੂਨਮ, ਹਰਲੀਨ ਕੌਰ, ਪ੍ਰਿਯੰਕਾ, ਸੀਮਾ, ਪੁਨਰ, ਪਰਮੀਤ, ਰਮਨਦੀਪ ਕੌਰ, ਰਮਨ ਸੰਧੂ, ਕੋਮਲ ਢਿੱਲੋਂ, ਨਵਜੋਤ ਕੌਰ, ਸਰਨਦੀਪ ਕੌਰ, ਸਿਮਰਨ ਢਿੱਲੋਂ, ਸੁਖਸਰਨ, ਨਿਧੀ, ਰਿੱਪਨਦੀਪ ਕੌਰ, ਅੰਜਲੀ, ਪੱਲਵੀ, ਅਬਿਦਾਹ, ਸਮਰੀਨ, ਮਨਪ੍ਰੀਤ,ਜਸਲੀਨ, ਭਵਿਆ, ਆਇਮਨ, ਸਿਮਰਨਜੀਤ, ਵੰਸ਼ਿਕਾ, ਬੰਸ਼ੀਕਾ, ਬਲਜਿੰਦਰ, ਪ੍ਰਭਨੂਰ, ਰਮਨਦੀਪ ਚੌਹਾਨ ਸਮੇਤ ਹੋਰ ਸਟਾਫ਼ ਮੈਂਬਰ ਵੀ ਮੌਜੂਦ ਸਨ।

## ਡਾਇਟ ਕੈਰੋਂ ਵਿਖੇ ਐਕਸ਼ਨ ਰਿਸਰਚ ਕਰਨ ਵਾਲੇ ਅਧਿਆਪਕ ਸਨਮਾਨਤ



ਝਬਾਲ (ਹਰਜਿੰਦਰ ਸਿੰਘ ਸੋਨੀ)-ਐਸ ਸੀ, ਈ.ਆਰ.ਟੀ. ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਕੈਰੋਂ ਵਿਖੇ ਕਿਰਿਆਤਮਕ ਖੋਜ ਕਾਰਜ ਕਰਨ ਵਾਲੇ ਜ਼ਿਲ੍ਹਾ ਤਰਨ ਤਾਰਨ ਦੇ 16 ਅਧਿਆਪਕਾਂ ਨੂੰ ਉਨ੍ਹਾਂ ਦੇ ਖੋਜ ਕਾਰਜ ਵੰਡੇ ਗਏ। ਪਿਛਲੇ ਛੇ ਮਹੀਨਿਆਂ ਤੋਂ ਇਹ ਅਧਿਆਪਕ ਆਪਣੇ ਵਿਸ਼ੇ ਪ੍ਰਤੀ ਆਪਣੇ ਵਿਦਿਆਰਥੀਆਂ ਨੂੰ ਕੇਂਦਰਿਤ ਕਰ ਕੇ ਆਪਣਾ ਖੋਜ ਕਾਰਜ ਕਰ ਰਹੇ ਸੀ। ਉਨ੍ਹਾਂ ਖੋਜ ਕਾਰਜਾਂ ਨੂੰ ਪ੍ਰਿੰਸੀਪਲ ਮੰਗਤ ਸਿੰਘ (ਡਾਇਟ ਕੈਰੋਂ) ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਸਵਿੰਦਰ ਸਿੰਘ (ਭਿੱਖੀਵਿੰਡ ਅਤੇ ਪੱਟੀ-ਵਾਧੂ ਚਾਰਜ) ਵੱਲੋਂ ਖੋਜਕਰਤਾਵਾਂ ਨੂੰ ਸੌਂਪ ਦਿੱਤਾ ਗਿਆ।ਇਸ ਮੌਕੇ ਪ੍ਰਿੰਸੀਪਲ ਮੰਗਤ ਸਿੰਘ ਨੇ ਸਾਰੇ ਅਧਿਆਪਕਾਂ ਨੂੰ ਮੁਬਾਰਕਬਾਦ ਕਹਿੰਦਿਆਂ ਉਨ੍ਹਾਂ ਵੱਲੋਂ ਕੀਤੇ ਗਏ ਕਾਰਜਾਂ ਦੀ ਸੰਖੇਪ ਜਾਣਕਾਰੀ ਵੀ ਦਿੱਤੀ।ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਸਵਿੰਦਰ ਸਿੰਘ, ਅਰੁਣ ਕੁਮਾਰ ਸ਼ਰਮਾ, ਸਰਤਾਜ ਸਿੰਘ, ਡਾ.ਕਪਿਲ ਭਠੇਜਾ, ਡਾ. ਇੰਦਰਪ੍ਰੀਤ ਧਾਮੀ, ਮੈਡਮ ਰਜਨੀ, ਮੈਡਮ ਕੰਵਲਜੀਤ ਕੌਰ ਆਦਿ ਨੇ ਵੀ ਵੀ ਵਿਚਾਰ ਰੱਖੇ ।ਇਸ ਮੌਕੇ ਤਰਨ ਤਾਰਨ ਜ਼ਿਲ੍ਹੇ ਦੇ ਉਲਾਸ ਪ੍ਰੋਜੈਕਟ ਵਿੱਚ ਚੰਗੀ ਕਾਰਗੁਜ਼ਾਰੀ ਕਰਨ ਵਾਲ਼ੇ ਅਧਿਆਪਕਾਂ ਨੂੰ ਵੀ ਸਰਟੀਫਿਕੇਟ ਦਿੱਤੇ ਗਏ।ਇਸ ਮੌਕੇ ਪਰਵਿੰਦਰ ਕੌਰ, ਪ੍ਰਿਯੰਕਾ ਰਾਣੀ, ਹਰਪਾਲ ਸਿੰਘ ਧਾਮੀ, ਪ੍ਰੇਮ ਸਿੰਘ, ਰੁਪਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

## ਸਿੱਖਿਆ ਕ੍ਰਾਂਤੀ ਤਹਿਤ ਸਕੂਲ ਦੇ ਨਵੇਂ ਬਣੇ ਕਮਰੇ ਤੇ ਬਾਥਰੂਮ ਦਾ ਉਦਘਾਟਨ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਕੂਲਾਂ ਵਿੱਚ ਸਿੱਖਿਆ ਕ੍ਰਾਂਤੀ ਲਿਆਉਣ ਦੀ ਮੁਹਿੰਮ ਤਹਿਤ ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਸਰਹੱਦੀ ਹਲਕੇ ਅਜਨਾਲਾ ਦੇ ਉਕਤ ਸਕੂਲਾਂ ਦੀ ਨੁਹਾਰ ਬਦਲਣ ਲਈ ਜਾਰੀ ਕੀਤੇ ਗਏ ਫੰਡਾਂ ਨਾਲ ਬਣੇ ਸਮਾਰਟ ਕਮਰੇ ਸਕੂਲਾਂ ਨੂੰ ਚਾਰ ਚੰਨ ਲਾ ਰਹੇ ਹਨ। ਇਸ ਲੜੀ ਤਹਿਤ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਫੰਡਾਂ ਨਾਲ ਸਰਕਾਰੀ ਐਲੀਮੈਂਟਰੀ ਸਕੂਲ ਲੰਗੋਮਾਹਲ ਵਿਖੇ ਮੁੱਖ ਅਧਿਆਪਕਾ ਮਨਦੀਪ ਕੌਰ ਦੀ ਹੇਠ ਕਰਵਾਏ ਗਏ ਸੰਖੇਪ ਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਉਕਤ ਬਣੇ ਇੱਕ ਆਧੁਨਿਕ ਕਲਾਸ ਰੂਮ ਤੇ ਬਾਥਰੂਮ ਦਾ ਉਦਘਾਟਨ ਪਨਬਸ ਦੇ ਚੇਅਰਮੈਨ ਪ੍ਰਬੀਰ ਬਰਾੜ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦੇ ਹੋਏ ਕੀਤਾ ਗਿਆ। ਇਸ ਮੌਕੇ ਸਕੂਲ ਦੇ ਚੈਅਰਮੈਨ ਡਾ. ਬਲਵਿੰਦਰ ਸਿੰਘ ਲੰਗੋਮਾਹਲ , ਇੰਸਪੈਕਟਰ ਜਗਤਾਰ ਸਿੰਘ , ਸਾਬਕਾ ਪੰਚ ਬਲਵੰਤ ਸਿੰਘ ਆਪ ਪਾਰਟੀ ਦੇ ਜ਼ਿਲ੍ਹਾ ਕੋਆਰਡੀਨੇਟਰ ਹਰਮਨਦੀਪ ਸਿੰਘ ਨੰਗਲ ਤੇ , ਆਪ ਦੇ ਪ੍ਰਧਾਨ ਲਵਪ੍ਰੀਤ ਸਿੰਘ ਆਦਿ ਸ਼ਖ਼ਸੀਅਤਾਂ ਵਿਸ਼ੇਸ਼ ਮਹਿਮਾਨ ਵਜੋਂ ਪੁੱਜੀਆਂ।ਇਸ ਪਨਬਸ ਦੇ ਚੇਅਰਮੈਨ ਪ੍ਰਬੀਰ ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਗੁਣਤਾਮਕ ਸਿੱਖਿਆ ਲਈ ਵਚਨਬੱਧ ਹੈ।ਉਨ੍ਹਾਂ ਸਮੂਹ ਮਾਤਾ-ਪਿਤਾ ਅਤੇ ਸਮਾਜਿਕ ਭਾਈਚਾਰੇ ਨੂੰ ਅਪੀਲ ਕੀਤੀ ਕਿ ਸਰਕਾਰੀ ਸਹੂਲਤਾਂ ਦਾ ਲਾਭ ਪ੍ਰਾਪਤ ਕਰਨ ਲਈ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਓ।ਇਸ ਮੌਕੇ ਅਧਿਆਪਕਾ ਸੁਖਵਿੰਦਰਜੀਤ ਕੌਰ, ਅਧਿਆਪਕਾ ਪ੍ਰਵੀਨ ਰਾਣੀ ਤੇ ਅਧਿਆਪਕ ਰਾਜਵਿੰਦਰ ਸਿੰਘ ਆਦਿ ਹਾਜ਼ਰ ਸਨ।

## 20 ਵਿਦਿਆਰਥੀਆਂ ਦੀ ਚੋਣ ਬਹੁਰਾਸ਼ਟਰੀ ਕੰਪਨੀ ਈ ਕਲੇਰਕਸ ਸਰਵਿਸਿਜ਼ ਲਿਮਿਟਿਡ 'ਚ ਹੋਈ



ਪਠਾਨਕੋਟ (ਦਵਿੰਦਰ ਸਿੰਘ)- ਸ੍ਰੀ ਸਾਈ ਗਰੁੱਪ ਆਫ ਇੰਸਟੀਚਿਊਟ ਲਈ ਇਹ ਬਹੁਤ ਹੀ ਮਾਣ ਅਤੇ ਉਪਲਬਧੀ ਦਾ ਪਲ ਹੈ ਕਿ ਜੌਇੰਟ ਕੈਂਪਸ ਪਲੇਸਮੈਂਟ ਡਰਾਈਵ ਦੌਰਾਨ 20 ਵਿਦਿਆਰਥੀਆਂ ਦੀ ਚੋਣ ਪ੍ਰਸਿੱਧ ਬਹੁਰਾਸ਼ਟਰੀ ਕੰਪਨੀ ਈ ਕਲੇਰਕਸ ਸਰਵਿਸਿਜ਼ ਲਿਮਿਟਿਡ ਵਿੱਚ ਹੋਈ ਹੈ। ਇਹ ਪਲੇਸਮੈਂਟ ਡਰਾਈਵ ਮੁੱਖ ਪ੍ਰਬੰਧ ਨਿਰਦੇਸ਼ਕ ਕਨਵਰ ਤੁਸ਼ਾਰ ਪੁੰਜ ਦੇ ਗਤੀਸ਼ੀਲ ਨੇਤ੍ਰਿਤਵ ਹੇਠ ਆਯੋਜਿਤ ਕੀਤੀ ਗਈ। ਇਸ ਮੌਕੇ ਚੇਅਰਮੈਨ ਐਸ. ਕੇ. ਪੁੰਜ ਨੇ ਚੋਣ ਪ੍ਰਕਿਰਿਆ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਇਹ ਉਪਲਬਧੀ ਸੰਸਥਾ ਦੀ ਗੁਣਵੱਤਾ ਭਰੀ ਸਿੱਖਿਆ ਅਤੇ ਉਦਯੋਗ-ਕੇਂਦ੍ਰਿਤ ਪ੍ਰਸ਼ਿਕਸ਼ਣ ਦਾ ਨਤੀਜਾ ਹੈ। ਐਮ.ਡੀ. ਤ੍ਰਿਪਤਾ ਪੁੰਜ ਅਤੇ ਵਾਈਸ ਪ੍ਰੈਜ਼ੀਡੈਂਟ ਰੀਆ ਪੁੰਜ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।ਪ੍ਰਿੰਸੀਪਲ ਡਾ. ਵਿਪਿਨ ਗੁਪਤਾ ਅਤੇ ਡਾਇਰੈਕਟਰ ਟ੍ਰੇਨਿੰਗ ਐਂਡ ਪਲੇਸਮੈਂਟ ਪ੍ਰੋ. ਸੁਲਕਸ਼ਯ ਕੁਮਾਰ ਮੁਰਗਈ ਨੇ ਕੰਪਨੀ ਦੇ ਅਧਿਕਾਰੀਆਂ ਰਾਜੀਵ ਕੁਮਾਰ ਅਤੇ ਸੁਸ਼ਾਂਤ ਸ਼ਰਮਾ ਦਾ ਸੰਸਥਾ ਵਿੱਚ ਸਵਾਗਤ ਕੀਤਾ। ਪ੍ਰੋ. ਸੁਲਕਸ਼ਯ ਕੁਮਾਰ ਮੁਰਗਈ, ਡਾਇਰੈਕਟਰ ਪਲੇਸਮੈਂਟ ਨੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੱਕ ਅਗੇਤਾਰ ਬਹੁਰਾਸ਼ਟਰੀ ਕੰਪਨੀ ਹੈ, ਜੋ ਡਾਟਾ ਐਨਾਲਿਟਿਕਸ, ਪ੍ਰੋਸੈਸ ਮੈਨੇਜਮੈਂਟ ਅਤੇ ਟੈਕਨੋਲੋਜੀ ਸੇਵਾਵਾਂ ਦੇ ਖੇਤਰ ਵਿੱਚ ਵਿਸ਼ਵ ਪੱਧਰ 'ਤੇ ਕੰਮ ਕਰ ਰਹੀ ਹੈ।

## ਪੰਜਾਬ ਦੀ ਮੰਡੀ ਪ੍ਰਣਾਲੀ ਪੂਰੀ ਤਰ੍ਹਾਂ ਲੜਖੜਾ ਚੁੱਕੀ : ਔਜਲਾ



**ਛੇਹਰਟਾ, (ਮਨੋਜ ਕੁਮਾਰ)**-ਅੰਮ੍ਰਿਤਸਰ ਤੋਂ ਕਾਂਗਰਸੀ ਐਮ ਪੀ ਗੁਰਜੀਤ ਸਿੰਘ ਔਜਲਾ ਭਗਤਾਂਵਾਲਾ ਦਾਣਾ ਮੰਡੀ ਪੁੱਜੇ, ਜਿੱਥੇ ਉਨ੍ਹਾਂ ਖ਼ਰਾਬ ਮੌਸਮ ਤੇ ਹਲਕੀ ਬੂੰਦਾਬਾਂਦੀ ਵਿਚਕਾਰ ਮੰਡੀਆਂ ਦੇ ਹਾਲਾਤ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਖੁੱਲ੍ਹੇ ਆਸਮਾਨ ਹੇਠ ਪਈ ਕਣਕ ਨੂੰ ਲੈ ਕੇ ਗੰਭੀਰ ਚਿੰਤਾ ਪ੍ਰਗਟਾਈ ਅਤੇ ਪੰਜਾਬ ਸਰਕਾਰ ਦੀ ਖਰੀਦ, ਲਿਫਟਿੰਗ ਤੇ ਪ੍ਰਬੰਧਕੀ ਵਿਵਸਥਾ 'ਤੇ ਸਵਾਲ ਖੜ੍ਹੇ ਕੀਤੇ। ਮੰਡੀ ਵਿਚ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਗੱਲਬਾਤ ਤੋਂ ਬਾਅਦ ਔਜਲਾ ਨੇ ਕਿਹਾ ਕਿ ਪੰਜਾਬ ਦੀ ਮੰਡੀ ਪ੍ਰਣਾਲੀ ਪੂਰੀ ਤਰ੍ਹਾਂ ਲੜਖੜਾ ਚੁੱਕੀ ਹੈ।

ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਸਮੇਤ ਸਰਹੱਦੀ ਇਲਾਕਿਆਂ ਦੀਆਂ ਮੰਡੀਆਂ ਵਿਚ ਲੱਖਾਂ ਬੋਰੀਆਂ ਕਣਕ ਖੁੱਲ੍ਹੇ ਵਿਚ ਪਈਆਂ ਹਨ ਅਤੇ ਮੌਸਮ ਖ਼ਰਾਬ ਹੋਣ ਕਾਰਨ ਫ਼ਸਲ ਨੂੰ ਨੁਕਸਾਨ ਦਾ ਖ਼ਤਰਾ ਬਣਿਆ ਹੋਇਆ ਹੈ। ਔਜਲਾ ਨੇ ਦੱਸਿਆ ਕਿ ਕਰੀਬ 6.05 ਲੱਖ ਬੋਰੀਆਂ ਕਣਕ ਮੰਡੀਆਂ ਵਿਚ ਪਈ ਹੈ, ਪਰ ਹੁਣ ਤਕ ਸਿਰਫ਼ 10 ਫ਼ੀਸਦੀ ਲਿਫਟਿੰਗ ਹੀ ਹੋਈ ਹੈ, ਜੋ ਬਹੁਤ ਚਿੰਤਾਜਨਕ ਹੈ।

ਔਜਲਾ ਨੇ ਟੈਂਡਰ ਪ੍ਰਕਿਰਿਆ ਵਿਚ ਵੱਡੇ ਪੱਧਰ 'ਤੇ ਗੜਬੜੀ ਦੇ ਦੋਸ਼ ਲਗਾਉਂਦਿਆਂ ਕਿਹਾ ਕਿ 70 ਤੋਂ 80 ਫ਼ੀਸਦੀ ਠੇਕੇ ਉਨ੍ਹਾਂ ਲੋਕਾਂ ਨੂੰ ਦਿੱਤੇ ਗਏ ਹਨ ਜਿਨ੍ਹਾਂ ਕੋਲ ਆਪਣੇ ਟਰੱਕ ਤੱਕ ਨਹੀਂ ਹਨ।

ਉਨ੍ਹਾਂ ਕਿਹਾ ਕਿ ਟੈਂਡਰ ਪ੍ਰਕਿਰਿਆ ਵਿਚ ਪਾਰਦਰਸ਼ਤਾ ਦੀ ਕਮੀ ਦਾ ਖ਼ਮਿਆਜ਼ਾ ਕਿਸਾਨਾਂ ਤੇ ਆੜ੍ਹਤੀਆਂ ਨੂੰ ਭੁਗਤਣਾ ਪੈ ਰਿਹਾ ਹੈ। ਔਜਲਾ ਨੇ ਚਿਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਤੁਰੰਤ ਕਣਕ ਲਿਫਟਿੰਗ, ਭੰਡਾਰਨ ਤੇ ਮੰਡੀ ਪ੍ਰਬੰਧ ਵਿਚ ਸੁਧਾਰ ਨਾ ਕੀਤਾ ਤਾਂ ਕਿਸਾਨਾਂ, ਆੜ੍ਹਤੀਆਂ ਤੇ ਆਮ ਲੋਕਾਂ ਨੂੰ ਭਾਰੀ ਨੁਕਸਾਨ ਝੱਲਣਾ ਪੈ ਸਕਦਾ ਹੈ।

## ਬਿਜਲੀ ਪਾਣੀ ਬੰਦ ਹੋਣ ਕਰਕੇ ਮਚੀ ਹਾਹਾਕਾਰ

ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)- ਸੀਟੂ ਦੇ ਸੂਬਾ ਮੀਤ ਪ੍ਰਧਾਨ ਸੁੱਚਾ ਸਿੰਘ ਅਜਨਾਲਾ ਨੇ ਕਿਹਾ ਹੈ ਕਿ ਗੁਰੂ ਨਗਰੀ ਅੰਮ੍ਰਿਤਸਰ ਦੀਆਂ ਬਹੁਤ ਸਾਰੀਆਂ ਵਾਰਡਾਂ ਵਿਚ ਪਿਛਲੇ ਪੰਜ ਦਿਨਾਂ ਤੋਂ ਬਿਜਲੀ ਦੇ ਲੰਮੇ-ਲੰਮੇ ਕੱਟ ਲੱਗ ਰਹੇ ਹਨ। ਬਿਜਲੀ ਬੰਦ ਹੋਣ ਕਾਰਨ ਵਾਟਰ ਸਪਲਾਈ ਦਾ ਪਾਣੀ ਘਰਾਂ ਵਿਚ ਨਹੀਂ ਆ ਰਿਹਾ। ਲੋਕ ਆਪਣੇ ਰਿਸ਼ਤੇਦਾਰਾਂ ਦੇ ਘਰਾਂ ਤੋਂ ਪਾਣੀ ਲਿਆ ਰਹੇ ਹਨ ਤੇ ਉਥੇ ਹੀ ਇਸ਼ਨਾਨ ਕਰ ਰਹੇ ਹਨ। ਕਾਮਰੇਡ ਅਜਨਾਲਾ ਨੇ ਕਿਹਾ ਕਿ ਦੂਜੇ ਪਾਸੇ ਨਗਰ ਨਿਗਮ ਅੰਮ੍ਰਿਤਸਰ ਦੇ ਅਧਿਕਾਰੀਆਂ ਨੇ ਆਪਣੇ ਫੋਨ ਬੰਦ ਕੀਤੇ ਹੋਏ ਹਨ। ਉਨ੍ਹਾਂ ਦੱਸਿਆ ਕਿ ਨਿੱਕਾ ਸਿੰਘ ਕਾਲੋਨੀ ਦੀ ਪਾਰਕ ਵਿਚ ਲੱਗੀ ਮੋਟਰ ਸੜੀ ਹੋਈ ਹੈ ਤੇ ਉਸ ਦੀ ਮੁਰੰਮਤ ਨਹੀਂ ਹੋ ਰਹੀ। ਇਸ ਕਾਰਨ ਇਲਾਕੇ ਦੇ ਲੋਕਾਂ ਵਿਚ ਹਾਹਾਕਾਰ ਮੱਚੀ ਹੋਈ ਹੈ। ਉਨ੍ਹਾਂ ਕਿਹਾ ਕਿ ਇਸ ਵਰ੍ਹਦੀ ਗਰਮੀ ਵਿਚ ਡਿਊਟੀ 'ਤੇ ਜਾਣ ਵਾਲੇ ਮੁਲਾਜ਼ਮ ਅਤੇ ਸਕੂਲਾਂ- ਕਾਲਜਾਂ ਨੂੰ ਜਾਣ ਵਾਲੇ ਵਿਦਿਆਰਥੀ ਬਿਨਾਂ ਨਹਾਤੇ ਹੀ ਜਾ ਰਹੇ ਹਨ। ਕਾਮਰੇਡ ਅਜਨਾਲਾ ਨੇ ਕਿਹਾ ਕਿ ਪਹਿਲੀ ਮਈ ਦੇ ਕੌਮਾਂਤਰੀ ਮਜ਼ਦੂਰ ਦਿਵਸ ਮੌਕੇ ਅੰਮ੍ਰਿਤਸਰ ਦੀ ਹਾਲਤ ਬਾਰੇ, ਚਾਰ ਲੇਬਰ ਕੋਡ ਤੇ ਘੱਟੋ-ਘੱਟ ਉਜਰਤ ਬਾਰੇ ਵਿਚਾਰ ਚਰਚਾ ਕਰਕੇ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਚਰਨਜੀਤ ਮਜੀਠਾ, ਕਿਰਪਾ ਰਾਮ ਤੇ ਪ੍ਰਤਾਪ ਸਿੰਘ ਖਾਪੜ ਖੇੜੀ ਵੀ ਹਾਜ਼ਰ ਸਨ।

## ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਬਹਿਰਾਮਪੁਰ ਦੇ ਏ.ਐਸ.ਆਈ. ਪ੍ਰੀਤਮ ਦਾਸ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਟੀ. ਪੁਆਇੰਟ ਪੁੱਲੀ ਮਛਰਾਲਾ ਨੇੜੇ ਗੁਰਪ੍ਰੀਤ ਕੁਮਾਰ ਪੁੱਤਰ ਸੁਖਦੇਵ ਰਾਜ ਵਾਸੀ ਜਾਫਲਪੁਰ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਕਾਹਨੂੰਵਾਨ ਦੇ ਐਸ.ਆਈ. ਰਛਪਾਲ ਸਿੰਘ ਨੇ ਸਮੇਤ ਪੁਲਸ ਪਾਰਟੀ ਟੀ. ਪੁਆਇੰਟ ਬਿਜਲੀ ਘਰ ਕਾਹਨੂੰਵਾਨ ਤੋਂ ਸੁਖਜਿੰਦਰ ਸਿੰਘ ਉਰਫ ਸੁੱਖ ਪੁੱਤਰ ਬਲਵਿੰਦਰ ਸਿੰਘ ਵਾਸੀ ਘੱਲੂਘਾਰਾ ਰੋਡ ਕਾਹਨੂੰਵਾਂਨ ਜੋ ਸੜਕ ਦੇ ਕਿਨਾਰੇ ਝਾੜੀਆਂ ਵਿੱਚ ਲੁਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਇਕ ਸਿਲਵਰ ਪੰਨੀ ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਕੀਤਾ ਹੈ। ਪੁਲਿਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਲੇਨੋਵੋ ਨੇ ਚੰਡੀਗੜ੍ਹ 'ਚ ਨਵੇਂ ਸਟੋਰਾਂ ਨਾਲ ਰਿਟੇਲ ਦਾ ਵਿਸਤਾਰ ਕੀਤਾ

ਚੰਡੀਗੜ੍ਹ: ਗਲੋਬਲ ਟੈਕਨਾਲੋਜੀ ਦਿੱਗਜ ਲੇਨੋਵੋ ਨੇ ਵੀਰਵਾਰ ਚੰਡੀਗੜ੍ਹ ਵਿੱਚ ਮੁੱਖ ਸਥਾਨਾਂ 'ਤੇ ਚਾਰ ਤਾਜ਼ਾ ਹਾਈਬ੍ਰਿਡ ਸਟੋਰਾਂ ਦੇ ਨਾਲ ਇੱਕ ਨਵਾਂ ਲੈਨੋਵੋ ਐਕਸਕਲੂਜ਼ਿਵ ਸਟੋਰ (ਲੇਸ) ਲਾਂਚ ਕਰਨ ਦਾ ਐਲਾਨ ਕੀਤਾ। ਚੰਡੀਗੜ੍ਹ ਸਾਡੇ ਲਈ ਇੱਕ ਮੁੱਖ ਬਾਜ਼ਾਰ ਹੈ, ਅਤੇ ਇਹਨਾਂ ਨਵੇਂ ਸਟੋਰਾਂ ਨਾਲ ਅਸੀਂ ਗਾਹਕਾਂ ਲਈ ਸਾਡੇ ਸਾਰੇ ਉਤਪਾਦਾਂ ਨੂੰ ਇੱਕ ਜਗ੍ਹਾ 'ਤੇ ਪਹੁੰਚਣਾ ਆਸਾਨ ਬਣਾ ਰਹੇ ਹਾਂ। ਭਾਵੇਂ ਕੋਈ ਆਪਣਾ ਲੈਪਟਾਪ ਅਪਗ੍ਰੇਡ ਕਰ ਰਿਹਾ ਹੈ, 19-ਸੰਚਾਲਿਤ ਪੀਸੀ ਬਾਰੇ ਸਿੱਖ ਰਿਹਾ ਹੈ, ਜਾਂ ਗੇਮਿੰਗ ਸੈੱਟਅੱਪ ਦੀ ਭਾਲ ਕਰ ਰਿਹਾ ਹੈ, ਉਹ ਡਿਵਾਈਸਾਂ ਨੂੰ ਅਜ਼ਮਾਉਣ ਅਤੇ ਸੂਚਿਤ ਫੈਸਲੇ ਲੈਣ ਲਈ ਇੱਥੇ ਆ ਸਕਦੇ ਹਨ। ਲੇਨੋਵੋ ਇੰਡੀਆ ਦੇ ਖਪਤਕਾਰ ਵਪਾਰ ਨਿਰਦੇਸ਼ਕ ਕਮਨ ਚਾਵਲਾ ਨੇ ਕਿਹਾ।

# 1.32 ਲੱਖ ਤੋਂ ਵੱਧ ਸ਼ਰਧਾਲੂਆਂ ਨੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕੀਤੇ : ਬਰਾੜ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਪ੍ਰਮੁੱਖ ਪਹਿਲਕਦਮੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਦੋ ਪੜਾਵਾਂ ਅਧੀਨ ਹੁਣ ਤੱਕ 1.32 ਲੱਖ ਤੋਂ ਵੱਧ ਸ਼ਰਧਾਲੂ ਵੱਖ-ਵੱਖ ਪਵਿੱਤਰ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ। ਇਸ ਪਹਿਲ ਦਾ ਮੁੱਖ ਉਦੇਸ਼ ਸੂਬਾ ਵਾਸੀਆਂ ਲਈ ਮੁਫ਼ਤ ਧਾਰਮਿਕ ਯਾਤਰਾ ਦੀ ਸਹੂਲਤ ਪ੍ਰਦਾਨ ਕਰਨਾ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਸਬੰਧੀ ਉਨ੍ਹਾਂ ਦੇ ਸੁਪਨਿਆਂ ਨੂੰ ਪੂਰਾ ਕਰਨਾ ਹੈ।ਇਸ ਸਮੇਂ ਚਲ ਰਹੇ ਦੂਜੇ ਪੜਾਅ ਦੀ ਜ਼ਿਲ੍ਹਾ-ਵਾਰ ਪ੍ਰਗਤੀ ਸਾਂਝੀ ਕਰਦਿਆਂ ਪਨਸਪ ਦੇ ਚੇਅਰਮੈਨ ਅਤੇ ਅੰਮ੍ਰਿਤਸਰ ਦੇ ਨੌਜਵਾਨ ਆਗੂ ਪ੍ਰਭਬੀਰ ਸਿੰਘ ਬਰਾੜ ਨੇ ਦੱਸਿਆ ਕਿ 27 ਅਪ੍ਰੈਲ, 2026 ਤੱਕ ਅੰਮ੍ਰਿਤਸਰ ਕਲੱਸਟਰ ਵਿੱਚੋਂ 154 ਯਾਤਰਾਵਾਂ ਨਾਲ 6,160 ਸ਼ਰਧਾਲੂਆਂ ਨੇ ਪਾਵਨ ਤੀਰਥ ਅਸਥਾਨਾਂ ਦੇ ਦਰਸ਼ਨ ਕੀਤੇ ਹਨ।ਇਸੇ ਤਰ੍ਹਾਂ ਬਠਿੰਡਾ ਕਲੱਸਟਰ ਵਿੱਚੋਂ 1179 ਯਾਤਰਾਵਾਂ ਕੀਤੀਆਂ ਗਈਆਂ ਜਿਸ ਤਹਿਤ 46,030 ਸ਼ਰਧਾਲੂ ਦਰਸ਼ਨ ਕਰਨ ਗਏ। ਇਸੇ ਤਰ੍ਹਾਂ ਮੋਹਾਲੀ ਵਿੱਚੋਂ 533 ਯਾਤਰਾਵਾਂ ਰਾਹੀਂ 21,104 ਸ਼ਰਧਾਲੂਆਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਾਉਣ ਲਈ ਲਿਜਾਇਆ ਗਿਆ ਜਦਕਿ ਲੁਧਿਆਣਾ ਵਿੱਚੋਂ 596 ਯਾਤਰਾਵਾਂ ਕੀਤੀਆਂ ਗਈਆਂ ਜਿਸ ਤਹਿਤ 23,747 ਸ਼ਰਧਾਲੂਆਂ ਨੇ ਦਰਸ਼ਨ ਕੀਤੇ। ਉਨ੍ਹਾਂ ਦੱਸਿਆ ਕਿ ਕੁੱਲ ਮਿਲਾ ਕੇ ਇਨ੍ਹਾਂ ਕਲੱਸਟਰਾਂ ਵਿੱਚੋਂ 2462 ਯਾਤਰਾਵਾਂ ਰਾਹੀਂ 97,041 ਸ਼ਰਧਾਲੂਆਂ ਨੂੰ ਮੁਫ਼ਤ ਧਾਰਮਿਕ ਯਾਤਰਾ ਕਰਵਾਈ ਗਈ।ਚੇਅਰਮੈਨ ਬਰਾੜ ਨੇ ਅੱਗੇ ਦੱਸਿਆ ਕਿ 27 ਨਵੰਬਰ, 2023 ਨੂੰ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮੁੱਖ ਮੰਤਰੀ ਤੀਰਥ ਯਾਤਰਾ ਦੇ ਪਹਿਲੇ ਪੜਾਅ ਤਹਿਤ ਲਗਭਗ 35,500 ਸ਼ਰਧਾਲੂਆਂ ਨੇ ਸ੍ਰੀ ਹਜ਼ੂਰ ਸਾਹਿਬ (ਨਾਂਦੇੜ), ਸ੍ਰੀ ਪਟਨਾ ਸਾਹਿਬ (ਬਿਹਾਰ), ਵਾਰਾਣਸੀ ਮੰਦਿਰ, ਮਥੁਰਾ ਅਤੇ ਸ੍ਰੀ ਵ੍ਰਿੰਦਾਵਨ ਧਾਮ (ਉੱਤਰ ਪ੍ਰਦੇਸ਼), ਅਜਮੇਰ ਸ਼ਰੀਫ਼ ਦਰਗਾਹ (ਰਾਜਸਥਾਨ), ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਦਮਦਮਾ ਸਾਹਿਬ (ਤਲਵੰਡੀ ਸਾਬੋ), ਸ੍ਰੀ ਸਾਲਾਸਰ ਧਾਮ, ਸ੍ਰੀ ਖਾਟੂ ਸ਼ਿਆਮ ਜੀ, ਮਾਤਾ ਚਿੰਤਪੁਰਨੀ , ਮਾਤਾ ਜਵਾਲਾ ਜੀ, ਮਾਤਾ ਨੈਣਾ ਦੇਵੀ ਅਤੇ ਮਾਤਾ ਵੈਸ਼ਨੋ ਦੇਵੀ ਸਮੇਤ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕੀਤੇ ਸਨ।ਚੇਅਰਮੈਨ ਸ੍ਰੀ ਬਰਾੜ ਨੇ ਦੱਸਿਆ ਕਿ ਇਸ ਯੋਜਨਾ ਦਾ ਦੂਜਾ ਪੜਾਅ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਮੌਕੇ ਅਕਤੂਬਰ 2025 ਵਿੱਚ ਸ਼ੁਰੂ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਦੂਜੇ ਪੜਾਅ ਤਹਿਤ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ, ਭਗਵਾਨ ਸ੍ਰੀ ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ਼, ਪਾਰਟੀਸ਼ਨ ਮਿਊਜ਼ੀਅਮ ਅਤੇ ਕਈ ਹੋਰ ਪਵਿੱਤਰ ਅਸਥਾਨਾਂ ਸਮੇਤ ਪ੍ਰਮੁੱਖ ਧਾਰਮਿਕ ਅਤੇ ਵਿਰਾਸਤੀ ਸਥਾਨਾਂ 'ਤੇ ਲਿਜਾਇਆ ਜਾ ਰਿਹਾ ਹੈ। ਯੋਜਨਾ ਦੇ ਦੋਵਾਂ ਪੜਾਵਾਂ ਤਹਿਤ ਸ਼ਰਧਾਲੂਆਂ ਨੂੰ ਮੁਫ਼ਤ ਯਾਤਰਾ ਅਤੇ ਰਿਹਾਇਸ਼, ਭੋਜਨ, ਡਾਕਟਰੀ ਸਹਾਇਤਾ ਅਤੇ ਜ਼ਰੂਰੀ ਕਿੱਟਾਂ ਪ੍ਰਦਾਨ ਕੀਤੀਆਂ ਗਈਆਂ, ਜਿਸ ਦਾ ਸਾਰਾ ਖ਼ਰਚਾ ਸੂਬਾ ਸਰਕਾਰ ਵੱਲੋਂ ਚੁੱਕਿਆ ਗਿਆ।

# ਨਸ਼ਾ ਤਸਕਰਾਂ ਵਿਰੁੱਧ ਕੱਸਿਆ ਸ਼ਿਕੰਜਾ, ਤਿੰਨ ਨੌਜਵਾਨ ਕਾਬੂ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਵਿੱਢੀ ਗਈ ਵਿਸ਼ੇਸ਼ ਮੁਹਿੰਮ ਤਹਿਤ ਡੇਰਾਬੱਸੀ ਪੁਲਿਸ ਨੂੰ ਉਸ ਵੇਲੇ ਵੱਡੀ ਸਫਲਤਾ ਹਾਸਲ ਹੋਈ, ਜਦੋਂ ਪੁਲਿਸ ਨੇ ਮੁਸਤੈਦੀ ਦਿਖਾਉਂਦਿਆਂ ਚਿੱਟੇ ਦੇ ਨਸ਼ੇ ਦੇ ਆਦੀ ਤਿੰਨ ਨੌਜਵਾਨਾਂ ਨੂੰ ਵੱਖ-ਵੱਖ ਸਥਾਨਾਂ ਤੋਂ ਗ੍ਰਿਫ਼ਤਾਰ ਕੀਤਾ। ਥਾਣਾ ਮੁਖੀ ਸੁਮਿਤ ਮੋਰ ਨੇ ਦੱਸਿਆ ਕਿ ਇਹ ਕਾਰਵਾਈ ਜਨਤਕ ਸਹਿਯੋਗ ਅਤੇ ਪੁਲਿਸ ਦੀ ਚੌਕਸੀ ਸਦਕਾ ਸੰਭਵ ਹੋ ਸਕੀ ਹੈ, ਜਿਸ ਵਿੱਚ 'ਸੇਫ ਪੰਜਾਬ ਪੋਰਟਲ' ਰਾਹੀਂ ਮਿਲੀਆਂ ਸ਼ਿਕਾਇਤਾਂ ਨੇ ਅਹਿਮ ਭੂਮਿਕਾ ਨਿਭਾਈ। ਪੁਲਿਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਅਮਰਦੀਪ ਕਲੋਨੀ ਦਾ ਰਹਿਣ ਵਾਲਾ ਦਵਿੰਦਰ ਸਿੰਘ ਰਾਵਤ, ਜੋ ਕਿ ਨਸ਼ੇ ਦਾ ਕਾਫੀ ਆਦੀ ਹੈ, ਰੇਲਵੇ ਸਟੇਸ਼ਨ ਨੇੜੇ ਸ਼ੱਕੀ ਹਾਲਤ ਵਿੱਚ ਘੁੰਮ ਰਿਹਾ ਹੈ। ਪੁਲਿਸ ਟੀਮ ਨੇ ਤੁਰੰਤ ਛਾਪੇਮਾਰੀ ਕਰਕੇ ਉਕਤ ਨੌਜਵਾਨ ਨੂੰ ਕਾਬੂ ਕਰ ਲਿਆ। ਇਸੇ ਤਰ੍ਹਾਂ ਇੱਕ ਹੋਰ ਕਾਰਵਾਈ ਦੌਰਾਨ ਏ ਐੱਸ ਆਈ ਮਲਕੀਤ ਸਿੰਘ ਨੇ ਡੇਰਾਬੱਸੀ ਬੱਸ ਅੱਡੇ ਤੋਂ ਸੁਨੀਲ ਬਾਵਾ ਨਾਮੀ ਨੌਜਵਾਨ ਨੂੰ ਨਸ਼ੇ ਦੀ ਹਾਲਤ ਵਿੱਚ ਗ੍ਰਿਫ਼ਤਾਰ ਕੀਤਾ। ਸਹਾਇਕ ਥਾਣੇਦਾਰ ਲਖਵਿੰਦਰ ਸਿੰਘ ਨੇ ਗਸ਼ਤ ਦੌਰਾਨ ਪੰਡਵਾਲਾ ਹਸਪਤਾਲ ਨੇੜੇ ਝਾੜੀਆਂ ਵਿੱਚ ਲੁਕ ਕੇ ਬੈਠੇ ਇੱਕ ਸ਼ੱਕੀ ਨੌਜਵਾਨ ਨੂੰ ਪੁਲਿਸ ਨੇ ਕਾਬੂ ਕੀਤਾ, ਜਿਸ ਦੀ ਪਛਾਣ ਖਟੀਕ ਮਹੱਲਾ ਨਿਵਾਸੀ ਜਸਵੀਰ ਸਿੰਘ ਵਜੋਂ ਹੋਈ। ਪੁਲਿਸ ਅਨੁਸਾਰ ਤਲਾਸ਼ੀ ਦੌਰਾਨ ਭਾਵੇਂ ਉਸ ਕੋਲੋਂ ਕੋਈ ਨਸ਼ੀਲਾ ਪਦਾਰਥ ਬਰਾਮਦ ਨਹੀਂ ਹੋਇਆ, ਪਰ ਸ਼ੱਕ ਦੇ ਆਧਾਰ 'ਤੇ ਕਰਵਾਏ ਗਏ ਡੋਪ ਟੈਸਟ ਦੀ ਰਿਪੋਰਟ ਪਾਜ਼ੀਟਿਵ ਆਉਣ ਤੋਂ ਬਾਅਦ ਉਸ ਵੱਲੋਂ ਨਸ਼ੇ ਦੇ ਸੇਵਨ ਦੀ ਪੁਸ਼ਟੀ ਹੋਈ ਹੈ।ਥਾਣਾ ਮੁਖੀ ਨੇ ਦੱਸਿਆ ਕਿ ਕਾਬੂ ਕੀਤੇ ਗਏ ਉਕਤ ਤਿੰਨਾਂ ਮੁਲਜ਼ਮਾਂ ਖ਼ਿਲਾਫ਼ ਨਸ਼ਾ ਵਿਰੋਧੀ ਐਕਟ ਦੀਆਂ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

# ਬਿਜਲੀ ਕੱਟ ਵਿਰੁੱਧ ਸ਼੍ਰੋਮਣੀ ਅਕਾਲੀ ਦਲ ਵੱਲੋਂ ਧਰਨਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਵਿੱਚ ਲਗਾਤਾਰ ਲੱਗ ਰਹੇ ਬਿਜਲੀ ਕੱਟਾਂ ਤੇ ਸਰਕਾਰ ਦੀਆਂ ਨਾਕਾਮੀਆਂ ਦੇ ਵਿਰੋਧ ਵਿੱਚ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਸੰਜੀਵ ਤਲਵਾੜ ਦੀ



ਅਗਵਾਈ ਹੇਠ ਐੱਸ ਡੀ ਐੱਮ ਦਫ਼ਤਰ ਦੇ ਬਾਹਰ ਇੱਕ ਪ੍ਰਭਾਵਸ਼ਾਲੀ ਰੋਸ ਧਰਨਾ ਦਿੱਤਾ ਗਿਆ।ਇਸ ਪ੍ਰਦਰਸ਼ਨ ਦੌਰਾਨ ਅਕਾਲੀ ਦਲ ਦੇ ਵਰਕਰਾਂ ਨੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਲੋਕਾਂ ਨੂੰ ਪੱਖੇ ਵੰਡ ਕੇ ਆਪਣਾ ਵਿਰੋਧ ਦਰਜ ਕਰਵਾਇਆ।ਰੋਸ ਪ੍ਰਦਰਸ਼ਨ ਦੌਰਾਨ ਨੀਤੀ ਤਲਵਾੜ ਦੀ ਰਹਿਨੁਮਾਈ ਹੇਠ ਸੈਂਕੜਿਆਂ ਮਹਿਲਾਵਾਂ ਧਰਨੇ ਵਿੱਚ ਸ਼ਾਮਿਲ ਹੋਈਆਂ। ਧਰਨੇ ਨੂੰ ਸੰਬੋਧਨ ਕਰਦਿਆਂ ਸਾਬਕਾ ਰਾਜ ਸਭਾ ਮੈਂਬਰ ਵਰਿੰਦਰ ਸਿੰਘ ਬਾਜਵਾ ਤੇ ਸਾਬਕਾ ਕੈਬਨਿਟ ਮੰਤਰੀ ਸੋਹਨ ਸਿੰਘ ਠੰਡਲ ਨੇ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੀ ਤਿੱਖੀ ਆਲੋਚਨਾ ਕੀਤੀ। ਕੌਮੀ ਸੀਨੀ.ਮੀਤ ਪ੍ਰਧਾਨ ਜਤਿੰਦਰ ਲਾਲੀ ਬਾਜਵਾ ਅਤੇ ਜ਼ਿਲ੍ਹਾ ਪ੍ਰਧਾਨ (ਦਿਹਾਤੀ) ਲਖਵਿੰਦਰ ਸਿੰਘ ਲੱਖੀ ਨੇ ਵੀ ਸਰਕਾਰ ਦੀਆਂ ਗਲਤ ਨੀਤੀਆਂ ਨੂੰ ਕਰੜੇ ਸ਼ਬਦਾਂ ਵਿੱਚ ਨਿਸ਼ਾਨਾ ਬਣਾਇਆ। ਹਲਕਾ ਇੰਚਾਰਜ ਸੰਜੀਵ ਤਲਵਾੜ ਨੇ ਧਰਨੇ ਵਿੱਚ ਪਹੁੰਚੇ ਸਾਰੇ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ, ਸ਼੍ਰੋਮਣੀ ਅਕਾਲੀ ਦਲ ਦੀ ਇੱਕਜੁਟਤਾ ਹੀ ਹੁਸ਼ਿਆਰਪੁਰ ਵਿੱਚ ਪਾਰਟੀ ਦਾ ਝੰਡਾ ਬੁਲੰਦ ਕਰੇਗੀ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਪਾਰਟੀ ਹੁਣ ਪੂਰੇ ਜੋਸ਼ ਨਾਲ ਆਉਣ ਵਾਲੀਆਂ ਨਗਰ ਨਿਗਮ ਚੋਣਾਂ ਦੀ ਤਿਆਰੀ ਵਿੱਚ ਜੁੱਟ ਗਈ ਹੈ।

# ਟੈਂਪੋ ਟਰੈਵਲਰ ਹਾਦਸਾਗ੍ਰਸਤ, ਇੱਕ ਪਰਵਾਰ ਦੇ ਚਾਰ ਮੈਂਬਰ ਜ਼ਖ਼ਮੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪ੍ਰਸਿੱਧ ਧਾਰਮਿਕ ਅਸਥਾਨ ਮਾਤਾ ਨੈਣਾ ਦੇਵੀ ਵਿਖੇ ਮੱਥਾ ਟੇਕ ਕੇ ਵਾਪਸ ਪਰਤ ਰਹੀ ਇੱਕ ਟੈਂਪੋ ਟਰੈਵਲਰ ਹਾਦਸਾਗ੍ਰਸਤ ਹੋਣ ਕਾਰਨ ਇੱਕ ਹੀ ਪਰਵਾਰ ਦੇ ਚਾਰ ਮੈਂਬਰ ਜ਼ਖ਼ਮੀ ਹੋ ਗਏ। ਪ੍ਰਾਪਤ



ਜਾਣਕਾਰੀ ਅਨੁਸਾਰ ਟੈਂਪੋ ਟਰੈਵਲਰ ਨੰਬਰ ਡੀ ਐੱਲ ਆਈ ਵੀ ਸੀ 6729 ਵਿੱਚ ਸਵਾਰ ਦਿੱਲੀ ਦੇ ਨਜਫਗੜ੍ਹ ਵਾਸੀ ਪਰਵਾਰਕ ਮੈਂਬਰ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਕੇ ਵਾਪਸ ਜਾ ਰਹੇ ਸਨ। ਜਾਨੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਨੈਣਾ ਦੇਵੀ ਦੇ ਮੁਖੀ ਹਰਿਨਾਮ ਸਿੰਘ ਨੇ ਦੱਸਿਆ ਕਿ ਜਦੋਂ ਟੈਂਪੋ ਟਰੈਵਲਰ ਕੋਲਾਂ ਵਾਲੇ ਟੋਬੇ ਨੇੜੇ ਪਹੁੰਚੀ ਤਾਂ ਉਤਰਾਈ ਦੌਰਾਨ ਵਾਹਨ ਦੇ ਬਰੇਕ ਨਾ ਲੱਗਣ ਕਾਰਨ ਚਾਲਕ ਦਾ ਵਾਹਨ ਉੱਤੇ ਕਾਬੂ ਨਾ ਰਿਹਾ। ਇਸ ਕਾਰਨ ਟੈਂਪੋ ਟਰੈਵਲਰ ਸੜਕ ਦੇ ਦੂਜੇ ਪਾਸੇ ਜਾ ਕੇ ਪਲਟ ਗਈ ਤੇ ਹਾਦਸਾ ਵਾਪਰ ਗਿਆ।ਹਾਦਸੇ ਵਿੱਚ ਇੱਕ ਹੀ ਪਰਿਵਾਰ ਦੇ ਚਾਰ ਮੈਂਬਰ ਜਖਮੀ ਹੋ ਗਏ, ਜਿਨ੍ਹਾਂ ਨੂੰ ਤੁਰੰਤ ਮੁੱਢਲੀ ਸਹਾਇਤਾ ਲਈ ਭਾਈ ਜੈਤਾ ਜੀ ਸਰਕਾਰੀ ਹਸਪਤਾਲ ਪਹੁੰਚਾਇਆ ਗਿਆ। ਉੱਥੇ ਇਲਾਜ ਤੋਂ ਬਾਅਦ ਜਖਮੀਆਂ ਨੂੰ ਛੁੱਟੀ ਦੇ ਦਿੱਤੀ ਗਈ।

# ਏ ਜੀ ਆਈ ਗਲੋਬਲ ਸਕੂਲ ਨੇ ਇੰਟਰਨੈਸ਼ਨਲ ਡਾਂਸ ਡੇ ਮਨਾਇਆ

**ਜਲੰਧਰ (ਰਾਜੇਸ਼ ਥਾਪਾ)**- ਇੰਟਰਨੈਸ਼ਨਲ ਡਾਂਸ ਡੇ ਹਰ ਸਾਲ 29 ਅਪ੍ਰੈਲ ਨੂੰ ਮਨਾਇਆ ਜਾਂਦਾ ਹੈ। ਇਸ ਦਾ ਮਕਸਦ ਦੁਨੀਆ ਦੇ ਵੱਖ-ਵੱਖ ਨੱਚ ਰੂਪਾਂ ਦਾ ਸਤਿਕਾਰ ਕਰਨਾ, ਸਭਿਆਚਾਰਕ ਸਾਂਝ ਵਧਾਉਣਾ ਤੇ ਇਸ ਕਲਾ ਦੀ ਮਹੱਤਤਾ ਨੂੰ ਦਰਸਾਉਣਾ ਹੈ, ਜੋ ਲੋਕਾਂ ਅਤੇ




ਸਮਾਜ ਨੂੰ ਸੰਮ੍ਰਿੱਧ ਬਣਾਉਂਦੀ ਹੈ।ਏ ਜੀਆਈ ਗਲੋਬਲ ਸਕੂਲ ਵਿੱਚ ਇਹ ਦਿਨ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਤੀਜੀ ਤੋਂ ਨੌਵੀਂ ਕਲਾਸ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਨੱਚ ਪੇਸ਼ ਕੀਤੇ। ਪ੍ਰੋਗਰਾਮ ਵਿੱਚ ਹਵਾਈਅਨ ਡਾਂਸ, ਕਾਲਿੰਕਾ, ਚਾਈਨੀਜ਼ ਡਾਂਸ, ਫਲੇਮੈਂਕੋ, ਟੱਟਿੰਗ ਦੇ ਨਾਲ ਨਾਲ ਗਿੱਧਾ ਅਤੇ ਭੰਗੜਾ ਵਰਗੇ ਰੰਗ-ਬਰੰਗੇ ਲੋਕ ਨੱਚ ਵੀ ਸ਼ਾਮਲ ਸਨ। ਹਰ ਪ੍ਰਸਤੁਤੀ ਵਿੱਚ ਸਭਿਆਚਾਰਕ ਵੱਖਰਾਪਣ, ਸਹੀ ਤਰੀਕਾ, ਰਚਨਾਤਮਕਤਾ ਅਤੇ ਕਲਾ ਦਾ ਸੁੰਦਰ ਪ੍ਰਦਰਸ਼ਨ ਵੇਖਣ ਨੂੰ ਮਿਲਿਆ। ਇਸ ਸਮਾਗਮ ਵਿੱਚ ਚੇਅਰਪਰਸਨ ਸ੍ਰੀਮਤੀ ਸਲਵਿੰਦਰਜੀਤ ਕੌਰ ਮੁੱਖ ਮਹਿਮਾਨ ਵਜੋਂ ਮੌਜੂਦ ਰਹੇ, ਜਿਸ ਨਾਲ ਪ੍ਰੋਗਰਾਮ ਦੀ ਰੌਣਕ ਵਧ ਗਈ। ਇਸ ਮੌਕੇ ਤੇ ਸ੍ਰੀਮਤੀ ਸਲਵਿੰਦਰਜੀਤ ਕੌਰ ਨੇ ਕਿਹਾ ਕਿ ਇੰਟਰਨੈਸ਼ਨਲ ਡਾਂਸ ਡੇ ਸਾਨੂੰ ਯਾਦ ਦਿਵਾਉਂਦਾ ਹੈ ਕਿ ਨੱਚ ਜੀਵਨ ਦੀ ਖ਼ੁਸ਼ੀ ਹੈ। ਡਾਇਰੈਕਟਰ ਹਰਲੀਨ ਮੋਹੰਤੀ ਨੇ ਦੱਸਿਆ ਕਿ ਨੱਚ ਇੱਕ ਐਸੀ ਭਾਸ਼ਾ ਹੈ ਜੋ ਸਭਿਆਚਾਰਾਂ ਨੂੰ ਜੋੜਦੀ ਹੈ। ਪ੍ਰਿੰਸੀਪਲ ਸ੍ਰੀਮਤੀ ਆਰਤੀ ਸ਼ਰਮਾ ਨੇ ਮਾਪਿਆਂ ਦਾ ਧੰਨਵਾਦ ਕੀਤਾ ਜੋ ਬੱਚਿਆਂ ਨੂੰ ਲਗਾਤਾਰ ਸਹਿਯੋਗ ਅਤੇ ਹੌਸਲਾ ਦਿੰਦੇ ਹਨ ਅਤੇ ਉਹਨਾਂ ਦੀ ਪ੍ਰਤਿਭਾ ਨਿਖਾਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# ਸਕੂਲ ਆਫ਼ ਐਮੀਨੈਂਸ ਵਿਖੇ ਵਿਸ਼ੇਸ਼ ਗਾਈਡੈਂਸ ਤੇ ਰੋਜ਼ਗਾਰ ਸੈਸ਼ਨ



**ਬਲਾਚੌਰ (ਜਸਵਿੰਦਰ ਬੈਂਸ)**

ਵਿਦਿਆਰਥੀਆਂ ਨੂੰ ਭਵਿੱਖ ਦੇ ਕਰੀਅਰ ਅਤੇ ਰੋਜ਼ਗਾਰ ਦੇ ਮੌਕਿਆਂ ਪ੍ਰਤੀ ਜਾਗਰੂਕ ਕਰਨ ਦੇ ਮਕਸਦ ਨਾਲ, ਜ਼ਿਲ੍ਹਾ ਗਾਈਡੈਂਸ ਅਤੇ ਰੋਜ਼ਗਾਰ ਦਫ਼ਤਰ ਵੱਲੋਂ ਸਕੂਲ ਆਫ਼ ਐਮੀਨੈਂਸ, ਮਹਿੰਦੀਪੁਰ ਵਿਖੇ ਇੱਕ ਵਿਸ਼ੇਸ਼ ਗਾਈਡੈਂਸ ਸੈਸ਼ਨ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਨੌਜਵਾਨਾਂ ਨੂੰ ਆਧੁਨਿਕ ਦੌਰ ਦੀਆਂ ਚੁਣੌਤੀਆਂ ਅਤੇ ਰੋਜ਼ਗਾਰ ਦੇ ਨਵੇਂ ਰਾਹਾਂ ਬਾਰੇ ਅਹਿਮ ਜਾਣਕਾਰੀ ਦਿੱਤੀ ਗਈ। ?ਸੈਸ਼ਨ ਦੌਰਾਨ ਮੁੱਖ ਬੁਲਾਰਿਆਂ ਵਜੋਂ ਸ਼ਾਮਲ ਹੋਏ ਮਾਹਿਰਾਂ ਨੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਨ ਅਤੇ ਪ੍ਰਸ਼ਾਸਨਿਕ ਸੇਵਾਵਾਂ ਵਿੱਚ ਜਾਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 'ਸਹੀ ਮਾਰਗਦਰਸ਼ਨ ਤੇ ਸਖ਼ਤ ਮਿਹਨਤ' ਸਫਲਤਾ ਦੀ ਕੁੰਜੀ ਹੈ। ਉਨ੍ਹਾਂ ਨੇ ਰੋਜ਼ਗਾਰ ਦਫ਼ਤਰ ਵੱਲੋਂ ਚਲਾਈਆਂ ਜਾ ਰਹੀਆਂ ਸਰਕਾਰੀ ਸਕੀਮਾਂ ਅਤੇ ਹੁਨਰ ਵਿਕਾਸ ਦੇ ਕੋਰਸਾਂ ਬਾਰੇ ਵਿਸਤਾਰ ਵਿੱਚ ਚਾਨਣਾ ਪਾਇਆ, ਤਾਂ ਜੋ ਵਿਦਿਆਰਥੀ ਆਪਣੀ ਪੜ੍ਹਾਈ ਦੇ ਨਾਲ-ਨਾਲ ਹੁਨਰਮੰਦ ਬਣ ਸਕਣ। ?ਇਸ ਪ੍ਰੋਗਰਾਮ ਵਿੱਚ ਹੋਰਨਾਂ ਤੋਂ ਇਲਾਵਾ ਨੇ ਜਗਮੋਹਨ ਸਿੰਘ, ਰਾਜ ਕੁਮਾਰ,? ਪਰਮਿੰਦਰ ਸਿੰਘ, ਜਸਕਰਨ ਸਿੰਘ, ?ਭੁਪਿੰਦਰ ਰਾਜਨ ਨੇ ਸ਼ਿਰਕਤ ਕੀਤੀ। ਸੈਸ਼ਨ ਦੇ ਅਖੀਰ ਵਿੱਚ ਵਿਦਿਆਰਥੀਆਂ ਲਈ ਇੱਕ ਸਵਾਲ-ਜਵਾਬ ਦੌਰ ਰੱਖਿਆ ਗਿਆ, ਜਿੱਥੇ ਬੁਲਾਰਿਆਂ ਨੇ ਵਿਦਿਆਰਥੀਆਂ ਦੀਆਂ ਕਰੀਅਰ ਨਾਲ ਸਬੰਧਤ ਸ਼ੰਕਾਵਾਂ ਨੂੰ ਦੂਰ ਕੀਤਾ।

# 'ਆਪ' ਸਰਕਾਰ ਨੇ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕਰਕੇ ਦਿਖਾਇਆ : ਜਰਨੈਲ ਨੰਗਲ



**ਬੰਗਾ (ਅਵਤਾਰ ਕਲੇਰ)**- ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਚੋਣਾਂ ਦੌਰਾਨ ਕੀਤੇ ਹਰ ਵਾਅਦੇ ਨੂੰ ਚਾਰ ਸਾਲਾਂ ਵਿੱਚ ਹੀ ਪੂਰਾ ਕਰ ਦਿਖਾਇਆ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਜਰਨੈਲ ਸਿੰਘ ਨੰਗਲ ਪ੍ਰਦੇਸ਼ ਜਨਰਲ ਸਕੱਤਰ ਐਸ ਸੀ ਵਿੰਗ ਪੰਜਾਬ ਅਤੇ ਇੰਚਾਰਜ ਦੋਆਬਾ ਜੋਨ ਨੇ ਪਿੰਡ ਨੂਰਪੁਰ ਵਿਖੇ ਗੱਲਬਾਤ ਕਰਦਿਆਂ ਕੀਤਾ। ਉਹ ਇੱਥੇ 'ਸ਼ਾਨਦਾਰ 4 ਸਾਲ ਭਗਵੰਤ ਮਾਨ ਦੇ ਨਾਲੂਫਜ਼ ਦੇ ਤਹਿਤ ਕੀਤੇ ਪ੍ਰੋਗਰਾਮ ਦੌਰਾਨ ਆਏ ਹੋਏ ਸਨ। ਉਹਨਾਂ ਦੇ ਨਾਲ ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਵੀ ਹਾਜਰ ਸਨ। ਜਲਦ ਹੀ ਪੰਜਾਬ ਦੀਆਂ ਮਹਿਲਾਵਾਂ ਨੂੰ ਵੀ ਕੀਤੇ ਵਾਅਦੇ ਅਨੁਸਾਰ ਇੱਕ ਹਜ਼ਾਰ ਅਤੇ ਐਸ ਸੀ ਮਹਿਲਾਵਾਂ ਨੂੰ 1500 ਰੁਪਏ ਮਿਲਣ ਜਾ ਰਹੇ ਹਨ। ਮੁਫਤ ਤੇ ਕੈਸ਼ਲਸ ਇਲਾਜ ਲਈ 10 ਲੱਖ ਦੇ ਕਾਰਡ ਬਣਾਏ ਗਏ ਹਨ ਇਕ ਕਰੋੜ ਦੀ ਸਨਮਾਨ ਰਾਸ਼ੀ ਸ਼ਹੀਦ ਸੈਨਿਕਾਂ ਦੇ ਪਰਵਾਰ ਨੂੰ ਦਿੱਤੀ ਗਈ ਹੈ ਅਤੇ ਹੋਰ ਬਹੁਤ ਸਾਰੇ ਵਾਅਦੇ ਲੋਕਾਂ ਨਾਲ ਪੂਰੇ ਕੀਤੇ ਗਏ ਹਨ। ਇਸ ਮੌਕੇ ਅਵਤਾਰ ਸਿੰਘ, ਜਸਬੀਰ ਸਿੰਘ ਨੂਰਪੁਰ, ਡਾ. ਨਵਕਾਂਤ ਭਰੋਮਜਾਰਾ, ਪੰਚ ਬਲਵੀਰ ਕੌਰ, ਗੁਰਸੇਵ ਸਿੰਘ, ਪੰਚ ਹਰਜਿੰਦਰ ਸਿੰਘ, ਪੰਚ ਸੁਰਿੰਦਰ ਸਿੰਘ, ਅਵਤਾਰ ਚੰਦ, ਸੁਖਵਿੰਦਰ ਕੌਰ, ਗੁਰਮੁਖ ਸਿੰਘ ਆਦਿ ਵੀ ਹਾਜ਼ਰ ਸਨ।

# ਏਸ਼ੀਅਨ ਬੀਚ ਗੇਮਸ ਵਿੱਚ ਭਾਰਤ ਦਾ ਸ਼ਾਨਦਾਰ ਪ੍ਰਦਰਸ਼ਨ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਵਿਕਾਸ ਅਤੇ ਪੰਚਾਇਤ ਮੰਤਰੀ ਕ੍ਰਿਸ਼ਨ ਲਾਲ ਪੰਵਾਰ ਜੋ ਹਰਿਆਣਾ ਏਮੇਚਯੋਰ ਕਬੱਡੀ ਐਸੋਸਇਏਸ਼ਨ ਦੇ ਚੇਅਰਮੈਨ ਵੀ ਹਨ, ਨੇ ਚੀਨ ਦੇ ਸਾਨਿਯਾ ਵਿੱਚ ਆਯੋਜਿਤ 6ਵੇਂ ਏਸ਼ਿਅਨ ਬੀਚ ਗੇਮਸ ਵਿੱਚ ਭਾਰਤੀ ਕਬੱਡੀ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ 'ਤੇ ਖੁਸ਼ੀ ਜਾਹਿਰ ਕੀਤੀ ਹੈ ਅਤੇ ਉਨ੍ਹਾਂ ਨੇ ਜਿੱਤ ਲਈ ਖਿਡਾਰਿਆਂ ਨੂੰ ਹਾਰਦਿਕ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀ।ਵਰਣਨਯੋਗ ਹੈ ਕਿ ਪ੍ਰਤੀਯੋਗਿਤਾ ਵਿੱਚ ਹਰਿਆਣਾ ਦੀ ਬੇਟੀ ਦੀ ਕਪਤਾਨੀ ਵਿੱਚ ਭਾਰਤੀ ਮਹਿਲਾ ਟੀਮ ਨੇ ਗੋਲਡ ਮੇਡਲ ਜਿੱਤ ਕੇ ਇਤਿਹਾਸ ਰੱਚ ਦਿੱਤਾ, ਜਦੋਂ ਕਿ ਪੁਰਸ਼ਾਂ ਟੀਮ ਨੇ ਸਿਲਵਰ ਮੈਡਲ ਆਪਣੇ ਨਾਂਅ ਕੀਤਾ। ਮਹਿਲਾ ਟੀਮ ਨੇ ਫਾਇਨਲ ਮੁਕਾਬਲੇ ਵਿੱਚ ਸ੍ਰੀਲੰਕਾ ਨੂੰ 47-31 ਦੇ ਅੰਤਰ ਨਾਲ ਹਰਾ ਕੇ ਗੋਲਡ ਮੇਡਲ ਹਾਸਲ ਕੀਤਾ। ਉੱਥੇ ਹੀ ਪੁਰਸ਼ਾਂ ਦੀ ਟੀਮ ਨੂੰ ਫਾਇਨਲ ਵਿੱਚ ਈਰਾਨ ਵਿਰੁਧ 44-31 ਨਾਲ ਹਾਰ ਕਾ ਸਾਹਮਣਾ ਕਰਨਾ ਪਿਆ।

# ਐੱਲ ਪੀ ਯੂ ਐਵਾਰਡ ਏਸ਼ੀਆ 2026 ਜਿੱਤਣ ਵਾਲੀ ਇਕਲੌਤੀ 'ਵਰਸਿਟੀ ਬਣੀ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਨੇ ਟਾਈਮਜ਼ ਹਾਇਰ ਐਜੂਕੇਸ਼ਨ ਅਵਾਰਡ ਏਸ਼ੀਆ 2026 ਜਿੱਤਣ ਵਾਲੀ ਇੱਕੋ ਇੱਕ ਭਾਰਤੀ ਯੂਨੀਵਰਸਿਟੀ ਬਣ ਕੇ ਏਸ਼ੀਅਨ ਉੱਚ ਸਿੱਖਿਆ ਦੇ ਦ੍ਰਿਸ਼ ਵਿੱਚ ਇੱਕ ਅਮਿੱਟ ਛਾਪ ਛੱਡੀ ਹੈ। 500 ਤੋਂ ਵੱਧ ਐਂਟਰੀਆਂ ਦੇ ਇੱਕ ਬਹੁਤ ਹੀ ਮੁਕਾਬਲੇ ਵਾਲੇ ਪੂਲ ਵਿੱਚੋਂ ਉੱਭਰ ਕੇ, ਐੱਲ ਪੀ ਯੂ ਨੂੰ ਚਾਰ ਸ਼੍ਰੇਣੀਆਂ ਵਿੱਚ ਸ਼ਾਰਟਲਿਸਟ



ਕੀਤਾ ਗਿਆ ਸੀ, ਜਿਸ ਨਾਲ ਇਹ ਏਸ਼ੀਆ ਦੀਆਂ ਸਭ ਤੋਂ ਵੱਕਾਰੀ ਯੂਨੀਵਰਸਿਟੀਆਂ ਵਿੱਚੋਂ ਇੱਕ ਬਣ ਗਿਆ ਸੀ।ਐੱਲ ਪੀ ਯੂ ਨੇ ਕੱਟੂਨਾਇਕਨ ਬ੍ਰਹਿਮੰਡ ਵਿਗਿਆਨ ਅਤੇ ਦੱਖਣੀ ਭਾਰਤ ਵਿੱਚ ਜੰਗਲੀ ਵਾਤਾਵਰਣ ਸੇਵਾਵਾਂ 'ਤੇ ਐਪਿਸਟੇਮਿਕ ਬਹੁਲਵਾਦ ਸਿਰਲੇਖ ਵਾਲੇ ਆਪਣੇ ਪ੍ਰੋਜੈਕਟ ਲਈ ਕਲਾ, ਮਨੁੱਖਤਾ ਅਤੇ ਸਮਾਜਿਕ ਵਿਗਿਆਨ ਸ਼੍ਰੇਣੀ ਵਿੱਚ 'ਸਾਲ ਦਾ ਸਰਵੋਤਮ ਖੋਜ ਪ੍ਰੋਜੈਕਟ' ਪੁਰਸਕਾਰ ਜਿੱਤਿਆ। ਇਸ ਪ੍ਰਾਪਤੀ 'ਤੇ ਬੋਲਦੇ ਹੋਏ, ਸੰਸਦ ਮੈਂਬਰ (ਰਾਜ ਸਭਾ) ਤੇ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, 'ਇਹ ਮਾਨਤਾ ਐੱਲ ਪੀ ਯੂ ਦੇ ਅਕਾਦਮਿਕ ਸਫ਼ਰ ਵਿੱਚ ਇੱਕ ਮਹੱਤਵਪੂਰਨ ਪਲ ਹੈ ਅਤੇ ਯੂਨੀਵਰਸਿਟੀ ਦੇ ਅੱਗੇ ਵਧਣ ਦੀ ਸਪੱਸ਼ਟ ਦਿਸ਼ਾ ਨੂੰ ਦਰਸਾਉਂਦੀ ਹੈ।

# ਮੈਡੀਕਲ ਜਾਂਚ ਕੈਂਪ ਲਗਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਦੇਹਰੀਵਾਲ ਵਿਖੇ ਸਮਾਜ ਸੇਵੀ ਪ੍ਰਵਾਸੀ ਭਾਰਤੀ ਜਵਾਹਰ ਸਿੰਘ ਪੱਡਾ ਤੇ ਉਨ੍ਹਾਂ ਦੇ ਪਰਵਾਰ ਵੱਲੋਂ ਬੇਸਹਾਰਿਆਂ ਲਈ ਚਲਾਏ ਜਾ ਰਹੇ ਗੁਰੂ ਨਾਨਕ ਬਿਰਧ ਵਿਖੇ ਮੈਡੀਕਲ ਜਾਂਚ ਕੈਂਪ ਲਾਇਆ ਗਿਆ। ਇਸ ਮੌਕੇ ਵੇਵਜ਼ ਹਸਪਤਾਲ ਟਾਂਡਾ ਦੇ



ਡਾ. ਲਵਪ੍ਰੀਤ ਸਿੰਘ ਪਾਬਲਾ, ਪ੍ਰਭਜੋਤ ਸਿੰਘ, ਰਮਨਪ੍ਰੀਤ ਕੌਰ ਅਤੇ ਸ਼ਰਨਜੋਤ ਸਿੰਘ ਨੇ ਆਸ਼ਰਮ ਵਿਚ ਰਹਿੰਦੇ ਮੈਂਬਰਾਂ ਦੀ ਮੈਡੀਕਲ ਜਾਂਚ ਕਰਦੇ ਹੋਏ ਦਵਾਈਆਂ ਵੀ ਦਿੱਤੀਆਂ। ਇਸ ਮੌਕੇ ਡਾ. ਨੇ ਆਸ਼ਰਮ ਵਿਚ ਰਹਿ ਰਹੇ ਬਜ਼ੁਰਗਾਂ ਨੂੰ ਸਿਹਤ ਦੀ ਸੇਵਾ ਸੰਭਾਲ ਸਬੰਧੀ ਸਿਹਤ ਸਲਾਹਕਾਰੀਆਂ ਤੋਂ ਜਾਣੂ ਕਰਵਾਇਆ । ਇਸ ਮੌਕੇ ਆਸ਼ਰਮ ਦੇ ਪ੍ਰਬੰਧਕਾਂ ਨੇ ਡਾ. ਪਾਬਲਾ ਤੇ ਹਸਪਤਾਲ ਦੀ ਟੀਮ ਦਾ ਧੰਨਵਾਦ ਕਰਦਿਆਂ ਸਨਮਾਨਤ ਕੀਤਾ। ਇਸ ਮੌਕੇ ਹਰਵਿੰਦਰ ਸਿੰਘ ਬਸੀ ਜਲਾਲ, ਗੁਰਦੀਪ ਸਿੰਘ ਦੇਹਰੀਵਾਲ, ਬਖਸ਼ੀਸ਼ ਸਿੰਘ, ਮੁਖਤਿਆਰ ਦੇਹਰੀਵਾਲ , ਪੱਪੂ, ਗੁਲਜਾਰੀ ਲਾਲ, ਸੁਰਿੰਦਰ ਸਿੰਘ, ਚੰਨਣ ਸਿੰਘ, ਫਕੀਰ ਚੰਦ, ਗੁਰਦੇਵ ਸਿੰਘ, ਲਾਡੀ, ਮੋਹਣ ਸਿੰਘ ,ਪਰਮਜੀਤ ਸਿੰਘ, ਮਨਜੀਤ ਗਿਰੀ, ਸੋਨੀਆ, ਊਸ਼ਾ, ਪਰਮਜੀਤ ਕੌਰ ਆਦਿ ਮੌਜੂਦ ਸਨ ।

# ਪੈਨਸ਼ਨਰਾਂ ਤੇ ਮੁਲਾਜ਼ਮਾਂ ਦੇ ਬਕਾਏ ਤੁਰੰਤ ਜਾਰੀ ਕੀਤੇ ਜਾਣ : ਸੁਰਿੰਦਰ ਪੱਪੂ

**ਗੁਰਦਾਸਪੁਰ, (ਜਨਕ ਮਹਾਜਨ)**

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਤੇ ਟਰਾਂਸਕੋ ਦੇ ਪੈਨਸ਼ਨਰ ਐਸੋਸੀਏਸ਼ਨ ਸਰਕਲ ਗੁਰਦਾਸਪੁਰ ਦੇ ਸਕੱਤਰ ਸੁਰਿੰਦਰ ਪੱਪੂ ਨੇ ਵਿਸ਼ੇਸ਼ ਤੌਰ 'ਤੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੇ ਵੱਡੇ ਸਹਿਯੋਗ ਨਾਲ ਹੋਂਦ ਵਿੱਚ ਆਈ ਪੰਜਾਬ ਸਰਕਾਰ ਜਿਸ ਨੇ ਪੈਨਸ਼ਨ ਅਤੇ ਮੁਲਾਜ਼ਮਾਂ ਨਾਲ ਚੋਣਾਂ ਤੋਂ ਪਹਿਲਾਂ ਵੱਡੇ-ਵੱਡੇ ਵਾਅਦੇ ਕੀਤੇ ਸਨ ਕਿ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ 'ਤੇ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੇ ਕਾਂਗਰਸ ਸਰਕਾਰ ਦੇ ਟਾਈਮ ਦੇ ਸਾਰੇ ਬਕਾਏ ਜੋ ਪੈਂਡਿੰਗ ਹਨ ਉਹ ਤੁਰੰਤ ਜਾਰੀ ਕਰ ਦਿੱਤੇ ਜਾਣਗੇ ਪਰੰਤੂ ਹੁਣ ਹੋਇਆ ਉਸ ਦੇ ਉਲਟ ਹੈ। ਪਿਛਲੇ ਡੀ. ਏ. ਸਮੇਤ ਹੋਰ ਬਕਾਏ ਤਾਂ ਕੀ ਦੇਣੇ ਸਗੋਂ ਪਹਿਲਾਂ ਮਿਲਦੇ 37 ਤਰ੍ਹਾਂ ਦੇ ਭੱਤੇ ਵੀ ਸਰਕਾਰ ਵੱਲੋਂ ਬੰਦ ਕਰ ਦਿੱਤੇ ਗਏ ਹਨ ਜਿਸ ਕਰਕੇ ਪੰਜਾਬ ਸਰਕਾਰ ਖਿਲਾਫ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਅੰਦਰ ਭਾਰੀ ਰੋਸ ਹੈ।



ਪੈਨਸ਼ਨਰ ਤੇ ਮੁਲਾਜ਼ਮ ਹੁਣ ਲਗਾਤਾਰ ਆਪਣਾ ਕੇਂਦਰ ਸਰਕਾਰ ਅਤੇ ਗੁਆਂਢੀ ਸੂਬਿਆਂ ਦੀ ਤਰਜ਼ 'ਤੇ 18 ਫੀਸਦੀ ਡੀ. ਏ. ਅਤੇ ਉਸ ਦਾ ਬਕਾਇਆ 1-1-2016 ਤੋਂ 30-6-2021 ਤੱਕ ਲੈਣ ਲਈ ਲਗਾਤਾਰ ਪੰਜਾਬ ਸਰਕਾਰ ਖਿਲਾਫ ਸੰਘਰਸ਼ ਦੇ ਰਾਹ 'ਤੇ ਹਨ। ਸ੍ਰੀ ਪੱਪੂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਮਾਨਯੋਗ ਹਾਈਕੋਰਟ ਤੇ ਸੁਪਰੀਮ ਕੋਰਟ ਦੇ ਮੁਲਾਜ਼ਮਾਂ ਤੇ ਪੈਨਸ਼ਨਾਂ ਦੇ ਹੱਕ ਵਿੱਚ ਦਿੱਤੇ ਫੈਸਲੇ ਮੁਤਾਬਿਕ 30 ਜੂਨ ਤੱਕ ਬਕਾਏ ਜਾਰੀ ਨਾ ਕੀਤੇ ਤਾਂ ਪੈਨਸ਼ਨਰ ਸਾਂਝਾ ਫਰੰਟ ਪੰਜਾਬ ਅਤੇ ਪੈਨਸ਼ਨਰ ਐਸੋਸੀਏਸ਼ਨ ਆਪਣੇ ਸਾਰੇ ਬਕਾਏ ਯਕਮੁਸਤ ਲੈਣ, ਬਿਜਲੀ ਦੀ ਰਿਆਇਤ ਲੈਣ, ਮੈਡੀਕਲ ਕੈਸ਼ਲੈਸ ਸਕੀਮ ਦੁਬਾਰਾ ਚਾਲੂ ਕਰਵਾਉਣ, 2.59 ਫੈਕਟਰ ਲਾਗੂ ਕਰਵਾਉਣ, ਪੁਰਾਣੀ ਪੈਨਸ਼ਨ 1972 ਨਿਯਮ ਤਹਿਤ ਲਾਗੂ ਕਰਵਾਉਣ ਲਈ ਸੰਘਰਸ਼ ਦੇ ਰਾਹ 'ਤੇ ਤੁਰਨਗੇ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਦਸਮੇਸ਼ ਕਾਲਜ ਫ਼ਾਰ ਵੂਮੈਨ ਵਿਖੇ ਹੋਇਆ ਵਿਦਾਇਗੀ ਸਮਾਰੋਹ




**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਇਲਾਕੇ ਦੀ ਸਿਰਮੌਰ ਸੰਸਥਾ ਦਸਮੇਸ਼ ਕਾਲਜ ਫ਼ਾਰ ਵੂਮੈਨ ਮਹਿਤਾ ਚੌਕ ਵਿਖੇ ਬੀ. ਏ. ਭਾਗ ਛੇਵੇਂ ਦੀਆਂ ਵਿਦਿਆਰਥਣਾਂ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ।ਇਹ ਵਿਦਾਇਗੀ ਪਾਰਟੀ ਕਾਲਜ ਦੇ ਕੈਂਪਸ ਵਿਖੇ ਕਦੇ ਅਲਵਿਦਾ ਨਾ ਕਹਿਣਾ ਦੇ ਥੀਮ ਨੂੰ ਮੁੱਖ ਰੱਖਦੇ ਕਰਵਾਈ ਗਈ।ਇਸ ਵਿਦਾਇਗੀ ਸਮਾਰੋਹ ਵਿੱਚ ਵਿਦਿਆਰਥਣਾਂ ਦੁਆਰਾ ਸੱਭਿਆਚਾਰਕ ਗੀਤਾਂ ਉਪਰ ਪੇਸ਼ਕਾਰੀ ਕੀਤੀ ਗਈ।ਸੰਸਥਾ ਦੇ ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥਣਾਂ ਨੂੰ ਯੂਨੀਵਰਸਿਟੀ ਪ੍ਰੀਖਿਆਵਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਭਵਿੱਖ ਵਿੱਚ ਕਾਮਯਾਬੀ ਹਾਸਿਲ ਕਰਨ ਦੀ ਪ੍ਰੇਰਨਾ ਦਿੱਤੀ।ਇਸ ਸਮਾਰੋਹ ਦੌਰਾਨ ਮੈ. ਰਵਨੀਤ ਕੌਰ ਨੇ ਜੱਜ ਦੀ ਭੂਮਿਕਾ ਨਿਭਾਈ ਜਿਸ ਵਿੱਚ ਵਿਦਿਆਰਥਣਾਂ ਨੂੰ ਪੰਜਾਬੀ ਸੱਭਿਆਚਾਰ 'ਤੇ ਆਧਾਰਿਤ ਸਵਾਲ ਪੁੱਛੇ ਗਏ ਜਿਸ ਤੋਂ ਬਾਅਦ ਕੋਮਲਪ੍ਰੀਤ ਕੌਰ ਨੂੰ ਮਿਸ ਫੇਅਰਵੈੱਲ, ਮਨਦੀਪ ਕੌਰ ਨੂੰ ਮਿਸ ਚਾਰਮਿੰਗ ਅਤੇ ਅਰਸ਼ਦੀਪ ਕੌਰ ਨੂੰ ਇਨੋਸੈਂਟ ਦਾ ਖਿਤਾਬ ਦਿੱਤਾ ਗਿਆ।ਕਾਲਜ ਦੇ ਕੋਆਰਡੀਨੇਟਰ ਮੈਡਮ ਹਰਪ੍ਰੀਤ ਕੌਰ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਲੜਕੀਆਂ ਨੂੰ ਹਮੇਸ਼ਾ ਤਰੱਕੀ ਦੀ ਰਾਹ ਵੱਲ ਵਧੱਦੇ ਰਹਿਣਾ ਚਾਹੀਦਾ ਹੈ।ਇਸ ਮੌਕੇ ਪ੍ਰਿੰਸੀਪਲ ਮੈ. ਗੁਰਬੀਰ ਕੌਰ, ਮੈ. ਹਰਪ੍ਰੀਤ ਕੌਰ, ਮੈ. ਰਵਿੰਦਰ ਕੌਰ ਅਤੇ ਕਾਲਜ ਦਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਅਫਰੀਕਾ ਦੀ ਲੜਕੀ ਨੂੰ ਸਫਲ ਇਲਾਜ ਦੇ ਬਾਅਦ ਅੱਖਾਂ ਦੀ ਰੌਸ਼ਨੀ ਵਾਪਸ ਮਿਲੀ

**ਮੋਹਾਲੀ (ਗੁਰਜੀਤ ਬਿੱਲਾ)**- ਲੈਜ਼ੀ ਅੱਖ (ਬਾਈਲੇਟਰਲ ਐਂਬਲੀਓਪੀਆ) ਤੋਂ ਪੀੜਤ, ਪੂਰਬੀ ਅਫਰੀਕਾ ਦੇ ਕੋਮੋਰੋਸ ਦੀ ਇੱਕ 19 ਸਾਲਾ ਕੁੜੀ ਨੂੰ ਮੈਕਸ ਹਸਪਤਾਲ, ਮੋਹਾਲੀ ਵਿੱਚ ਸਫਲ ਇਲਾਜ ਦੇ ਬਾਅਦ ਆਪਣੀ ਅੱਖਾਂ ਦੀ ਸੁਭਾਵਿਕ ਰੌਸ਼ਨੀ ਵਾਪਸ ਮਿਲੀ। ਬਾਈਲੇਟਰਲ ਐਂਬਲੀਓਪੀਆ ਇੱਕ ਨਿਊਰੋ-ਡਿਵੈਲਪਮੈਂਟਲ ਡਿਸਆਰਡਰ ਹੈ ਜਿਸ ਵਿੱਚ ਬਚਪਨ ਦੇ ਵਿਕਾਸ ਦੌਰਾਨ ਦਿਮਾਗ ਨੂੰ ਦੋਵਾਂ ਅੱਖਾਂ ਤੋਂ ਧੁੰਦਲੀਆਂ



ਤਸਵੀਰਾਂ ਪ੍ਰਾਪਤ ਹੋਣ ਕਾਰਨ ਦੋਵਾਂ ਅੱਖਾਂ ਵਿੱਚ ਨਜ਼ਰ ਕਾਫ਼ੀ ਘੱਟ ਜਾਂਦੀ ਹੈ। ਕੁੜੀ ਦੇ ਜੱਦੀ ਸ਼ਹਿਰ ਵਿੱਚ ਕਈ ਇਲਾਜਾਂ ਦੇ ਬਾਵਜੂਦ, ਹਾਲਤ ਵਿਗੜਦੀ ਰਹੀ ਅਤੇ 'ਲੈਜ਼ੀ ਅੱਖ' ਨੇ ਉਸ ਦੀਆਂ ਰੋਜ਼ਾਨਾ ਦੀਆਂ ਗਤੀਵਿਧੀਆਂ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰਨਾ ਸ਼ੁਰੂ ਕਰ ਦਿੱਤਾ। ਇਲਾਜ ਦੀ ਭਾਲ ਵਿੱਚ ਉਸ ਦੇ ਪਰਵਾਰ ਨੇ ਉੱਨਤ ਇਲਾਜ ਲਈ ਭਾਰਤ ਜਾਣ ਦਾ ਫੈਸਲਾ ਕੀਤਾ। ਮੈਕਸ ਹਸਪਤਾਲ ਪਹੁੰਚਣ 'ਤੇ, ਵਿਆਪਕ ਅੱਖਾਂ ਦੀ ਜਾਂਚ ਕੀਤੀ ਗਈ, ਜਿਸ ਨੇ ਬਾਈਲੇਟਰਲ ਐਂਬਲੀਓਪੀਆ ਦੀ ਜਾਂਚ ਦੀ ਪੁਸ਼ਟੀ ਕੀਤੀ।

# 78 ਸਾਲ ਬੀਤ ਜਾਣ ਬਾਅਦ ਵੀ ਕੰਢੀ ਖ਼ੇਤਰ 'ਚ ਪੀਣ ਵਾਲੇ ਪਾਣੀ ਦੀ ਕਿੱਲਤ ਦੂਰ ਨਾ ਹੋਈ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਦੇਸ਼ ਦੀ ਆਜ਼ਾਦੀ ਦੇ 78 ਸਾਲ ਬੀਤ ਜਾਣ ਬਾਅਦ ਵੀ ਕੰਢੀ ਵਾਸੀ ਪੀਣ ਵਾਲੇ ਪਾਣੀ ਦੀ ਕਿਲੱਤ ਨਾਲ ਜੂਝ ਰਹੇ ਹਨ। ਸਮੇਂ ਸਮੇਂ 'ਤੇ ਬਣੀਆਂ ਸਰਕਾਰਾਂ ਵੀ ਕੰਢੀ ਵਾਸੀਆਂ ਦੀ ਪਿਆਸ ਬੁਝਾਉਣ 'ਚ ਨਾਕਾਮ ਰਹੀਆਂ ਹਨ। ਨੀਮ ਪਹਾੜੀ ਪਿੰਡ ਗਰਮੀਆਂ 'ਚ ਹੀ ਨਹੀਂ ਸਗੋਂ ਸਰਦੀਆਂ ਵਿੱਚ ਵੀ ਪੀਣ ਵਾਲੇ ਪਾਣੀ ਦੀ ਬੂੰਦ



ਬੂੰਦ ਨੂੰ ਤਰਸਦੇ ਹਨ। ਸਮੇਂ ਦੇ ਨਾਲ ਪਾਣੀ ਦੀ ਮੰਗ ਤਾਂ ਵਧੀ ਪਰ ਠੋਸ ਯੋਜਨਾ ਦੀ ਅਣਹੋਂਦ, ਪੁਰਾਣੀਆਂ ਪਾਈਪਾਂ ਨਾਲ ਬਦਲਣ ਆਦਿ ਕਾਰਨ ਪਿੰਡਾਂ 'ਚ ਪਾਣੀ ਦੀ ਨਾਕਸ ਸਪਲਾਈ ਹੈ। ਪਿੰਡ ਆਸਪੁਰ ਬਡਾਲੀਆਂ ਦੇ ਜੰਮਪਲ ਨਾਮਵਰ ਸਮਾਜ ਸੇਵਕ, ਪੰਜਾਬ ਪੁਲੀਸ ਦੇ ਸਾਬਕਾ ਇੰਸਪੈਕਟਰ ਤੇ ਕੌਮਾਂਤਰੀ ਪਹਿਲਵਾਨ ਨਿਰਮਲ ਸਿੰਘ ਕੰਢੀ ਦੇ ਨੀਮ ਪਹਾੜੀ ਪਿੰਡਾਂ 'ਚ ਮੁਫ਼ਤ ਟੈਂਕਰ ਸੇਵਾ ਰਾਹੀਂ ਲੋਕਾਂ ਦੀ ਪਿਆਸ ਬੁਝਾ ਰਹੇ ਹਨ। ਉਨ੍ਹਾਂ ਦੱਸਿਆ ਕਿ ਉਹ ਰੋਜ਼ਾਨਾ ਮੰਗ 'ਤੇ ਪਿੰਡਾਂ 'ਚ ਪਾਣੀ ਨਾਲ ਭਰੇ ਟੈਂਕਰ ਭੇਜਦੇ ਹਨ। ਪੱਤੀ ਕੈਰੀ, ਹੜਿੰਬਾ ਦੇਵੀ, ਨੌਂਰਗਪੁਰ ਕੋਠੀ, ਸੁਖਚੈਨਪੁਰ, ਕਸਬਾ ਕਮਾਹੀ ਦੇਵੀ ਤੇ ਦਾਤਾਰਪੁਰ ਅਧੀਨ ਆਉਂਦੇ ਉਚਾਈ ਵਾਲੇ ਪਿੰਡਾਂ 'ਚ ਅਕਸਰ ਹੀ ਪਾਣੀ ਦੀ ਘਾਟ ਰਹਿੰਦੀ ਹੈ। ਉਨ੍ਹਾਂ ਸਿਆਸੀ ਆਗੂਆਂ 'ਤੇ ਚੋਣਾਂ ਦੌਰਾਨ ਹੀ ਸਰਗਰਮ ਹੋਣ ਦਾ ਗਿਲਾ ਕੀਤਾ ਹੈ। ਚੋਣਾਂ ਮੁੱਕਣ ਉਪਰੰਤ ਲੋਕ ਮੁੱਦਿਆਂ ਨੂੰ ਵਿਸਾਰ ਦਿਤਾ ਜਾਂਦਾ ਹੈ।

# ਪੱਦੀ ਸੂਰਾ ਸਿੰਘ ਸਕੂਲ ਦੇ ਦੋ ਵਿਦਿਆਰਥੀ ਮੁੱਖ ਮੰਤਰੀ ਵੱਲੋਂ ਸਨਮਾਨਤ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)** ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਦੀ ਸੂਰਾ ਸਿੰਘ ਦੇ ਸਾਇੰਸ ਗਰੁੱਪ ਦੇ ਦੋ ਵਿਦਿਆਰਥੀ ਯੁਵਰਾਜ ਹੀਰਾ ਅਤੇ ਸੋਨਾਰਿਕਾ ਨੇ 75% ਤੋਂ ਜਿਆਦਾ ਅੰਕ ਪ੍ਰਾਪਤ ਕਰਕੇ ਜੇ ਈਈ ਮੇਨ ਪ੍ਰੀਖਿਆ ਨੂੰ ਪਾਸ ਕੀਤਾ, ਜੋ ਕਿ ਪੱਦੀ ਸੂਰਾ ਸਿੰਘ ਸਕੂਲ ਅਤੇ ਪੂਰੇ ਪੰਜਾਬ ਇਲਾਕੇ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ। ਇਹਨਾਂ ਦੋਹਾਂ ਵਿਦਿਆਰਥੀਆਂ ਨੂੰ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਵਿਕਾਸ ਭਵਨ ਚੰਡੀਗੜ੍ਹ ਵਿਖੇ ਸਨਮਾਨਤ ਕੀਤਾ ਗਿਆ। ਦੋਹਾਂ ਵਿਦਿਆਰਥੀਆਂ ਨੇ ਇਸ ਪ੍ਰਾਪਤੀ ਦਾ ਸਿਹਰਾ ਆਪਣੇ ਸਮੂੰਹ ਅਧਿਆਪਕਾਂ, ਪ੍ਰਿੰਸੀਪਲ ਸਾਹਿਬ ਅਤੇ ਆਪਣੇ ਮਾਤਾ ਪਿਤਾ ਨੂੰ ਦਿੱਤਾ, ਜਿਨਾਂ ਦੀ ਯੋਗ ਅਗਵਾਈ ਵਿੱਚ ਉਨ੍ਹਾਂ ਨੇ ਇਸ ਮੰਜ਼ਿਲ ਨੂੰ ਪ੍ਰਾਪਤ ਕੀਤਾ। ਇਸ ਮੌਕੇ ਤੇ ਪ੍ਰਿੰਸੀਪਲ ਹਰਬਲਾਸ ਬੰਗਾ, ਫਿਜਿਕਸ ਲੈਕਚਰਾਰ ਸੁਨੀਤਾ ਕੁਮਾਰੀ, ਕਮਿਸਟਰੀ ਲੈਕਚਰਾਰ ਕਿਰਨ ਬਾਲਾ, ਬਾਇਓ ਲੈਕਚਰਾਰ ਰਾਜ ਕੁਮਾਰ, ਪੰਜਾਬੀ ਲੈਕਚਰਾਰ ਪਰਮਜੀਤ ਕੌਰ, ਕੰਪਿਊਟਰ ਲੈਕਚਰਾਰ ਸੁਰੇਖਾ ਅਤੇ ਸਮੂੰਹ ਸਟਾਫ ਨੇ ਦੋਹਾਂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਜ਼ਿੰਦਗੀ ਵਿੱਚ ਹੋਰ ਵੀ ਤਰੱਕੀਆਂ ਪ੍ਰਾਪਤ ਕਰਨ ਲਈ ਅਸ਼ੀਰਵਾਦ ਦਿੱਤਾ।

## ਜਨਮ ਦਿਨ ਮੁਬਾਰਕ



ਅਗਮਵੀਰ ਸਿੰਘ
ਬਲਾਚੌਰ



ਸੁਮਾਇਰਾ
ਗੁਰਦਾਸਪੁਰ



ਨੂਰ, ਜਲੰਧਰ

# ਨਾਰਾਇਣਗੜ੍ਹ 'ਚ ਸਥਾਪਤ ਹੋਵੇਗਾ ਆਈ ਐੱਮ ਟੀ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਵਿੱਚ ਉਦਯੋਗਿਕ ਵਿਕਾਸ ਨੂੰ ਨਵੀਂ ਰਫਤਾਰ ਦੇਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਚੁਕਦੇ ਹੋਏ ਸਰਕਾਰ ਨੇ ਨਾਰਾਇਣਗੜ੍ਹ ਵਿੱਚ ਇੰਡਸਟ੍ਰਿਅਲ ਮਾਡਲ ਟਾਉਨਸ਼ਿਪ ( ਆਈ ਐੱਮ ਟੀ ) ਸਥਾਪਿਤ ਕਰਨ ਦਾ ਫੈਸਲਾ ਲਿਆ ਹੈ। ਇਸ ਪਹਿਲ ਨਾਲ ਨਾ ਸਿਰਫ ਖੇਤਰ ਦੇ ਸਮਗਰ ਵਿਕਾਸ ਨੂੰ ਗਤੀ ਮਿਲੇਗੀ ਸਗੋਂ ਸੂਬੇ ਨੂੰ ਉਦਯੋਗਿਕ ਨਜਰੀਏ ਨਾਲ ਹੋਰ ਵੱਧ ਸਸ਼ਕਤ ਬਨਾਉਣ ਵਿੱਚ ਵੀ ਮਦਦ ਮਿਲੇਗੀ। ਇਸ ਸੰਬੰਧ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਇੱਥੋਂ ਨਾਰਾਇਣਗੜ੍ਹ ਖੇਤਰ ਦੇ ਕਿਸਾਨਾਂ ਦੇ ਪ੍ਰਤੀਨਿਧੀਮੰਡਲ ਨੇ ਮੁਲਾਕਾਤ ਕੀਤੀ ਅਤੇ ਹੋਰ ਕਿਸਾਨਾਂ ਸਰਕਾਰ ਵਲੋਂ ਤੈਅ ਕੀਤੀ ਦਰਾਂ 'ਤੇ ਸਹਿਮਤੀ ਜਤਾਈ। ਇਸ ਨਾਲ ਆਈ ਐਮਟੀ ਲਈ ਨਾਰਾਇਣਗੜ੍ਹ ਵਿੱਚ ਲਗਭਗ 450 ਕਰੋੜ ਏਕੜ ਜਮੀਨ ਉਪਲਬਧ ਹੋਵੇਗੀ। ਆਈ ਐੱਮ ਟੀ ਸਥਾਪਨਾ ਦੀ ਪ੍ਰਕਿਰਿਆ ਸ਼ੁਰੂ ਹੋਣ 'ਤੇ ਕਿਸਾਨਾਂ ਨੇ ਮੁੱਖ ਮੰਤਰੀ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਦਾ ਮੂੰਹ ਮਿੱਠਾ ਕਰ ਸੁਆਗਤ ਕੀਤਾ।ਮੁੱਖ ਮੰਤਰੀ ਨੇ ਕਿਸਾਨਾਂ ਦੇ ਸਹਿਯੋਗ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹ ਕਦਮ ਖੇਤਰ ਦੇ ਆਰਥਿਕ ਵਿਕਾਸ ਅਤੇ ਰੋਜ਼ਗਾਰ ਸ੍ਰਿਜਨ ਵਿੱਚ ਮੀਲ ਦਾ ਪੱਥਰ ਸਾਬਿਤ ਹੋਵੇਗਾ।ਮੁੱਖ ਮੰਤਰੀ ਨੇ ਕਿਹਾ ਕਿ ਅੰਬਾਲਾ ਵਿੱਚ ਪਹਿਲਾਂ ਤੋਂ ਹੀ ਆਈ ਐੱਮ ਟੀ ਵਿਕਸਿਤ ਕਰਨ ਦਾ ਕੰਮ ਤੇਜ ਗਤੀ ਨਾਲ ਚਲ ਰਿਹਾ ਹੈ। ਹੁਣ ਨਾਰਾਇਣਗੜ੍ਹ ਵਿੱਚ ਵੀ ਆਈ ਐੱਮ ਟੀ ਵਿਕਸਿਤ ਹੋਣ ਨਾਲ ਇਸ ਖੇਤਰ ਵਿੱਚ ਉਦਯੋਗਿਕ ਵਿਕਾਸ ਨੂੰ ਵਧਾਵਾ ਮਿਲੇਗਾ। ਗੁਰੂਗ੍ਰਾਮ ਦੀ ਤਰਜ 'ਤੇ ਅੰਬਾਲਾ ਖੇਤਰ ਨੂੰ ਵੀ ਆਧੁਨਿਕ ਤੇ ਵਿਕਸਿਤ ਉਦਯੋਗਿਕ ਕੇਂਦਰ ਵੱਜੋਂ ਵਿਕਸਿਤ ਕੀਤਾ ਜਾਵੇਗਾ।

# ਜਨਗਨਣਾ ਡਿਊਟੀਆਂ ਸੰਬੰਧੀ ਜੀ ਟੀ ਯੂ ਵੱਲੋਂ ਐੱਸ ਡੀ ਐੱਮ ਨੂੰ ਮੰਗ ਪੱਤਰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ, ਇਕਾਈ ਗੜ੍ਹਸ਼ੰਕਰ 1 × 2 ਦਾ ਇੱਕ ਵਫ਼ਦ ਪ੍ਰਧਾਨ ਪਵਨ ਗੋਇਲ ਬਲਾਕ ਗੜ੍ਹਸ਼ੰਕਰ 1, ਪ੍ਰਧਾਨ ਅਸ਼ਵਨੀ ਰਾਣਾ ਬਲਾਕ ਗੜ੍ਹਸ਼ੰਕਰ 2, ਸਤਪਾਲ ਮਿਨਹਾਸ ਪ੍ਰਧਾਨ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਇਕਾਈ ਗੜ੍ਹਸ਼ੰਕਰ, ਜਿਲ੍ਹਾ ਆਗੂ ਨਰੇਸ਼ ਕੁਮਾਰ, ਸਾਬਕਾ ਬਲਾਕ ਪ੍ਰਧਾਨ



ਬਲਵੰਤ ਸਿੰਘ ਦੀ ਅਗਵਾਈ ਹੇਠ ਜਨਗਨਣਾ ਡਿਊਟੀਆਂ ਦੌਰਾਨ ਅਧਿਆਪਕਾਂ ਦੀਆਂ ਮੁਸ਼ਕਿਲਾਂ ਸਬੰਧੀ ਸੰਜੀਵ ਕੁਮਾਰ ਐੱਸ ਡੀ ਐੱਮ ਗੜ੍ਹਸ਼ੰਕਰ ਨੂੰ ਮੰਗ ਪੱਤਰ ਦਿੱਤਾ ਗਿਆ। ਆਗੂਆਂ ਵਲੋਂ ਮੰਗ ਕੀਤੀ ਗਈ ਕਿ ਅਧਿਆਪਕਾਂ ਦੀਆਂ ਡਿਊਟੀਆਂ ਰਿਹਾਇਸ਼ੀ ਖੇਤਰ ਜਾਂ ਮੌਜੂਦਾ ਸਟੇਸ਼ਨ ਵਿੱਚ ਹੀ ਲਗਾਈ ਜਾਵੇ। ਆਗੂਆਂ ਨੇ ਮੰਗ ਕੀਤੀ ਕਿ ਲਗਭਗ 90 ਪ੍ਰਤੀਸ਼ਤ ਅਧਿਆਪਕਾਂ ਦੀਆਂ ਹੀ ਡਿਊਟੀਆਂ ਲਗਾਈਆਂ ਗਈਆਂ ਹਨ, ਜੋ ਕਿ ਤਰਕਸੰਗਤ ਨਹੀਂ ਹੈ। ਬਾਕੀ ਵਿਭਾਗਾਂ ਦੀਆਂ ਡਿਊਟੀਆਂ ਵੀ ਤਰਕਸੰਗਤ ਤਰੀਕੇ ਨਾਲ ਲਗਾਈ ਜਾਵੇ। ਇਸ ਤੋਂ ਇਲਾਵਾ ਆਗੂਆਂ ਵਲੋਂ ਅਧਿਆਪਕਾਂ ਦੀਆਂ ਜਨਗਨਣਾ ਤੇ ਸਮਾਜਿਕ ਸਰਵੇ ਵਿੱਚ ਡਬਲ ਡਿਊਟੀਆਂ ਕੱਟਣ, ਗਿਣਤੀਕਾਰ ਅਧਿਆਪਕਾਂ ਨੂੰ ਪ੍ਰਸ਼ਾਸਨਿਕ ਸੁਰੱਖਿਆ ਦੇਣ ਤੇ ਹਰੇਕ ਗਿਣਤੀਕਾਰ ਮੁਲਾਜ਼ਮ ਦੇ 2 ਕਰੋੜ ਦੇ ਜੀਵਨ ਬੀਮੇ ਦੀ ਵੀ ਮੰਗ ਕੀਤੀ। ਆਗੂਆਂ ਵਲੋਂ ਅੰਗਹੀਣ ਗਰਭਵਤੀ, ਗੰਭੀਰ ਬਿਮਾਰੀ ਤੋਂ ਪੀੜਤ ਮੁਲਾਜ਼ਮਾਂ ਅਤੇ ਪਤੀ-ਪਤਨੀ ਵਿੱਚੋਂ ਇੱਕ ਨੂੰ ਡਿਊਟੀ ਤੋਂ ਛੋਟ ਦੀ ਵੀ ਮੰਗ ਕੀਤੀ। ਇਸ ਮੌਕੇ ਸੰਜੀਵ ਕੁਮਾਰ ਐੱਸ ਡੀ ਐੱਮ ਵੱਲੋਂ ਸਾਰੀਆਂ ਜਾਇਜ਼ ਮੰਗਾ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਨਰੇਸ਼ ਧੀਮਾਨ, ਅਨੁਰਾਧਾ ਜੋਸ਼ੀ, ਰਾਜ ਕੁਮਾਰ, ਤਰਸੇਮ ਕੌਰ, ਮਨੋਜ ਕੁਮਾਰ, ਦਿਲਦਾਰ ਸਿੰਘ, ਬਲਵਿੰਦਰ ਸਿੰਘ, ਜਸਵੀਰ ਸਿੰਘ, ਰਜਿੰਦਰ ਸਿੰਘ ਆਦਿ ਹਾਜ਼ਰ ਸਨ।

# ਸੀ ਪੀ ਆਈ ਵੱਲੋਂ ਸਿਧਾਂਤਕ ਪੰਦਰਵਾੜਾ 3 ਨੂੰ

**ਬੰਗਾ (ਅਵਤਾਰ ਕਲੇਰ)** ਭਾਰਤੀ ਕਮਿਊਨਿਸਟ ਪਾਰਟੀ ਵਲੋਂ ਕਾਰਲ ਮਾਰਕਸ ਅਤੇ ਵੀ ਆਈ ਲੈਨਿਨ ਦੇ ਜਨਮ ਦਿਨਾਂ ਨੂੰ ਸਮਰਪਿਤ ਸਿਧਾਂਤਕ ਪੰਦਰਵਾੜਾ 5 ਮਈ ਤੋਂ ਲੈਕੇ 5 ਜੂਨ ਤੱਕ ਪੰਜਾਬ ਦੇ ਸਾਰੇ ਜ਼ਿਲ੍ਹਿਆਂ, ਤਹਿਸੀਲਾਂ ਵਿੱਚ ਕਨਵੈਨਸ਼ਨਾ, ਰੈਲੀਆਂ ਅਤੇ ਮੁਜ਼ਾਹਰੇ ਕਰਕੇ ਮਨਾਇਆ ਜਾ ਰਿਹਾ ਹੈ।ਇਸ ਸਿਧਾਂਤਕ ਪੰਦਰਵਾੜੇ ਨੂੰ ਸਮਰਪਿਤ 3 ਮਈ ਦਿਨ ਐਤਵਾਰ ਨੂੰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਭਵਨ ਬੰਗਾ ਰੋਡ ਨਵਾਂ ਸ਼ਹਿਰ ਵਿਖੇ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਜਸਵਿੰਦਰ ਸਿੰਘ ਭੰਗਲ



ਅਤੇ ਬਲਾਕ ਬੰਗਾ ਦੇ ਸਕੱਤਰ ਗੁਰਮੁੱਖ ਸਿੰਘ ਫਰਾਲਾ ਨੇ ਸਾਂਝੇ ਤੌਰ ਤੇ ਕਿਹਾ ਕਿ ਕੇਂਦਰ ਸਰਕਾਰ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਲਾਗੂ ਕਰਨ ਜਾ ਰਹੀ ਹੈ ਜੋ ਮਜ਼ਦੂਰ ਜਮਾਤ ਲਈ ਬਹੁਤ ਘਾਤਕ ਹਨ। ਇਹਨਾਂ ਨਾਲ ਮਜ਼ਦੂਰ ਜਮਾਤ ਕੋਲੋਂ ਯੂਨੀਅਨ ਬਣਾਉਣ ਅਤੇ ਹੜਤਾਲ ਕਰਨ ਦੇ ਅਧਿਕਾਰ ਖੁਸ ਜਾਣਗੇ। ਕੇਂਦਰ ਸਰਕਾਰ ਬਿਜਲੀ ਸੋਧ ਬਿੱਲ 2025 ਲਾਗੂ ਕਰਨ ਦੀਆਂ ਗੋਂਦਾਂ ਗੁੰਦ ਰਹੀ ਹੈ। ਇਹਨਾਂ ਸਾਰੇ ਮਸਲਿਆਂ ਤੇ ਵਿਚਾਰ ਚਰਚਾ ਕਰਨ ਲਈ ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਤੇ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਕਾਮਰੇਡ ਬੰਤ ਸਿੰਘ ਬਰਾੜ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।

# ਬਿਜਲੀ ਦੇ ਅਣ-ਐਲਾਨੇ ਕੱਟਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਨੇ ਸਰਕਾਰ ਖ਼ਿਲਾਫ਼ ਕੀਤੀ ਨਾਅਰੇਬਾਜ਼ੀ



**ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ)**- ਕੜਾਕੇ ਦੀ ਗਰਮੀ 'ਚ ਲੱਗ ਰਹੇ ਲੰਬੇ-ਲੰਬੇ ਬਿਜਲੀ ਕੱਟਾਂ ਤੋਂ ਤੰਗ ਆ ਕੇ ਸ਼੍ਰੋਮਣੀ ਅਕਾਲੀ ਦਲ ਗੜ੍ਹਸ਼ੰਕਰ ਨੇ ਐੱਸ ਡੀ ਐਮ. ਦਫ਼ਤਰ ਚ ਸੂਬਾ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨ ਦੀ ਅਗਵਾਈ ਹਲਕਾ ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਤੇ ਸਾਬਕਾ ਵਿਧਾਇਕ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਵਲੋਂ ਕੀਤੀ ਗਈ।ਅਕਾਲੀ ਵਰਕਰਾਂ ਨੇ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਪਿੰਡਾ ਚ 8-10 ਘੰਟੇ ਦੇ ਕੱਟ ਲੱਗ ਰਹੇ ਨੇ। ਅਕਾਲੀ ਆਗੂਆਂ ਨੇ ਮੰਗ ਕੀਤੀ ਕਿ ਤੁਰੰਤ ਅਣ-ਐਲਾਨੇ ਕੱਟ ਬੰਦ ਕੀਤੇ ਜਾਣ।



ਸ੍ਰੀ ਗੁਰੂ ਰਵਿਦਾਸ ਜੀ ਗੁਰੂ ਘਰ ਅੰਮ੍ਰਿਤ ਬਾਣੀ ਨੂਰਮਹਿਲ ਰੋਡ ਫਿਲੌਰ ਵਿਖੇ ਹੋਈ ਚੋਰੀ ਸੰਬੰਧੀ ਸ੍ਰੀ ਗੁਰੂ ਰਵਿਦਾਸ ਨਾਮ ਲੇਵਾ ਸੰਗਤਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਚੋਰ ਨੇ ਐਮਪਲੀ ਫਾਇਰ, ਮਾਇਕ ਅਤੇ ਸਾਊਂਡ ਦਾ ਸਮਾਨ ਚੋਰੀ ਕਰ ਲਿਆ। ਸੀ ਸੀ ਟੀ ਵੀ ਕੈਮਰਿਆਂ ਤੋਂ ਪਤਾ ਲੱਗਾ ਕਿ ਚੋਰੀ ਕਰਨ ਵਾਲੇ ਵਿਅਕਤੀ ਨੇ ਜੁੱਤੀ ਪਾਈ ਹੋਈ ਸੀ ਅਤੇ ਭੰਗੜਾ ਪਾਇਆ ਗੁਰੂ ਘਰ ਦੀ ਬੇਅਦਬੀ ਕੀਤੀ ਹੈ। ਸੰਗਤਾਂ ਨੇ ਫਿਲੌਰ ਪੁਲਿਸ ਤੋਂ ਮੰਗ ਕੀਤੀ ਕਿ ਚੋਰ ਨੂੰ ਤੁਰੰਤ ਕਾਬੂ ਕਰਕੇ ਸਖਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਤੇ ਪ੍ਰਧਾਨ ਰਾਜ ਕੁਮਾਰ, ਗਿੰਡਾ, ਪਰਮਾਨੰਦ, ਦੇਵਰਾਜ, ਕਾਮਰੇਡ ਜਰਨੈਲ, ਜਸਪਾਲ ਅਤੇ ਹੋਰ ਹਾਜ਼ਰ ਸਨ। (ਫੋਟੋ ਤੇ ਵੇਰਵਾ ਨਿਰਮਲ ਫਿਲੌਰ)

# ਅਫੀਮ ਸਮੇਤ ਪ੍ਰਵਾਸੀ ਕਾਬੂ

**ਮਾਹਿਲਪੁਰ (ਸ.ਫਰੀ)** ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਾੜੇ ਅਨਸਰਾਂ ਅਤੇ ਨਸ਼ੇ ਦੇ ਤਸਕਰਾਂ ਨੂੰ ਕਾਬੂ ਕਰਨ ਲਈ ਵਿਸ਼ੇਸ਼ ਮੁਹਿੰਮ ਚਾਲੂ ਕੀਤੀ ਗਈ ਹੈ। ਜਿਸ ਅਧੀਨ ਸ੍ਰੀ ਸੰਦੀਪ



ਕੁਮਾਰ ਮਲਿਕ ਆਈ ਪੀ ਐਸ ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ, ਦਲਜੀਤ ਸਿੰਘ ਖੱਖ ਡੀ ਐਸ ਪੀ ਗੜ੍ਹਸ਼ੰਕਰ ਦੀਆਂ ਹਦਾਇਤਾਂ ਅਨੁਸਾ ਇੰਸਪੈਕਟਰ ਰਮਨਦੀਪ ਕੌਰ ਥਾਣਾ ਮਾਹਿਲਪੁਰ ਦੇ ਅਣਥੱਕ ਯਤਨਾ ਸਦਕਾ ਇਕ ਪ੍ਰਵਾਸੀ ਨੂੰ ਇਕ ਕਿਲੋ 30 ਗ੍ਰਾਮ ਅਫੀਮ ਸਮੇਤ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ। ਮਾਹਿਲਪੁਰ ਥਾਣੇ ਦੇ ਏ ਐੱਸ ਆਈ ਗੁਲਸ਼ਨ ਮੁਹੰਮਦ ਨੇ ਦੱਸਿਆ ਕਿ ਜਦੋਂ ਪੁਲਿਸ ਬਘੋਰਾ ਰੋਡ (ਮਾਹਿਲਪੁਰ) ਪਹੁੰਚੀ ਤਾਂ ਸੜਕ 'ਤੇ ਪੈਦਲ ਜਾ ਰਿਹਾ ਇੱਕ ਪ੍ਰਵਾਸੀ ਮਜ਼ਦੂਰ ਨੌਜਵਾਨ ਪੁਲਿਸ ਨੂੰ ਦੇਖ ਕੇ ਘਬਰਾ ਗਿਆ ਅਤੇ ਤੇਜ਼ੀ ਨਾਲ ਕਣਕ ਦੇ ਖੇਤ ਵਿੱਚ ਭੱਜ ਗਿਆ। ਪੁਲਿਸ ਨੇ ਉਸ ਦਾ ਪਿੱਛਾ ਕੀਤਾ ਤੇ ਉਸ ਦੀ ਤਲਾਸ਼ੀ ਲਈ, ਅਤੇ ਉਸ ਵਲੋਂ ਲਿਜਾਏ ਜਾ ਰਹੇ ਇੱਕ ਪੈਕੇਟ ਵਿੱਚੋਂ 1 ਕਿਲੋ 30 ਗ੍ਰਾਮ ਅਫੀਮ ਬਰਾਮਦ ਕੀਤੀ। ਏ ਐਸ ਆਈ ਗੁਲਸ਼ਨ ਮੁਹੰਮਦ ਨੇ ਦੱਸਿਆ ਕਿ ਪੁਲਿਸ ਨੇ ਮੁਲਜ਼ਮ ਸੁਖਵੀਰ, ਜੋ ਕਿ ਜਗਾਨੀਆ ਥਾਣਾ ਗੜ੍ਹੀ ਜ਼ਿਲ੍ਹਾ ਮੁਰਾਦਾਬਾਦ, ਉੱਤਰ ਪ੍ਰਦੇਸ਼ ਦਾ ਰਹਿਣ ਵਾਲਾ ਹੈ, ਦੇ ਖਿਲਾਫ ਮਾਮਲਾ ਦਰਜ ਕੀਤਾ ਹੈ। ਉਹ ਉੱਤਰ ਪ੍ਰਦੇਸ਼ ਤੇ ਮੱਧ ਪ੍ਰਦੇਸ਼ ਤੋਂ ਅਫੀਮ ਲਿਆਉਂਦਾ ਸੀ ਤੇ ਮਾਹਿਲਪੁਰ ਵਿੱਚ ਵੇਚਦਾ ਸੀ , ਨੂੰ ਥਾਣਾ ਮਾਹਿਲਪੁਰ ਦੀ ਪੁਲਿਸ ਨੇ ਕਾਬੂ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਮਹੰਤ ਸੋਮਾਨੰਦ ਮਹਾਰਾਜ ਦਾ ਛੌੜਸੀ ਭੰਡਾਰਾ ਅੱਜ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਮਾਂ ਮਤੇਸ਼ਵਰੀ ਚਿੰਤਪੁਰਨੀ ਮੰਦਰ ਢੋਲਵਾਹਾ ਜਨੌੜੀ ਵਿਖੇ ਸਥਾਪਿਤ 108 ਮਹੰਤ ਸੋਮਾ ਨੰਦ ਪੁਰੀ ਮਹਾਰਾਜ ਦੀ ਯਾਦ ਨੂੰ ਸਮਰਪਿਤ ਛੌੜਸੀ ਭੰਡਾਰਾ ਲਗਾਉਣ ਅਤੇ ਮਹੰਤ ਸ਼ਾਸ਼ਵਤ




ਪੁਰੀ ਨੂੰ ਗੱਦੀ ਤੇ ਬਿਠਾਉਣ ਦੀਆਂ ਤਿਆਰੀਆਂ ਸੰਬੰਧੀ ਵਿਚਾਰ ਵਟਾਂਦਰਾ ਕਰਨ ਲਈ ਮਾਂ ਮਤੇਸ਼ਵਰੀ ਮੰਦਰ ਢੋਲਵਾਹਾ ਦੇ ਹੈਡ ਆਫਿਸ ਟਾਂਡਾ ਵਿਖੇ ਮੰਦਰ ਦੇ ਸੰਸਥਾਪਕ ਠਾਕੁਰ ਰਵੀ ਗਾਂਧੀ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸ਼ਿਵ ਸੈਨਾ ਪੰਜਾਬ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ, ਮੰਦਰ ਕਮੇਟੀ ਪ੍ਰਧਾਨ ਅਰਵਿੰਦ ਠਾਕੁਰ, ਰਮਨ, ਪ੍ਰਦੀਪ ਠਾਕੁਰ, ਵਿਕਰਮ ਪਤਿਆਲ, ਸੋਨੀ, ਮਨੋਜ ਫੌਜੀ, ਬੰਟੂ, ਰਾਜਨ ਅਤੇ ਹੋਰ ਸ਼ਾਮਿਲ ਹੋਏ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਠਾਕੁਰ ਰਵੀ ਗਾਂਧੀ ਨੇ ਕਿਹਾ ਕਿ ਮਾਂ ਮਤੇਸ਼ਵਰੀ ਚਿੰਤਪੁਰਨੀ ਮੰਦਰ ਢੋਲਵਾਹਾ ਜਨੌੜੀ ਦੇ ਗੱਦੀ ਨਸ਼ੀਨ 108 ਮਹੰਤ ਸੋਮਾਨੰਦ ਪੁਰੀ ਮਹਾਰਾਜ ਬੀਤੇ ਦਿਨੀ ਚੋਲਾ ਛੱਡ ਗਏ ਸਨ ਅਤੇ ਉਨ੍ਹਾਂ ਦੀ ਯਾਦ ਨੂੰ ਸਮਰਪਿਤ ਛੌੜਸੀ ਭੰਡਾਰਾ 1 ਮਈ 2026 ਨੂੰ ਬੜੀ ਧੂਮਧਾਮ ਅਤੇ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਭੰਡਾਰੇ ਵਿੱਚ ਦੂਰ ਦੁਰਾਡੋਂ ਆਉਣ ਵਾਲੇ ਸ਼ਰਧਾਲੂਆਂ ਦੇ ਰਹਿਣ ਅਤੇ ਖਾਣ ਪੀਣ ਤੋਂ ਇਲਾਵਾ ਸਾਰਾ ਦਿਨ ਚੱਲਣ ਵਾਲੇ ਭੰਡਾਰੇ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਠਾਕੁਰ ਰਵੀ ਗਾਂਧੀ ਨੇ ਕਿਹਾ ਕਿ 1 ਮਈ ਨੂੰ ਸਵੇਰੇ 9 ਤੋਂ 10 ਵਜੇ ਤੱਕ ਪੰਡਿਤ ਜੀ ਵੱਲੋਂ ਪੂਰੀ ਵਿਧੀ ਪੂਰਵਕ ਪੂਜਾ ਅਰਚਨਾ ਤੇ ਮੰਤਰ ਜਾਪ ਕੀਤੇ ਜਾਣਗੇ ਅਤੇ 10 ਤੋਂ 11 ਵਜੇ ਤੱਕ ਹਵਨ ਯੱਗ ਕੀਤਾ ਜਾਵੇਗਾ ਜਿਸ ਵਿੱਚ ਵੱਖ-ਵੱਖ ਇਲਾਕਿਆਂ ਤੋਂ ਆਏ ਸੰਤ ਮਹਾਂਪੁਰਸ਼ ਪੂਰਨ ਅਹੂਤੀ ਪਾਉਣਗੇ। ਉਨ੍ਹਾਂ ਕਿਹਾ ਕਿ ਦੁਪਹਿਰ 12 ਵਜੇ ਮਹੰਤ ਸ਼ਾਸ਼ਵਤ ਪੁਰੀ ਜੀ ਨੂੰ ਵੱਖ-ਵੱਖ ਸੰਸਥਾਵਾਂ ਦੇ ਸੰਤ ਮਹਾਂਪੁਰਸ਼ ਚਾਦਰ ਪਾ ਕੇ ਮਾਂ ਮਤੇਸ਼ਵਰੀ ਚਿੰਤਪੁਰਨੀ ਮੰਦਰ ਢੋਲਵਾਹਾ ਜਨੌੜੀ ਦੀ ਗੱਦੀ ਤੇ ਬਿਠਾਉਣਗੇ। ਸੰਗਤ ਦੇ ਲਈ ਵੱਖ-ਵੱਖ ਪ੍ਰਕਾਰ ਦੇ ਪਕਵਾਨਾਂ ਦਾ ਭੰਡਾਰਾ ਸਾਰਾ ਦਿਨ ਚਲਦਾ ਰਹੇਗਾ।